ਸ਼ਨੀਵਾਰ, 21 ਫਰਵਰੀ, 2026
10 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 262

# ਰੋਜ਼ਾਨਾ ਨਵਾਂ ਜ਼ਮਾਨਾ

DAILY NAWAN ZAMANA • SATURDAY, 21 FEBRUARY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


## ਕੌਮਾਂਤਰੀ ਮਾਂ ਬੋਲੀ ਦਿਵਸ ਦੀਆਂ ਲੱਖ-ਲੱਖ ਵਧਾਈਆਂ




ਆਪਣੀ ਮਾਂ-ਬੋਲੀ ਨੂੰ ਪ੍ਰਣਾਇਆ ਮਨੁੱਖ ਹੀ ਚੰਗੇ ਗੁਣਾਂ, ਕਦਰਾਂ-ਕੀਮਤਾਂ ਅਤੇ ਸਿਆਣਪ ਦਾ ਧਾਰਨੀ ਹੁੰਦਾ ਹੈ। ਬਹੁਤ ਸਾਰੀਆਂ ਖੋਜਾਂ ਵੀ ਇਹ ਸਾਬਤ ਕਰ ਚੁੱਕੀਆਂ ਹਨ ਕਿ ਆਪਣੀ ਮਾਂ-ਬੋਲੀ 'ਚ ਨਿਪੁੰਨ ਵਿਅਕਤੀ ਕਿਸੇ ਵੀ ਭਾਸ਼ਾ ਨੂੰ ਸਹਿਜੇ ਹੀ ਗ੍ਰਹਿਣ ਕਰ ਸਕਦਾ ਹੈ।

ਗੁਰੂਆਂ, ਪੀਰਾਂ, ਸੰਤਾਂ, ਭਗਤਾਂ ਅਤੇ ਰਿਸ਼ੀਆਂ-ਮੁਨੀਆਂ ਦੀ ਵਰੋਸਾਈ "ਧਰਤ ਪੰਜਾਬ" ਤੋਂ ਉਪਜੇ ਬੋਲ ਮਹਾਨ ਗ੍ਰੰਥਾਂ ਦਾ ਰੂਪ ਧਾਰ ਕੇ ਲੋਕ-ਮਾਨਸਿਕਤਾ ਵਿੱਚ ਉੱਚ ਕਦਰਾਂ-ਕੀਮਤਾਂ ਪੈਦਾ ਕਰਦੇ ਆਏ ਹਨ। ਇਹ ਵਡਮੁੱਲੀਆਂ ਲਿਖਤਾਂ ਜਾਤ, ਮਜ਼ਹਬ ਅਤੇ ਫ਼ਿਰਕਿਆਂ ਦੀਆਂ ਤੰਗ ਵਲਗਣਾਂ ਤੋਂ ਉੱਪਰ ਉਠ ਕੇ ਸਮੁੱਚੀ ਮਨੁੱਖਤਾ ਦੀ ਭਲਾਈ ਲਈ ਅਨਮੋਲ ਅਤੇ ਅਮੋਲਕ ਵਿਰਸਾ ਬਣੀਆਂ ਹਨ।

ਮੈਨੂੰ ਆਪਣੀ ਮਾਂ-ਬੋਲੀ ਪੰਜਾਬੀ ਉਤੇ ਬਹੁਤ ਮਾਣ ਹੈ। ਦੇਸ਼-ਵਿਦੇਸ਼ 'ਚ ਵੱਸਦੇ ਪੰਜਾਬੀ ਆਪਣੀ ਸਮਰੱਥਾ ਅਨੁਸਾਰ ਮਾਂ-ਬੋਲੀ ਪੰਜਾਬੀ ਦਾ ਮਾਣ ਵਧਾਉਣ ਵਿੱਚ ਨਿੱਗਰ ਯੋਗਦਾਨ ਪਾ ਰਹੇ ਹਨ। ਇਸੇ ਕਰਕੇ ਪੰਜਾਬੀ ਮਾਂ-ਬੋਲੀ ਅੱਜ ਸੰਸਾਰ ਦੀਆਂ ਵਿਕਸਿਤ ਭਾਸ਼ਾਵਾਂ ਵਿੱਚ ਉੱਚਾ ਸਥਾਨ ਰੱਖਦੀ ਹੈ।

ਆਉ, ਅੱਜ **ਕੌਮਾਂਤਰੀ ਮਾਂ ਬੋਲੀ ਦਿਵਸ** ਮੌਕੇ ਆਪਣੀ ਮਾਂ-ਬੋਲੀ ਪੰਜਾਬੀ ਦਾ ਮਾਣ ਵਧਾਈਏ, ਆਪਣੀ ਭਾਸ਼ਾਈ ਅਮੀਰੀ ਨੂੰ ਸਾਂਭੀਏ ਅਤੇ ਪੰਜਾਬੀ ਭਾਸ਼ਾ ਤੇ ਸਾਹਿਤ ਰਾਹੀਂ ਆਪਸੀ ਪਿਆਰ, ਭਾਈਚਾਰਕ ਸਾਂਝ ਅਤੇ ਕੌਮੀ ਏਕਤਾ ਨੂੰ ਹੋਰ ਮਜ਼ਬੂਤ ਕਰੀਏ।



ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

# ਨਿਸ਼ਕਾਮ ਸਿੱਖ ਵੈੱਲਫ਼ੇਅਰ ਕੌਂਸਲ ਵੱਲੋਂ ਦੋਨਾ ਮੱਤੜ .ਗਜ਼ਨੀਵਾਲਾ ਵਿਖੇ ਬੰਨ੍ਹ ਦਾ ਪਹਿਲਾ ਪੜਾਅ ਮੁਕੰਮਲ

**1988 ਦੇ ਹੜ੍ਹਾਂ ਮੌਕੇ ਟੁੱਟੇ ਬੰਨ੍ਹ ਦੀ ਹੋਈ ਕਾਇਆ-ਕਲਪ, ਫਿਰੋਜ਼ਪੁਰ, ਫਰੀਦਕੋਟ ਤੇ ਮੁਕਤਸਰ ਦੇ ਇਲਾਕੇ ਹੋਣਗੇ ਸੁਰੱਖਿਅਤ**

**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)** ਨਿਸ਼ਕਾਮ ਸਿੱਖ ਵੈੱਲਫ਼ੇਅਰ ਕੌਂਸਲ ਨਵੀਂ ਦਿੱਲੀ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਚਲਾਈ ਜਾ ਰਹੀ ਸੇਵਾ ਮੁਹਿੰਮ ਤਹਿਤ ਜ਼ਿਲ੍ਹਾ ਫਿਰੋਜ਼ਪੁਰ ਦੇ ਪਿੰਡ ਦੋਨਾ ਮੱਤੜ ਗਜ਼ਨੀਵਾਲਾ ਵਿਖੇ ਬੰਨ੍ਹ ਬਣਾਉਣ ਦਾ ਪਹਿਲਾ ਪੜਾਅ ਸਫਲਤਾਪੂਰਵਕ ਮੁਕੰਮਲ ਕਰ ਲਿਆ ਗਿਆ ਹੈ।ਇਸ ਬੰਨ੍ਹ ਦੇ ਬਣਨ ਨਾਲ ਇਲਾਕਾ ਨਿਵਾਸੀਆਂ ਦੀ ਚਿਰੋਕਣੀ ਮੰਗ ਪੂਰੀ ਹੋਈ ਹੈ, ਜਿਸ ਨਾਲ ਹੁਣ ਤਿੰਨ ਜ਼ਿਲ੍ਹਿਆਂ ਨੂੰ ਹੜ੍ਹਾਂ ਦੀ ਮਾਰ ਤੋਂ ਨਿਜਾਤ ਮਿਲੇਗੀ। ਜਾਣਕਾਰੀ ਦਿੰਦਿਆਂ ਕੋਆਰਡੀਨੇਟਰ ਹਰਵਿੰਦਰ ਸਿੰਘ ਫਰੀਦਕੋਟ ਤੇ ਜਗਤਾਰ ਸਿੰਘ ਗਜ਼ਨੀਵਾਲਾ ਨੇ ਦੱਸਿਆ ਕਿ ਸਾਲ 1988 ਵਿੱਚ ਆਏ ਭਿਆਨਕ ਹੜ੍ਹਾਂ ਦੌਰਾਨ ਇਸੇ ਸਥਾਨ ਤੋਂ ਬੰਨ੍ਹ ਟੁੱਟ ਗਿਆ ਸੀ, ਜਿਸ ਕਾਰਨ ਫਿਰੋਜ਼ਪੁਰ ਤੋਂ ਇਲਾਵਾ ਫਰੀਦਕੋਟ ਤੇ ਸ੍ਰੀ ਮੁਕਤਸਰ ਸਾਹਿਬ ਦੇ ਇਲਾਕਿਆਂ ਵਿੱਚ ਭਾਰੀ ਤਬਾਹੀ ਹੋਈ ਸੀ।ਅਗਸਤ 2025 ਵਿੱਚ ਆਏ ਹੜ੍ਹਾਂ ਦੌਰਾਨ ਵੀ ਇਸ ਬੰਨ੍ਹ ਦੇ ਕਮਜ਼ੋਰ ਹੋਣ ਕਾਰਨ ਫਸਲਾਂ ਤੇ ਘਰਾਂ ਦਾ ਵੱਡਾ ਨੁਕਸਾਨ ਹੋਇਆ ਸੀ।ਹੁਣ ਇਸ ਬੰਨ੍ਹ ਦੀ ਮਜ਼ਬੂਤੀ ਨਾਲ ਇਹ ਤਿੰਨੋਂ ਜ਼ਿਲ੍ਹੇ ਸੁਰੱਖਿਅਤ (ਸੇਫ) ਹੋ ਜਾਣਗੇ। ਕੌਂਸਲ ਵੱਲੋਂ ਇਹ ਸੇਵਾ ਕਾਰਜ ਲਗਭਗ ਇੱਕ ਮਹੀਨਾ ਪਹਿਲਾਂ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਅਰਦਾਸ ਉਪਰੰਤ ਸ਼ੁਰੂ ਕੀਤਾ ਗਿਆ ਸੀ।ਇਸ ਪ੍ਰੋਜੈਕਟ ਦੀ ਦੇਖ-ਰੇਖ ਸਿਵਲ ਇੰਜੀਨੀਅਰ ਗੁਰਲਾਲ ਸਿੰਘ ਤੇ ਰਣਜੀਤ ਸਿੰਘ ਗਜ਼ਨੀਵਾਲਾ ਵੱਲੋਂ ਕੀਤੀ ਜਾ ਰਹੀ ਹੈ।ਪਿੰਡ ਵਾਸੀਆਂ ਨੇ ਜੰਗੀ ਪੱਧਰ 'ਤੇ ਇਸ ਕਾਰਜ ਵਿੱਚ ਹਿੱਸਾ ਪਾਇਆ ਹੈ।ਇਸ ਮੌਕੇ ਪਰਵਿੰਦਰ ਸਿੰਘ ਸੋਢੀ, ਭਾਈ ਜਗਤਾਰ ਸਿੰਘ, ਰਣਜੀਤ ਸਿੰਘ, ਗੁਰਮੇਲ ਸਿੰਘ, ਸਤਨਾਮ ਸਿੰਘ, ਸਿਮਰਨੂਰ ਸਿੰਘ, ਇੰਦਰਜੀਤ ਸਿੰਘ ਅਤੇ ਗੁਰਲਾਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



# ਗੋਲੇਵਾਲਾ 'ਚ 2.16 ਕਰੋੜ ਦੀ ਲਾਗਤ ਨਾਲ ਬਣੇਗਾ ਆਧੁਨਿਕ ਪ੍ਰਾਇਮਰੀ ਹੈੱਲਥ ਸੈਂਟਰ : ਸੇਖੋਂ

**ਫਰੀਦਕੋਟ (ਗੁਰਪ੍ਰੀਤ ਬੇਦੀ, ਐਲਿਗਜ਼ੈਂਡਰ ਡਿਸੂਜ਼ਾ)**- ਹਲਕਾ ਫ਼ਰੀਦਕੋਟ ਦੇ ਪਿੰਡ ਗੋਲੇਵਾਲਾ, ਬਲਾਕ ਤੇ ਜ਼ਿਲ੍ਹਾ ਫ਼ਰੀਦਕੋਟ ਵਿੱਚ 24 ਘੰਟੇ ਚੱਲਣ ਵਾਲੇ ਪ੍ਰਾਇਮਰੀ ਹੈਲਥ ਸੈਂਟਰ ਦੀ ਆਧੁਨਿਕ ਇਮਾਰਤ ਦੇ ਨਿਰਮਾਣ ਲਈ 2 ਕਰੋੜ 16 ਲੱਖ 70 ਹਜ਼ਾਰ ਰੁਪਏ ਦੀ ਲਾਗਤ ਨਾਲ ਪ੍ਰੋਜੈਕਟ ਮਨਜ਼ੂਰ ਕੀਤਾ ਗਿਆ ਹੈ।ਇਹ ਜਾਣਕਾਰੀ ਵਿਧਾਇਕ ਫ਼ਰੀਦਕੋਟ ਸ. ਗੁਰਦਿੱਤ ਸਿੰਘ ਸੇਖੋਂ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਪੰਜਾਬ ਵੱਲੋਂ ਇਸ ਪ੍ਰੋਜੈਕਟ ਲਈ ਟੈਂਡਰ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ ਤੇ ਜਲਦ ਹੀ ਨਿਰਮਾਣ ਕਾਰਜ ਆਰੰਭ ਹੋਣ ਦੀ ਸੰਭਾਵਨਾ ਹੈ।ਵਿਧਾਇਕ ਸੇਖੋਂ ਨੇ ਦੱਸਿਆ ਕਿ ਇਸ ਦਿਨ-ਰਾਤ ਚੱਲਣ ਵਾਲੇ ਸਿਹਤ ਕੇਂਦਰ ਦੇ ਬਣਨ ਨਾਲ ਪਿੰਡ ਗੋਲੇਵਾਲਾ ਸਮੇਤ ਆਸ-ਪਾਸ ਦੇ ਪਿੰਡਾਂ ਦੇ ਵਸਨੀਕਾਂ ਨੂੰ ਬਿਹਤਰ, ਤੁਰੰਤ ਤੇ ਗੁਣਵੱਤਾਪੂਰਕ ਸਿਹਤ ਸਹੂਲਤਾਂ ਉਪਲਬਧ ਹੋਣਗੀਆਂ।ਖ਼ਾਸ ਤੌਰ 'ਤੇ ਐਮਰਜੈਂਸੀ ਸਥਿਤੀਆਂ ਵਿੱਚ ਲੋਕਾਂ ਨੂੰ ਦੂਰ ਵਾਲੇ ਹਸਪਤਾਲਾਂ ਵਿੱਚ ਜਾਣ ਦੀ ਲੋੜ ਘੱਟ ਪਵੇਗੀ, ਜਦਕਿ ਮਾਤਾ-ਸ਼ਿਸ਼ੂ ਸਿਹਤ ਸੇਵਾਵਾਂ, ਟੀਕਾਕਰਨ, ਪ੍ਰਾਇਮਰੀ ਇਲਾਜ ਤੇ ਹੋਰ ਬੁਨਿਆਦੀ ਸਹੂਲਤਾਂ ਵਿੱਚ ਵੱਡਾ ਸੁਧਾਰ ਆਵੇਗਾ।ਇਸ ਮੌਕੇ ਹਲਕਾ ਫ਼ਰੀਦਕੋਟ ਦੀ ਜਨਤਾ ਵੱਲੋਂ ਮੁੱਖ ਮੰਤਰੀ ਤੇ ਸੰਬੰਧਤ ਮੰਤਰੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।ਉਨ੍ਹਾਂ ਕਿਹਾ ਕਿ ਹਲਕੇ ਦੇ ਸਰਵਪੱਖੀ ਵਿਕਾਸ ਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਉਹ ਲਗਾਤਾਰ ਯਤਨਸ਼ੀਲ ਹਨ ਤੇ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਦੇ ਹੋਰ ਵਿਕਾਸ ਕਾਰਜ ਕਰਵਾਏ ਜਾਣਗੇ।



# ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਤੱਕ ਸੰਘਰਸ਼ ਜਾਰੀ ਰਹੇਗਾ : ਆਗੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਸੀਪੀਐੱਫ ਕਰਮਚਾਰੀ ਯੂਨੀਅਨ ਪੰਜਾਬ ਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਵੱਲੋਂ ਐਲਾਨੇ ਸੰਘਰਸ਼ ਤਹਿਤ ਇਥੇ ਡੀ. ਸੀ. ਦਫਤਰ ਫਿਰੋਜ਼ਪੁਰ ਦੇ ਮੂਹਰੇ ਸੀਪੀਐੱਫ ਕਰਮਚਾਰੀ ਯੂਨੀਅਨ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਭਾਂਗਰ ਤੇ ਜਨਰਲ ਸਕੱਤਰ ਸੋਨੂੰ ਕਸ਼ਯਪ ਦੀ ਅਗਵਾਈ ਹੇਠ ਪੁਰਾਣੀ ਪੈਨਸ਼ਨ ਸਕੀਮ ਬਹਾਲੀ ਦੀ ਮੰਗ ਨੂੰ ਲੈ ਕੇ ਜ਼ਬਰਦਸਤ ਨਾਹਰੇਬਾਜ਼ੀ ਕਰਦੇ ਹੋਏ ਵਿਸ਼ਾਲ ਜ਼ਿਲ੍ਹਾ ਪੱਧਰੀ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ, ਜਿਸ ਵਿੱਚ ਵੱਖ ਵੱਖ ਵਿਭਾਗਾਂ ਦੇ ਮੁਲਾਜ਼ਮਾਂ ਤੇ ਭਰਾਤਰੀ ਜਥੇਬੰਦੀਆਂ ਦੇ ਆਗੂਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਇਸ ਮੌਕੇ ਮੁਲਾਜ਼ਮਾਂ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਜਗਸੀਰ ਸਿੰਘ ਭਾਂਗਰ ਜ਼ਿਲ੍ਹਾ ਪ੍ਰਧਾਨ ਤੇ ਸੋਨੂੰ ਕਸ਼ਯਪ ਜ਼ਿਲ੍ਹਾ ਜਨਰਲ ਸਕੱਤਰ, ਪਿੱਪਲ ਸਿੰਘ ਸਿੱਧੂ ਜ਼ਿਲ੍ਹਾ ਪ੍ਰਧਾਨ ਪੀਐੱਸਐੱਮਐੱਸਯੂ, ਅਸ਼ੋਕ ਕੁਮਾਰ ਸੂਬਾ ਪ੍ਰਧਾਨ ਤੇ ਯਾਦਵਿੰਦਰ ਸਿੰਘ ਜਨਰਲ ਸਕੱਤਰ ਕਮਿਸ਼ਨਰ ਦਫਤਰ ਕਰਮਚਾਰੀ ਯੂਨੀਅਨ ਪੰਜਾਬ, ਮਨੋਹਰ ਲਾਲ ਸਰਪ੍ਰਸਤ ਪੀਐੱਸਐੱਮਐੱਸਯੂ, ਵਰੁਣ ਕੁਮਾਰ ਸੂਬਾ ਆਗੂ ਸਿੱਖਿਆ ਵਿਭਾਗ, ਨਰੇਸ਼ ਸੈਣੀ ਸੂਬਾਈ ਆਗੂ ਖੇਤੀਬਾੜੀ ਵਿਭਾਗ, ਸੁਖਚੈਨ ਸਿੰਘ ਪ੍ਰਧਾਨ ਖੇਤੀਬਾੜੀ ਵਿਭਾਗ, ਸੰਦੀਪ ਸਿੰਘ ਦਿਓਲ ਪ੍ਰਧਾਨ ਤੇ ਗੁਰਤੇਜ ਸਿੰਘ ਜਨਰਲ ਸਕੱਤਰ ਡੀ ਸੀ ਦਫਤਰ ਕਰਮਚਾਰੀ ਯੂਨੀਅਨ, ਇੰਦਰਜੀਤ ਸਿੰਘ ਢਿੱਲੋਂ ਪ੍ਰਧਾਨ ਸੀਪੀਐੱਫ ਯੂਨੀਅਨ ਜਲ ਸਪਲਾਈ ਤੇ ਸੈਨੀਟੇਸ਼ਨ, ਗੁਰਪ੍ਰੀਤ ਸਿੰਘ ਔਲਖ ਪ੍ਰਧਾਨ ਸੀਪੀਐੱਫ ਯੂਨੀਅਨ ਜਲ ਸਰੋਤ ਵਿਭਾਗ, ਜੁਗਲ ਕਿਸ਼ੋਰ ਪ੍ਰਧਾਨ ਸੀਪੀਐੱਫ ਯੂਨੀਅਨ ਲੋਕ ਨਿਰਮਾਣ ਵਿਭਾਗ ਨੇ ਕਿਹਾ ਕਿ ਪੰਜਾਬ ਸਰਕਾਰ ਨੇ 18 ਨਵੰਬਰ 2022 ਨੂੰ 2004 ਤੋਂ ਬਾਅਦ ਭਰਤੀ ਸਰਕਾਰੀ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਐਲਾਨ ਕਰਕੇ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਸੀ, ਪਰ ਅਜੇ ਤੱਕ ਪੁਰਾਣੀ ਪੈਨਸ਼ਨ ਸਕੀਮ ਅਮਲੀ ਤੌਰ 'ਤੇ ਮੁਲਾਜ਼ਮਾਂ 'ਤੇ ਲਾਗੂ ਨਹੀਂ ਕੀਤੀ ਗਈ, ਜਿਸ ਕਾਰਨ ਸੂਬੇ ਦੇ ਸਮੁੱਚੇ ਮੁਲਾਜ਼ਮ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਕਤ ਆਗੂਆਂ ਨੇ ਮੰਗ ਕੀਤੀ ਕਿ ਸੂਬਾ ਸਰਕਾਰ ਪੁਰਾਣੀ ਪੈਨਸ਼ਨ ਸਕੀਮ ਤੁਰੰਤ ਲਾਗੂ ਕਰੇ ਤਾਂ ਜੋ ਮੁਲਾਜ਼ਮਾਂ ਦਾ ਭਵਿੱਖ ਸੁਰੱਖਿਅਤ ਹੋ ਸਕੇ। ਇਸ ਮੌਕੇ ਇਕੱਠੇ ਹੋਏ ਸੈਂਕੜੇ ਮੁਲਾਜ਼ਮਾਂ ਨੇ ਪੰਜਾਬ ਸਰਕਾਰ ਖਿਲਾਫ ਜ਼ਬਰਦਸਤ ਨਾਅਰੇਬਾਜ਼ੀ ਕੀਤੀ ਤੇ ਪਿੱਟ ਸਿਆਪਾ ਕਰਦੇ ਹੋਏ ਮੁੱਖ ਮੰਤਰੀ ਪੰਜਾਬ ਦਾ ਪੁਤਲਾ ਫੂਕ ਕੇ ਆਪਣਾ ਰੋਸ ਜ਼ਾਹਰ ਕੀਤਾ ਕਿ ਅਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੀ ਮੰਗ ਕੀਤੀ ।



# ਮੋਬਾਇਲ ਮੈਡੀਕਲ ਯੂਨਿਟ ਵੱਲੋਂ ਪਿੰਡਾਂ 'ਚ ਡਿਜੀਟਲ ਰਜਿਸਟ੍ਰੇਸ਼ਨ ਤੇ ਜਾਂਚ ਕੈਂਪ

**ਤਲਵੰਡੀ ਸਾਬੋ (ਜਗਦੀਪ ਗਿੱਲ)** : ਪਿੰਡਾਂ ਵਿੱਚ ਸਿਹਤ ਸੇਵਾਵਾਂ ਨੂੰ ਲੋਕਾਂ ਦੇ ਘਰ-ਦਰਵਾਜ਼ੇ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਐੱਚ ਐੱਮ ਈ ਐੱਲ ਤੇ ਏਮਜ਼ ਬਠਿੰਡਾ ਵੱਲੋਂ ਸਾਂਝੇ ਤੌਰ 'ਤੇ ਸ਼ੁਰੂ ਕੀਤੀਆਂ ਮੋਬਾਈਲ ਮੈਡੀਕਲ ਯੂਨਿਟਾਂ ਪਿੰਡਾਂ ਵਿੱਚ ਸਿਹਤ ਸੇਵਾਵਾਂ ਨੂੰ ਨਵੀਂ ਦਿਸ਼ਾ ਦੇ ਰਹੀਆਂ ਹਨ।ਏਮਜ਼ ਦੀ ਮੋਬਾਈਲ ਟੀਮ ਪਿੰਡ-ਪਿੰਡ ਜਾ ਕੇ ਮਰੀਜ਼ਾਂ ਦਾ ਡਿਜੀਟਲ ਰਜਿਸਟ੍ਰੇਸ਼ਨ ਕਰ ਰਹੀ ਹੈ ਤੇ ਮੌਕੇ 'ਤੇ ਹੀ ਇਲਾਜ ਮੁਹੱਈਆ ਕਰਵਾ ਰਹੀ ਹੈ।ਇਸ ਪ੍ਰਕਿਰਿਆ ਰਾਹੀਂ ਹਰ ਮਰੀਜ਼ ਦਾ ਡਿਜੀਟਲ ਹੈਲਥ ਕਾਰਡ ਤਿਆਰ ਕੀਤਾ ਜਾ ਰਿਹਾ ਹੈ, ਜਿਸ ਨਾਲ ਉਸ ਦਾ ਮੈਡੀਕਲ ਰਿਕਾਰਡ ਆਨਲਾਈਨ ਅੱਪਡੇਟ ਰਹੇਗਾ। ਇਸ ਡਿਜੀਟਲ ਕਾਰਡ ਦੀ ਮਦਦ ਨਾਲ ਭਵਿੱਖ ਵਿੱਚ ਜਦੋਂ ਮਰੀਜ਼ ਏਮਜ਼ ਵਿੱਚ ਇਲਾਜ ਲਈ ਜਾਵੇਗਾ ਤਾਂ ਉਸ ਨੂੰ ਲੰਬੀਆਂ ਕਤਾਰਾਂ ਵਿੱਚ ਖੜ੍ਹਾ ਨਹੀਂ ਹੋਣਾ ਪਵੇਗਾ।ਗੰਭੀਰ ਮਰੀਜ਼ਾਂ ਨੂੰ ਪਿੰਡ ਤੋਂ ਹੀ ਇਸ ਕਾਰਡ ਰਾਹੀਂ ਏਮਜ਼ ਲਈ ਰੈਫਰ ਕੀਤਾ ਜਾ ਸਕੇਗਾ, ਜਿਸ ਨਾਲ ਉਹ ਸਿੱਧੇ ਮਾਹਰਾਂ ਤੋਂ ਸਲਾਹ ਲੈ ਸਕਣਗੇ।ਡਿਜੀਟਲ ਹੈਲਥ ਕਾਰਡ ਧਾਰਕ ਮਰੀਜ਼ਾਂ ਲਈ ਏਮਜ਼ ਵਿੱਚ ਖਾਸ ਗਾਈਡੈਂਸ ਸੁਵਿਧਾ ਵੀ ਉਪਲਬਧ ਕਰਵਾਈ ਜਾਵੇਗੀ।ਇਹ ਪਹਿਲ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਦੇ ਆਲੇ-ਦੁਆਲੇ ਸਥਿਤ 59 ਪਿੰਡਾਂ ਵਿੱਚ ਸਿਹਤ ਸਹੂਲਤਾਂ ਉਨ੍ਹਾਂ ਦੇ ਘਰ-ਦਰਵਾਜ਼ੇ 'ਤੇ ਪ੍ਰਦਾਨ ਕਰਨ ਲਈ ਸ਼ੁਰੂ ਕੀਤੀ ਗਈ ਹੈ, ਤਾਂ ਜੋ ਪਿੰਡ ਵਾਸੀਆਂ ਨੂੰ ਆਪਣੇ ਪਿੰਡ ਵਿੱਚ ਹੀ ਗੁਣਵੱਤਾਪੂਰਨ ਤੇ ਮੁਫ਼ਤ ਇਲਾਜ ਮਿਲ ਸਕੇ। ਪਿਛਲੇ ਹਫ਼ਤੇ ਮੋਬਾਈਲ ਮੈਡੀਕਲ ਯੂਨਿਟਾਂ ਨੇ 10 ਪਿੰਡਾਂ ਵਿੱਚ ਕੈਂਪ ਲਗਾਏ, ਜਿੱਥੇ ਕੁੱਲ 952 ਮਰੀਜ਼ਾਂ ਦਾ ਡਿਜੀਟਲ ਰਜਿਸਟ੍ਰੇਸ਼ਨ ਕਰਕੇ ਉਨ੍ਹਾਂ ਦੀ ਮੁਫ਼ਤ ਜਾਂਚ, ਸਲਾਹ ਤੇ ਦਵਾਈਆਂ ਦੇ ਨਾਲ ਇਲਾਜ ਕੀਤਾ ਗਿਆ।ਗ੍ਰਾਮ ਪੰਚਾਇਤਾਂ ਨੇ ਇਸ ਸਹੂਲਤ 'ਤੇ ਸੰਤੁਸ਼ਟੀ ਜਤਾਉਂਦੇ ਹੋਏ ਐੱਚ ਐੱਮ ਈ ਐੱਲ ਤੇ ਏਮਜ਼ ਪ੍ਰਬੰਧਨ ਦਾ ਧੰਨਵਾਦ ਕੀਤਾ।



# ਗੁਰੂ ਨਾਨਕ ਕਾਲਜ ਵਿਖੇ 15 ਰੋਜ਼ਾ ਵਿਅਕਤੀਤਵ ਵਿਕਾਸ ਪ੍ਰੋਗਰਾਮ ਸੰਪੰਨ

**ਦੋਰਾਹਾ (ਹਰਮਿੰਦਰ ਸੇਠ)**- ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ ਕਾਲਜ ਦੇ ਯੂਥ ਕਲੱਬ ਵੱਲੋਂ ਯੁਵਕ ਭਲਾਈ ਵਿਭਾਗ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਹਿਯੋਗ ਨਾਲ ਵਿਦਿਆਰਥੀਆਂ ਦੀ ਸ਼ਖ਼ਸੀਅਤ ਨੂੰ ਨਿਖਾਰਨ ਲਈ 15 ਰੋਜ਼ਾ ਵਿਅਕਤੀਤਵ ਵਿਕਾਸ ਪ੍ਰੋਗਰਾਮ ਦੀ ਸਮਾਪਤੀ ਹੋਈ।ਇਸ ਮੌਕੇ ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਸੁਖਜਿੰਦਰ ਰਿਸ਼ੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ. ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਉਚੇਚੇ ਤੌਰ 'ਤੇ ਸ਼ਾਮਲ ਹੋਏ। ਪ੍ਰੋਗਰਾਮ ਦੇ ਆਰੰਭ ਵਿੱਚ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਮੁੱਖ ਮਹਿਮਾਨ ਡਾ. ਸੁਖਜਿੰਦਰ ਰਿਸ਼ੀ ਦਾ ਸਵਾਗਤ ਕੀਤਾ।ਇਸ ਉਪਰੰਤ ਪ੍ਰੋ. ਦੀਪਾਲੀ ਅਰੋੜਾ ਨੇ ਇਸ 15 ਰੋਜ਼ਾ ਵਿਅਕਤੀਤਵ ਵਿਕਾਸ ਪ੍ਰੋਗਰਾਮ ਦੀਆਂ ਗਤੀਵਿਧੀਆਂ ਦੀ ਵਿਸਤ੍ਰਿਤ ਰਿਪੋਰਟ ਪੇਸ਼ ਕੀਤੀ।ਇਸ ਪ੍ਰੋਗਰਾਮ ਦੌਰਾਨ ਡਾ. ਸੋਮਪਾਲ ਹੀਰਾ, ਪ੍ਰੋ. ਰਾਮਪਾਲ ਬੰਗਾ, ਡਾ. ਦਲਜੀਤ ਕੌਰ ਹਠੂਰ, ਪ੍ਰੋ. ਹਰਪ੍ਰੀਤ ਕੌਰ ਕਾਹਲੋਂ, ਪ੍ਰੋ. ਗੁਰਪ੍ਰੀਤ ਕੌਰ, ਡਾ. ਲਵਲੀਨ ਬੈਂਸ, ਪ੍ਰੋ. ਰਣਜੀਤ ਕੌਰ, ਪ੍ਰੋ. ਕੁਲਵਿੰਦਰ ਕੌਰ, ਡਾ. ਨਿਧੀ ਸਰੂਪ, ਡਾ. ਗੁਰਪ੍ਰੀਤ ਸਿੰਘ ਤੇ ਡਾ. ਨਿਰਲੇਪ ਕੌਰ ਨੇ ਬਤੌਰ ਸਰੋਤ ਵਿਅਕਤੀ ਵਿਦਿਆਰਥੀਆਂ ਨੂੰ ਵਿਅਕਤੀਗਤ ਵਿਕਾਸ, ਆਤਮ-ਵਿਸ਼ਵਾਸ, ਸੰਚਾਰ ਸਮਰੱਥਾ, ਆਪਸੀ ਤਾਲਮੇਲ, ਕੁਸ਼ਲ ਆਗੂ, ਨੈਤਿਕਤਾ, ਪੰਜਾਬੀ ਸੱਭਿਆਚਾਰ ਤੇ ਵਿਰਾਸਤੀ ਪ੍ਰੰਪਰਾਵਾਂ ਆਦਿ ਬਾਰੇ ਜਾਣਕਾਰੀ ਦਿੱਤੀ।ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਤੇ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਉਚੇਚੇ ਤੌਰ 'ਤੇ ਵਿਦਿਆਰਥੀਆਂ ਨੂੰ ਰੈਜ਼ਿਊਮ ਲਿਖਣ, ਇੰਟਰਵਿਊ ਦਾ ਸਾਹਮਣਾ ਕਰਨ, ਵਿਅਕਤੀਗਤ ਵਿਕਾਸ, ਸਕਾਰਾਤਮਕ ਵਿਚਾਰਾਂ ਤੇ ਸਭ ਪ੍ਰਤੀ ਜਾਗਰੂਕ ਹੋਣ ਬਾਰੇ ਮਹੱਤਵਪੂਰਨ ਜਾਣਕਾਰੀ ਦਿੱਤੀ।ਇਸ ਮੌਕੇ ਮੁੱਖ ਮਹਿਮਾਨ ਡਾ. ਰਿਸ਼ੀ ਦੁਆਰਾ ਪ੍ਰੋਗਰਾਮ ਦੌਰਾਨ ਸਰੋਤ ਵਿਅਕਤੀਆਂ ਵਜੋਂ ਯੋਗਦਾਨ ਪਾਉਣ ਵਾਲੇ ਪ੍ਰੋ. ਸਾਹਿਬਾਨ ਤੇ ਪ੍ਰੋਗਰਾਮ ਦਾ ਆਯੋਜਨ ਕਰਨ ਵਾਲੀ ਮੁੱਖੀ ਟੀਮ, ਕਨਵੀਨਰ ਪ੍ਰੋ. ਦੀਪਾਲੀ ਅਰੋੜਾ, ਸਹਿ ਕਨਵੀਨਰ ਪ੍ਰੋ. ਸੁਵੇਤਾ ਥਾਪਾ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਜਸਪ੍ਰੀਤ ਕੌਰ, ਪ੍ਰੋ. ਅਮਨਜੋਤ ਕੌਰ, ਪ੍ਰੋ. ਸਿਮਰਨਜੀਤ ਕੌਰ ਤੇ ਡਾ. ਪ੍ਰਭਜੋਤ ਕੌਰ ਨੂੰ ਪ੍ਰਮਾਣ-ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਕਾਲਜ ਵੱਲੋਂ ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਅੰਤ ਵਿੱਚ ਡਾ. ਸੋਮਪਾਲ ਹੀਰਾ ਨੇ ਸਾਰਿਆਂ ਦਾ ਧੰਨਵਾਦ ਕੀਤਾ।



# ਐੱਸ ਡੀ ਐੱਮ ਨੇ ਮਿਡ ਡੇ ਮੀਲ ਪ੍ਰਬੰਧਾਂ ਦਾ ਲਿਆ ਜਾਇਜ਼ਾ

**ਲਹਿਰਾਗਾਗਾ (ਰੀਤਵਾਲ)**- ਐੱਸਡੀਐੱਮ ਲਹਿਰਾ ਨੇ ਜਦੋਂ ਤੋਂ ਸਬ ਡਵੀਜ਼ਨ ਲਹਿਰਾ ਦਾ ਚਾਰਜ ਸੰਭਲਿਆ ਹੈ, ਉਦੋਂ ਤੋਂ ਇਨ੍ਹਾਂ ਵੱਲੋਂ ਵੱਖ-ਵੱਖ ਦਫਤਰਾਂ, ਸਕੂਲਾਂ ਤੇ ਹਸਪਤਾਲਾਂ ਦਾ ਨਿਰੀਖਣ ਸਮੇਂ ਸਮੇਂ 'ਤੇ ਕੀਤਾ ਜਾਂਦਾ ਹੈ, ਜਿਸ ਦੇ ਚਲਦਿਆਂ ਐੱਸ ਡੀ ਐੱਮ ਲਹਿਰਾ ਰਕੇਸ਼ ਗਰਗ ਨੇ ਸਰਕਾਰੀ ਸੈਕੰਡਰੀ ਸਕੂਲ ਬੰਗਾ ਦੀ ਰਸੋਈ ਮਿਡ ਡੇ ਮੀਲ ਚੈਕਿੰਗ ਕੀਤੀ, ਜਿਸ ਵਿੱਚ ਉਨ੍ਹਾਂ ਨੇ ਬੱਚਿਆਂ ਨੂੰ ਦਿੱਤੇ ਜਾਣ ਵਾਲੇ ਭੋਜਨ ਦੀ ਸਾਰੇ ਪਾਸਿਆਂ ਤੋਂ ਚੈਕਿੰਗ ਕੀਤੀ।ਉਨ੍ਹਾਂ ਕਿਹਾ ਕਿ ਭੋਜਨ ਬਣਾਉਣ ਵਾਲੇ ਭਾਂਡਿਆਂ ਦੀ ਚੰਗੀ ਤਰ੍ਹਾਂ ਸਫਾਈ ਹੋਣੀ ਚਾਹੀਦੀ ਹੈ। ਇਸ ਤੋਂ ਇਲਾਵਾ ਜਿਨ੍ਹਾਂ ਬਰਤਨਾਂ ਵਿੱਚ ਬੱਚਿਆਂ ਨੂੰ ਭੋਜਨ ਪਰੋਸਣਾ ਹੈ, ਉਨ੍ਹਾਂ ਵੱਲ ਵੀ ਸਾਫ ਸਫਾਈ ਦਾ ਖਾਸ ਧਿਆਨ ਰੱਖਿਆ ਜਾਵੇ।ਭੋਜਨ ਬਣਾਉਣ ਵਾਲਿਆਂ ਬੀਬੀਆਂ ਵੀ ਆਪਣੇ ਕੱਪੜਿਆਂ ਤੇ ਹੱਥਾਂ ਦੀ ਸਫ਼ਾਈ ਚੰਗੀ ਤਰ੍ਹਾਂ ਕਰਨ।ਉਨ੍ਹਾਂ ਸਰਕਾਰੀ ਸੈਕੰਡਰੀ ਸਕੂਲ ਬੰਗਾ ਦੀ ਰਸੋਈ ਸਬੰਧੀ ਪ੍ਰਬੰਧਾਂ ਨੂੰ ਲੈ ਕੇ ਪ੍ਰਿੰਸੀਪਲ ਨੂੰ [illegible] ਤੇ ਕਿਹਾ ਕਿ ਦੂਜੇ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਵੀ ਰਸੋਈ ਸਬੰਧੀ ਧਿਆਨ ਦੇਣਾ ਜ਼ਰੂਰੀ ਹੈ, ਮੇਰੇ ਵੱਲੋਂ ਸਮੇਂ ਸਮੇਂ 'ਤੇ ਮਿਡ ਡੇ ਮੀਲ ਦੀ ਚੈਕਿੰਗ ਜਾਰੀ ਰਹੇਗੀ।



# ਦੀਵਾਨਾ ਵਿਖੇ ਪੰਡਤ ਲੇਖ ਚੰਦ ਰਿਖੀ ਨੂੰ ਸ਼ਰਧਾਂਜਲੀਆਂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਪ੍ਰੈੱਸ ਕਲੱਬ ਮਹਿਲ ਕਲਾਂ (ਬਰਨਾਲਾ) ਦੇ ਜਨਰਲ ਸਕੱਤਰ ਮੇਘ ਰਾਜ ਜੋਸ਼ੀ ਗੁੰਮਟੀ ਦੇ ਸਤਿਕਾਰਯੋਗ ਫੁੱਫੜ ਪੰਡਿਤ ਲੇਖ ਚੰਦ ਰਿਖੀ ਨਮਿੱਤ ਅੰਤਿਮ ਅਰਦਾਸ ਉਪਰੰਤ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਸਾਹਿਬ ਪਿੰਡ ਦੀਵਾਨਾ ਵਿਖੇ ਹੋਇਆ। ਇਸ ਮੌਕੇ ਹੈੱਡ ਗ੍ਰੰਥੀ ਭਾਈ ਅਰਸ਼ਦੀਪ ਸਿੰਘ ਅੱਚਰਵਾਲ, ਭਾਈ ਗੁਰਪ੍ਰੀਤ ਸਿੰਘ, ਭਾਈ ਮਲਕੀਤ ਸਿੰਘ ਦੇ ਰਾਗੀ ਜਥੇ ਵੈਰਾਗਮਈ ਕੀਰਤਨ ਕੀਤਾ।ਪ੍ਰਸਿੱਧ ਢਾਡੀ ਦੇਸ ਰਾਜ ਦੀਵਾਨਾ ਨੇ ਪੰਡਿਤ ਲੇਖ ਚੰਦ ਰਿਖੀ ਦੇ ਜੀਵਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਲੰਬੇ ਸਮੇਂ ਤੋਂ ਉਸਾਰੂ ਸਾਹਿਤ ਨਾਲ ਜੁੜੇ ਹੋਏ ਹੋਣ ਕਰਕੇ ਨੌਜਵਾਨ ਵਰਗ ਲਈ ਪ੍ਰੇਰਨਾ ਸ੍ਰੋਤ ਬਣੇ।ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਕਮਲਜੀਤ ਸਿੰਘ ਚੱਕ ਨੇ ਰਿਖੀ ਪਰਿਵਾਰ ਨਾਲ ਦੁੱਖ ਪ੍ਰਗਟ ਕਰਦਿਆਂ ਆਪਣੇ ਵੱਲੋਂ ਹਰ ਸੰਭਵ ਸਹਿਯੋਗ ਦਾ ਵਿਸ਼ਵਾਸ ਦੁਆਇਆ।ਇਸ ਮੌਕੇ ਪ੍ਰੈੱਸ ਕਲੱਬ ਮਹਿਲ ਕਲਾਂ ਵੱਲੋਂ ਭਾਈ ਰਾਜਵਿੰਦਰ ਸਿੰਘ ਖ਼ਾਲਸਾ ਨੇ ਬਾਪੂ ਲੇਖ ਚੰਦ ਰਿਖੀ ਨੂੰ ਸ਼ਰਧਾਂਜਲੀ ਅਰਪਿਤ ਕੀਤੀ।ਇਸ ਮੌਕੇ ਵੱਖ ਵੱਖ ਰਾਜਨੀਤਕ, ਧਾਰਮਿਕ, ਸਮਾਜਿਕ ਆਗੂਆਂ, ਗ੍ਰਾਮ ਪੰਚਾਇਤਾਂ, ਯੂਥ ਕਲੱਬਾਂ, ਗੁਰਦੁਆਰਾ ਕਮੇਟੀਆਂ ਦੇ ਨੁਮਾਇੰਦੇ, ਪਿੰਡ ਵਾਸੀ ਵੱਡੀ ਗਿਣਤੀ 'ਚ ਹਾਜ਼ਰ ਸਨ।



# ਇਨਕਲਾਬੀ ਕੇਂਦਰ ਪੰਜਾਬ ਵੱਲੋਂ ਕਾਮਰੇਡ ਰਣਜੀਤ ਲਹਿਰਾ ਨੂੰ ਸ਼ਰਧਾਂਜਲੀ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਲੇਖਕ ਅਨੁਵਾਦਕ ਪੰਜਾਬ ਸਟੂਡੈਂਟ ਯੂਨੀਅਨ ਤੇ ਇਨਕਲਾਬੀ ਕੇਂਦਰ ਪੰਜਾਬ ਦੇ ਸਾਬਕਾ ਆਗੂ ਅਤੇ ਇਨਕਲਾਬੀ ਪੇਪਰ ਲਾਲ ਪਰਚਮ ਦੇ ਸੰਪਾਦਕੀ ਬੋਰਡ ਦੇ ਮੈਂਬਰ ਕਾਮਰੇਡ ਰਣਜੀਤ ਲਹਿਰਾ ਨੂੰ ਸਮਰਪਤ ਇਨਕਲਾਬੀ ਕੇਂਦਰ ਪੰਜਾਬ ਜ਼ਿਲ੍ਹਾ ਬਠਿੰਡਾ ਦੀ ਮੀਟਿੰਗ ਇਨਕਲਾਬੀ ਕੇਂਦਰ ਪੰਜਾਬ ਦੇ ਸੂਬਾ ਆਗੂ ਮੁਖਤਿਆਰ ਸਿੰਘ ਪੂਹਲਾ ਦੀ ਪ੍ਰਧਾਨਗੀ ਹੇਠ ਪਿੰਡ ਰਾਮਪੁਰਾ (ਬਠਿੰਡਾ) ਵਿਖੇ ਹੋਈ, ਜਿਸ ਵਿੱਚ ਵੱਖ ਵੱਖ ਜਥੇਬੰਦੀਆਂ ਦੇ ਆਗੂ ਸ਼ਾਮਲ ਹੋਏ।ਮੀਟਿੰਗ ਕਾਮਰੇਡ ਰਣਜੀਤ ਲਹਿਰਾ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕਰਨ ਨਾਲ ਸ਼ੁਰੂ ਹੋਈ।ਇਨਕਲਾਬੀ ਕੇਂਦਰ ਪੰਜਾਬ ਦੇ ਸੂਬਾ ਆਗੂ ਮੁਖਤਿਆਰ ਸਿੰਘ ਪੂਹਲਾ ਨੇ ਕਾਮਰੇਡ ਰਣਜੀਤ ਲਹਿਰਾ ਦੇ ਜੀਵਨ ਬਾਰੇ ਚਾਨਣਾ ਪਾਉਂਦਿਆਂ ਦੱਸਿਆ ਕਿ ਉਨ੍ਹਾਂ ਨੇ ਜਵਾਨੀ 'ਚ ਪੈਰ ਧਰਦਿਆਂ ਹੀ ਵਿਦਿਆਰਥੀ ਜਥੇਬੰਦੀ ਪੰਜਾਬ ਸਟੂਡੈਂਟ ਯੂਨੀਅਨ ਵਿੱਚ ਆਗੂ ਰੋਲ ਨਿਭਾਇਆ ਤੇ ਵਿਗਿਆਨਕ ਨਜ਼ਰੀਏ, ਇਨਕਲਾਬੀ ਜਜ਼ਬੇ ਤੇ ਦਲੇਰੀ ਨਾਲ ਇਨਕਲਾਬੀ ਲਹਿਰ ਵਿੱਚ ਕੰਮ ਕੀਤਾ।ਉਹ ਲੰਬਾ ਸਮਾਂ ਇਨਕਲਾਬੀ ਕੇਂਦਰ ਪੰਜਾਬ ਜਨਰਲ ਸਕੱਤਰ ਰਹੇ ਤੇ ਅੰਤਿਮ ਸਮੇਂ ਇਨਕਲਾਬੀ ਪੇਪਰ ਲਾਲ ਪਰਚਮ ਦੇ ਸੰਪਾਦਕੀ ਬੋਰਡ ਦੇ ਮੈਂਬਰ ਰਹੇ।ਬੇਸ਼ੱਕ ਸਾਥੀ ਰਣਜੀਤ ਲਹਿਰਾ ਸਾਡੇ ਤੋਂ ਸਦਾ ਲਈ ਵਿੱਛੜ ਗਏ ਹਨ, ਪਰ ਉਨ੍ਹਾਂ ਦੇ ਵਿਚਾਰ ਹੱਕ ਸੱਚ ਇਨਸਾਫ ਲਈ ਲੜਨ ਵਾਲੇ ਲੋਕਾਂ ਲਈ ਪ੍ਰੇਰਨਾ ਸ੍ਰੋਤ ਬਣੇ ਰਹਿਣਗੇ।ਉਨ੍ਹਾਂ ਦੇ ਇਨਕਲਾਬੀ ਲਹਿਰ ਵਿੱਚ ਪਾਏ ਯੋਗਦਾਨ ਨੂੰ ਸਿਜਦਾ ਕਰਨ ਤੇ ਉਨ੍ਹਾਂ ਦੀ ਜੀਵਨ ਘਾਲਣਾ ਨੂੰ ਪ੍ਰਣਾਮ ਕਰਨ ਲਈ 24 ਫਰਵਰੀ ਸਵੇਰੇ 11 ਵਜੇ ਤੋਂ 1 ਵਜੇ ਜੀ ਪੀ ਐੱਫ ਕੰਪਲੈਕਸ ਲਹਿਰਾਗਾਗਾ ਵਿਖੇ ਕੀਤੇ ਜਾ ਰਹੇ ਸ਼ਰਧਾਂਜਲੀ ਸਮਾਗਮ ਵਿੱਚ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।ਇਸ ਮੀਟਿੰਗ ਵਿੱਚ ਇਨਕਲਾਬੀ ਕੇਂਦਰ ਪੰਜਾਬ ਦੇ ਆਗੂ ਜਗਜੀਤ ਸਿੰਘ ਲਹਿਰਾ ਮੁਹੱਬਤ, ਹਰਮੇਸ਼ ਕੁਮਾਰ ਰਾਮਪੁਰਾ, ਡਾਕਟਰ ਨਰੰਜਣ ਸਿੰਘ, ਡੀ ਟੀ ਐੱਫ ਦੇ ਆਗੂ ਬੇਅੰਤ ਸਿੰਘ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ, ਜ਼ਿਲ੍ਹਾ ਸਕੱਤਰ ਗੁਰਨਾਮ ਸਿੰਘ, ਜ਼ਿਲ੍ਹਾ ਮੀਤ ਪ੍ਰਧਾਨ ਨਾਹਰ ਸਿੰਘ, ਜਗਦੀਸ਼ ਸਿੰਘ, ਪੰਮਾ ਸਿੰਘ, ਅਮਰਜੀਤ ਸਿੰਘ ਹਨੀ, ਸੁਖਜਿੰਦਰ ਸਿੰਘ, ਟੈਕਨੀਕਲ ਸਰਵਿਸ ਯੂਨੀਅਨ ਦੇ ਆਗੂ ਪਰਵਿੰਦਰ ਬਿੱਟੂ ਸ਼ਾਮਲ ਸਨ।



# ਜੇ ਈ ਈ ਮੇਨ 'ਚ 98.75 ਪ੍ਰਤੀਸ਼ਤ ਅੰਕ ਹਾਸਲ ਕਰਕੇ ਹਰਮਨਦੀਪ ਨੇ ਛਾਜਲੀ ਦਾ ਨਾਂਅ ਰੌਸ਼ਨ ਕੀਤਾ

**ਦਿੜ੍ਹਬਾ (ਜਸਵੀਰ ਲਾਡੀ)** ਪਿੰਡ ਛਾਜਲੀ ਵਿਖੇ ਸਥਿਤ ਸਕੂਲ ਆਫ ਐਮੀਨੈਂਸ ਛਾਜਲੀ ਦੇ ਹੋਣਹਾਰ ਵਿਦਿਆਰਥੀ ਹਰਮਨਦੀਪ ਸ਼ਰਮਾ ਨੇ ਨੈਸ਼ਨਲ ਪੱਧਰ ਦੀ ਪ੍ਰੀਖਿਆ ਜੇਈਈ ਮੇਨ ਵਿੱਚ 98.75 ਪ੍ਰਤੀਸ਼ਤ ਅੰਕ ਹਾਸਲ ਕਰਕੇ ਆਪਣੇ ਮਾਪਿਆਂ, ਅਧਿਆਪਕਾਂ ਤੇ ਪਿੰਡ ਦਾ ਨਾਮ ਚਮਕਾਇਆ ਹੈ।ਇਸ ਉਪਲਬਧੀ ਨਾਲ ਸਕੂਲ ਤੇ ਇਲਾਕੇ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ। ਸਕੂਲ ਸਟਾਫ ਨੇ ਕਿਹਾ ਕਿ ਸਕੂਲ ਆਫ ਐਮੀਨੈਂਸ ਛਾਜਲੀ ਦੇ ਵਿਦਿਆਰਥੀ ਦੀ ਇਹ ਉਪਲਬਧੀ ਸਾਡੇ ਲਈ ਮਾਣ ਦੀ ਗੱਲ ਹੈ।ਇਸ ਸਫਲਤਾ ਨਾਲ ਹੋਰ ਵਿਦਿਆਰਥੀਆਂ ਨੂੰ ਵੀ ਪ੍ਰੇਰਨਾ ਮਿਲੇਗੀ।ਜੇਈ ਮੇਨ ਵਿੱਚ ਉੱਚ ਅੰਕ ਹਾਸਲ ਕਰਨ ਨਾਲ ਹੁਣ ਹਰਮਨਦੀਪ ਨੂੰ ਦੇਸ਼ ਦੇ ਪ੍ਰਮੁੱਖ ਇੰਜੀਨੀਅਰਿੰਗ ਕਾਲਜਾਂ ਵਿੱਚ ਦਾਖਲੇ ਦਾ ਮੌਕਾ ਮਿਲੇਗਾ।ਆਸ ਹੈ ਕਿ ਉਹ ਆਉਣ ਵਾਲੇ ਸਮੇਂ ਵਿੱਚ ਉੱਚ ਸਿੱਖਿਆ ਪ੍ਰਾਪਤ ਕਰਕੇ ਆਪਣੇ ਮਾਪਿਆਂ ਤੇ ਪਿੰਡ ਦਾ ਨਾਮ ਹੋਰ ਵੀ ਰੌਸ਼ਨ ਕਰੇਗਾ।ਸਕੂਲ ਪ੍ਰਿੰਸੀਪਲ ਗੁਰਵਿੰਦਰ ਸਿੰਘ, ਮਾਸਟਰ ਅਵਨੀਸ਼ ਕੁਮਾਰ, ਸਮੂਹ ਸਟਾਫ, ਮਹੰਤ ਸ਼੍ਰੀ ਅਮਰਜੀਤ ਬਨ, ਜਗਜੀਤ ਭੁਟਾਲ ਜ਼ਿਲ੍ਹਾ ਪ੍ਰਧਾਨ ਜਮਹੂਰੀ ਅਧਿਕਾਰ ਸਭਾ, ਜੱਗਾ ਸਿੰਘ ਪ੍ਰਧਾਨ ਸਕੂਲ ਪ੍ਰਬੰਧਕ ਕਮੇਟੀ, ਗੁਰਬਿਆਸ ਸਿੰਘ ਸਰਪੰਚ ਗ੍ਰਾਮ ਪੰਚਾਇਤ ਛਾਜਲੀ, ਹਰਵਿੰਦਰ ਮੰਡੇਰ ਚੇਅਰਮੈਨ ਮਾਰਕਿਟ ਕਮੇਟੀ ਸਲੂਰ ਆਦਿ ਨੇ ਹਰਮਨਦੀਪ ਸ਼ਰਮਾ ਤੇ ਉਸ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਉਸ ਦੇ ਚਮਕਦੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।



# ਕਿਸਾਨਾਂ 'ਤੇ ਲਾਠੀਚਾਰਜ ਕਰਨ ਦੀ ਸਖਤ ਨਿੰਦਾ

**ਦੋਰਾਹਾ (ਹਰਮਿੰਦਰ ਸੇਠ)**- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਢਾਣੀ ਤੇ ਹਿੰਮਤ ਸਿੰਘ ਨੇ ਦੱਸਿਆ ਕਿ ਬਠਿੰਡਾ ਪ੍ਰਸ਼ਾਸਨ ਵੱਲੋਂ ਸਰਕਾਰ ਦੀ ਸ਼ਹਿ 'ਤੇ ਪਿੰਡ ਜਿਉਂਦ ਵਿਖੇ ਲਾਠੀਚਾਰਜ ਤੇ ਅਥਰੂ ਗੈਸ ਦੇ ਗੋਲੇ ਵਰ੍ਹਾਉਣ ਅਤੇ ਦੋ ਨੌਜਵਾਨਾਂ ਨੂੰ ਗੰਭੀਰ ਜ਼ਖਮੀ ਕਰਨ ਦੀ ਨਿੰਦਾ ਕਰਦੇ ਹਾਂ। ਉਨ੍ਹਾ ਕਿਹਾ ਕਿ ਸਰਕਾਰ ਆਪਣੇ ਹੋਛੇ ਹੱਥਕੰਡੇ ਵਰਤ ਕੇ ਕਿਸਾਨ ਲਹਿਰ ਨੂੰ ਢਾਹੁਣਾ ਚਾਹੁੰਦੀ ਹੈ। ਆਗੂਆਂ ਨੇ ਦੱਸਿਆ ਕਿ ਸਰਕਾਰ ਹੁਣ ਸਾਡੀ ਜਲ, ਜੰਗਲ, ਜ਼ਮੀਨ ਖਾਸ ਕਰਕੇ ਪੰਜਾਬ ਦੀ ਜ਼ਮੀਨ ਇਨ੍ਹਾਂ ਕਾਰਪੋਰੇਟਾਂ ਕੰਪਨੀਆਂ ਨੂੰ ਸੰਭਾਲਣ ਲਈ ਹਰ ਹਰਬਾ ਵਰਤ ਰਹੀ ਹੈ, ਪਰ ਪੰਜਾਬ ਦੀ ਲੋਕ ਇਹ ਕਦਾਚਿੱਤ ਵੀ ਬਰਦਾਸ਼ਤ ਨਹੀਂ ਕਰਨਗੇ। ਇਸੇ ਲਈ ਸੰਯੁਕਤ ਕਿਸਾਨ ਮੋਰਚੇ ਵੱਲੋਂ 22 ਫਰਵਰੀ ਨੂੰ ਭਾਜਪਾ ਤੇ ਆਪ ਸਰਕਾਰ ਦੇ ਮੰਤਰੀਆਂ ਦੇ ਦਫਤਰਾਂ ਤੇ ਘਰਾਂ ਅੱਗੇ ਧਰਨੇ ਦਿੱਤੇ ਜਾਣਗੇ। ਕਿਸਾਨ ਲਹਿਰ ਨੂੰ ਡੰਡੇ ਦੇ ਜ਼ੋਰ ਨਹੀਂ ਦਬਾਇਆ ਜਾ ਸਕਦਾ, ਕਿਸਾਨ ਆਪਣੀਆਂ ਜ਼ਮੀਨਾਂ ਤੇ ਜਵਾਨੀ ਨੂੰ ਬਚਾਉਣ ਲਈ ਹਰ ਕਦਮ ਚੁੱਕਣਗੇ।

# ਟੋਕਰਿਆਂ ਦੀ ਥਾਂ ਲਈ ਪਲਾਸਟਿਕ ਦੇ ਬੱਠਲਾਂ !

**ਲਹਿਰਾਗਾਗਾ (ਰੀਤਵਾਲ)**- ਬਾਜ਼ਾਰਾਂ ਵਿੱਚ ਤੇਜ਼ੀ ਨਾਲ ਸੇਲ ਹੋ ਰਹੇ ਪਲਾਸਟਿਕ ਦੇ ਬੱਠਲਾਂ ਦੀ ਖਰੀਦਦਾਰੀ ਨੇ ਹੁਣ ਤੂਤ ਦੇ ਬਣੇ ਟੋਕਰੇ ਤੇ ਟੋਕਰੀਆਂ ਤੋਂ ਲੋਕਾਂ ਦਾ ਮੋਹ ਭੰਗ ਕਰ ਦਿੱਤਾ ਨਜ਼ਰ ਆ ਰਿਹਾ ਹੈ।ਜਦੋਂ ਘਰ 'ਚ ਜ਼ਿਆਦਾ ਪਸ਼ੂ ਪਾਲ਼ੇ ਜਾਂਦੇ ਸਨ, ਉਦੋਂ ਟੋਕਰੇ, ਟੋਕਰੀਆਂ, ਛਾਬੇ ਆਦਿ ਘਰੇਲੂ ਵਰਤੋਂ ਲਈ ਬਣਾਏ ਜਾਂਦੇ ਸਨ।ਹੁਣ ਇਨ੍ਹਾਂ ਟੋਕਰਿਆਂ ਦੀ ਥਾਂ ਸਸਤੇ ਪਲਾਸਟਿਕ ਦੇ ਬੱਠਲਾਂ ਨੇ ਲੈ ਲਈ ਹੈ।ਟੋਕਰੇ ਬਣਾਉਣ ਵਾਲੇ ਕਾਰੀਗਰ ਭੋਲਾ ਸਿੰਘ ਨੇ ਦੱਸਿਆ ਕਿ ਕੋਈ ਸਮਾਂ ਹੁੰਦਾ ਸੀ, ਜਦੋਂ ਸਾਡੇ ਕੋਲ ਕਿਸਾਨ ਭਰਾਵਾਂ ਨੂੰ ਟੋਕਰੇ ਬਣਾਉਣ ਲਈ ਕਈ ਕਈ ਦਿਨਾਂ ਦਾ ਸਮਾਂ ਲੈਣਾ ਪੈਂਦਾ ਸੀ, ਪਰ ਇੱਕ ਅੱਜ ਦਾ ਸਮਾਂ ਹੈ ਕਿ ਇਨ੍ਹਾਂ ਪਲਾਸਟਿਕ ਦੀਆਂ ਵਸਤਾਂ ਨੇ ਸਾਡੇ ਕਾਰੋਬਾਰ 'ਤੇ ਭਾਰੀ ਸੱਟ ਮਾਰ ਕੇ ਸਾਡੀ ਕਲਾਂ ਨੂੰ ਖਤਮ ਕਰ ਦਿੱਤਾ ਹੈ।ਕਾਰੀਗਰ ਨੇ ਕਿਹਾ ਕਿ ਇਹ ਪਲਾਸਟਿਕ ਦੇ ਬੱਠਲ ਸਸਤੇ ਹੋਣ ਦੇ ਬਾਵਜੂਦ ਨੁਕਸਾਨਦੇਹ ਹਨ ਕਿਉਂਕਿ ਇਨ੍ਹਾਂ ਵਿੱਚ ਚਾਰਾ ਪਾਉਣ ਸਮੇਂ ਧੂੜ-ਮਿੱਟੀ ਪਸ਼ੂਆਂ ਦੇ ਅੰਦਰ ਚਲੀ ਜਾਂਦੀ ਹੈ, ਜਿਸ ਨਾਲ ਗੰਭੀਰ ਬਿਮਾਰੀਆਂ ਵੀ ਵਧਦੀਆਂ ਹਨ।



# ਹੋਲੇ ਮਹੱਲੇ ਨੂੰ ਸਮਰਪਤ 6ਵਾਂ ਗੱਤਕਾ ਕੱਪ ਭਲਕੇ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**- ਹੋਲੇ ਮੁਹੱਲੇ ਨੂੰ ਸਮਰਪਤ 6ਵਾਂ ਗੱਤਕਾ ਕੱਪ 22 ਫ਼ਰਵਰੀ ਐਤਵਾਰ ਨੂੰ ਪਿੰਡ ਮਾਛੀਕੇ ਵਿਖੇ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਪਹਿਲਾਂ ਇਨਾਮ 21000 ਤੇ ਦੂਸਰਾ ਇਨਾਮ 15000 ਤੋਂ ਇਲਾਵਾ ਤੀਸਰਾ ਇਨਾਮ 11000 ਹੋਵੇਗਾ। ਇਸ ਤੋਂ ਇਲਾਵਾ ਸੁੰਦਰ ਦਸਤਾਰ ਮੁਕਾਬਲਾ 5 ਤੋਂ 12 ਸਾਲ ਲਈ ਪਹਿਲਾ ਇਨਾਮ 900 ਤੇ ਦੂਸਰਾ ਇਨਾਮ 700 ਅਤੇ ਤੀਸਰਾ ਇਨਾਮ 500 ਰੁਪਏ ਹੋਵੇਗਾ ਅਤੇ ਸੁੰਦਰ ਦਸਤਾਰ ਮੁਕਾਬਲੇ 12 ਤੋਂ 17 ਸਾਲ ਲਈ ਪਹਿਲਾ ਇਨਾਮ 1100, ਦੂਸਰਾ ਇਨਾਮ 900, ਤੀਸਰਾ ਇਨਾਮ 700 ਹੋਵੇਗਾ। ਇਸ ਮੌਕੇ ਜਥੇਬੰਦੀ ਵਾਰਿਸ ਪੰਜਾਬ ਦੇ ਐਡਵੋਕੇਟ ਮਨਦੀਪ ਸਿੰਘ ਪਹੁੰਚ ਰਹੇ ਹਨ। ਇਸ ਤੋਂ ਇਲਾਵਾ ਪ੍ਰਿਤਪਾਲ ਸਿੰਘ ਚੰਡੀ ਗ੍ਰੰਥੀ ਤੇ ਕਬੱਡੀ ਕੋਚ ਕੁਲਦੀਪ ਸਿੰਘ ਕੀਪਾ ਤੋਂ ਇਲਾਵਾ ਗੱਤਕਾ ਖਿਡਾਰੀ ਗੁਰਵਿੰਦਰ ਸਿੰਘ, ਰਾਜਵੀਰ ਸਿੰਘ, ਨਿਸ਼ਾਨ ਸਿੰਘ ਨੂੰ ਸਨਮਾਨਤ ਕੀਤਾ ਜਾਵੇਗਾ। ਪ੍ਰੈੱਸ ਨੂੰ ਇਸ ਦੀ ਜਾਣਕਾਰੀ ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ ਗੱਤਕਾ ਅਖਾੜਾ ਮਾਛੀਕੇ ਵੱਲੋਂ ਦਿੱਤੀ ਗਈ।

# ਸ਼ਹਿਰ 'ਚ ਹੋ ਰਹੀਆਂ ਨਜਾਇਜ਼ ਉਸਾਰੀਆਂ ਖਿਲਾਫ ਲੋਕਾਂ 'ਚ ਰੋਸ

**ਮਾਮਲੇ ਦੀ ਜਾਂਚ ਕਰਕੇ ਕੀਤੀ ਜਾਵੇਗੀ ਕਾਰਵਾਈ-ਕਾਰਜ ਸਾਧਕ ਅਫਸਰ**

**ਸਨੌਰ (ਰਾਜਿੰਦਰ ਸਿੰਘ ਥਿੰਦ)**- ਨਗਰ ਕੌਂਸਲ ਸਨੌਰ ਦੀ ਹਦੂਦ ਅੰਦਰ ਨਾਜਾਇਜ਼ ਉਸਾਰੀਆਂ ਦਾ ਮਾਮਲਾ ਤਪਦਾ ਜਾ ਰਿਹਾ ਹੈ।ਤਾਜ਼ਾ ਖੁਲਾਸੇ ਅਨੁਸਾਰ ਸ਼ਹਿਰ ਵਿੱਚ 4 ਦੁਕਾਨਾਂ ਤੇ ਇਕ ਵੱਡੇ ਸ਼ੋ-ਰੂਮ ਦੀ ਉਸਾਰੀ ਬਿਨਾਂ ਲਾਜ਼ਮੀ ਮਨਜ਼ੂਰੀਆਂ ਤੇ ਨਕਸ਼ਾ ਪਾਸ ਕਰਵਾਏ ਕੀਤੀ ਗਈ ਹੈ।ਇਹ ਖੁਲਾਸਾ ਸਾਹਮਣੇ ਆਉਂਦੇ ਹੀ ਸਥਾਨਕ ਵਸਨੀਕਾਂ ਵਿੱਚ ਰੋਸ ਦੀ ਲਹਿਰ ਦੌੜ ਗਈ ਹੈ ਅਤੇ ਨਗਰ ਕੌਂਸਲ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਹੋ ਗਏ ਹਨ।ਸੂਤਰਾਂ ਮੁਤਾਬਕ ਉਕਤ ਇਮਾਰਤਾਂ ਨਾ ਸਿਰਫ਼ ਨਿਯਮਾਂ ਦੀ ਉਲੰਘਣਾ ਕਰਕੇ ਬਣਾਈਆਂ ਗਈਆਂ ਹਨ, ਸਗੋਂ ਸੜਕ ਦੀ ਹੱਦ ਵਿੱਚ ਵੀ ਦਾਖ਼ਲ ਹੋਣ ਦੇ ਦੋਸ਼ ਹਨ।ਇਸ ਕਾਰਨ ਆਵਾਜਾਈ ਪ੍ਰਭਾਵਿਤ ਹੋ ਰਹੀ ਹੈ ਤੇ ਆਮ ਲੋਕਾਂ ਨੂੰ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਹੈਰਾਨੀ ਦੀ ਗੱਲ ਇਹ ਹੈ ਕਿ ਇੰਨੀ ਵੱਡੀ ਉਸਾਰੀ ਲੰਮੇ ਸਮੇਂ ਤੱਕ ਚੱਲਦੀ ਰਹੀ, ਪਰ ਨਗਰ ਕੌਂਸਲ ਦੇ ਅਧਿਕਾਰੀਆਂ ਵੱਲੋਂ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ।ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਜੇਕਰ ਆਮ ਨਾਗਰਿਕ ਆਪਣੇ ਘਰ ਵਿੱਚ ਛੋਟੀ ਜਿਹੀ ਤਬਦੀਲੀ ਕਰੇ ਤਾਂ ਤੁਰੰਤ ਨੋਟਿਸ ਜਾਰੀ ਕਰ ਦਿੱਤਾ ਜਾਂਦਾ ਹੈ, ਪਰ ਵੱਡੇ ਵਪਾਰਕ ਨਿਰਮਾਣਾਂ 'ਤੇ ਚੁੱਪੀ ਕਿਉਂ? ਲੋਕਾਂ ਨੇ ਦੋਸ਼ ਲਗਾਇਆ ਕਿ ਇਹ ਸਭ ਕੁਝ ਅਧਿਕਾਰੀਆਂ ਦੀ ਮਿਲੀਭੁਗਤ ਤੋਂ ਬਿਨਾਂ ਸੰਭਵ ਨਹੀਂ।ਮਾਮਲਾ ਗੰਭੀਰ ਹੋਣ ਕਾਰਨ ਹੁਣ ਪ੍ਰਸ਼ਾਸਨ 'ਤੇ ਦਬਾਅ ਵੱਧ ਰਿਹਾ ਹੈ ਕਿ ਦੋਸ਼ੀਆਂ ਖ਼ਿਲਾਫ਼ ਤੁਰੰਤ ਕਾਰਵਾਈ ਕੀਤੀ ਜਾਵੇ।ਹੁਣ ਦੇਖਣਾ ਇਹ ਹੈ ਕਿ ਨਗਰ ਕੌਂਸਲ ਸਿਰਫ਼ ਕਾਗਜ਼ੀ ਕਾਰਵਾਈ ਤੱਕ ਸੀਮਿਤ ਰਹਿੰਦੀ ਹੈ ਜਾਂ ਵਾਸਤਵ ਵਿੱਚ ਬੁਲਡੋਜ਼ਰ ਚਲਾ ਕੇ ਕਾਨੂੰਨ ਦੀ ਪਾਲਣਾ ਯਕੀਨੀ ਬਣਾਉਂਦੀ ਹੈ।ਸ਼ਹਿਰ ਵਾਸੀਆਂ ਦੀ ਨਿਗਾਹ ਹੁਣ ਪ੍ਰਸ਼ਾਸਨ ਦੀ ਅਗਲੀ ਚਾਲ 'ਤੇ ਟਿਕੀ ਹੋਈ ਹੈ। ਉਧਰ, ਨਗਰ ਕੌਂਸਲ ਸਨੌਰ ਦੇ ਕਾਰਜ ਸਾਧਕ ਅਫਸਰ ਲਖਵੀਰ ਸਿੰਘ ਨੇ ਗੱਲਬਾਤ ਦੌਰਾਨ ਆਖਿਆ ਕਿ ਜੇ ਨਗਰ ਕੌਂਸਲ ਸਨੌਰ ਦੀ ਹਦੂਦ 'ਚ ਗੈਰ-ਕਾਨੂੰਨੀ ਕੰਮ ਕੀਤੇ ਜਾਣਗੇ ਤਾਂ ਉਨ੍ਹਾਂ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾ ਆਖਿਆ ਕਿ ਇਸ ਮਾਮਲੇ ਦੀ ਜਾਂਚ ਕਰਕੇ ਕਾਰਵਾਈ ਕੀਤੀ ਜਾਵੇਗੀ।ਇਸ ਮਾਮਲੇ ਸਬੰਧੀ ਨਗਰ ਕੌਂਸਲ ਸਨੌਰ ਦੇ ਜੇ ਈ ਨਾਲ ਗੱਲਬਾਤ ਕੀਤੀ ਤਾਂ ਉਨ੍ਹਾ ਦੱਸਿਆ ਕਿ ਅੱਜ ਦੀ ਤਰੀਕ 'ਚ ਇਹ ਗੈਰਕਾਨੂੰਨੀ ਸ਼ੋ-ਰੂਮ ਬਣ ਰਿਹਾ ਹੈ ਅਤੇ ਚਾਰ ਦੁਕਾਨਾਂ ਬਾਰੇ ਮੈਨੂੰ ਨਹੀਂ ਪਤਾ ਮੈਂ ਚੈੱਕ ਕਰਵਾਉਂਦਾ ਹਾਂ।



# ਪੰਜਾਬ ਸਟੇਟ ਸਿਵਲ ਏਵੀਏਸ਼ਨ ਕੌਂਸਲ ਵੱਲੋਂ ਵੱਖ-ਵੱਖ ਆਸਾਮੀਆਂ ਦੀ ਭਰਤੀ ਲਈ ਨੋਟੀਫਿਕੇਸ਼ਨ ਜਾਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**: ਪੰਜਾਬ ਸਟੇਟ ਸਿਵਲ ਏਵੀਏਸ਼ਨ ਕੌਂਸਲ ਵੱਲੋਂ ਆਪਣੇ ਫਲਾਇੰਗ ਟਰੇਨਿੰਗ ਆਰਗੇਨਾਈਜੇਸ਼ਨ, ਪਟਿਆਲਾ ਅਤੇ ਅੰਮ੍ਰਿਤਸਰ ਅਤੇ ਪੰਜਾਬ ਏਅਰਕ੍ਰਾਫਟ ਮੈਂਟੀਨੈਂਸ ਇੰਜੀਨੀਅਰਿੰਗ ਕਾਲਜ ਪਟਿਆਲਾ ਵਿਚ ਵੱਖ ਵੱਖ ਆਸਾਮੀਆਂ ਠੇਕੇ ਤੇ ਆਧਾਰਿਤ ਭਰਨ ਲਈ ਭਰਤੀ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ। ਜਾਰੀ ਕੀਤੇ ਗਏ ਨੋਟੀਫਿਕੇਸ਼ਨ ਅਨੁਸਾਰ 2 ਪਾਇਲਟ ਇੰਸਟਰਕਟਰ, 2 ਅਸਿਸਟੈਂਟ ਪਾਇਲਟ ਇੰਸਟਰਕਟਰ, 2 ਅਕਾਊਂਟੈਂਟ, 2 ਇੰਸਟਰਕਟਰ (ਏਅਰਫਰੇਮ), 1 ਗਰਾਊਂਡ ਇੰਸਟਰੇਕਟਰ (ਏਅਰ ਰੈਗੂਲੇਸ਼ਨਜ) ਅਤੇ 1 ਤਕਨੀਕੀ ਅਫ਼ਸਰ ਦੀਆਂ ਆਸਾਮੀਆਂ ਭਰੀਆਂ ਜਾਣਗੀਆਂ। ਇਨ੍ਹਾਂ ਸਾਰੀਆਂ ਆਸਾਮੀਆਂ ਲਈ ਲੋੜੀਂਦੀ ਯੋਗਤਾ ਅਤੇ ਤਜ਼ਰਬਾ ਅਤੇ ਹੋਰ ਜਾਣਕਾਰੀ ਵੈਬਸਾਈਟ ਉਪਰ ਉਪਲੱਬਧ ਹੈ। ਇਹ ਸਾਰੀਆਂ ਨਿਯੁਕਤੀਆਂ ਇਕ ਸਾਲ ਦੀ ਮਿਆਦ ਲਈ ਸਿਰਫ ਠੇਕੇ ਤੇ ਆਧਾਰਿਤ ਭਰੀਆਂ ਜਾਣੀਆਂ ਹਨ, ਜਿਨ੍ਹਾਂ ਨੂੰ ਉਮੀਦਵਾਰਾਂ ਦੀ ਕਾਰਗੁਜਾਰੀ ਦੇ ਆਧਾਰ ਤੇ ਅੱਗੇ ਵਧਾਇਆ ਜਾ ਸਕਦਾ ਹੈ। ਅਰਜੀ ਦੇਣ ਵਾਲੇ ਉਮੀਦਵਾਰਾਂ ਦੀ ਉਮਰ 40 ਸਾਲ ਤੋਂ ਘੱਟ ਹੋਣੀ ਚਾਹੀਦੀ ਹੈ। ਭਰਤੀ ਪ੍ਰਕਿਰਿਆ ਦੌਰਾਨ ਪੰਜਾਬ ਵਸਨੀਕ ਅਤੇ ਪੰਜਾਬੀ ਭਾਸ਼ਾ ਦਾ ਗਿਆਨ ਰੱਖਣ ਵਾਲੇ ਉਮੀਦਵਾਰਾਂ ਨੂੰ ਤਰਜੀਹ ਦਿੱਤੀ ਜਾਵੇਗੀ। ਇੱਛੁਕ ਅਤੇ ਯੋਗ ਉਮੀਦਵਾਰ ਅਪਣੀ ਅਰਜੀ ਨਿਰਧਾਰਿਤ ਫਾਰਮ ਤੇ ਭਰ ਕੇ 500 ਰੁਪਏ ਦੀ ਡਿਮਾਂਡ ਡਰਾਫਟ ਸਮੇਤ 11 ਮਾਰਚ 2026 ਨੂੰ ਸ਼ਾਮ 03 ਵਜੇ ਤੱਕ ਸਪੀਡ ਪੋਸਟ / ਰਜਿਸਟਰਡ ਪੋਸਟ/ ਦਸਤੀ ਪੰਜਾਬ ਸਟੇਟ ਸਿਵਲ ਏਵੀਏਸ਼ਨ ਕੌਂਸਲ ਪਟਿਆਲਾ ਦੇ ਦਫਤਰ ਵਿਖੇ ਭੇਜ ਸਕਦੇ ਹਨ।

**ਯੋਗ ਉਮੀਦਵਾਰ 11 ਮਾਰਚ ਤੱਕ ਭੇਜ ਸਕਦੇ ਹਨ ਅਰਜੀਆਂ**

# ਪੰਜਾਬ ਸਖੀ ਸ਼ਕਤੀ ਮੇਲਾ 27 ਤੋਂ

**ਫਾਜ਼ਿਲਕਾ (ਨਿਸ਼ਾ ਸ਼ਰਮਾ)**- ਸਥਾਨਕ ਪ੍ਰਤਾਪ ਬਾਗ ਵਿਖੇ ਤਿੰਨ ਰੋਜ਼ਾ ਪੰਜਾਬ ਸਖੀ ਸ਼ਕਤੀ ਮੇਲਾ 27 ਫਰਵਰੀ ਤੋਂ 1 ਮਾਰਚ 2026 ਤੱਕ ਕਰਵਾਇਆ ਜਾਵੇਗਾ।ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ੍ਰੀ ਸੁਭਾਸ਼ ਚੰਦਰ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ 'ਚ ਜ਼ਿਲ੍ਹਾ ਵਾਸੀਆਂ ਨੂੰ ਵੱਧ ਚੜ੍ਹ ਕੇ ਮੇਲੇ 'ਚ ਸ਼ਮੂਲੀਅਤ ਕਰਨ ਦਾ ਸੱਦਾ ਦਿੰਦਿਆਂ ਕੀਤਾ।ਇਸ ਦੌਰਾਨ ਉਨ੍ਹਾਂ ਵਿਭਾਗੀ ਅਧਿਕਾਰੀਆਂ ਤੋਂ ਮੇਲੇ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਸੁਝਾਅ ਵੀ ਲਏ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਦੱਸਿਆ ਕਿ ਇਹ ਮੇਲਾ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਪੰਜਾਬ, ਦਫਤਰ ਸੰਯੁਕਤ ਵਿਕਾਸ ਕਮਿਸ਼ਨਰ ਮੁਹਾਲੀ ਵੱਲੋਂ ਦਫਤਰ ਲਘੂ ਉਦਯੋਗ (ਡੀ.ਆਈ.ਸੀ) ਫਾਜ਼ਿਲਕਾ ਤੇ ਪੰਜਾਬ ਸਟੇਟ ਰੂਰਲ ਲਾਇਵਲੀਹੁੱਡ ਮਿਸ਼ਨ ਅਧੀਨ ਪ੍ਰਤਾਪ ਬਾਗ ਫਾਜ਼ਿਲਕਾ ਵਿਖੇ ਲਗਾਇਆ ਜਾਣਾ ਹੈ।ਉਨ੍ਹਾਂ ਦੱਸਿਆ ਕਿ ਇਸ ਮੇਲੇ 'ਚ ਵੱਖ-ਵੱਖ ਸੈਲਫ ਹੈਲਪ ਗਰੁੱਪਾਂ ਦੇ ਘਰੇਲੂ, ਜੈਵਿਕ, ਹੱਥਾਂ ਨਾਲ ਬਣੇ ਸਾਮਾਨ ਦੇ ਸਟਾਲ ਲੱਗਣਗੇ।ਇਸ ਤੋਂ ਇਲਾਵਾ ਸ਼ਾਮ ਨੂੰ ਉੱਘੇ ਸੂਫ਼ੀ ਤੇ ਲੋਕ ਗਾਇਕ ਆਪਣੀ ਪੇਸ਼ਕਾਰੀ ਦੇਣਗੇ।ਉਨ੍ਹਾਂ ਦੱਸਿਆ ਕਿ ਇਸ ਮੇਲੇ ਦਾ ਮੁੱਖ ਮਕਸਦ ਔਰਤਾਂ ਨੂੰ ਆਤਮ-ਨਿਰਭਰ ਬਣਾਉਣਾ ਹੈ। ਉਨ੍ਹਾਂ ਸਮੂਹ ਵਿਭਾਗ ਨੂੰ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕਰਨ ਦੀ ਹਦਾਇਤ ਕੀਤੀ।

# ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਦਾ ਕਾਫਲਾ ਰੈਲੀ ਲਈ ਰਵਾਨਾ



**ਮੱਖੂ (ਰਛਪਾਲ ਸਿੰਘ ਸੰਧੂ)** ਸ਼੍ਰੋਮਣੀ ਅਕਾਲੀ ਦਲ ਦੀ ਜ਼ੀਰਾ ਵਿਖੇ ਹੋ ਰਹੀ ਰੈਲੀ ਦੇ ਸਬੰਧ ਵਿੱਚ ਹਲਕਾ ਇੰਚਾਰਜ ਹਰਪ੍ਰੀਤ ਸਿੰਘ ਹੀਰੋ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਰੈਲੀ 'ਚ ਸ਼ਾਮਲ ਹੋਣ ਲਈ ਪਲਵਿੰਦਰ ਸਿੰਘ ਸੰਧੂ ਤੇ ਡਾ. ਬਲਵੰਤ ਸਿੰਘ ਸਿੱਧੂ ਦੀ ਅਗਵਾਈ ਵਿੱਚ ਬਲਾਕ ਮਖੂ ਦੇ ਪਿੰਡ ਸ਼ੀਹਾਂਪਾੜੀ ਤੋਂ ਸ਼੍ਰੋਮਣੀ ਅਕਾਲੀ ਦਲ ਆਗੂਆਂ ਤੇ ਵਰਕਰਾਂ ਦਾ ਕਾਫ਼ਲਾ ਜ਼ੀਰਾ ਲਈ ਰਵਾਨਾ ਹੋਇਆ। ਪਲਵਿੰਦਰ ਸਿੰਘ ਸੰਧੂ ਤੇ ਡਾ. ਬਲਵੰਤ ਸਿੰਘ ਸਿੱਧੂ ਨੇ ਕਿਹਾ ਕਿ ਹਲਕਾ ਇੰਚਾਰਜ ਹਰਪ੍ਰੀਤ ਸਿੰਘ ਹੀਰੋ ਦੀ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਜ਼ੀਰਾ ਵਿਖੇ ਹੋ ਰਹੀ ਰੈਲੀ ਇਤਿਸਹਕ ਰੈਲੀ ਹੋਵੇਗੀ। ਇਸ ਰੈਲੀ ਵਿੱਚ ਜਾਣ ਲਈ ਲੋਕਾਂ ਵਿੱਚ ਭਾਰੀ ਉਤਸ਼ਾਹ ਹੈ।ਇਸ ਰੈਲੀ ਵਿੱਚ ਲੋਕਾਂ ਦਾ ਭਾਰੀ ਇਕੱਠ ਸਾਬਤ ਕਰ ਦੇਵੇਗਾ ਕਿ ਲੋਕ ਹੁਣ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਉਣ ਲਈ ਉਤਾਵਲੇ ਹਨ।

# 28 ਦੀ ਬਰਨਾਲਾ ਕਾਂਗਰਸ ਰੈਲੀ ਦੀਆਂ ਤਿਆਰੀਆਂ ਜ਼ੋਰਾਂ 'ਤੇ : ਸ਼ੰਮੀ ਠੁੱਲੀਵਾਲ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਕਾਂਗਰਸ ਪਾਰਟੀ ਵੱਲੋਂ ਅਨਾਜ ਮੰਡੀ ਬਰਨਾਲਾ 'ਚ 28 ਫਰਵਰੀ ਨੂੰ ਕੀਤੀ ਜਾ ਰਹੀ ਵਿਸ਼ਾਲ ਕਾਂਗਰਸ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਕਾਂਗਰਸ ਪਾਰਟੀ ਵੱਲੋਂ ਜ਼ਿਲ੍ਹਾ ਪ੍ਰਧਾਨ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਦੀ ਅਗਵਾਈ ਹੇਠ ਤਿਆਰੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ।ਇਹ ਜਾਣਕਾਰੀ ਕਾਂਗਰਸ ਪਾਰਟੀ ਬਲਾਕ ਮਹਿਲ ਕਲਾਂ ਦੇ ਪ੍ਰਧਾਨ ਪਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ ਨੇ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਨ ਉਪਰੰਤ ਦਿੱਤੀ।ਉਨ੍ਹਾਂ ਦੱਸਿਆ ਕਿ ਰੈਲੀ 'ਚ ਕਾਂਗਰਸ ਪਾਰਟੀ ਦੇ ਕੌਮੀ ਆਗੂ, ਸੰਸਦ ਮੈਂਬਰ ਰਾਹੁਲ ਗਾਂਧੀ ਦੀ ਆਮਦ ਨੂੰ ਧਿਆਨ 'ਚ ਰੱਖਦਿਆਂ ਵਿਸ਼ਾਲ ਇਕੱਠ ਕਰਨ ਲਈ ਜ਼ਿਲ੍ਹੇ ਭਰ 'ਚ ਆਗੂਆਂ, ਵਰਕਰਾਂ ਦੀਆਂ ਡਿਊਟੀਆਂ ਵੰਡ ਕੇ ਜ਼ਿੰਮੇਵਾਰੀ ਸੌਂਪੀ ਗਈ ਹੈ।ਪ੍ਰਧਾਨ ਸ਼ੰਮੀ ਠੁੱਲੀਵਾਲ ਨੇ ਦੱਸਿਆ ਕਿ ਇਸ ਮੌਕੇ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਪੰਜਾਬ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਤਿਆਰੀਆਂ ਵਿਸ਼ਾਲ ਪੱਧਰ 'ਤੇ ਸ਼ੁਰੂ ਕੀਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਬਲਾਕ ਮਹਿਲ ਕਲਾਂ ਦੇ ਪਿੰਡਾਂ 'ਚੋਂ ਕਾਫਲੇ ਬੰਨ੍ਹ ਕੇ ਲੋਕ ਬਰਨਾਲਾ ਰੈਲੀ 'ਚ ਸ਼ਮੂਲੀਅਤ ਕਰਨਗੇ।ਇਸ ਤਰ੍ਹਾਂ ਹੀ ਸਾਰੇ ਬਲਾਕ ਪ੍ਰਧਾਨਾਂ ਦੀ ਅਗਵਾਈ ਹੇਠ ਵੱਖ-ਵੱਖ ਟੀਮਾਂ ਵੱਲੋਂ ਪਿੰਡ-ਪਿੰਡ ਲਾਮਬੰਦੀ ਕੀਤੀ ਜਾ ਰਹੀ ਹੈ।ਰੈਲੀ ਨੂੰ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਸਮੇਤ ਪਾਰਟੀ ਦੇ ਸੀਨੀਅਰ ਆਗੂ ਸੰਬੋਧਨ ਕਰਨਗੇ।



# ਪੰਜਾਬੀ 'ਵਰਸਿਟੀ ਵਿਖੇ 'ਖੋਜ, ਨਵੀਨਤਾ ਤੇ ਬੌਧਿਕ ਸੰਪਤੀ ਅਧਿਕਾਰ' ਬਾਰੇ ਸੈਮੀਨਾਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੰਜਾਬੀ ਯੂਨੀਵਰਸਿਟੀ ਵਿਖੇ 'ਖੋਜ, ਨਵੀਨਤਾ ਅਤੇ ਬੌਧਿਕ ਸੰਪਤੀ ਅਧਿਕਾਰ' ਵਿਸ਼ੇ 'ਤੇ ਇੱਕ ਰੋਜ਼ਾ ਸੈਮੀਨਾਰ ਕਰਵਾਇਆ ਗਿਆ।ਯੂਨੀਵਰਸਿਟੀ ਵਿਖੇ ਸਥਾਪਤ ਆਈ.ਪੀ.ਆਰ. ਚੇਅਰ ਵੱਲੋਂ ਭਾਰਤ ਸਰਕਾਰ ਦੇ ਉਦਯੋਗ ਤੇ ਵਣਜ ਮੰਤਰਾਲੇ (ਡੀ.ਪੀ.ਆਈ.ਆਈ.ਟੀ.) ਦੇ ਸਹਿਯੋਗ ਨਾਲ਼ ਕਰਵਾਏ ਇਸ ਸੈਮੀਨਾਰ ਦੇ ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਕੀਤੀ। ਡਾ. ਜਗਦੀਪ ਸਿੰਘ ਨੇ ਇਸ ਮੌਕੇ ਬੋਲਦਿਆਂ ਖੋਜ ਦੇ ਖੇਤਰ ਵਿੱਚ ਬੌਧਿਕ ਸੰਪਤੀ ਅਧਿਕਾਰਾਂ ਦੀ ਅਹਿਮੀਅਤ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਅਜੋਕੇ ਦੌਰ ਵਿੱਚ ਕਿਸੇ ਵੀ ਵਿੱਦਿਅਕ ਸੰਸਥਾ ਦੀ ਪ੍ਰਗਤੀ ਕੇਵਲ ਡਿਗਰੀਆਂ ਵੰਡਣ ਤੱਕ ਸੀਮਤ ਨਹੀਂ ਹੈ, ਸਗੋਂ ਇਸ ਗੱਲ 'ਤੇ ਨਿਰਭਰ ਕਰਦੀ ਹੈ ਕਿ ਉੱਥੋਂ ਦੇ ਖੋਜਾਰਥੀ ਤੇ ਅਧਿਆਪਕ ਕਿੰਨੀ ਮੌਲਿਕ ਖੋਜ ਕਰ ਰਹੇ ਹਨ ਅਤੇ ਉਸ ਨੂੰ ਕਾਨੂੰਨੀ ਤੌਰ 'ਤੇ ਕਿੰਨਾ ਸੁਰੱਖਿਅਤ (ਪੇਟੈਂਟ) ਕਰਵਾ ਰਹੇ ਹਨ।ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਿੱਖਿਆ ਸ਼ਾਸਤਰੀਆਂ ਤੇ ਖੋਜਕਰਤਾਵਾਂ ਦੇ ਰੂਪ ਵਿੱਚ, ਇਹ ਸਾਡੀ ਜ਼ਿੰਮੇਦਾਰੀ ਹੈ ਕਿ ਅਸੀਂ ਆਪਣੀ ਖੋਜ ਨੂੰ ਇਨੋਵੇਸ਼ਨ ਅਤੇ ਵਪਾਰੀਕਰਨ ਦੇ ਨਾਲ ਜੋੜੀਏ, ਜਿਸ ਦਾ ਕੁਝ ਸਮਾਜਿਕ ਪ੍ਰਭਾਵ ਹੋਣਾ ਚਾਹੀਦਾ ਹੈ।ਉਨ੍ਹਾਂ ਯੂਨੀਵਰਸਿਟੀ ਦੁਆਰਾ ਇਨੋਵੇਸ਼ਨ-ਅਧਾਰਤ ਖੋਜ ਈਕੋਸਿਸਟਮ ਵਿਕਸਿਤ ਕਰਨ ਲਈ ਕੀਤੇ ਜਾ ਰਹੇ ਯਤਨਾਂ 'ਤੇ ਚਾਨਣਾ ਪਾਇਆ। ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ ਮਰਹਾੜ੍ਹ ਪਾਵਰ ਕੰਟਰੋਲ ਪ੍ਰਾਈਵੇਟ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਜੈ ਸਿੰਘ ਮਰਹਾੜ੍ਹ ਨੇ ਵਿਦਿਆਰਥੀਆਂ ਨੂੰ ਵਪਾਰਕ ਸੰਭਾਵਨਾ ਵਾਲ਼ੀ ਅਮਲਯੋਗ ਖੋਜ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਬਿਜਲੀ ਮਕੈਨਿਕ ਤੋਂ ਉਦਯੋਗਪਤੀ ਬਣਨ ਤੱਕ ਦੀ ਆਪਣੀ ਉਦਮੀ ਯਾਤਰਾ ਸਾਂਝੀ ਕੀਤੀ।ਡੀਨ ਅਕਾਦਮਿਕ ਮਾਮਲੇ ਡਾ. ਜਸਵਿੰਦਰ ਸਿੰਘ ਬਰਾੜ ਨੇ ਦੇਸ਼ ਦੇ ਆਰਥਿਕ ਵਿਕਾਸ ਵਿੱਚ ਖੋਜ ਤੇ ਨਵੀਆਂ ਕਾਢਾਂ ਦੀ ਭੂਮਿਕਾ ਬਾਰੇ ਚਰਚਾ ਕੀਤੀ।ਡਾਇਰੈਕਟਰ, ਯੋਜਨਾ ਤੇ ਨਿਰੀਖਣ ਡਾ. ਸੁਖਜੀਤ ਕੌਰ ਨੇ ਨੌਜਵਾਨ ਖੋਜੀਆਂ ਨੂੰ ਉਤਸ਼ਾਹਤ ਕੀਤਾ ਕਿ ਉਹ ਪ੍ਰਯੋਗਸ਼ਾਲਾ ਦੀ ਖੋਜ ਨੂੰ ਅਸਲ ਜੀਵਨ ਦੀਆਂ ਲੋੜਾਂ ਵਿੱਚ ਬਦਲਣ।ਕਨਵੀਨਰ ਡਾ. ਬਲਵਿੰਦਰ ਸਿੰਘ ਸੂਚ ਨੇ ਮਾਹਰਾਂ ਤੇ ਭਾਗੀਦਾਰਾਂ ਦਾ ਸਵਾਗਤ ਕੀਤਾ।ਪ੍ਰੋਗਰਾਮ ਦੇ ਕੋਆਰਡੀਨੇਟਰ ਡਾ. ਗੁਰਪ੍ਰੀਤ ਸਿੰਘ ਨੇ ਸੈਮੀਨਾਰ ਦੇ ਉਦੇਸ਼ਾਂ ਤੇ ਮੌਜੂਦਾ ਯੁੱਗ ਵਿੱਚ ਉੱਚ ਸਿੱਖਿਆ ਸੰਸਥਾਵਾਂ ਲਈ ਇਸ ਦੀ ਸਾਰਥਕਤਾ ਬਾਰੇ ਜਾਣਕਾਰੀ ਸਾਂਝੀ ਕੀਤੀ। ਪੇਟੈਂਟ ਅਟਾਰਨੀ ਡਾ. ਰਾਹੁਲ ਤਨੇਜਾ ਤੇ ਡਾ. ਸ਼ਾਵੇਤਾ ਸੇਨ ਨੇ ਖੋਜਕਰਤਾਵਾਂ ਨੂੰ ਪੇਟੈਂਟ, ਡਿਜ਼ਾਈਨ ਤੇ ਟ੍ਰੇਡਮਾਰਕ ਪ੍ਰਾਪਤ ਕਰਨ ਦੀ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ।

**• ਖੋਜਾਰਥੀਆਂ ਤੇ ਅਧਿਆਪਕਾਂ ਦੀ ਮੌਲਿਕ ਖੋਜ 'ਤੇ ਨਿਰਭਰ ਕਰਦੀ ਹੈ ਵਿੱਦਿਅਕ ਸੰਸਥਾਵਾਂ ਦੀ ਪ੍ਰਗਤੀ : ਡਾ. ਜਗਦੀਪ ਸਿੰਘ**




# ਅਮਰਜੀਤ ਸਿੰਘ ਜਟਾਣਾ ਨਮਿਤ ਭੋਗ ਤੇ ਅੰਤਮ ਅਰਦਾਸ 24 ਨੂੰ

**ਦੋਰਾਹਾ (ਗੁਰਦੀਪ ਸਿੰਘ ਸ਼ਾਹਪੁਰ)** ਪਿੰਡ ਜਟਾਣਾ (ਦੋਰਾਹਾ ਤੋਂ ਲਗਭਗ 2 ਕਿਲੋਮੀਟਰ) ਦੇ ਸਮਾਜ ਸੇਵਕ ਤੇ ਜਥੇਬੰਦਕ ਆਗੂ ਡਾ. ਅਮਰਜੀਤ ਸਿੰਘ ਜਟਾਣਾ 15 ਫ਼ਰਵਰੀ ਨੂੰ ਅਕਾਲ ਚਲਾਣਾ ਕਰ ਗਏ।ਉਨ੍ਹਾਂ ਦਾ ਜਨਮ 6 ਜੂਨ 1944 ਨੂੰ ਹੋਇਆ ਸੀ। ਉਹ ਸਿਹਤ ਵਿਭਾਗ ਦੇ ਮੁਲਾਜ਼ਮਾਂ ਦੇ ਪ੍ਰਧਾਨ ਰਹੇ ਤੇ ਕ੍ਰਮਚਾਰੀਆਂ ਦੇ ਹੱਕਾਂ ਲਈ ਹਮੇਸ਼ਾਂ ਅੱਗੇ ਰਹੇ। ਇਸ ਤੋਂ ਇਲਾਵਾ ਉਹ ਭਾਰਤੀ ਕਮਿਊਨਿਸਟ ਪਾਰਟੀ ਦੇ ਉੱਘੇ ਆਗੂ ਰਹੇ ਤੇ ਇਲਾਕੇ ਵਿੱਚ ਲੋਕ ਹਿੱਤ ਮੁੱਦਿਆਂ ਲਈ ਸਰਗਰਮ ਰਹੇ। ਡਾ. ਜਟਾਣਾ ਨੇ ਨਗਰ ਕੌਂਸਲ ਵਿੱਚ ਵੀ ਪ੍ਰਧਾਨ ਵਜੋਂ ਆਪਣੀਆਂ ਜ਼ਿੰਮੇਵਾਰੀਆਂ ਨਿਭਾਈਆਂ ਤੇ ਲੋਕ ਸੇਵਾ ਦਾ ਬੇਦਾਗ ਜੀਵਨ ਬਤੀਤ ਕੀਤਾ।ਉਹ ਸਾਦਗੀ, ਇਮਾਨਦਾਰੀ ਤੇ ਨਿਡਰ ਸੁਭਾਅ ਵਾਲੇ ਇਨਸਾਨ ਸਨ, ਜਿਨ੍ਹਾਂ ਦੀ ਘਾਟ ਸਮਾਜ ਨੂੰ ਹਮੇਸ਼ਾ ਮਹਿਸੂਸ ਹੋਵੇਗੀ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਅਖੰਡ ਪਾਠ ਸਾਹਿਬ ਦਾ ਭੋਗ ਤੇ ਅੰਤਮ ਅਰਦਾਸ 24 ਫ਼ਰਵਰੀ ਨੂੰ ਦੁਪਹਿਰ 12 ਵਜੇ ਤੋਂ 1:30 ਵਜੇ ਤੱਕ ਪਿੰਡ ਜਟਾਣਾ ਵਿਖੇ ਹੋਵੇਗੀ।ਪਰਵਾਰ ਵੱਲੋਂ ਸਾਰੇ ਰਿਸ਼ਤੇਦਾਰਾਂ, ਮਿੱਤਰਾਂ, ਸੱਜਣਾਂ ਅਤੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਸਮੇਂ ਸਿਰ ਪਹੁੰਚ ਕੇ ਵਿੱਛੜੀ ਆਤਮਾ ਨੂੰ ਸ਼ਰਧਾਂਜਲੀ ਭੇਟ ਕਰਨ।



ਸ਼ਨੀਵਾਰ, 21 ਫਰਵਰੀ, 2026
10 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 262

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 21 FEBRUARY, 2026

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਪਾਵਰਕਾਮ ਦੀ ਸੰਪਤੀ ਤਬਦੀਲ ਕਰਨ 'ਤੇ ਰੋਕ

**ਚੰਡੀਗੜ੍ਹ** : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪਾਵਰਕਾਮ ਦੀ ਮਾਲਕੀ ਵਾਲੀ ਕਿਸੇ ਵੀ ਜਾਇਦਾਦ ਨੂੰ ਤਬਦੀਲ ਕਰਨ 'ਤੇ ਰੋਕ ਲਗਾ ਦਿੱਤੀ ਹੈ। ਹਾਈ ਕੋਰਟ ਦੇ ਇਸ ਫ਼ੈਸਲੇ ਨਾਲ ਪੰਜਾਬ ਸਰਕਾਰ ਦੀ ਸਰਕਾਰੀ ਜਾਇਦਾਦਾਂ ਨੂੰ ਵੇਚਣ ਦੀ ਮੁਹਿੰਮ ਨੂੰ ਝਟਕਾ ਲੱਗਿਆ ਹੈ, ਜਦੋਂ ਕਿ ਪਾਵਰਕਾਮ ਦੀਆਂ ਮੁਲਾਜ਼ਮ ਧਿਰਾਂ ਨੇ ਇਸ ਫ਼ੈਸਲੇ ਨਾਲ ਰਾਹਤ ਮਹਿਸੂਸ ਕੀਤੀ ਹੈ।

ਚੇਤੇ ਰਹੇ ਕਿ ਪੰਜਾਬ ਸਰਕਾਰ ਨੇ ਪਾਵਰਕਾਮ ਦੀਆਂ ਕੁਝ ਅਹਿਮ ਸੰਪਤੀਆਂ ਸ਼ਨਾਖ਼ਤ ਕੀਤੀਆਂ ਸਨ, ਜਿਨ੍ਹਾਂ ਵਿੱਚੋਂ ਪਟਿਆਲਾ ਦੀ 50 ਏਕੜ ਦੀ ਬਡੂੰਗਰ ਸਾਈਟ ਨੂੰ ਪੁੱਡਾ ਨੂੰ ਤਬਦੀਲ ਵੀ ਕਰ ਦਿੱਤਾ ਗਿਆ ਸੀ। ਹਾਈ ਕੋਰਟ ਦੇ ਸੀਨੀਅਰ ਵਕੀਲ ਬਲਤੇਜ ਸਿੰਘ ਸਿੱਧੂ ਵੱਲੋਂ ਪਾਵਰਕਾਮ ਦੀਆਂ ਸੰਪਤੀਆਂ ਵੇਚੇ ਜਾਣ 'ਤੇ ਰੋਕ ਲਗਾਉਣ ਲਈ ਜਨਹਿਤ ਪਟੀਸ਼ਨ ਦਾਇਰ ਕੀਤੀ ਗਈ ਸੀ, ਜਿਸ ਦੀ ਅਗਲੀ ਸੁਣਵਾਈ 16 ਮਾਰਚ ਨੂੰ ਹੋਣੀ ਹੈ। ਹਾਈ ਕੋਰਟ ਨੇ ਇਸ ਪਟੀਸ਼ਨ 'ਤੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰ ਦਿੱਤਾ ਸੀ। ਹਫ਼ਤਾ ਪਹਿਲਾਂ ਰਾਜਬੀਰ ਸਿੰਘ ਤਰਫ਼ੋਂ ਅਰਜ਼ੀ ਦਾਇਰ ਕਰਕੇ ਅਦਾਲਤ ਦੇ ਤੁਰੰਤ ਦਾਖਲ ਦੀ ਮੰਗ ਕਰਦਿਆਂ ਤਰਕ ਪੇਸ਼ ਕੀਤਾ ਸੀ ਕਿ ਪਾਵਰਕਾਮ ਨੇ ਪਟੀਸ਼ਨ ਦੇ ਦੌਰਾਨ ਹੀ ਬਡੂੰਗਰ ਸਾਈਟ ਦੀ 50 ਏਕੜ ਜ਼ਮੀਨ ਪੁੱਡਾ ਨੂੰ ਤਬਦੀਲ ਕਰ ਦਿੱਤੀ ਹੈ। ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੇ ਡਵੀਜ਼ਨ ਬੈਂਚ ਨੇ ਸ਼ੁੱਕਰਵਾਰ ਅਰਜ਼ੀ 'ਤੇ ਸੁਣਵਾਈ ਦੌਰਾਨ ਪਾਵਰਕਾਮ ਦੀ ਮਲਕੀਅਤ ਵਾਲੀਆਂ ਸੰਪਤੀਆਂ ਨੂੰ ਤਬਦੀਲ ਕਰਨ 'ਤੇ ਰੋਕ ਲਗਾਉਣ ਦਾ ਆਦੇਸ਼ ਦਿੱਤਾ।

## ਯੂਥ ਕਾਂਗਰਸ ਵੱਲੋਂ ਏ ਆਈ ਸੰਮੇਲਨ 'ਚ ਮੋਦੀ ਵਿਰੁੱਧ ਨਾਅਰੇਬਾਜ਼ੀ




**ਨਵੀਂ ਦਿੱਲੀ** : ਇੰਡੀਅਨ ਯੂਥ ਕਾਂਗਰਸ ਦੇ ਵਰਕਰਾਂ ਨੇ ਸ਼ੁੱਕਰਵਾਰ ਨਵੀਂ ਦਿੱਲੀ ਵਿੱਚ ਇੱਕ ਗਲੋਬਲ ਏ ਆਈ ਸੰਮੇਲਨ ਦੌਰਾਨ ਨਾਅਰੇਬਾਜ਼ੀ ਕੀਤੀ, ਜਿਸ ਨਾਲ ਭਾਰਤ ਮੰਡਪਮ ਵਿਖੇ ਹੋ ਰਹੇ ਇੱਕ ਉੱਚ ਪੱਧਰੀ ਅੰਤਰਰਾਸ਼ਟਰੀ ਸਮਾਗਮ ਵਿੱਚ ਵਿਘਨ ਪਾਉਣ ਨੂੰ ਲੈ ਕੇ ਸਿਆਸੀ ਵਿਵਾਦ ਖੜ੍ਹਾ ਹੋ ਗਿਆ। ਯੂਥ ਕਾਂਗਰਸ ਦੇ ਵਰਕਰਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਤਸਵੀਰ ਵਾਲੀਆਂ ਟੀ-ਸ਼ਰਟਾਂ ਪਹਿਨੀਆਂ ਹੋਈਆਂ ਸਨ ਅਤੇ ਉਹ ਸਮਾਗਮ ਵਾਲੀ ਥਾਂ 'ਤੇ 'ਸਮਝੌਤਾਵਾਦੀ ਪ੍ਰਧਾਨ ਮੰਤਰੀ' ਦੇ ਨਾਅਰੇ ਲਗਾ ਰਹੇ ਸਨ। ਇਸ ਪ੍ਰਦਰਸ਼ਨ ਨੇ ਸੰਮੇਲਨ ਦੀ ਕਾਰਵਾਈ ਵਿੱਚ ਥੋੜ੍ਹੀ ਦੇਰ ਲਈ ਵਿਘਨ ਪਾਇਆ, ਜਿਸ ਵਿੱਚ ਨੀਤੀ ਘੜਨ ਵਾਲੇ, ਉਦਯੋਗਿਕ ਆਗੂ ਅਤੇ ਵਿਸ਼ਵ ਭਰ ਦੇ ਪ੍ਰਤੀਭਾਗੀ ਸ਼ਾਮਲ ਸਨ।

ਵਿਰੋਧੀ ਧਿਰ ਦੇ ਯੂਥ ਵਿੰਗ ਦੀ ਇਸ ਕਾਰਵਾਈ ਨੇ ਸਿਆਸੀ ਸੰਦੇਸ਼ ਨੂੰ ਸਿੱਧਾ ਉਸ ਮੰਚ 'ਤੇ ਪਹੁੰਚਾ ਦਿੱਤਾ, ਜਿਸ ਨੂੰ ਸਰਕਾਰ ਭਾਰਤ ਦੀਆਂ ਤਕਨੀਕੀ ਇੱਛਾਵਾਂ ਦੇ ਪ੍ਰਤੀਕ ਵਜੋਂ ਪੇਸ਼ ਕਰ ਰਹੀ ਹੈ। ਭਾਜਪਾ ਨੇ ਇਸ ਵਿਰੋਧ ਪ੍ਰਦਰਸ਼ਨ ਦੀ ਆਲੋਚਨਾ ਕਰਦਿਆਂ ਕਾਂਗਰਸ 'ਤੇ ਭਾਰਤ ਦੇ ਵਿਸ਼ਵਵਿਆਪੀ ਅਕਸ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਾਇਆ। ਪਾਰਟੀ ਦੇ ਬੁਲਾਰੇ ਸੀ ਆਰ ਕੇਸਵਨ ਨੇ ਕਿਹਾ ਕਿ ਪ੍ਰਦਰਸ਼ਨਕਾਰੀਆਂ ਦਾ ਵਿਹਾਰ ਗੈਰ-ਵਾਜਬ ਹੈ ਅਤੇ ਦੋਸ਼ ਲਾਇਆ ਕਿ ਇਹ ਦੇਸ਼ ਨੂੰ ਕਮਜ਼ੋਰ ਕਰਨ ਦੇ ਉਦੇਸ਼ ਨਾਲ ਕੀਤੇ ਜਾਣ ਵਾਲੇ ਵਿਹਾਰ ਦੇ ਪੈਟਰਨ ਨੂੰ ਦਰਸਾਉਂਦਾ ਹੈ। ਪੁਲਸ ਨੇ ਇੰਡੀਆ ਯੂਥ ਕਾਂਗਰਸ ਦੇ 10 ਵਰਕਰਾਂ ਨੂੰ ਹਿਰਾਸਤ ਵਿਚ ਲਿਆ ਹੈ। ਕਾਂਗਰਸ ਮੈਂਬਰਾਂ ਨੂੰ ਤਿਲਕ ਮਾਰਗ ਪੁਲਸ ਸਟੇਸ਼ਨ ਲਿਜਾਇਆ ਗਿਆ।

## ਭਾਰਤ-ਅਮਰੀਕਾ ਵਪਾਰ ਸਮਝੌਤਾ ਅਪਰੈਲ ਤੋਂ ਲਾਗੂ ਹੋਣਾ ਸੰਭਵ : ਗੋਇਲ

**ਨਵੀਂ ਦਿੱਲੀ** : ਕੇਂਦਰੀ ਵਪਾਰ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਸ਼ੁੱਕਰਵਾਰ ਇੱਕ ਅਹਿਮ ਐਲਾਨ ਕਰਦਿਆਂ ਦੱਸਿਆ ਕਿ ਭਾਰਤ ਅਤੇ ਅਮਰੀਕਾ ਵਿਚਾਲੇ ਅੰਤਰਮ ਵਪਾਰ ਸਮਝੌਤੇ 'ਤੇ ਮਾਰਚ ਵਿੱਚ ਦਸਤਖ਼ਤ ਹੋਣ ਦੀ ਪੂਰੀ ਸੰਭਾਵਨਾ ਹੈ, ਜਿਸ ਤੋਂ ਬਾਅਦ ਇਹ ਅਪਰੈਲ ਵਿੱਚ ਲਾਗੂ ਹੋ ਸਕਦਾ ਹੈ। ਉਨ੍ਹਾ ਇਹ ਵੀ ਸਾਂਝਾ ਕੀਤਾ ਕਿ ਭਾਰਤ ਦੇ ਬ੍ਰਿਟੇਨ ਅਤੇ ਓਮਾਨ ਨਾਲ ਮੁਕਤ ਵਪਾਰ ਸਮਝੌਤੇ ਵੀ ਅਪਰੈਲ ਤੋਂ ਅਮਲ ਵਿੱਚ ਆਉਣ ਦੀ ਉਮੀਦ ਹੈ, ਜਦੋਂ ਕਿ ਨਿਊ ਜ਼ੀਲੈਂਡ ਨਾਲ ਅਜਿਹਾ ਸਮਝੌਤਾ ਸਤੰਬਰ ਤੱਕ ਸਿਰੇ ਚੜ੍ਹ ਸਕਦਾ ਹੈ। ਇਸ ਦਿਸ਼ਾ ਵਿੱਚ ਕਾਰਵਾਈ ਤੇਜ਼ ਕਰਦਿਆਂ ਦੋਵਾਂ ਦੇਸ਼ਾਂ ਦੇ ਅਧਿਕਾਰੀਆਂ ਵਿਚਕਾਰ ਕਾਨੂੰਨੀ ਮਸੌਦੇ ਨੂੰ ਅੰਤਮ ਰੂਪ ਦੇਣ ਲਈ 23 ਫਰਵਰੀ ਤੋਂ ਅਮਰੀਕਾ ਵਿੱਚ ਤਿੰਨ ਦਿਨਾ ਅਹਿਮ ਬੈਠਕ ਸ਼ੁਰੂ ਹੋਣ ਜਾ ਰਹੀ ਹੈ।

## ਸੱਜਣ ਜਿੰਦਲ ਵੱਲੋਂ 1500 ਕਰੋੜ ਦੇ ਨਿਵੇਸ਼ ਦਾ ਐਲਾਨ



**ਚੰਡੀਗੜ੍ਹ, (ਗੁਰਜੀਤ ਬਿੱਲਾ/ ਕ੍ਰਿਸ਼ਨ ਗਰਗ)**-ਪੰਜਾਬ ਦੇ ਉਦਯੋਗ ਅਤੇ ਵਪਾਰ, ਨਿਵੇਸ਼ ਪ੍ਰੋਤਸਾਹਨ ਅਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਸ਼ੁੱਕਰਵਾਰ ਮੁੰਬਈ ਵਿੱਚ ਪ੍ਰਮੁੱਖ ਉਦਯੋਗਪਤੀ ਸੱਜਣ ਜਿੰਦਲ ਚੇਅਰਮੈਨ ਜੇ ਐੱਸ ਡਬਲਯੂ ਗਰੁੱਪ ਨਾਲ ਮਹੱਤਵਪੂਰਨ ਮੀਟਿੰਗ ਕੀਤੀ। ਮੀਟਿੰਗ ਵਿੱਚ ਪੰਜਾਬ ਇਨਵੈਸਟ ਦੇ ਸੀ ਈ ਓ ਅਮਿਤ ਢਾਕਾ ਵੀ ਮੌਜੂਦ ਸਨ।

ਮੀਟਿੰਗ ਦੌਰਾਨ ਸੱਜਣ ਜਿੰਦਲ ਨੇ ਰਾਜਪੁਰਾ ਵਿੱਚ ਇਸਪਾਤ ਖੇਤਰ ਵਿੱਚ 1,500 ਕਰੋੜ ਦੇ ਨਿਵੇਸ਼ ਦਾ ਐਲਾਨ ਕੀਤਾ। ਉਨ੍ਹਾ ਦੱਸਿਆ ਕਿ ਜੇ ਐੱਸ ਡਬਲਯੂ ਗਰੁੱਪ ਪੰਜਾਬ ਵਿੱਚ ਆਪਣੇ ਵੱਖ-ਵੱਖ ਕਾਰੋਬਾਰੀ ਖੇਤਰਾਂ ਵਿੱਚ ਹੋਰ ਨਿਵੇਸ਼ ਦੇ ਮੌਕਿਆਂ ਦੀ ਜਾਂਚ ਕਰੇਗਾ। ਇਸ ਪ੍ਰਸਤਾਵਿਤ ਨਿਵੇਸ਼ ਨਾਲ ਰਾਜ ਦੀ ਉਤਪਾਦਨ ਸਮਰੱਥਾ ਮਜ਼ਬੂਤ ਹੋਵੇਗੀ, ਇਸਪਾਤ ਮੁੱਲ ਲੜੀ ਹੋਰ ਗਹਿਰੀ ਹੋਵੇਗੀ ਅਤੇ ਖੇਤਰ ਵਿੱਚ ਸਿੱਧੇ ਅਤੇ ਅਪਰੋਖ ਰੁਜ਼ਗਾਰ ਦੇ ਵੱਡੇ ਮੌਕੇ ਪੈਦਾ ਹੋਣਗੇ।

ਜਿੰਦਲ ਨੇ 13 ਮਾਰਚ ਨੂੰ ਪਲੱਕਸ਼ ਯੂਨੀਵਰਸਿਟੀ ਵਿੱਚ ਹੋਣ ਵਾਲੇ ਇਨਵੈਸਟ ਪੰਜਾਬ ਸਮਿਟ ਦੇ ਉਦਘਾਟਨੀ ਸੈਸ਼ਨ ਵਿੱਚ ਆਪਣੀ ਹਾਜ਼ਰੀ ਦੀ ਪੁਸ਼ਟੀ ਕੀਤੀ। ਉਨ੍ਹਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਸਰਕਾਰ ਵੱਲੋਂ ਤਿਆਰ ਕੀਤੇ ਜਾ ਰਹੇ ਉਦਯੋਗ-ਅਨੁਕੂਲ ਮਾਹੌਲ ਅਤੇ ਸਰਗਰਮ ਉਦਯੋਗਿਕ ਪਹੁੰਚ ਦੀ ਸਰਾਹਨਾ ਕੀਤੀ।

ਸੰਜੀਵ ਅਰੋੜਾ ਨੇ ਕਿਹਾ ਕਿ ਪੰਜਾਬ ਉਤਰੀ ਬਾਜ਼ਾਰਾਂ ਨਾਲ ਸ਼ਾਨਦਾਰ ਕੁਨੈਕਟਿਵਿਟੀ, ਮਜ਼ਬੂਤ ਐੱਮ ਐੱਸ ਐੱਮ ਈ ਪ੍ਰਣਾਲੀ, ਕੁਸ਼ਲ ਮਨੁੱਖੀ ਸਰੋਤ ਅਤੇ ਇਸਪਾਤ, ਆਟੋ ਕੰਪੋਨੈਂਟਸ, ਟੈਕਸਟਾਈਲ, ਖੇਡ ਸਮਾਨ, ਫੂਡ ਪ੍ਰੋਸੈਸਿੰਗ ਅਤੇ ਲਾਈਟ ਇੰਜੀਨੀਅਰਿੰਗ ਵਰਗੇ ਖੇਤਰਾਂ ਵਿੱਚ ਵਿਕਸਤ ਉਦਯੋਗਿਕ ਕਲੱਸਟਰਾਂ ਨਾਲ ਸਜਿਆ ਹੋਇਆ ਹੈ। ਉਨ੍ਹਾਂ ਨੇ ਈਜ਼ ਆਫ ਡੂਇੰਗ ਬਿਜ਼ਨਸ ਸੁਧਾਰਾਂ ਵਿੱਚ ਪੰਜਾਬ ਨੂੰ ਲਗਾਤਾਰ ਟਾਪ ਅਚੀਵਰ ਦਾ ਦਰਜਾ ਮਿਲਣ ਅਤੇ ਸਮੇਂ-ਬੱਧ ਮਨਜ਼ੂਰੀਆਂ ਲਈ ਇਕਲ-ਖਿੜਕੀ ਪ੍ਰਣਾਲੀ ਦੀ ਵੀ ਚਰਚਾ ਕੀਤੀ।

ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਨਵੀਂ, ਮਜ਼ਬੂਤ ਅਤੇ ਭਵਿੱਖ-ਕੇਂਦ੍ਰਿਤ ਉਦਯੋਗਿਕ ਨੀਤੀ ਨੂੰ ਅੰਤਮ ਰੂਪ ਦੇਣ ਦੇ ਅਗਲੇ ਪੜਾਅ ਵਿੱਚ ਹੈ। ਇਹ ਨੀਤੀ ਪ੍ਰਤੀਯੋਗੀ ਵਿੱਤੀ ਪ੍ਰੋਤਸਾਹਨ, ਪਲਗ-ਐਂਡ-ਪਲੇ ਉਦਯੋਗਿਕ ਢਾਂਚਾ, ਖੇਤਰ-ਵਿਸ਼ੇਸ਼ ਪਾਰਕ, ਤੇਜ਼ ਮਨਜ਼ੂਰੀਆਂ, ਲਾਜਿਸਟਿਕ ਕੁਸ਼ਲਤਾ ਅਤੇ ਡਿਫੈਂਸ

• ਬਾਕੀ ਸਫਾ 10 'ਤੇ

## ਬਿੱਟੂ ਬਜਰੰਗੀ ਨਾਲ ਮਾੜੀ ਹੋਈ



**ਫਰੀਦਾਬਾਦ** : ਨੂੰਹ ਹਿੰਸਾ ਦਾ ਮੁਲਜ਼ਮ ਬਿੱਟੂ ਬਜਰੰਗੀ ਉਰਫ ਰਾਜ ਕੁਮਾਰ ਵਿਆਹ ਕਰਾਉਣ ਲਈ ਬਰਾਤ ਲੈ ਕੇ ਅਲੀਗੜ੍ਹ ਦੇ ਮੰਦਰ ਪੁੱਜਾ, ਪਰ ਉੱਥੇ ਨਾ ਲਾੜੀ ਲੱਭੀ ਤੇ ਨਾ ਵਿਚੋਲਾ। ਬਜਰੰਗੀ ਨੇ ਪੁਲਸ ਕੋਲ ਲਿਖਾਈ ਸ਼ਿਕਾਇਤ ਵਿੱਚ ਕਿਹਾ ਹੈ ਕਿ ਉਸ ਦੀ ਗੁਆਂਢੀ ਦੇ ਇੱਕ ਰਿਸ਼ਤੇਦਾਰ ਬੰਟੀ ਨਾਲ ਜਾਣ-ਪਛਾਣ ਸੀ। ਉਸ ਨੇ ਉਸ ਕੋਲ ਵਿਆਹ ਦੀ ਇੱਛਾ ਪ੍ਰਗਟਾਈ। ਬੰਟੀ ਨੇ ਉਸ ਨੂੰ ਅਲੀਗੜ੍ਹ ਦੀ ਰਾਣੀ ਨਾਲ ਮਿਲਵਾਇਆ। ਪਿਛਲੇ ਸਾਲ ਪੰਜ ਸਤੰਬਰ ਨੂੰ ਬੰਟੀ ਨੇ ਤਿੰਨ ਹਜ਼ਾਰ ਰੁਪਏ ਬੈਂਕ ਖਾਤੇ ਵਿੱਚ ਟਰਾਂਸਫਰ ਕਰਵਾਏ। ਉਸੇ ਰਾਤ ਕਰੀਬ 9 ਵਜੇ ਕੁੜੀ ਦੇ ਪਰਵਾਰ ਦੇ ਛੇ ਜਣੇ ਗੱਡੀਆਂ ਵਿੱਚ ਬੈਠ ਕੇ ਫਰੀਦਾਬਾਦ ਉਸ ਦੇ ਘਰ ਆਏ। ਵਿਆਹ ਤੈਅ ਹੋ ਗਿਆ। ਬੰਟੀ ਤੇ ਉਸ ਦੇ ਦੋਸਤ ਪ੍ਰਦੀਪ ਨੇ ਲਾੜੀ ਦੇ ਕੱਪੜਿਆਂ ਲਈ 6 ਫਰਵਰੀ ਨੂੰ 30 ਹਜ਼ਾਰ ਰੁਪਏ ਹੋਰ ਲਏ। ਜਦੋਂ ਉਹ 7 ਫਰਵਰੀ ਨੂੰ ਬਰਾਤ ਲੈ ਕੇ ਅਲੀਗੜ੍ਹ ਦੇ ਮੰਦਰ ਪੁੱਜਾ ਤਾਂ ਉੱਥੇ ਕੋਈ ਨਹੀਂ ਮਿਲਿਆ। ਉਸ ਦਾ ਕਿਸੇ ਨੇ ਫੋਨ ਵੀ ਨਹੀਂ ਚੁੱਕਿਆ। ਬਜਰੰਗੀ ਫਰੀਦਾਬਾਦ ਦੀ ਪਾਰਵਤੀ ਕਾਲੋਨੀ ਵਿੱਚ ਰਹਿੰਦਾ ਹੈ ਤੇ ਉਸ ਨੇ ਗੋਰਕਸ਼ਾ ਬਜਰੰਗ ਫੋਰਸ ਬਣਾਈ ਹੋਈ ਹੈ। ਉਸ ਖਿਲਾਫ ਕਈ ਕੇਸ ਦਰਜ ਹਨ। ਉਹ ਭਾਜਪਾ ਦੇ ਪ੍ਰੋਗਰਾਮਾਂ ਵਿੱਚ ਵੀ ਨਜ਼ਰ ਆਉਂਦਾ ਹੈ।

## ਖਾਨ ਸਾਹਿਬ ਦੀ ਇਮਾਨਦਾਰੀ...

**ਫਰੀਦਾਬਾਦ** : ਇੱਕ ਪਰਵਾਰ ਨੂੰ ਦੀਵਾਲੀ ਦੀ ਸਫਾਈ ਐਨੀ ਮਹਿੰਗੀ ਪਵੇਗੀ, ਕਿਸੇ ਨੇ ਸੋਚਿਆ ਵੀ ਨਹੀਂ ਹੋਵੇਗਾ। ਇਹ ਘਟਨਾ ਫਰੀਦਾਬਾਦ ਦੇ ਇੱਕ ਪਰਵਾਰ ਨਾਲ ਵਾਪਰੀ, ਜਿਨ੍ਹਾਂ ਨੇ ਚੋਰੀ ਤੋਂ ਬਚਣ ਲਈ ਆਪਣੇ ਸੋਨੇ ਦੇ ਗਹਿਣੇ ਇੱਕ ਡੱਬੇ ਵਿੱਚ ਰੱਖੇ ਸਨ, ਜਿਸ ਨੂੰ ਪਿਛਲੇ ਸਾਲ ਜਨਵਰੀ ਵਿੱਚ ਕੁੰਭ ਮੇਲੇ ਜਾਣ ਤੋਂ ਪਹਿਲਾਂ ਘਰ ਵਿੱਚ ਇੱਕ ਬੋਰੀ ਦੇ ਅੰਦਰ ਰੱਖ ਦਿੱਤਾ ਅਤੇ ਬਾਅਦ ਵਿੱਚ ਕਬਾੜ ਵਿੱਚ ਵੇਚ ਦਿੱਤਾ। ਅਸ਼ੋਕ ਸ਼ਰਮਾ ਦੇ ਅਨੁਸਾਰ ਉਨ੍ਹਾਂ ਦੇ ਪਰਵਾਰ ਨੇ ਚੋਰੀ ਤੋਂ ਬਚਣ ਲਈ ਆਪਣੇ ਸੋਨੇ ਦੇ ਗਹਿਣੇ ਇੱਕ ਡੱਬੇ ਵਿੱਚ ਰੱਖੇ ਸਨ, ਜਿਸ ਨੂੰ ਪਿਛਲੇ ਸਾਲ ਜਨਵਰੀ ਵਿੱਚ ਕੁੰਭ ਮੇਲੇ ਜਾਣ ਤੋਂ ਪਹਿਲਾਂ ਘਰ ਵਿੱਚ ਇੱਕ ਬੋਰੀ ਦੇ ਅੰਦਰ ਰੱਖ ਦਿੱਤਾ ਗਿਆ ਸੀ। ਦੀਵਾਲੀ ਦੀ ਸਫਾਈ ਦੌਰਾਨ ਬੋਰੀ ਨੂੰ ਗਲਤੀ ਨਾਲ ਕਬਾੜ ਸਮਝ ਕੇ ਇੱਕ ਕਬਾੜੀਏ ਨੂੰ ਵੇਚ ਦਿੱਤਾ ਗਿਆ, ਪਰ ਬਾਅਦ ਵਿੱਚ ਸਾਨੂੰ ਪਤਾ ਲੱਗਿਆ ਕਿ ਗਹਿਣਿਆਂ ਦਾ ਡੱਬਾ ਗਲਤੀ ਨਾਲ ਕਬਾੜ ਦੇ ਨਾਲ ਵਿਕ ਗਿਆ ਸੀ।

• ਬਾਕੀ ਸਫਾ 10 'ਤੇ

## 8ਵੀਂ ਦੇ ਵਿਗਿਆਨ ਦੇ ਪ੍ਰਸ਼ਨ ਪੱਤਰ 'ਚੋਂ ਸਵਾਲ ਗਾਇਬ

**ਚੰਡੀਗੜ੍ਹ** : ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸ਼ੁੱਕਰਵਾਰ ਲਈ ਗਈ ਅੱਠਵੀਂ ਜਮਾਤ ਦੀ ਵਿਗਿਆਨ ਦੀ ਪ੍ਰੀਖਿਆ ਵਿੱਚ ਬੈਠੇ ਵਿਦਿਆਰਥੀਆਂ ਨੇ ਦੱਸਿਆ ਕਿ ਪੰਜਾਬੀ ਮਾਧਿਅਮ ਵਾਲੇ ਪ੍ਰਸ਼ਨ ਪੱਤਰ ਦੇ ਇੱਕ ਸੈੱਟ ਵਿੱਚੋਂ ਪੰਜ-ਪੰਜ ਅੰਕਾਂ ਵਾਲੇ ਤਿੰਨ ਸਵਾਲ ਗਾਇਬ ਸਨ। ਇਸ ਕਾਰਨ ਸੂਬੇ ਦੇ ਕਈ ਪ੍ਰੀਖਿਆ ਕੇਂਦਰਾਂ ਵਿੱਚ ਵਿਦਿਆਰਥੀਆਂ ਵਿੱਚ ਭੰਬਲਭੂਸਾ ਅਤੇ ਚਿੰਤਾ ਪੈਦਾ ਹੋ ਗਈ। ਜ਼ਿਆਦਾਤਰ ਪ੍ਰੀਖਿਆ ਕੇਂਦਰਾਂ ਵਿੱਚ ਨਿਗਰਾਨੀ ਕਰ ਰਹੇ ਅਧਿਆਪਕਾਂ ਨੂੰ ਪੂਰਾ ਪ੍ਰਸ਼ਨ ਪੱਤਰ ਪੜ੍ਹਨ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਇਸ ਗਲਤੀ ਬਾਰੇ ਸੂਚਿਤ ਕੀਤਾ ਗਿਆ। ਅੰਮ੍ਰਿਤਸਰ ਅਤੇ ਬਠਿੰਡਾ ਵਿੱਚ ਤਾਇਨਾਤ ਇੱਕ ਨਿਗਰਾਨ ਨੇ ਦੱਸਿਆ, 'ਪ੍ਰਸ਼ਨ ਪੱਤਰ ਕੁੱਲ 80 ਅੰਕਾਂ ਦਾ ਹੁੰਦਾ ਹੈ, ਜਿਸ ਵਿੱਚ ਇੱਕ, ਦੋ ਜਾਂ ਤਿੰਨ ਅੰਕਾਂ ਵਾਲੇ ਛੋਟੇ ਸਵਾਲ ਅਤੇ ਪੰਜ ਅੰਕਾਂ ਵਾਲੇ ਤਿੰਨ ਸਵਾਲ ਹੁੰਦੇ ਹਨ। ਪੰਜਾਬੀ ਸੈੱਟ ਵਿੱਚੋਂ ਪੰਜ ਅੰਕਾਂ ਵਾਲੇ ਇਹ ਤਿੰਨੋਂ ਸਵਾਲ ਗਾਇਬ ਸਨ। ਵਿਦਿਆਰਥੀ 15 ਅੰਕਾਂ ਦਾ ਪੇਪਰ ਹੱਲ ਨਹੀਂ ਕਰ ਸਕੇ। ਵਿਦਿਆਰਥੀਆਂ ਦੱਸਿਆ ਕਿ ਅਨੁਵਾਦ ਨਾ ਹੋਣ ਕਾਰਨ ਉਹਨਾਂ ਨੂੰ ਪ੍ਰਸ਼ਨਾਂ ਨੂੰ ਸਮਝਣ ਵਿੱਚ ਵਧੇਰੇ ਸਮਾਂ ਲੱਗਾ, ਜਿਸ ਨਾਲ ਉਹ ਖੱਜਲ-ਖੁਆਰ ਹੋਏ। ਕੁਝ ਪ੍ਰੀਖਿਆ ਕੇਂਦਰਾਂ 'ਤੇ ਨਿਗਰਾਨ ਅਧਿਕਾਰੀਆਂ ਵੱਲੋਂ ਮੌਕੇ 'ਤੇ ਹੀ ਅੰਗਰੇਜ਼ੀ/ਹਿੰਦੀ ਵਿੱਚ ਦਿੱਤੇ ਪ੍ਰਸ਼ਨਾਂ ਦਾ ਪੰਜਾਬੀ ਵਿੱਚ ਅਨੁਵਾਦ ਕਰਕੇ ਵਿਦਿਆਰਥੀਆਂ ਨੂੰ ਨੋਟ ਕਰਵਾਇਆ।

ਪੰਜਾਬ ਸਕੂਲ ਸਿੱਖਿਆ ਬੋਰਡ ਦੇ ਬੁਲਾਰੇ ਨੇ ਇਸ ਮੁੱਦੇ 'ਤੇ ਕਿਹਾ ਕਿ ਚੇਅਰਮੈਨ ਪੀ ਐੱਸ ਈ ਬੀ ਵੱਲੋਂ ਇਸ ਮਾਮਲੇ 'ਤੇ ਮੀਟਿੰਗ ਬੁਲਾਈ ਜਾ ਰਹੀ ਹੈ।

## ਕੇਜਰੀਵਾਲ ਤੇ ਭਗਵੰਤ ਮਾਨ ਅੱਜ ਜਾਣਗੇ ਗੁਜਰਾਤ

**ਚੰਡੀਗੜ੍ਹ** : ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੋ ਦਿਨਾ ਦੌਰੇ ਲਈ 21 ਫਰਵਰੀ ਤੋਂ ਗੁਜਰਾਤ ਜਾਣਗੇ। ਇਸ ਦੌਰਾਨ ਕੇਜਰੀਵਾਲ ਅਤੇ ਭਗਵੰਤ ਮਾਨ ਵੱਲੋਂ ਪਾਰਟੀ ਦੀਆਂ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲਿਆ ਜਾਵੇਗਾ। ਇਸ ਤੋਂ ਇਲਾਵਾ ਅਹਿਮਦਾਬਾਦ ਵਿਖੇ ਭਾਰਤ-ਅਮਰੀਕਾ ਵਪਾਰ ਸਮਝੌਤੇ ਨੂੰ ਲੈ ਕੇ ਅਹਿਮ ਪ੍ਰੈੱਸ ਕਾਨਫਰੰਸ ਕੀਤੀ ਜਾਵੇਗੀ। ਆਮ ਆਦਮੀ ਪਾਰਟੀ ਵੱਲੋਂ ਭਾਰਤ-ਅਮਰੀਕਾ ਵਿਚਕਾਰ ਹੋਣ ਵਾਲੇ ਵਪਾਰਕ ਸਮਝੌਤੇ ਨੂੰ ਕਿਸਾਨਾਂ ਲਈ ਖ਼ਤਰਨਾਕ ਦੱਸਿਆ ਜਾ ਰਿਹਾ ਹੈ।

## ਨਰਸਿੰਗ ਵਿਦਿਆਰਥਣ ਵੱਲੋਂ ਹੋਸਟਲ ਦੇ ਕਮਰੇ 'ਚ ਖ਼ੁਦਕੁਸ਼ੀ

**ਸ੍ਰੀ ਗੋਇੰਦਵਾਲ ਸਾਹਿਬ** : ਸਥਾਨਕ ਬਾਬਾ ਫਰੀਦ ਯੂਨੀਵਰਸਿਟੀ ਰਿਜਨਲ ਸੈਂਟਰ ਗੋਇੰਦਵਾਲ ਸਾਹਿਬ ਵਿਖੇ ਬੀ ਐੱਸ ਸੀ ਨਰਸਿੰਗ ਕਰ ਰਹੀ ਵਿਦਿਆਰਥਣ ਨੇ ਯੂਨੀਵਰਸਿਟੀ ਸਟਾਫ ਦੇ ਕਥਿਤ ਮਾੜੇ ਰਵੱਈਏ ਕਾਰਨ ਖ਼ੁਦਕਸ਼ੀ ਕਰ ਲਈ। ਮ੍ਰਿਤਕ ਲੜਕੀ ਦੀ ਪਛਾਣ ਖ਼ੁਸ਼ਪ੍ਰੀਤ ਕੌਰ (21) ਪੁੱਤਰੀ ਅਮਰੀਕ ਸਿੰਘ ਵਾਸੀ ਧੂਰਕੋਟ, ਜ਼ਿਲ੍ਹਾ ਲੁਧਿਆਣਾ ਵਜੋਂ ਹੋਈ ਹੈ।

ਮ੍ਰਿਤਕ ਲੜਕੀ ਦੇ ਪਿਤਾ ਅਮਰੀਕ ਸਿੰਘ ਤੇ ਮਾਂ ਬਲਜੀਤ ਕੌਰ ਨੇ ਦੱਸਿਆ ਕਿ ਖ਼ੁਸ਼ਪ੍ਰੀਤ ਬੀ ਐੱਸ ਸੀ ਨਰਸਿੰਗ ਭਾਗ ਤੀਜੇ ਦੀ ਹੋਣਹਾਰ ਵਿਦਿਆਰਥਣ ਸੀ। ਉਨ੍ਹਾਂ ਯੂਨੀਵਰਸਿਟੀ ਪ੍ਰਬੰਧਕਾਂ 'ਤੇ ਦੋਸ਼ ਲਾਉਂਦੇ ਆਖਿਆ ਕਿ ਕੁਝ ਮਹੀਨਿਆਂ ਤੋਂ ਖ਼ੁਸ਼ਪ੍ਰੀਤ ਕੌਰ ਨੂੰ ਕਲਾਸ ਅਧਿਆਪਕ ਮਾਨਸਿਕ ਤੌਰ 'ਤੇ ਤੰਗ-ਪ੍ਰੇਸ਼ਾਨ ਕਰ ਰਹੀ ਸੀ, ਜਿਸ ਦੇ ਸੰਬੰਧ ਵਿੱਚ ਯੂਨੀਵਰਸਿਟੀ ਦੇ ਪ੍ਰਿੰਸੀਪਲ ਨੂੰ ਦੱਸਣ ਦੇ ਬਾਵਜੂਦ ਕੋਈ ਕਾਰਵਾਈ ਨਹੀਂ ਕੀਤੀ ਗਈ ਅਤੇ ਵੀਰਵਾਰ ਖ਼ੁਸ਼ਪ੍ਰੀਤ ਕੌਰ ਨੇ ਆਪਣੇ ਹੋਸਟਲ ਦੇ ਕਮਰੇ ਵਿੱਚ ਖ਼ੁਦਕੁਸ਼ੀ ਕਰ ਲਈ। ਪੀੜਤ ਪਰਵਾਰ ਨੇ ਇਸ ਸੰਬੰਧੀ ਪੁਲਸ ਪ੍ਰਸ਼ਾਸਨ ਨੂੰ ਖ਼ੁਸ਼ਪ੍ਰੀਤ ਕੌਰ ਵੱਲੋਂ ਖ਼ੁਦਕੁਸ਼ੀ ਕਰਨ ਸੰਬੰਧੀ ਵਟਸਐਪ ਚੈਟ ਵੀ ਸਾਂਝੀ ਕੀਤੀ ਹੈ, ਜਿਸ ਵਿੱਚ ਖ਼ੁਸ਼ਪ੍ਰੀਤ ਨੇ ਆਪਣੀ ਮੌਤ ਲਈ ਕਾਲਜ ਦੀ ਇੱਕ ਅਧਿਆਪਕ ਅਤੇ ਆਪਣੇ ਦੋਸਤਾਂ 'ਤੇ ਤੰਗ-ਪ੍ਰੇਸ਼ਾਨ ਕਰਨ ਦੇ ਦੋਸ਼ ਲਾਏ ਹਨ। ਰਿਜਨਲ ਸੈਂਟਰ ਦੇ ਪ੍ਰਿੰਸੀਪਲ ਚਰਨਜੀਤ ਕੌਰ ਨੇ ਦੋਸ਼ਾਂ ਨੂੰ ਨਕਾਰਦੇ ਹੋਏ ਕਿਹਾ ਕਿ ਉਹ ਸੈਂਟਰ ਦੇ ਹਰ ਵਿਦਿਆਰਥੀ ਨਾਲ ਤਾਲਮੇਲ ਤੇ ਪਿਆਰ ਰੱਖਦੇ ਹਨ।

## ਚੰਡੀਗੜ੍ਹ 'ਚ ਕੌਮੀ ਔਸਤ ਨਾਲੋਂ 5 ਗੁਣਾ ਵੱਧ ਸ਼ਰਾਬ ਦੀ ਖਪਤ

**ਚੰਡੀਗੜ੍ਹ** : ਭਾਰਤ ਨੇ 2024-25 ਵਿੱਚ 'ਇੰਡੀਅਨ ਮੇਡ ਫੌਰਨ ਲਿਕਰ' ਦੇ 40 ਕਰੋੜ ਤੋਂ ਵੱਧ ਕੇਸ ਵੇਚੇ, ਜਿਸ ਨਾਲ ਇਹ ਦੁਨੀਆ ਦੇ ਸਭ ਤੋਂ ਵੱਡੇ ਅਤੇ ਤੇਜ਼ੀ ਨਾਲ ਵਧ ਰਹੇ ਸ਼ਰਾਬ ਦੇ ਬਾਜ਼ਾਰਾਂ ਵਿੱਚੋਂ ਇੱਕ ਬਣ ਗਿਆ ਹੈ। ਇਸ ਤਸਵੀਰ ਵਿੱਚ ਚੰਡੀਗੜ੍ਹ, ਜੋ ਕਿ ਸਿਰਫ਼ 12.5 ਲੱਖ ਲੋਕਾਂ ਦਾ ਕੇਂਦਰ ਸ਼ਾਸਤ ਪ੍ਰਦੇਸ਼ ਹੈ, ਕੁੱਲ ਵਿਕਰੀ ਵਿੱਚ 22ਵੇਂ ਸਥਾਨ 'ਤੇ ਹੈ। ਫਿਰ ਵੀ ਜੇ ਇਨ੍ਹਾਂ ਨੰਬਰਾਂ ਨੂੰ ਆਬਾਦੀ ਦੇ ਹਿਸਾਬ ਨਾਲ ਦੇਖਿਆ ਜਾਵੇ, ਤਾਂ ਤਸਵੀਰ ਨਾਟਕੀ ਢੰਗ ਨਾਲ ਬਦਲ ਜਾਂਦੀ ਹੈ। ਚੰਡੀਗੜ੍ਹ ਪੂਰੇ ਦੇਸ਼ ਵਿੱਚ ਸਭ ਤੋਂ ਵੱਧ ਸ਼ਰਾਬ ਦੀ ਖਪਤ ਵਾਲੇ ਖੇਤਰਾਂ ਵਿੱਚੋਂ ਇੱਕ ਵਜੋਂ ਉਭਰਿਆ ਹੈ, ਜਿੱਥੇ ਪੀਣ ਦੀ ਦਰ ਕੌਮੀ ਔਸਤ ਨੂੰ ਬਹੁਤ ਪਿੱਛੇ ਛੱਡ ਰਹੀ ਹੈ ਅਤੇ ਦੱਖਣ ਦੇ ਰਵਾਇਤੀ ਤੌਰ 'ਤੇ ਉਚ-ਖਪਤ ਵਾਲੇ ਰਾਜਾਂ ਤੋਂ ਵੀ ਅੱਗੇ ਨਿਕਲ ਰਹੀ ਹੈ। ਇਹ ਖੁਲਾਸਾ ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਦਿੱਤੇ ਗਏ ਅਤੇ 'ਕਨਫੈਡਰੇਸ਼ਨ ਆਫ ਇੰਡੀਅਨ ਅਲਕੋਹਲਿਕ ਬੇਵਰੇਜ ਕੰਪਨੀਜ਼' ਵੱਲੋਂ ਸੰਕਲਿਤ ਕੀਤੇ ਗਏ ਅੰਕੜਿਆਂ ਦੀ ਘੋਖ ਤੋਂ ਹੋਇਆ ਹੈ। ਇਹ ਅੰਕੜੇ ਇੱਕ ਸੰਖੇਪ, ਖ਼ੁਸ਼ਹਾਲ ਸ਼ਹਿਰੀ ਖੇਤਰ ਦੀ ਕਹਾਣੀ ਦੱਸਦੇ ਹਨ, ਜਿੱਥੇ ਖਰਚ ਕਰਨ ਦੀ ਅਸਾਧਾਰਨ ਸ਼ਕਤੀ ਇੱਕ ਉਦਾਰ ਪ੍ਰਚੂਨ ਵਾਤਾਵਰਣ ਅਤੇ ਸਖ਼ਤ ਰੈਗੂਲੇਟਰੀ ਲਾਗੂਕਰਨ ਹੈ। ਚੰਡੀਗੜ੍ਹ ਦੀ ਆਬਕਾਰੀ ਨੀਤੀ ਤਿੰਨ ਥੰਮ੍ਹਾਂ ਪਾਰਦਰਸ਼ਤਾ, ਜਵਾਬਦੇਹੀ ਅਤੇ ਸਖ਼ਤ ਲਾਗੂਕਰਨ 'ਤੇ ਬਣੀ ਹੈ। ਡਿਜੀਟਲ ਨਿਗਰਾਨੀ ਅਤੇ ਵਿਕਰੀ ਦੀ ਆਵਾਜਾਈ ਨੇ ਉਲੰਘਣਾਵਾਂ ਦਾ ਜਲਦੀ

• ਬਾਕੀ ਸਫਾ 10 'ਤੇ

## ਅੱਜ-ਨਾਮਾ

ਆਈ ਮੁੜ ਕੇ ਹਰਿਆਣੇ ਤੋਂ ਖ਼ਬਰ ਭੈੜੀ,
ਗੁੰਡਾਗਰਦੀ ਦੀ ਸਿਰਫ ਨਹੀਂ ਗੱਲ ਬੇਲੀ।
ਜੱਗੋਂ-ਤੇਰ੍ਹਵੀਂ ਵਾਪਰ ਗਈ ਜੀਂਦ ਅੰਦਰ,
ਜਿਹੜੀ ਸਮਾਜ ਲਈ ਚੰਦਰਾ ਸੱਲ ਬੇਲੀ।
ਪਕੜਿਆ ਪੁੱਤ ਗਰੀਬ ਦਾ ਸ਼ੋਹਦਿਆਂ ਨੇ,
ਕੁੱਟ-ਕੁੱਟ ਕਹਿੰਦੇ ਉਧੇੜਤੀ ਖੱਲ ਬੇਲੀ।
ਜਿਹੜੀ ਅੱਗੋਂ ਫਿਰ ਵਾਪਰੀ ਨਾਲ ਉਹਦੇ,
ਹੁੰਦੀ ਮੁਸ਼ਕਲ ਹੀ ਸੁਣਦਿਆਂ ਝੱਲ ਬੇਲੀ।
ਕੁੱਟ-ਕੁੱਟ ਸੁੱਟਿਆ ਜਦੋਂ ਸੀ ਭੋਇੰ ਉੱਤੇ,
ਹਾਲਤ ਹੋ ਗਈ ਸੀ ਬਹੁਤ ਖਰਾਬ ਬੇਲੀ।
ਰਿਹਾ ਨਾ ਬੋਲਣ ਨਾ ਕਰਨ ਵਿਰੋਧ ਜੋਗਾ,
ਮੂੰਹ ਦੇ ਉੱਪਰ ਸੀ ਕੀਤਾ ਪੇਸ਼ਾਬ ਬੇਲੀ।

-ਤੀਸ ਮਾਰ ਖਾਂ

## 'ਮੁੱਖ ਮੰਤਰੀ ਆਲੂ ਉਤਪਾਦਕਾਂ ਦੀ ਲੁੱਟ ਰੋਕਣ ਲਈ ਦਖਲ ਦੇਣ'

**ਕਪੂਰਥਲਾ** : ਸੰਯੁਕਤ ਕਿਸਾਨ ਮੋਰਚਾ ਨੇ ਡਿਪਟੀ ਕਮਿਸ਼ਨਰ ਕਪੂਰਥਲਾ ਰਾਹੀਂ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੇ ਨਾਂ ਮੰਗ ਪੱਤਰ ਦੇ ਕੇ ਆਲੂ ਉਤਪਾਦਕਾਂ ਦੀ ਲੁੱਟ ਰੋਕਣ ਦੀ ਅਪੀਲ ਕੀਤੀ ਹੈ ਤੇ ਮੰਗ ਕੀਤੀ ਹੈ ਕਿ ਕਿਸਾਨਾਂ ਨਾਲ ਠੱਗੀ ਮਾਰ ਰਹੀਆਂ ਕੰਪਨੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ। ਮੰਗ ਪੱਤਰ ਵਿੱਚ ਕਿਹਾ ਗਿਆ ਹੈ ਕਿ ਮੰਦੇ ਕਾਰਨ 3 ਲੱਖ ਏਕੜ ਵਿਚ ਬੀਜੀ ਆਲੂਆਂ ਦੀ ਫਸਲ ਰੁਲ ਰਹੀ ਹੈ। ਆਲੂਆਂ ਦਾ ਭਾਅ 300 ਤੋਂ 500 ਰੁਪਏ ਪ੍ਰਤੀ ਕੁਇੰਟਲ ਚੱਲ ਰਿਹਾ ਹੈ। ਇਸ ਨਾਲ ਲਾਗਤ ਦੇ ਹਿਸਾਬ ਨਾਲ ਕਿਸਾਨ ਨੂੰ ਪ੍ਰਤੀ ਏਕੜ 50000 ਰੁਪਏ ਨੁਕਸਾਨ ਹੋ ਰਿਹਾ ਹੈ। ਆਲੂ ਉਤਪਾਦਕਾਂ ਨਾਲ ਕੁਝ ਕੰਪਨੀਆਂ

• ਬਾਕੀ ਸਫਾ 10 'ਤੇ




ਨਵਾਂ ਜ਼ਮਾਨਾ
ਸ਼ਨੀਵਾਰ, 21 ਫਰਵਰੀ 2026

# ਸੁਪਰੀਮ ਕੋਰਟ ਦੇ ਨਜ਼ਰੀਏ

*ਸੁਪਰੀਮ ਕੋਰਟ ਨੇ ਤਾਮਿਲਨਾਡੂ ਦੀ ਬਿਜਲੀ ਵੰਡ ਕੰਪਨੀ ਦੀ ਪਟੀਸ਼ਨ, ਜਿਸ ਵਿੱਚ ਰਾਜ ਸਰਕਾਰ ਵੱਲੋਂ ਲੋਕਾਂ ਨੂੰ ਮੁਫਤ ਬਿਜਲੀ ਦੇਣ ਲਈ ਬਣਾਏ ਘਏ ਬਿਜਲੀ ਸੋਧ ਨਿਯਮ-2024 ਨੂੰ ਚੁਣੌਤੀ ਦਿੱਤੀ ਗਈ ਹੈ, ਉੱਤੇ ਵੀਰਵਾਰ ਸੁਣਵਾਈ ਕਰਦਿਆਂ ਮੁਫਤ ਦੀਆਂ ਸੌਗਾਤਾਂ ਦੇਣ ਦੇ ਚਲਨ 'ਤੇ ਤਿੱਖੀਆਂ ਟਿੱਪਣੀਆਂ ਕੀਤੀਆਂ। ਚੀਫ ਜਸਟਿਸ ਸੂਰੀਆ ਕਾਂਤ, ਜਿਹੜੇ ਤਿੰਨ ਮੈਂਬਰੀ ਬੈਂਚ ਦੀ ਅਗਵਾਈ ਕਰ ਰਹੇ ਸਨ, ਨੇ ਤਾਮਿਲਨਾਡੂ ਸਰਕਾਰ ਦੇ ਵਕੀਲ ਨੂੰ ਕਿਹਾ—ਕੀ ਇਹ ਲੋਕਹਿੱਤ ਵਿੱਚ ਹੈ ਕਿ ਰਾਜ ਸਭ ਦੇ ਬਿਜਲੀ ਬਿੱਲ ਭਰੇ? ਅਸੀਂ ਸਿਰਫ ਤਾਮਿਲਨਾਡੂ ਦੀ ਹੀ ਗੱਲ ਨਹੀਂ ਕਰ ਰਹੇ, ਪੂਰੇ ਭਾਰਤ ਵਿੱਚ ਮੁਫਤ ਦੀਆਂ ਸੌਗਾਤਾਂ ਵੰਡਣ ਦੀ ਅਸੀਂ ਕਿਸ ਤਰ੍ਹਾਂ ਦੀ ਸੰਸਕ੍ਰਿਤੀ ਬਣਾ ਰਹੇ ਹਾਂ? ਜਿਹੜੇ ਲੋਕ ਬਿੱਲ ਦੇ ਸਕਦੇ ਹਨ ਅਤੇ ਜਿਹੜੇ ਗਰੀਬ ਹਨ, ਉਨ੍ਹਾਂ ਵਿਚਾਲੇ ਕੀ ਫਰਕ ਹੈ? ਇਹ ਤਾਂ ਸਮਝ ਵਿੱਚ ਆਉਂਦਾ ਹੈ ਕਿ ਕਲਿਆਣਕਾਰੀ ਰਾਜ ਦੇ ਰੂਪ ਵਿੱਚ ਗਰੀਬਾਂ ਦੀ ਮਦਦ ਕੀਤੀ ਜਾਵੇ, ਪਰ ਜਿਹੜੇ ਲੋਕ ਬਿੱਲ ਦੇ ਸਕਦੇ ਹਨ ਅਤੇ ਜਿਹੜੇ ਨਹੀਂ ਦੇ ਸਕਦੇ, ਉਨ੍ਹਾਂ ਵਿਚਾਲੇ ਫਰਕ ਕੀਤੇ ਬਿਨਾਂ ਸਭ ਨੂੰ ਫਾਇਦੇ ਦੇਣ ਲੱਗੀਏ ਤਾਂ ਕੀ ਇਹ ਤੁਸ਼ਟੀਕਰਨ ਨਹੀਂ ਹੈ? ਕਈ ਰਾਜ ਪਹਿਲਾਂ ਹੀ ਮਾਲੀ ਘਾਟੇ ਵਿੱਚ ਚੱਲ ਰਹੇ ਹਨ, ਫਿਰ ਵੀ ਮੁਫਤ ਦੀਆਂ ਸੌਗਾਤਾਂ ਵੰਡ ਰਹੇ ਹਨ। ਜੇ ਰਾਜਾਂ ਕੋਲ ਮਾਲੀਏ ਤੋਂ ਵੱਧ ਪੈਸਾ ਆਉਂਦਾ ਹੈ ਤਾਂ ਕੀ ਉਸ ਨੂੰ ਸੜਕਾਂ ਬਣਾਉਣ ਅਤੇ ਹਸਪਤਾਲ ਤੇ ਸਕੂਲ ਖੋਲ੍ਹਣ 'ਤੇ ਨਹੀਂ ਲਾਉਣਾ ਚਾਹੀਦਾ? ਇਸ ਦੀ ਥਾਂ ਚੋਣਾਂ ਵੇਲੇ ਖਾਣਾ, ਕੱਪੜੇ ਤੇ ਬਿਜਲੀ ਮੁਫਤ ਵੰਡਦੇ ਰਹਿੰਦੇ ਹਨ। ਇਸ ਦੇਸ਼ ਵਿੱਚ ਕੀ ਹੋ ਰਿਹਾ ਹੈ? ਗਰੀਬਾਂ ਤੇ ਬੱਚਿਆਂ ਨੂੰ ਸਿੱਖਿਆ ਤੇ ਇਲਾਜ ਵਰਗੀ ਮਦਦ ਦੇਣਾ ਰਾਜ ਦਾ ਫਰਜ਼ ਹੈ, ਪਰ ਅਮੀਰ ਤੇ ਸਮਰੱਥ ਲੋਕਾਂ ਨੂੰ ਵੀ ਸਭ ਕੁਝ ਮੁਫਤ ਦੇਣਾ ਗਲਤ ਹੈ। ਕੀ ਹੁਣ ਸਮਾਂ ਨਹੀਂ ਆ ਗਿਆ ਕਿ ਰਾਜ ਆਪਣੀਆਂ ਅਜਿਹੀਆਂ ਨੀਤੀਆਂ 'ਤੇ ਨਜ਼ਰਸਾਨੀ ਕਰਨ।*

*ਚੀਫ ਜਸਟਿਸ ਨੇ ਚਿੰਤਾ ਜਤਾਈ ਕਿ ਜੇ ਸਵੇਰ ਤੋਂ ਮੁਫਤ ਖਾਣਾ, ਮੁਫਤ ਗੈਸ, ਮੁਫਤ ਬਿਜਲੀ ਅਤੇ ਸਿੱਧੇ ਬੈਂਕ ਵਿੱਚ ਕੈਸ਼ ਟਰਾਂਸਫਰ ਹੋਣ ਲੱਗੇ ਤਾਂ ਲੋਕ ਕੰਮ ਕਿਉਂ ਕਰਨਗੇ? ਲੋਕਾਂ ਲਈ ਰੁਜ਼ਗਾਰ ਦੇ ਰਾਹ ਖੋਲ੍ਹਣੇ ਚਾਹੀਦੇ ਹਨ, ਤਾਂ ਕਿ ਉਹ ਕਮਾ ਕੇ ਆਪਣੀ ਇੱਜ਼ਤ ਤੇ ਆਤਮ-ਸਨਮਾਨ ਬਣਾਈ ਰੱਖਣ। ਜੇ ਸਭ ਕੁਝ ਇੱਕ ਥਾਂ ਤੋਂ ਮਿਲਣ ਲੱਗੇ ਤਾਂ ਕੰਮ ਸਿੱਖਣ ਦੀ ਲੋੜ ਕਿਉਂ ਰਹੇਗੀ? ਕੀ ਇਹੀ ਰਾਸ਼ਟਰ ਨਿਰਮਾਣ ਹੈ?*

*ਇਸੇ ਸੁਪਰੀਮ ਕੋਰਟ ਵਿੱਚ ਪਿਛਲੇ ਸਾਲ ਬਿਹਾਰ ਅਸੈਂਬਲੀ ਦੀਆਂ ਚੋਣਾਂ ਵੇਲੇ ਚੋਣ ਜ਼ਾਬਤਾ ਲਾਗੂ ਹੋਣ ਦੇ ਬਾਵਜੂਦ ਮੁੱਖ ਮੰਤਰੀ ਮਹਿਲਾ ਰੁਜ਼ਗਾਰ ਯੋਜਨਾ ਦੇ ਨਾਂਅ 'ਤੇ ਮਹਿਲਾਵਾਂ ਦੇ ਖਾਤੇ ਵਿੱਚ 10-10 ਹਜ਼ਾਰ ਰੁਪਏ ਪਾਉਣ ਨੂੰ ਜਨ ਸੁਰਾਜ ਪਾਰਟੀ ਨੇ ਇਸ ਮਹੀਨੇ ਦੇ ਸ਼ੁਰੂ ਵਿੱਚ ਚੁਣੌਤੀ ਦਿੱਤੀ ਸੀ ਤਾਂ ਸੁਪਰੀਮ ਕੋਰਟ ਦੇ ਚੀਫ ਜਸਟਿਸ ਨੇ ਉਸ ਨੂੰ ਪਟਨਾ ਹਾਈ ਕੋਰਟ ਜਾਣ ਦੀ ਸਲਾਹ ਦਿੱਤੀ ਸੀ। ਉਨ੍ਹਾ ਇਹ ਸਖਤ ਟਿੱਪਣੀ ਵੀ ਕੀਤੀ ਸੀ ਕਿ ਅਦਾਲਤਾਂ ਦਾ ਇਸਤੇਮਾਲ ਸ਼ੋਹਰਤ ਖੱਟਣ ਲਈ ਨਹੀਂ ਕੀਤਾ ਜਾਣਾ ਚਾਹੀਦਾ। ਲੋਕਾਂ ਨੇ ਤੁਹਾਨੂੰ ਚੋਣਾਂ ਵਿੱਚ ਠੁਕਰਾ ਦਿੱਤਾ ਤੇ ਹੁਣ ਤੁਸੀਂ ਕੋਰਟ ਦਾ ਇਸਤੇਮਾਲ ਕਰ ਰਹੇ ਹੋ। ਪਟੀਸ਼ਨ ਵਿੱਚ ਸਾਰੀਆਂ ਚੋਣਾਂ ਨੂੰ ਰੱਦ ਕਰਨ ਦੀ ਮੰਗ ਠੀਕ ਨਹੀਂ। ਜੇ ਕਿਸੇ ਖਾਸ ਉਮੀਦਵਾਰ ਖਿਲਾਫ ਠੋਸ ਸਬੂਤ ਹਨ ਤਾਂ ਸੁਣੇ ਜਾ ਸਕਦੇ ਹਨ।*

*ਹਾਲਾਂਕਿ ਸੁਪਰੀਮ ਕੋਰਟ ਨੇ ਜਨ ਸੁਰਾਜ ਪਾਰਟੀ ਦੀ ਪਟੀਸ਼ਨ ਬਾਰੇ ਕੋਈ ਫੈਸਲਾ ਨਹੀਂ ਦਿੱਤਾ, ਪਰ ਇਹ ਪ੍ਰਭਾਵ ਤਾਂ ਛੱਡਿਆ ਹੀ ਕਿ ਉਸ ਨੇ ਬਿਹਾਰ ਦੀਆਂ ਮਹਿਲਾਵਾਂ ਨੂੰ 10-10 ਹਜ਼ਾਰ ਰੁਪਏ ਦੇਣ ਨੂੰ ਸਵੈ-ਰੁਜ਼ਗਾਰ ਯੋਜਨਾ ਵਜੋਂ ਦੇਖਿਆ। ਇਸ ਤਰ੍ਹਾਂ ਸੌਗਾਤਾਂ ਬਾਰੇ ਸੁਪਰੀਮ ਕੋਰਟ ਦੇ ਦੋ ਨਜ਼ਰੀਏ ਸਾਹਮਣੇ ਆਏ ਹਨ। ਚੰਗਾ ਹੋਵੇਗਾ ਕਿ ਸੁਪਰੀਮ ਕੋਰਟ ਚੋਣ ਕਮਿਸ਼ਨ ਨੂੰ ਸਖਤੀ ਨਾਲ ਕਹੇ ਕਿ ਉਹ ਚੋਣਾਂ ਵੇਲੇ ਸੌਗਾਤਾਂ ਦੇ ਐਲਾਨਾਂ ਨੂੰ ਰੁਕਵਾਏ, ਤਾਂ ਕਿ ਹਾਕਮ ਤੇ ਆਪੋਜ਼ੀਸ਼ਨ ਪਾਰਟੀਆਂ ਲਈ ਚੋਣ ਮੈਦਾਨ ਸਾਵਾਂ ਰਹੇ।*

# ਏ ਆਈ ਦੀ ਭੂਮਿਕਾ 'ਤੇ ਵਿਸ਼ਵ ਪੰਜਾਬੀ ਕਾਨਫਰੰਸ



ਪ੍ਰਵੀਨ ਪੁਰੀ

ਅੱਜ ਜਦੋਂ ਵਿਸ਼ਵ ਚੌਥੀ ਉਦਯੋਗਿਕ ਕ੍ਰਾਂਤੀ ਦੇ ਦੌਰ ਵਿੱਚੋਂ ਗੁਜ਼ਰ ਰਿਹਾ ਹੈ, ਤਾਂ ਭਾਸ਼ਾ ਅਤੇ ਸੱਭਿਆਚਾਰ ਦੇ ਸਰੋਕਾਰ ਵੀ ਬਦਲ ਰਹੇ ਹਨ। ਪੰਜਾਬੀ ਭਾਸ਼ਾ, ਜੋ ਹਜ਼ਾਰਾਂ ਸਾਲਾਂ ਦਾ ਅਮੀਰ ਇਤਿਹਾਸ ਆਪਣੇ ਕਲਾਵੇ ਵਿੱਚ ਸਮੇਟੀ ਬੈਠੀ ਹੈ, ਅੱਜ ਇੱਕ ਅਜਿਹੇ ਮੋੜ 'ਤੇ ਖੜ੍ਹੀ ਹੈ, ਜਿੱਥੇ ਰਵਾਇਤ ਅਤੇ ਆਧੁਨਿਕ ਤਕਨੀਕ ਦਾ ਮਿਲਾਪ ਲਾਜ਼ਮੀ ਹੋ ਗਿਆ ਹੈ। ਇਸੇ ਸੰਦਰਭ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ 20 ਤੋਂ 22 ਫਰਵਰੀ ਤੱਕ ਹੋਣ ਵਾਲੀ ਵਿਸ਼ਵ ਪੰਜਾਬੀ ਕਾਨਫਰੰਸ ਪੰਜਾਬੀਅਤ ਦੇ ਡਿਜੀਟਲ ਸਫ਼ਰ ਵਿੱਚ ਇੱਕ ਮੀਲ ਦਾ ਪੱਥਰ ਸਾਬਤ ਹੋਣ ਜਾ ਰਹੀ ਹੈ।ਆਰਟੀਫਿਸ਼ੀਅਲ ਇੰਟੈਲੀਜੈਂਸ ਨੂੰ ਸਰਲ ਸ਼ਬਦਾਂ ਵਿੱਚ ਕਹਿਣਾ ਹੋਵੇ ਤਾਂ ਇਹ ਹੀ ਕਿਹਾ ਜਾ ਸਕਦਾ ਹੈ ਕਿ ਆਰਟੀਫਿਸ਼ੀਅਲ ਇੰਟੈਲੀਜੈਂਸ ਮਸ਼ੀਨਾਂ, ਖਾਸ ਕਰਕੇ ਕੰਪਿਊਟਰ ਪ੍ਰਣਾਲੀਆਂ ਦੁਆਰਾ ਮਨੁੱਖੀ ਬੁੱਧੀ ਦੀ ਨਕਲ ਕਰਨ ਦੀ ਪ੍ਰਕਿਰਿਆ ਹੈ। ਇਸ ਵਿੱਚ ਸਿੱਖਣਾ, ਤਰਕ ਕਰਨਾ ਅਤੇ ਸਵੈ-ਸੋਧ ਸ਼ਾਮਲ ਹੈ। ਜਿਵੇਂ ਮਨੁੱਖ ਅਨੁਭਵ ਤੋਂ ਸਿੱਖਦਾ ਹੈ ਉਸ ਤਰ੍ਹਾਂ ਹੀ ਏ ਆਈ ਅੰਕੜਿਆਂ ਤੋਂ ਸਿੱਖਦਾ ਹੈ। ਅੱਜ ਚੈਟ ਜੀ ਪੀ ਟੀ, ਜੈਮੀਨੀ ਅਤੇ ਗ੍ਰੋਕ ਵਰਗੇ ਮਾਡਲ ਇਸ ਗੱਲ ਦਾ ਪ੍ਰਮਾਣ ਹਨ ਕਿ ਮਸ਼ੀਨਾਂ ਹੁਣ ਸਿਰਫ਼ ਗਣਨਾ ਹੀ ਨਹੀਂ ਕਰਦੀਆਂ, ਸਗੋਂ ਕਵਿਤਾਵਾਂ ਲਿਖ ਸਕਦੀਆਂ ਹਨ, ਭਾਸ਼ਾਵਾਂ ਦਾ ਅਨੁਵਾਦ ਕਰ ਸਕਦੀਆਂ ਹਨ ਅਤੇ ਗੁੰਝਲਦਾਰ ਸਮੱਸਿਆਵਾਂ ਦੇ ਹੱਲ ਸੁਝਾਅ ਸਕਦੀਆਂ ਹਨ।ਸਮਕਾਲੀ ਦੌਰ ਵਿੱਚ ਮਸ਼ੀਨੀ ਬੁੱਧੀਮਾਨਤਾ ਮਹਿਜ਼ ਇੱਕ ਤਕਨੀਕੀ ਵਿਕਾਸ ਨਹੀਂ, ਸਗੋਂ ਇੱਕ ਅਜਿਹਾ ਬੌਧਿਕ ਪੈਰਾਡਾਇਮ ਹੈ, ਜੋ ਮਨੁੱਖੀ ਹੋਂਦ, ਭਾਸ਼ਾ ਅਤੇ ਨੈਤਿਕਤਾ ਦੇ ਪੁਰਾਤਨ ਸੰਕਲਪਾਂ ਨੂੰ ਪੁਨਰ-ਪਰਿਭਾਸ਼ਿਤ ਕਰ ਰਿਹਾ ਹੈ। ਪੰਜਾਬੀ ਵਰਗੀ ਅਮੀਰ ਭਾਸ਼ਾ ਲਈ ਇਹ ਤਕਨਾਲੋਜੀ ਇੱਕ ਦਾਰਸ਼ਨਿਕ ਚੁਣੌਤੀ ਪੇਸ਼ ਕਰਦੀ ਹੈ : ਕੀ ਇੱਕ ਗਣਿਤਕ ਅਲਗੋਰਿਦਮ ਉਸ ਸੱਭਿਆਚਾਰਕ ਸੰਵੇਦਨਾ ਨੂੰ ਗ੍ਰਹਿਣ ਕਰ ਸਕਦਾ ਹੈ, ਜੋ ਹਜ਼ਾਰਾਂ ਸਾਲਾਂ ਦੇ ਮਾਨਵੀ ਅਨੁਭਵ ਵਿੱਚੋਂ ਉਪਜੀ ਹੈ? ਅਕਾਦਮਿਕ ਨਜ਼ਰੀਏ ਤੋਂ ਵੇਖੀਏ ਤਾਂ ਭਾਸ਼ਾ ਕੇਵਲ ਸੰਚਾਰ ਦਾ ਸਾਧਨ ਨਹੀਂ, ਸਗੋਂ ਚਿੰਤਨ ਦਾ ਆਧਾਰ ਵੀ ਹੈ।

ਜਦੋਂ ਅਸੀਂ ਪੰਜਾਬੀ ਭਾਸ਼ਾ ਨੂੰ ਮਸ਼ੀਨੀ ਪ੍ਰਣਾਲੀਆਂ ਵਿੱਚ ਢਾਲਦੇ ਹਾਂ ਤਾਂ ਅਸੀਂ ਅਸਲ ਵਿੱਚ ਭਾਸ਼ਾ ਦੇ ਵਿਆਕਰਨਕ ਨਿਯਮਾਂ ਨੂੰ ਇੱਕ ਅਜਿਹੀ ਕੰਪਿਊਟੇਸ਼ਨਲ ਲਿੰਗੁਇਸਟਿਕਸ ਵਿੱਚ ਬਦਲ ਰਹੇ ਹੁੰਦੇ ਹਾਂ, ਜਿੱਥੇ ਸ਼ਬਦਾਂ ਦੇ ਅਰਥ ਉਹਨਾਂ ਦੀਆਂ ਭਾਵਨਾਵਾਂ ਦੀ ਬਜਾਏ ਉਹਨਾਂ ਦੇ ਡਾਟਾ-ਪੈਟਰਨਾਂ 'ਤੇ ਨਿਰਭਰ ਕਰਦੇ ਹਨ। ਇਹ ਪ੍ਰਕਿਰਿਆ ਜਿੱਥੇ ਭਾਸ਼ਾ ਦੇ ਪਸਾਰ ਵਿੱਚ ਸਹਾਈ ਹੁੰਦੀ ਹੈ, ਉੱਥੇ ਹੀ ਭਾਸ਼ਾ ਦੀ ਕੁਦਰਤੀ ਮੌਲਿਕਤਾ ਨੂੰ ਮਸ਼ੀਨੀ ਚੌਖਟਿਆਂ ਵਿੱਚ ਕੈਦ ਕਰਨ ਦਾ ਜੋਖਮ ਵੀ ਪੈਦਾ ਕਰਦੀ ਹੈ।

ਇਸ ਤਕਨੀਕੀ ਰੂਪਾਂਤਰਣ ਦੇ ਨੈਤਿਕ ਪਹਿਲੂ ਬੇਹੱਦ ਗੰਭੀਰ ਅਤੇ ਜਟਿਲ ਹਨ। ਸਭ ਤੋਂ ਵੱਡਾ ਨੈਤਿਕ ਸਵਾਲ ਨਿਰਪੱਖਤਾ ਅਤੇ ਪੱਖਪਾਤ ਦਾ ਹੈ। ਮਸ਼ੀਨੀ ਬੁੱਧੀਮਾਨਤਾ ਉਸੇ ਡਾਟਾ ਤੋਂ ਸਿੱਖਦੀ ਹੈ, ਜੋ ਮਨੁੱਖਾਂ ਦੁਆਰਾ ਤਿਆਰ ਕੀਤਾ ਗਿਆ ਹੁੰਦਾ ਹੈ। ਜੇਕਰ ਉਪਲੱਬਧ ਡਾਟਾ ਵਿੱਚ ਕਿਸੇ ਖਾਸ ਖਿੱਤੇ, ਜਾਤ ਜਾਂ ਲਿੰਗ ਪ੍ਰਤੀ ਪੱਖਪਾਤ ਮੌਜੂਦ ਹੈ, ਤਾਂ ਮਸ਼ੀਨ ਉਸੇ ਪੱਖਪਾਤ ਨੂੰ ਕਈ ਗੁਣਾ ਵਧਾ ਕੇ ਪੇਸ਼ ਕਰੇਗੀ। ਪੰਜਾਬੀਅਤ ਦੇ ਸੰਦਰਭ ਵਿੱਚ, ਇਹ ਡਰ ਬਣਿਆ ਰਹਿੰਦਾ ਹੈ ਕਿ ਵਿਸ਼ਵ-ਪੱਧਰੀ ਏ ਆਈ ਮਾਡਲ ਕਿਤੇ ਸਾਡੇ ਸਥਾਨਕ ਮੁਹਾਵਰੇ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਪੱਛਮੀ ਗਿਆਨ-ਸ਼ਾਸਤਰ ਦੇ ਹੇਠਾਂ ਨਾ ਦਬਾ ਦੇਣ।

ਸਾਹਿਤਕ ਅਤੇ ਕਲਾਤਮਕ ਸਿਰਜਣਾ ਦੇ ਖੇਤਰ ਵਿੱਚ ਮਸ਼ੀਨੀ ਬੁੱਧੀਮਾਨਤਾ ਸਿਰਜਣਾਤਮਕਤਾ ਦੇ ਮਾਨਵੀ ਦਾਅਵੇ ਨੂੰ ਚੁਣੌਤੀ ਦਿੰਦੀ ਹੈ। ਕੀ ਕੋਈ ਮਸ਼ੀਨ ਕਿਸੇ ਕਵੀ ਦੇ ਅਧਿਆਤਮਿਕ ਅਨੁਭਵ ਜਾਂ ਕਿਸੇ ਨਾਟਕਕਾਰ ਦੇ ਸਮਾਜਿਕ ਦਰਦ ਦਾ ਵਿਕਲਪ ਸਿਰਜ ਸਕਦੀ ਹੈ? ਇਹ ਸੰਭਵ ਹੈ ਕਿ ਆਉਣ ਵਾਲੇ ਸਮੇਂ ਵਿੱਚ ਏ ਆਈ ਮਾਨਵੀ ਭਾਵਨਾਵਾਂ ਦਾ ਇੱਕ ਆਭਾਸੀ ਵਜੂਦ ਤਿਆਰ ਕਰ ਲਵੇ, ਜੋ ਸਾਨੂੰ ਮਾਨਸਿਕ ਤੌਰ 'ਤੇ ਮੰਤਰਮੁਗਧ ਤਾਂ ਕਰ ਸਕੇ, ਪਰ ਉਸ ਵਿੱਚ ਉਹ ਰੂਹਾਨੀ ਗਹਿਰਾਈ ਨਹੀਂ ਹੋਵੇਗੀ, ਜੋ ਪੰਜਾਬੀ ਸੂਫ਼ੀ ਜਾਂ ਕਿੱਸਾ ਕਾਵਿ ਦੀ ਵਿਸ਼ੇਸ਼ਤਾ ਰਹੀ ਹੈ।

ਮਸ਼ੀਨੀ ਬੁੱਧੀਮਾਨਤਾ ਅਤੇ ਪੰਜਾਬੀ ਚਿੰਤਨ ਦਾ ਸੁਮੇਲ ਇੱਕ ਬਹੁ-ਅਨੁਸ਼ਾਸਨੀ ਪਹੁੰਚ ਦੀ ਮੰਗ ਕਰਦਾ ਹੈ। ਇਹ ਕੇਵਲ ਵਿਗਿਆਨੀਆਂ ਦਾ ਵਿਸ਼ਾ ਨਹੀਂ ਰਿਹਾ, ਸਗੋਂ ਦਾਰਸ਼ਨਿਕਾਂ, ਸਾਹਿਤਕਾਰਾਂ ਅਤੇ ਭਾਸ਼ਾ-ਵਿਗਿਆਨੀਆਂ ਲਈ ਵੀ ਆਤਮ-ਮੰਥਨ ਦਾ ਸਮਾਂ ਹੈ। ਪੰਜਾਬੀ ਸੱਭਿਆਚਾਰ ਦੀ ਗਤੀਸ਼ੀਲਤਾ ਇਸ ਗੱਲ ਵਿੱਚ ਹੈ ਕਿ ਅਸੀਂ ਨਵੇਂ ਗਿਆਨ ਨੂੰ ਆਪਣੇ ਵਿਰਸੇ ਦੀ ਰੌਸ਼ਨੀ ਵਿੱਚ ਕਿਵੇਂ ਪਰਖਦੇ ਹਾਂ। ਜੇਕਰ ਅਸੀਂ ਮਸ਼ੀਨੀ ਬੁੱਧੀ ਨੂੰ ਇੱਕ ਸੰਦ ਵਜੋਂ ਵਰਤਦੇ ਹੋਏ ਆਪਣੀ ਨੈਤਿਕ ਚੇਤਨਾ ਨੂੰ ਜਗਾ ਕੇ ਰੱਖਾਂਗੇ, ਤਾਂ ਇਹ ਤਕਨਾਲੋਜੀ ਪੰਜਾਬੀ ਭਾਸ਼ਾ ਅਤੇ ਪੰਜਾਬੀਅਤ ਦੇ ਗਿਆਨ-ਪ੍ਰਵਾਹ ਨੂੰ ਵਿਸ਼ਵ-ਵਿਆਪੀ ਪੱਧਰ 'ਤੇ ਹੋਰ ਮਜ਼ਬੂਤ ਕਰੇਗੀ। ਮਨੁੱਖ ਅਤੇ ਮਸ਼ੀਨ ਦੇ ਇਸ ਰਿਸ਼ਤੇ ਵਿੱਚ ਸਭ ਤੋਂ ਵੱਡੀ ਜਿੱਤ ਉਦੋਂ ਹੋਵੇਗੀ, ਜਦੋਂ ਤਕਨਾਲੋਜੀ ਮਾਨਵੀ ਸੰਵੇਦਨਾ ਦਾ ਬਦਲ ਬਣਨ ਦੀ ਬਜਾਏ ਉਸ ਦੀ ਸੇਵਾਦਾਰ ਬਣ ਕੇ ਵਿਚਰੇਗੀ।

ਇਸੇ ਕਰਕੇ ਇਹ ਕਿਹਾ ਜਾ ਰਿਹਾ ਹੈ ਕਿ ਪੰਜਾਬੀ ਭਾਸ਼ਾ ਲਈ ਏ ਆਈ ਇੱਕ ਵਰਦਾਨ ਵਾਂਗ ਉਭਰ ਕੇ ਸਾਹਮਣੇ ਆਉਣ ਲੱਗ ਪਈ ਹੈ।ਕੁਝ ਸਮਾਂ ਪਹਿਲਾਂ ਤੱਕ ਇਹ ਡਰ ਸੀ ਕਿ ਡਿਜੀਟਲ ਦੌੜ ਵਿੱਚ ਪੰਜਾਬੀ ਪਿੱਛੇ ਰਹਿ ਜਾਵੇਗੀ, ਪਰ ਏ ਆਈ ਨੇ ਇਸ ਚਿੰਤਾ ਨੂੰ ਸੰਭਾਵਨਾ ਵਿੱਚ ਬਦਲ ਦਿੱਤਾ ਹੈ। ਹੁਣ ਭਾਸ਼ਾਈ ਰੁਕਾਵਟਾਂ ਦਾ ਖ਼ਾਤਮਾ ਹੋ ਰਿਹਾ ਹੈ। ਏ ਆਈ ਅਧਾਰਤ ਅਨੁਵਾਦ ਟੂਲਸ ਰਾਹੀਂ ਪੰਜਾਬੀ ਸਾਹਿਤ ਨੂੰ ਦੁਨੀਆ ਦੀਆਂ 100 ਤੋਂ ਵੱਧ ਭਾਸ਼ਾਵਾਂ ਵਿੱਚ ਤੁਰੰਤ ਉਲੱਥਾ ਕੀਤਾ ਜਾ ਸਕਦਾ ਹੈ। ਇਸ ਨਾਲ ਵਾਰਿਸ ਸ਼ਾਹ ਅਤੇ ਪਾਸ਼ ਦੀਆਂ ਲਿਖਤਾਂ ਗਲੋਬਲ ਪਾਠਕਾਂ ਤੱਕ ਪਹੁੰਚਣਗੀਆਂ।ਡਾਟਾ ਦੀ ਉਪਲੱਬਧਤਾ ਨਾ ਹੋਣਾ ਵੱਡੀ ਸਮੱਸਿਆ ਸੀ, ਪਰ ਹੁਣ ਪੰਜਾਬੀ ਵਿੱਚ ਡਿਜੀਟਲ ਸਮੱਗਰੀ ਦੀ ਘਾਟ ਨਹੀਂ ਰਹੀ।ਹੁਣ ਸੋਸ਼ਲ ਮੀਡੀਆ ਅਤੇ ਈ-ਪੁਸਤਕਾਂ ਰਾਹੀਂ ਵੱਡਾ ਡਾਟਾ ਸੈੱਟ ਤਿਆਰ ਹੋ ਰਿਹਾ ਹੈ। 'ਸੁਰਜੀਤ ਪਾਤਰ ਸੈਂਟਰ ਫਾਰ ਐਥੀਕਲ ਏ ਆਈ' ਵਰਗੀਆਂ ਸੰਸਥਾਵਾਂ ਇਸ ਡਾਟਾ ਨੂੰ ਸੰਗਠਿਤ ਕਰਕੇ ਪੰਜਾਬੀ ਦੇ ਆਪਣੇ ਲਾਰਜ ਲੈਂਗੂਏਜ ਮਾਡਲ ਤਿਆਰ ਕਰਨ ਵਿੱਚ ਜੁਟੀਆਂ ਹਨ।

ਵਾਇਸ ਅਸਿਸਟੈਂਟ ਅਤੇ ਟਾਈਪਿੰਗ ਰਾਹੀਂ ਹੁਣ ਕੋਈ ਵੀ ਪੰਜਾਬੀ ਬੋਲ ਕੇ ਆਪਣਾ ਸੁਨੇਹਾ ਟਾਈਪ ਕਰ ਸਕਦਾ ਹੈ। ਏ ਆਈ ਅਧਾਰਿਤ ਕੀ ਬੋਰਡਾਂ ਨੇ ਗੁਰਮੁਖੀ ਲਿਪੀ ਦੀ ਵਰਤੋਂ ਨੂੰ ਨੌਜਵਾਨਾਂ ਵਿੱਚ ਬੇਹੱਦ ਆਸਾਨ ਅਤੇ ਹਰਮਨਪਿਆਰਾ ਬਣਾ ਦਿੱਤਾ ਹੈ।ਪੰਜਾਬ ਦੇ ਵਿਕਾਸ ਵਿੱਚ ਤਕਨੀਕੀ ਭੂਮਿਕਾ ਨਿਭਾਉਣ ਲਈ 20 ਤੋਂ 22 ਤੱਕ ਹੋਣ ਵਾਲੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਇਹ ਕਾਨਫਰੰਸ ਸਿਰਫ਼ ਭਾਸ਼ਾ ਤੱਕ ਸੀਮਤ ਨਹੀਂ, ਸਗੋਂ ਪੰਜਾਬ ਦੇ ਸਮਾਜਿਕ-ਆਰਥਿਕ ਢਾਂਚੇ ਵਿੱਚ ਏ ਆਈ ਦੀ ਵਰਤੋਂ 'ਤੇ ਕੇਂਦਰਿਤ ਹੈ।ਖੇਤੀਬਾੜੀ ਦੇ ਲਈ ਏ ਆਈ ਰਾਹੀਂ ਫ਼ਸਲਾਂ ਦੀਆਂ ਬਿਮਾਰੀਆਂ ਦੀ ਪਛਾਣ ਅਤੇ ਮੌਸਮ ਦੀ ਸਹੀ ਜਾਣਕਾਰੀ ਪੰਜਾਬੀ ਭਾਸ਼ਾ ਵਿੱਚ ਕਿਸਾਨਾਂ ਦੇ ਮੋਬਾਇਲ ਤੱਕ ਪਹੁੰਚਾਈ ਜਾ ਸਕਦੀ ਹੈ। ਇਸੇ ਤਰ੍ਹਾਂ ਸਿਹਤ ਸੇਵਾਵਾਂ ਵਿਚ ਟੈਲੀਮੈਡੀਸਨ ਰਾਹੀਂ ਪਿੰਡਾਂ ਵਿੱਚ ਬੈਠੇ ਮਰੀਜ਼ ਆਪਣੀ ਮਾਂ-ਬੋਲੀ ਵਿੱਚ ਮਾਹਰ ਡਾਕਟਰਾਂ ਨਾਲ ਸਲਾਹ-ਮਸ਼ਵਰਾ ਕਰ ਸਕਣਗੇ, ਜਿਸ ਤਰ੍ਹਾਂ 16ਵੀਂ ਸਦੀ ਵਿੱਚ ਗੁਰਮੁਖੀ ਲਿਪੀ ਦੇ ਮਿਆਰੀਕਰਨ ਨੇ ਪੰਜਾਬੀਅਤ ਨੂੰ ਇੱਕ ਨਵਾਂ ਜੀਵਨ ਦਿੱਤਾ ਸੀ, ਅੱਜ ਡਿਜੀਟਲ ਲਿਪੀ ਅਤੇ ਏ ਆਈ ਉਹੀ ਇਤਿਹਾਸਕ ਭੂਮਿਕਾ ਨਿਭਾ ਰਹੇ ਹਨ। ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤਾ ਗਿਆ ਸੁਰਜੀਤ ਪਾਤਰ ਸੈਂਟਰ ਇਸ ਗੱਲ ਦਾ ਪ੍ਰਤੀਕ ਹੈ ਕਿ ਰਾਜਨੀਤਕ ਅਤੇ ਅਕਾਦਮਿਕ ਲੀਡਰਸ਼ਿਪ ਹੁਣ ਤਕਨੀਕੀ ਮਹੱਤਤਾ ਨੂੰ ਸਮਝ ਰਹੀ ਹੈ।

ਇਸ ਕਾਨਫਰੰਸ ਦਾ ਮਹੱਤਵ ਉਦੋਂ ਹੋਰ ਵੀ ਵਧ ਜਾਂਦਾ ਹੈ, ਜਦੋਂ ਇਸ ਨੂੰ ਇੱਕ ਨਵੀਂ ਸ਼ੁਰੂਆਤ ਵਜੋਂ ਵੇਖਿਆ ਜਾਂਦਾ ਹੈ।ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਦੀ ਸਰਪ੍ਰਸਤੀ ਹੇਠ ਹੋ ਰਹੀ ਇਸ ਕਾਨਫਰੰਸ ਵਿੱਚ ਪਦਮ ਭੂਸ਼ਣ ਤਰਲੋਚਨ ਸਿੰਘ, ਸਾਬਕਾ ਚੀਫ਼ ਸੈਕਟਰੀ ਕੇ ਬੀ ਐੱਸ ਸਿੱਧੂ ਅਤੇ ਡਾ. ਸਰਦਾਰਾ ਸਿੰਘ ਜੌਹਲ ਵਰਗੀਆਂ ਸ਼ਖ਼ਸੀਅਤਾਂ ਦਾ ਇਕੱਠੇ ਹੋਣਾ ਇਹ ਦਰਸਾਉਂਦਾ ਹੈ ਕਿ ਅਸੀਂ ਪੰਜਾਬੀ ਦੇ ਭਵਿੱਖ ਲਈ ਇੱਕ ਰੋਡ ਮੈਪ ਤਿਆਰ ਕਰਨ ਜਾ ਰਹੇ ਹਾਂ ਅਤੇ ਇਸ ਗੱਲ ਨੂੰ ਪੂਰੇ ਆਤਮ-ਵਿਸ਼ਵਾਸ਼ ਨਾਲ ਕਹਿ ਸਕਦੇ ਹਾਂ ਕਿ ਏਆਈ ਪੰਜਾਬੀ ਭਾਸ਼ਾ ਨੂੰ ਖ਼ਤਮ ਨਹੀਂ ਕਰੇਗੀ, ਸਗੋਂ ਇਸ ਨੂੰ ਅਜਿਹੇ ਖੰਭ ਲਗਾਏਗਾ ਕਿ ਇਹ ਸਰਹੱਦਾਂ ਪਾਰ ਕਰਕੇ ਵਿਸ਼ਵ ਭਾਸ਼ਾ ਬਣ ਜਾਵੇਗੀ।ਇਹ ਕਾਨਫਰੰਸ ਸਿਰਫ਼ ਅਕਾਦਮਿਕ ਗੱਲਬਾਤ ਨਹੀਂ, ਸਗੋਂ ਪੰਜਾਬੀ ਭਾਸ਼ਾ ਦੇ ਡਿਜੀਟਲ ਭਵਿੱਖ ਦਾ ਇਤਿਹਾਸਕ ਐਲਾਨ ਹੈ।ਕਾਨਫਰੰਸ ਦਾ ਮੁੱਖ ਵਿਸ਼ਾ 'ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਵਿੱਚ ਆਰਟੀਫ਼ੀਸ਼ਲ ਇੰਟੈਲੀਜੈਂਸ ਦੀ ਭੂਮਿਕਾ'। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਡਾ. ਕਰਮਜੀਤ ਸਿੰਘ ਦੀ ਅਗਵਾਈ ਹੇਠ ਇਸ ਸਮਾਗਮ ਵਿੱਚ ਦੇਸ਼-ਵਿਦੇਸ਼ ਤੋਂ ਵਿਦਵਾਨ, ਤਕਨੀਕੀ ਮਾਹਰ ਅਤੇ ਸਾਹਿਤਕਾਰ ਸ਼ਾਮਲ ਹੋ ਰਹੇ ਹਨ। ਉਦਘਾਟਨੀ ਸੈਸ਼ਨ 20 ਫਰਵਰੀ ਨੂੰ ਦੁਪਹਿਰ 2:30 ਵਜੇ ਗੁਰੂ ਨਾਨਕ ਭਵਨ ਵਿਖੇ ਹੋਵੇਗਾ, ਜਿਸ ਵਿੱਚ ਪਦਮ ਭੂਸ਼ਣ ਤਰਲੋਚਨ ਸਿੰਘ ਮੁੱਖ ਮਹਿਮਾਨ ਹੋਣਗੇ ਅਤੇ ਸਾਬਕਾ ਚੀਫ਼ ਸੈਕਟਰੀ ਪੰਜਾਬ ਕੇ ਬੀ ਐੱਸ ਸਿੱਧੂ ਕੀਨੋਟ ਐਡਰੈੱਸ ਦੇਣਗੇ। ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਡਾ. ਦੀਪਕ ਮਨਮੋਹਨ ਸਿੰਘ, ਸੰਤ ਬਾਬਾ ਮਹਿੰਦਰ ਸਿੰਘ ਯੂ ਕੇ ਵਾਲੇ ਅਤੇ ਪਦਮ ਭੂਸ਼ਣ ਸਰਦਾਰਾ ਸਿੰਘ ਜੌਹਲ ਸ਼ਾਮਲ ਹਨ। ਇਸ ਵਿਚਾਰ-ਵਟਾਂਦਰੇ ਤੋਂ ਇੱਕ ਰੋਡ ਮੈਪ ਤਿਆਰ ਕੀਤਾ ਜਾਵੇਗਾ, ਜੋ ਪੰਜਾਬੀ ਨੂੰ ਗਲੋਬਲ ਤਕਨੀਕ ਨਾਲ ਜੋੜੇਗਾ।ਇਸ ਕਾਨਫਰੰਸ ਦੀ ਵਿਸ਼ੇਸ਼ਤਾ ਇਹ ਹੈ ਕਿ ਇਹ ਏ ਆਈ ਨੂੰ ਸਿਰਫ਼ ਤਕਨੀਕੀ ਖੇਤਰ ਤੱਕ ਸੀਮਤ ਨਹੀਂ ਰੱਖਣਾ ਚਾਹੁੰਦੀ। ਯੂਨੀਵਰਸਿਟੀ ਵਿੱਚ ਪਹਿਲਾਂ ਹੀ 'ਸੁਰਜੀਤ ਪਾਤਰ ਸੈਂਟਰ ਫਾਰ ਐਥੀਕਲ ਏਆਈ' ਸਥਾਪਤ ਹੋ ਚੁੱਕਾ ਹੈ, ਜਿਸ ਦਾ ਐਲਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੀਤਾ ਸੀ। ਇਸ ਸੈਂਟਰ ਦਾ ਨਾਂਅ ਪੰਜਾਬੀ ਦੇ ਮਹਾਨ ਸ਼ਾਇਰ ਸੁਰਜੀਤ ਪਾਤਰ ਦੇ ਨਾਂਅ 'ਤੇ ਰੱਖਿਆ ਗਿਆ ਹੈ, ਜੋ ਤਕਨੀਕ ਅਤੇ ਸਾਹਿਤ ਦੇ ਮਿਲਾਪ ਦੀ ਵਿਲੱਖਣ ਮਿਸਾਲ ਹੈ।

ਕਾਨਫਰੰਸ ਵਿੱਚ ਇਸ ਗੱਲ 'ਤੇ ਵਿਸ਼ੇਸ਼ ਚਰਚਾ ਹੋਵੇਗੀ ਕਿ ਏ ਆਈ ਰਾਹੀਂ ਪੰਜਾਬੀ ਭਾਸ਼ਾ ਨੂੰ ਡਿਜੀਟਲ ਸੰਸਾਰ ਵਿੱਚ ਕਿਵੇਂ ਮਜ਼ਬੂਤ ਕੀਤਾ ਜਾਵੇ। ਉਦਾਹਰਨ ਵਜੋਂ ਪੰਜਾਬੀ ਵਿੱਚ ਵੌਇਸ ਅਸਿਸਟੈਂਟ ਬਣਾਏ ਜਾ ਸਕਦੇ ਹਨ, ਜੋ ਨੌਜਵਾਨਾਂ ਨੂੰ ਭਾਸ਼ਾ ਨਾਲ ਜੋੜਨਗੇ। ਲੋਕ ਗੀਤਾਂ, ਕਥਾਵਾਂ ਅਤੇ ਇਤਿਹਾਸ ਨੂੰ ਏ ਆਈ ਰਾਹੀਂ ਡਿਜੀਟਲ ਰੂਪ ਵਿੱਚ ਸੰਭਾਲਿਆ ਜਾ ਸਕਦਾ ਹੈ। ਅਨੁਵਾਦ ਟੂਲਸ ਨਾਲ ਪੰਜਾਬੀ ਸਾਹਿਤ ਨੂੰ ਵਿਸ਼ਵ ਭਾਸ਼ਾਵਾਂ ਵਿੱਚ ਪਹੁੰਚਾਇਆ ਜਾ ਸਕਦਾ ਹੈ। ਖੇਤੀਬਾੜੀ ਵਿੱਚ ਏ ਆਈ ਰਾਹੀਂ ਪੰਜਾਬੀ ਭਾਸ਼ਾ ਵਿੱਚ ਖੇਤੀ ਸਲਾਹਕਾਰ ਐਪਸ ਬਣਾਈਆਂ ਜਾ ਸਕਦੀਆਂ ਹਨ। ਸਿਹਤ ਖੇਤਰ ਵਿੱਚ ਪੰਜਾਬੀ ਵਿੱਚ ਡਾਕਟਰੀ ਸਲਾਹ ਅਤੇ ਟੈਲੀਮੈਡੀਸਨ ਸਿਸਟਮ ਵਿਕਸਿਤ ਕੀਤੇ ਜਾ ਸਕਦੇ ਹਨ। ਇਸ ਤੋਂ ਇਲਾਵਾ, ਐਜੂਕੇਸ਼ਨ ਵਿੱਚ ਪੰਜਾਬੀ ਵਿੱਚ ਇੰਟਰੈਕਟਿਵ ਲਰਨਿੰਗ ਟੂਲਸ ਨਾਲ ਵਿਦਿਆਰਥੀਆਂ ਨੂੰ ਆਕਰਸ਼ਿਤ ਕੀਤਾ ਜਾ ਸਕਦਾ ਹੈ।ਪੰਜਾਬੀ ਦੇ ਰਾਹ ਵਿੱਚ ਆਉਂਦੀਆਂ ਰੁਕਾਵਟਾਂ—ਭਾਸ਼ਾਈ ਅਣਗੌਲ, ਨੌਜਵਾਨਾਂ ਵਿੱਚ ਅੰਗਰੇਜ਼ੀ ਦਾ ਝੁਕਾਅ ਅਤੇ ਡਿਜੀਟਲ ਮੀਡੀਆ ਵਿੱਚ ਭਾਸ਼ਾ ਦੀ ਘਾਟ ਨੂੰ ਏ ਆਈ ਰਾਹੀਂ ਦੂਰ ਕੀਤਾ ਜਾ ਸਕਦਾ ਹੈ। ਇਹ ਕਾਨਫਰੰਸ ਪੰਜਾਬੀ ਭਾਸ਼ਾ ਦੇ ਡਿਜੀਟਲ ਭਵਿੱਖ ਦਾ ਨਕਸ਼ਾ ਤਿਆਰ ਕਰੇਗੀ ਅਤੇ ਪੰਜਾਬੀਅਤ ਨੂੰ ਨਵੀਂ ਊਰਜਾ ਬਖਸ਼ੇਗੀ।

# ਸੰਪਰਕ : 98782-77423

# ਅਧਿਆਪਕ ਅਤੇ ਠੇਕਾ ਪ੍ਰਣਾਲੀ ਹੇਠ ਚਲਦਾ ਸੰਘਰਸ਼

ਨੈਨਸੀ ਨਈਅਰ

ਅਧਿਆਪਕ ਸਿਰਫ਼ ਇੱਕ ਪੇਸ਼ਾ ਨਹੀਂ; ਇਹ ਉਹ ਨੀਂਹ ਹੈ, ਜਿਸ ਉੱਤੇ ਹਰ ਹੋਰ ਪੇਸ਼ਾ ਖੜ੍ਹਾ ਹੁੰਦਾ ਹੈ। ਅਧਿਆਪਕ ਵਿਅਕਤੀਆਂ ਨੂੰ ਸਿੱਖਿਆ ਦੇ ਕੇ ਮਾਰਗ-ਦਰਸ਼ਨ ਕਰ ਕੇ ਅਤੇ ਉਨ੍ਹਾਂ ਨੂੰ ਸਮਰੱਥ ਮਨੁੱਖ ਬਣਾਉਂਦੇ ਹਨ, ਜੋ ਸਮਾਜ ਵਿੱਚ ਅਰਥਪੂਰਨ ਯੋਗਦਾਨ ਪਾਉਂਦੇ ਹਨ। ਉਹ ਸਿਰਫ਼ ਗਿਆਨ ਹੀ ਨਹੀਂ ਦਿੰਦੇ, ਸਗੋਂ ਮੁੱਲ, ਅਨੁਸ਼ਾਸਨ ਅਤੇ ਦ੍ਰਿਸ਼ਟੀਕੋਣ ਵੀ ਵਿਕਸਤ ਕਰਦੇ ਹਨ। ਭਾਰਤ ਵਰਗੇ ਵਿਕਾਸਸ਼ੀਲ ਦੇਸ਼ ਵਿੱਚ, ਜਿੱਥੇ ਲੱਖਾਂ ਨੌਜਵਾਨਾਂ ਦਾ ਭਵਿੱਖ ਸਿੱਖਿਆ 'ਤੇ ਨਿਰਭਰ ਕਰਦਾ ਹੈ, ਅਧਿਆਪਕਾਂ ਦੀ ਭੂਮਿਕਾ ਹੋਰ ਵੀ ਮਹੱਤਵਪੂਰਨ ਹੋ ਜਾਂਦੀ ਹੈ, ਪਰ ਵਿਡੰਬਨਾ ਇਹ ਹੈ ਕਿ ਇਸ ਸਭ ਤੋਂ ਆਦਰਯੋਗ ਪੇਸ਼ੇ ਦਾ ਵੱਡਾ ਹਿੱਸਾ ਅੱਜ ਜੀਵਨ ਅਤੇ ਇੱਜ਼ਤ ਲਈ ਸੰਘਰਸ਼ ਕਰ ਰਿਹਾ ਹੈ।

ਭਾਰਤ ਵਿੱਚ ਲਗਭਗ 16 ਲੱਖ ਅਧਿਆਪਕ ਸਕੂਲਾਂ ਅਤੇ ਕਾਲਜਾਂ ਵਿੱਚ ਠੇਕੇ ਦੇ ਆਧਾਰ 'ਤੇ ਕੰਮ ਕਰ ਰਹੇ ਹਨ। ਇਹ ਅਧਿਆਪਕ ਆਪਣੇ ਸਥਾਈ ਨਿਯੁਕਤ ਸਾਥੀਆਂ ਦੇ ਬਰਾਬਰ ਕੰਮ ਕਰਦੇ ਹੋਏ ਵੀ ਕਾਫ਼ੀ ਘੱਟ ਤਨਖਾਹ ਪ੍ਰਾਪਤ ਕਰਦੇ ਹਨ। ਬਹੁਤੇ ਠੇਕਾ ਅਧਿਆਪਕਾਂ ਨੂੰ ਨਾ ਤਾਂ ਨੌਕਰੀ ਦੀ ਸੁਰੱਖਿਆ ਮਿਲਦੀ ਹੈ, ਨਾ ਪੈਨਸ਼ਨ, ਨਾ ਹੀ ਪੂਰੇ ਛੁੱਟੀਆਂ ਦੇ ਲਾਭ ਅਤੇ ਸਿਹਤ ਸੇਵਾਵਾਂ ਜਾਂ ਸਮਾਜਿਕ ਸੁਰੱਖਿਆ ਤੱਕ ਪਹੁੰਚ ਵੀ ਬਹੁਤ ਸੀਮਿਤ ਹੁੰਦੀ ਹੈ। ਇਹ ਅਸਮਾਨਤਾ ਇੱਕ ਉੱਚ ਪਦਵੀ ਵਾਲੇ ਪੇਸ਼ੇ ਨੂੰ ਰੋਜ਼ਾਨਾ ਜੀਵਨ ਦੀ ਜੰਗ ਵਿੱਚ ਬਦਲ ਚੁੱਕੀ ਹੈ।ਸਿੱਖਿਆ ਖੇਤਰ ਵਿੱਚ ਠੇਕਾ ਪ੍ਰਣਾਲੀ ਦੀ ਸ਼ੁਰੂਆਤ ਸ਼ੁਰੂ ਵਿੱਚ ਅਸਥਾਈ ਜਾਂ ਖਰਚ ਘਟਾਉਣ ਵਾਲੇ ਉਪਾਅ ਵਜੋਂ ਕੀਤੀ ਗਈ ਸੀ। ਪਰ ਸਮੇਂ ਦੇ ਨਾਲ ਇਹ ਇੱਕ ਗੰਭੀਰ ਪ੍ਰਣਾਲੀਕ ਸਮੱਸਿਆ ਬਣ ਗਈ ਹੈ। ਸਰਕਾਰਾਂ ਵਲੋਂ ਖਾਲੀ ਅਸਾਮੀਆਂ ਭਰਨ ਲਈ ਠੇਕੇ ਦੇ ਅਧਿਆਪਕਾਂ 'ਤੇ ਵੱਧ ਤੋਂ ਵੱਧ ਨਿਰਭਰਤਾ ਕੀਤੀ ਜਾ ਰਹੀ ਹੈ, ਜਦਕਿ ਸਥਾਈ ਭਰਤੀਆਂ ਨੂੰ ਲਗਾਤਾਰ ਟਾਲਿਆ ਜਾਂ ਅਣਡਿੱਠਾ ਕੀਤਾ ਜਾ ਰਿਹਾ ਹੈ। ਨਤੀਜੇ ਵਜੋਂ, ਉੱਚ ਯੋਗਤਾ ਵਾਲੇ ਅਧਿਆਪਕ—ਜਿਨ੍ਹਾਂ ਕੋਲ ਪੋਸਟ-ਗ੍ਰੈਜੂਏਸ਼ਨ, ਪੇਸ਼ਾਵਰ ਤਾਲੀਮ ਅਤੇ ਸਾਲਾਂ ਦਾ ਅਨੁਭਵ ਹੈ—ਦਹਾਕਿਆਂ ਤੱਕ ਅਸੁਰੱਖਿਅਤ ਨੌਕਰੀਆਂ ਵਿੱਚ ਫਸੇ ਰਹਿੰਦੇ ਹਨ।ਇਸ ਅਸੁਰੱਖਿਆ ਕਾਰਨ ਵੱਖ-ਵੱਖ ਰਾਜਾਂ ਵਿੱਚ ਅਧਿਆਪਕਾਂ ਵੱਲੋਂ ਅਕਸਰ ਪ੍ਰਦਰਸ਼ਨ, ਧਰਨੇ ਅਤੇ ਹੜਤਾਲਾਂ ਕੀਤੀਆਂ ਜਾਂਦੀਆਂ ਹਨ। ਇਹ ਅੰਦੋਲਨ ਪੜ੍ਹਾਉਣ ਤੋਂ ਬਚਣ ਲਈ ਨਹੀਂ, ਸਗੋਂ ਮਜ਼ਬੂਰੀ ਵਿੱਚ ਉਠਾਏ ਗਏ ਕਦਮ ਹਨ। ਜਦੋਂ ਅਧਿਆਪਕਾਂ ਨੂੰ ਬਰਾਬਰ ਤਨਖਾਹ, ਨੌਕਰੀ ਦੀ ਸਥਿਰਤਾ ਅਤੇ ਆਦਰ ਵਰਗੇ ਮੂਲ ਅਧਿਕਾਰਾਂ ਲਈ ਲਗਾਤਾਰ ਲੜਨਾ ਪੈਂਦਾ ਹੈ, ਤਾਂ ਇਸ ਦਾ ਅਸਰ ਸਿਰਫ਼ ਉਨ੍ਹਾਂ ਦੇ ਮਨੋਬਲ 'ਤੇ ਹੀ ਨਹੀਂ, ਸਗੋਂ ਪੂਰੀ ਸਿੱਖਿਆ ਪ੍ਰਣਾਲੀ 'ਤੇ ਪੈਂਦਾ ਹੈ। ਅਨਿਸਚਿਤਤਾ ਨਾਲ ਘਿਰਿਆ ਅਧਿਆਪਕ ਆਪਣੀ ਪੂਰੀ ਸਮਰੱਥਾ ਨਾਲ ਵਿਦਿਆਰਥੀਆਂ ਨੂੰ ਸਿੱਖਿਆ ਨਹੀਂ ਦੇ ਸਕਦਾ, ਭਾਵੇਂ ਉਹ ਕਿੰਨਾ ਵੀ ਸਮਰਪਤ ਕਿਉਂ ਨਾ ਹੋਵੇ।

ਇਸ ਸੰਘਰਸ਼ ਦਾ ਸਿੱਧਾ ਅਸਰ ਵਿਦਿਆਰਥੀਆਂ 'ਤੇ ਪੈਂਦਾ ਹੈ। ਹੜਤਾਲਾਂ ਅਤੇ ਰੁਕਾਵਟਾਂ ਕਾਰਨ ਪਾਠਕ੍ਰਮ ਵਿੱਚ ਦੇਰੀ ਹੁੰਦੀ ਹੈ, ਪੜ੍ਹਾਈ ਵਿੱਚ ਖਾਲੀਆਂ ਪੈਂਦੀਆਂ ਹਨ ਅਤੇ ਨੌਜਵਾਨ ਮਨਾਂ ਦੀ ਅਕਾਦਮਿਕ ਨੀਂਹ ਕਮਜ਼ੋਰ ਹੋ ਜਾਂਦੀ ਹੈ। ਇਸ ਤੋਂ ਵੀ ਵੱਧ ਚਿੰਤਾਜਨਕ ਗੱਲ ਇਹ ਹੈ ਕਿ ਇਸ ਨਾਲ ਨੌਜਵਾਨਾਂ ਦੇ ਮਨ ਵਿੱਚ ਇੱਕ ਗਲਤ ਸੰਦੇਸ਼ ਜਾਂਦਾ ਹੈ।

ਜਦੋਂ ਵਿਦਿਆਰਥੀ ਆਪਣੇ ਅਧਿਆਪਕਾਂ ਨੂੰ ਅਣਡਿੱਠਾ ਕੀਤਾ ਹੋਇਆ ਅਤੇ ਜੀਵਨ ਲਈ ਸੰਘਰਸ਼ ਕਰਦਾ ਦੇਖਦੇ ਹਨ, ਤਾਂ ਅਧਿਆਪਕੀ ਪੇਸ਼ੇ ਪ੍ਰਤੀ ਨਕਾਰਾਤਮਕ ਧਾਰਨਾ ਬਣਦੀ ਹੈ। ਅਧਿਆਪਕੀ, ਜੋ ਕਦੇ ਆਦਰਯੋਗ ਅਤੇ ਆਕਰਸ਼ਕ ਕੈਰੀਅਰ ਸੀ, ਅਸੁਰੱਖਿਅਤ ਅਤੇ ਬੇਇਨਾਮ ਲੱਗਣ ਲੱਗਦੀ ਹੈ। ਇਸ ਕਾਰਨ ਕਾਬਲ ਨੌਜਵਾਨ ਇਸ ਪੇਸ਼ੇ ਵੱਲ ਆਉਣ ਤੋਂ ਹਿਚਕਚਾਉਂਦੇ ਹਨ, ਜੋ ਲੰਮੇ ਸਮੇਂ ਵਿੱਚ ਸਿੱਖਿਆ ਦੀ ਗੁਣਵੱਤਾ ਨੂੰ ਘਟਾਉਂਦਾ ਹੈ। ਸਿੱਖਿਆ ਕਿਸੇ ਵੀ ਦੇਸ਼ ਦੀ ਰੀੜ੍ਹ ਦੀ ਹੱਡੀ ਹੁੰਦੀ ਹੈ। ਅਧਿਆਪਕ ਰਾਸ਼ਟਰ ਨਿਰਮਾਤਾ ਹੁੰਦੇ ਹਨ, ਜੋ ਭਵਿੱਖ ਦੇ ਵਿਗਿਆਨੀ, ਡਾਕਟਰ, ਇੰਜੀਨੀਅਰ, ਪ੍ਰਸ਼ਾਸਕ ਅਤੇ ਨੇਤਾ ਤਿਆਰ ਕਰਦੇ ਹਨ। ਜੇ ਨੀਂਹ ਹੀ ਕਮਜ਼ੋਰ ਹੋਵੇ, ਤਾਂ ਉਸ 'ਤੇ ਖੜ੍ਹੀ ਇਮਾਰਤ ਮਜ਼ਬੂਤ ਨਹੀਂ ਰਹਿ ਸਕਦੀ। ਜੋ ਸਮਾਜ ਆਪਣੇ ਅਧਿਆਪਕਾਂ ਨੂੰ ਅਣਡਿੱਠਾ ਕਰਦਾ ਹੈ, ਉਹ ਆਪਣੇ ਬੌਧਿਕ, ਨੈਤਿਕ ਅਤੇ ਸਮਾਜਿਕ ਅਧਾਰ ਨੂੰ ਕਮਜ਼ੋਰ ਕਰਦਾ ਹੈ। ਕਿਸੇ ਵੀ ਦੇਸ਼ ਦੀ ਤਰੱਕੀ ਉਸ ਦਰਜੇ ਨਾਲ ਜੁੜੀ ਹੁੰਦੀ ਹੈ, ਜੋ ਉਹ ਆਪਣੇ ਅਧਿਆਪਕਾਂ ਨੂੰ ਦਿੰਦਾ ਹੈ। ਅੱਜ ਦੀ ਘੜੀ ਦੀ ਲੋੜ ਬਿਲਕੁਲ ਸਪੱਸ਼ਟ ਅਤੇ ਤਤਕਾਲ ਹੈ।

ਸਰਕਾਰ ਨੂੰ ਠੇਕਾ ਅਧਿਆਪਕਾਂ ਦੀ ਹਾਲਤ 'ਤੇ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਠੋਸ ਹੱਲ ਕੱਢਣਾ ਚਾਹੀਦਾ ਹੈ। ਬਰਾਬਰ ਕੰਮ ਲਈ ਬਰਾਬਰ ਤਨਖਾਹ ਇੱਕ ਮੂਲ ਅਸੂਲ ਹੈ। ਇੱਕੋ ਜਿਹੇ ਕੰਮ ਕਰਨ ਵਾਲੇ ਅਧਿਆਪਕਾਂ ਨੂੰ, ਚਾਹੇ ਉਹ ਕਿਸੇ ਵੀ ਨਿਯੁਕਤੀ ਪ੍ਰਣਾਲੀ ਹੇਠ ਕਿਉਂ ਨਾ ਹੋਣ, ਬਰਾਬਰ ਦਰਜਾ, ਅਧਿਕਾਰ ਅਤੇ ਮਿਆਰ ਮਿਲਣੇ ਚਾਹੀਦੇ ਹਨ। ਲੰਮੇ ਸਮੇਂ ਤੋਂ ਸੇਵਾ ਕਰ ਰਹੇ ਠੇਕਾ ਅਧਿਆਪਕਾਂ ਦੀ ਸਥਾਈ ਨਿਯੁਕਤੀ, ਪਾਰਦਰਸ਼ੀ ਭਰਤੀ ਨੀਤੀਆਂ, ਨਿਆਂਯੋਗ ਤਨਖਾਹਾਂ ਅਤੇ ਸਮਾਜਿਕ ਸੁਰੱਖਿਆ ਤੱਕ ਪਹੁੰਚ ਬਹੁਤ ਜ਼ਰੂਰੀ ਸੁਧਾਰ ਹਨ।ਅਧਿਆਪਕਾਂ 'ਤੇ ਨਿਵੇਸ਼ ਖਰਚ ਨਹੀਂ, ਸਗੋਂ ਦੇਸ਼ ਦੇ ਭਵਿੱਖ ਵਿੱਚ ਨਿਵੇਸ਼ ਹੈ। ਜਦੋਂ ਅਧਿਆਪਕ ਸੁਰੱਖਿਅਤ, ਆਦਰਤ ਅਤੇ ਨਿਆਂਯੋਗ ਤਨਖਾਹ ਵਾਲੇ ਹੁੰਦੇ ਹਨ, ਤਾਂ ਉਹ ਪੂਰੇ ਮਨ ਨਾਲ ਵਿਦਿਆਰਥੀਆਂ ਨੂੰ ਸਿੱਖਿਆ ਦੇ ਸਕਦੇ ਹਨ ਅਤੇ ਜ਼ਿੰਮੇਵਾਰ ਨਾਗਰਿਕ ਤਿਆਰ ਕਰ ਸਕਦੇ ਹਨ। ਪ੍ਰੇਰਿਤ ਅਧਿਆਪਕ ਪ੍ਰੇਰਿਤ ਵਿਦਿਆਰਥੀ ਬਣਾਉਂਦਾ ਹੈ ਅਤੇ ਪ੍ਰੇਰਿਤ ਵਿਦਿਆਰਥੀ ਮਜ਼ਬੂਤ ਰਾਸ਼ਟਰ ਦੀ ਨੀਂਹ ਰੱਖਦੇ ਹਨ।

# ਸੰਪਰਕ : 98158-07944

# ਰਿਸ਼ਤਿਆਂ 'ਚ ਪਾਕੀਜ਼ਗੀ ਅੱਜ ਦੀ ਜ਼ਰੂਰਤ

ਡਾ. ਨਿਸ਼ਾਨ ਸਿੰਘ ਰਾਠੌਰ

ਮਨੁੱਖ ਸਮਾਜਕ ਪ੍ਰਾਣੀ ਹੈ, ਸਮਾਜ ਤੋਂ ਬਿਨਾਂ ਚੰਗੇ ਮਨੁੱਖ ਦੀ ਕਲਪਨਾ ਮੂਰਖ਼ਤਾ ਕਹੀ ਜਾ ਸਕਦੀ ਹੈ। ਅਸਲ ਵਿੱਚ ਮਨੁੱਖ ਦੇ ਸੁਭਾਅ ਅਤੇ ਚਾਲ- ਚਲਨ ਉੱਪਰ ਸਮਾਜ ਦਾ ਪ੍ਰਭਾਵ ਹੁੰਦਾ ਹੈ। ਸਮਾਜ ਦੀ ਬਣਤਰ ਮਨੁੱਖ ਦੀ ਬਣਤਰ ਵਿੱਚ ਸਹਾਈ ਹੁੰਦੀ ਹੈ। ਜਿਸ ਪ੍ਰਕਾਰ ਦਾ ਸਮਾਜ ਦਾ ਤਾਣਾ- ਬਾਣਾ ਹੁੰਦਾ ਹੈ, ਉਵੇਂ ਦਾ ਹੀ ਮਨੁੱਖ ਦਾ ਰਹਿਣ- ਸਹਿਣ ਹੋ ਜਾਂਦਾ ਹੈ। ਇਸ ਲਈ ਸਮਾਜ ਤੋਂ ਬਿਨਾਂ ਮਨੁੱਖ ਅਧੂਰਾ ਹੈ ਅਤੇ ਮਨੁੱਖ ਤੋਂ ਬਿਨਾਂ ਸਮਾਜ ਦੀ ਸਿਰਜਣਾ ਅਸੰਭਵ ਹੈ।ਅੱਜ ਸੋਸ਼ਲ ਮੀਡੀਆ ਦੇ ਪ੍ਰਭਾਵ ਕਰਕੇ ਮਨੁੱਖ ਵਿੱਚੋਂ ਮਨੁੱਖਤਾ ਖ਼ਤਮ ਹੁੰਦੀ ਜਾ ਰਹੀ ਹੈ। ਮਨੁੱਖ 'ਮਸ਼ੀਨ' ਵਿੱਚ ਤਬਦੀਲ ਹੁੰਦਾ ਜਾ ਰਿਹਾ ਹੈ। ਹਰ ਵਕਤ ਕਾਮਯਾਬੀ ਦੀ ਦੌੜ ਨੇ ਮਨੁੱਖ ਕੋਲੋਂ ਉਸ ਦਾ ਚੈਨ ਤੇ ਆਰਾਮ ਖੋਹ ਲਿਆ ਹੈ।ਭੱਜਦੌੜ ਵਿੱਚ ਮਨੁੱਖ ਜਿੱਥੇ ਖੁਦ ਨੂੰ ਭੁੱਲਿਆ ਹੈ, ਉੱਥੇ ਹੀ ਪਾਕ-ਪਵਿੱਤਰ ਰਿਸ਼ਤਿਆਂ ਨਾਲੋਂ ਵੀ ਦੂਰ ਹੋ ਗਿਆ ਜਾਪਦਾ ਹੈ। ਅੱਜ ਘਰ-ਘਰ ਵਿੱਚ ਲੜਾਈ ਅਤੇ ਕਲੇਸ਼ ਦੇਖਣ ਨੂੰ ਮਿਲਦੇ ਹਨ।ਪਤੀ- ਪਤਨੀ ਵਿੱਚ ਤਲਾਕ ਦੇ ਮਾਮਲੇ ਦਿਨੋਂ-ਦਿਨ ਵਧਦੇ ਜਾ ਰਹੇ ਹਨ। ਲੋਕਾਂ ਦੇ ਹਿਰਦਿਆਂ ਵਿੱਚ ਕੋਮਲ ਸੰਵੇਦਨਾ ਦੀ ਅਣਹੋਂਦ ਸਾਫ਼ ਦੇਖੀ ਜਾ ਸਕਦੀ ਹੈ। ਅੱਜ ਦਾ ਮਨੁੱਖ ਜਿੱਥੇ ਆਪਣੀਆਂ ਜ਼ਿੰਮੇਵਾਰੀਆਂ ਤੋਂ ਮੂੰਹ ਮੋੜ ਰਿਹਾ ਹੈ, ਉੱਥੇ ਹੀ ਸਮਾਜਕ ਰਹਿਣ- ਸਹਿਣ ਅਤੇ ਪਾਬੰਦੀਆਂ ਤੋਂ ਵੀ ਮੁਨਕਰ ਹੁੰਦਾ ਦਿਖਾਈ ਦਿੰਦਾ ਹੈ। ਅੱਜ ਲਿਵ ਇਨ ਰਿਲੇਸ਼ਨਸ਼ਿਪ ਵਰਗੀ ਬਿਮਾਰੀ ਸਾਡੇ ਸਮਾਜ ਵਿੱਚ ਆ ਵੜੀ ਹੈ। ਜਿਸ ਵਿੱਚ ਬਿਨਾਂ ਵਿਆਹ ਤੋਂ ਮੁੰਡਾ-ਕੁੜੀ ਇੱਕ-ਦੂਜੇ ਨਾਲ ਰਹਿਣ ਲੱਗਦੇ ਹਨ ਅਤੇ ਫਿਰ ਕੁਝ ਚਿਰ ਮਗ਼ਰੋਂ ਵੱਖ ਹੋ ਜਾਂਦੇ ਹਨ। ਇਸ ਨਾਲ ਸਾਡੀਆਂ ਸੱਭਿਆਚਾਰਕ ਰੀਤੀਆਂ ਨੂੰ ਵੱਡਾ ਖ਼ੌਰਾ ਲੱਗਦਾ ਹੈ। ਸਮਾਜਕ ਤਾਣੇ-ਬਾਣੇ ਵਿੱਚ ਵਿਘਨ ਪੈਣ ਲੱਗਿਆ ਹੈ।ਬਦਕਿਸਮਤੀ ਇਹ ਹੈ ਕਿ ਅੱਜ ਦੇ ਮਨੁੱਖ ਨੂੰ ਸਿਵਾਏ ਤਰੱਕੀ ਅਤੇ ਪੈਸੇ ਦੇ ਕੁਝ ਦਿਖਾਈ ਨਹੀਂ ਦੇ ਰਿਹਾ। ਵੱਡੇ ਸ਼ਹਿਰਾਂ ਨੇ ਪਿੰਡਾਂ ਅਤੇ ਛੋਟੇ ਕਸਬਿਆਂ ਨੂੰ ਆਪਣੇ ਕਲਾਵੇ ਵਿੱਚ ਲੈ ਲਿਆ ਹੈ। ਪਿੰਡਾਂ ਵਿੱਚ ਭਾਈਚਾਰਕ ਸਾਂਝ ਹੁਣ ਕੇਵਲ ਕਿਤਾਬਾਂ ਅਤੇ ਗੀਤਾਂ ਵਿੱਚ ਹੀ ਦੇਖਣ-ਸੁਣਨ ਨੂੰ ਮਿਲਦੀ ਹੈ। ਲੋਕਾਂ ਕੋਲ਼ ਇੱਕ-ਦੂਜੇ ਦਾ ਸੁੱਖ-ਦੁੱਖ ਸੁਣਨ ਦਾ ਵਕਤ ਨਹੀਂ। ਨਿੱਕੇ ਬੱਚਿਆਂ ਤੋਂ ਲੈ ਕੇ ਵੱਡੀ ਉਮਰ ਦੇ ਲੋਕਾਂ ਕੋਲ਼ ਸਿਵਾਏ ਕਾਰੋਬਾਰ ਅਤੇ ਪੜ੍ਹਾਈ ਦੇ ਕੋਈ ਹੋਰ ਗੱਲ ਨਹੀਂ। ਪਿੰਡਾਂ ਦੀਆਂ ਸੱਥਾਂ ਖਾਲੀ ਹੋਈਆਂ ਆਮ ਹੀ ਦੇਖੀਆਂ ਜਾ ਸਕਦੀਆਂ ਹਨ। ਚਾਚੀਆਂ- ਤਾਈਆਂ ਭੂਆ-ਮਾਸੀਆਂ ਦਾ ਇਕੱਠ ਸਬੱਬੀਂ ਹੀ ਹੁੰਦਾ ਹੈ। ਲੋਕ ਆਪਣੇ ਜੀਵਨ ਨੂੰ ਮੋਬਾਇਲ ਦੀ ਸਕਰੀਨ ਤਕ ਹੀ ਸੀਮਤ ਕਰੀ ਬੈਠੇ ਹਨ।

ਇਨ੍ਹਾਂ ਕਾਰਨਾਂ ਕਰਕੇ ਹੀ ਅੱਜ ਦਾ ਮਨੁੱਖ ਇਕਲਾਪੇ ਦਾ ਸ਼ਿਕਾਰ ਹੋ ਕੇ ਮਾਨਸਿਕ ਰੋਗਾਂ ਦੀ ਲਪੇਟ ਵਿੱਚ ਆ ਰਿਹਾ ਹੈ। ਅੱਜ ਮਾਨਸਿਕ ਰੋਗੀਆਂ ਦੀ ਗਿਣਤੀ ਲਗਾਤਾਰ ਵਧਦੀ ਜਾ ਰਹੀ ਹੈ, ਪਰ ਇਹਨਾਂ ਕੁਰੀਤੀਆਂ ਵੱਲ ਕਿਸੇ ਦਾ ਧਿਆਨ ਨਹੀਂ ਹੈ ਕਿ ਲੋਕ ਇਕਲਾਪੇ ਦਾ ਸ਼ਿਕਾਰ ਕਿਉਂ ਹੋ ਰਹੇ ਹਨ? ਇਸ ਦਾ ਹੱਲ ਕੀ ਹੈ?ਮਨੋਵਿਗਿਆਨੀਆਂ ਦੇ ਕਥਨ ਅਨੁਸਾਰ ਮਨੁੱਖ ਆਪਣੇ ਪਰਵਾਰ ਵਿੱਚ ਸੁਰੱਖਿਅਤ ਅਤੇ ਸਕੂਨ ਮਹਿਸੂਸ ਕਰਦਾ ਹੈ, ਪਰ ਆਪਣਿਆਂ ਲਈ ਵਕਤ ਕਿਸੇ ਕੋਲ਼ ਵੀ ਨਹੀਂ। ਇਸ ਲਈ ਅੱਜ ਦੇ ਮਨੁੱਖ ਨੂੰ ਆਪਣੇ ਪਿਆਰਿਆਂ ਲਈ ਵਕਤ ਕੱਢਣਾ ਚਾਹੀਦਾ ਹੈ, ਤਾਂ ਕਿ ਕੁਝ ਵਕਤ ਸਕੂਨ ਅਤੇ ਅਪਣੱਤ ਭਰਿਆ ਬਤੀਤ ਹੋ ਸਕੇ, ਪਰ ਇਹ ਹੁੰਦਾ ਕਦੋਂ ਹੈ? ਇਹ ਅਜੇ ਭਵਿੱਖ ਦੀ ਕੁੱਖ਼ ਵਿੱਚ ਹੈ।

ਸੰਪਰਕ: 90414-98009

# ਕਮਿਊਨਿਸਟ ਮੈਨੀਫੈਸਟੋ ਕਮਿਊਨਿਸਟਾਂ ਲਈ ਰਾਹ-ਦਸੇਰਾ

ਪਿਰਥੀਪਾਲ ਸਿੰਘ ਮਾੜੀਮੇਘਾ

ਕਮਿਊਨਿਸਟ ਮੈਨੀਫੈਸਟੋ ਲਿਖਣ ਦਾ ਫੈਸਲਾ ਨਵੰਬਰ 1847 ਵਿੱਚ ਲੰਡਨ ਵਿਖੇ ਕਮਿਊਨਿਸਟ ਲੀਗ, ਮਜ਼ਦੂਰਾਂ ਦੀ ਕੌਮਾਂਤਰੀ ਸਭਾ ਵਿੱਚ ਹੋਇਆ ਤੇ ਲਿਖਣ ਦੀ ਜ਼ਿੰਮੇਵਾਰੀ ਕਾਰਲ ਮਾਰਕਸ ਤੇ ਏਂਗਲਜ਼ 'ਤੇ ਪਈ ਸੀ।ਇਹ ਸਭਾ ਉਸ ਵੇਲੇ ਕਮਿਊਨਿਸਟ ਲਹਿਰ ਨੂੰ ਤਕੜਿਆਂ ਕਰਨ ਵਾਸਤੇ ਅੰਡਰਗਰਾਊਂਡ ਕੰਮ ਕਰਦੀ ਸੀ। ਇਸ ਲਿਖਤ ਦਾ ਖਰੜਾ ਫਰਵਰੀ ਇਨਕਲਾਬ ਤੋਂ ਕੁਝ ਹੀ ਹਫਤੇ ਪਹਿਲਾਂ ਛਪਣ ਲਈ ਲੰਡਨ ਭੇਜ ਦਿੱਤਾ ਗਿਆ। ਫਰਵਰੀ ਇਨਕਲਾਬ ਵੱਲ ਇਸ਼ਾਰਾ 23-26 ਜੂਨ 1848 ਪੈਰਿਸ ਦੇ ਪ੍ਰੋਲਤਾਰੀਆਂ ਦੀ ਬਗਾਵਤ ਵੱਲ ਸੀ।ਇਹ ਬਗਾਵਤ ਉਸ ਇਨਕਲਾਬ ਦਾ ਸਿਖਰ ਸੀ ਅਤੇ ਇਸ ਦਾ ਝੰਡਾ 1848 ਅਤੇ 1849 ਵਿੱਚ ਸਾਰੇ ਯੂਰਪ ਵਿੱਚ ਝੁੱਲਿਆ ਹੋਇਆ ਸੀ।

ਕਮਿਊਨਿਸਟ ਮੈਨੀਫੈਸਟੋ (ਐਲਾਨਨਾਮਾ) ਲਿਖਤ ਕਾਰਲ ਮਾਰਕਸ ਤੇ ਏਂਗਲਜ਼ ਨੇ ਲਗਭਗ ਚਾਰ ਮਹੀਨਿਆਂ ਵਿੱਚ ਕੰਪਲੀਟ ਕੀਤੀ ਸੀ। ਇਸ ਲਿਖਤ ਦੇ ਸਿਰਫ 43 ਸਫੇ ਹਨ। ਇਸ ਲਿਖਤ ਰਾਹੀਂ ਮਾਰਕਸ ਤੇ ਏਂਗਲਜ਼ ਨੇ ਸਰਮਾਏਦਾਰੀ ਪ੍ਰਬੰਧ ਦੀਆਂ ਜੜ੍ਹਾਂ ਹਲਾ ਦਿੱਤੀਆਂ ਅਤੇ ਕਮਿਊਨਿਸਟਾਂ ਵਿੱਚ ਏਨਾ ਜੋਸ਼ ਤੇ ਯਕੀਨ ਪੈਦਾ ਕਰ ਦਿੱਤਾ ਕਿ ਥੋੜ੍ਹੇ ਅਰਸੇ ਵਿੱਚ ਹੀ ਕਮਿਊਨਿਸਟ ਇੱਕ ਵਾਰ ਦੁਨੀਆ ਦੇ ਤੀਜੇ ਹਿੱਸੇ 'ਤੇ ਕਮਿਊਨਿਸਟ ਵਿਚਾਰਧਾਰਾ ਵਾਲੀਆਂ ਹਕੂਮਤਾਂ ਕਾਇਮ ਕਰਨ ਵਿੱਚ ਕਾਮਯਾਬ ਹੋ ਗਏ ਸਨ। ਕਮਿਊਨਿਸਟ ਮੈਨੀਫੈਸਟੋ ਸਭ ਤੋਂ ਪਹਿਲਾਂ 21 ਫਰਵਰੀ 1848 ਨੂੰ ਲੰਡਨ ਤੋਂ ਜਰਮਨ ਭਾਸ਼ਾ ਵਿੱਚ ਪ੍ਰਕਾਸ਼ਤ ਹੋਇਆ ਸੀ। ਉਸ ਵੇਲੇ ਸਰਮਾਏਦਾਰੀ ਪ੍ਰਬੰਧ ਦਾ ਮੁੱਖ ਕਰਤਾ-ਧਰਤਾ ਬਰਤਾਨੀਆ ਸੀ। ਜਲਦੀ ਹੀ ਕਮਿਊਨਿਸਟ ਮੈਨੀਫੈਸਟੋ ਦੁਨੀਆ ਦੀ ਹਰੇਕ ਭਾਸ਼ਾ ਵਿੱਚ ਛਪ ਗਿਆ ਸੀ।

ਬੁਰਜੂਆ ਵਰਗ ਉਹ (ਜਾਇਦਾਦ ਦੇ ਮਾਲਕਾਂ ਦਾ ਝੁੰਡ) ਜੋ ਧਨ, ਜਾਇਦਾਦ ਅਤੇ ਉਦਯੋਗਾਂ ਦਾ ਮਾਲਕ ਹੁੰਦਾ ਹੈ। ਇਹ ਵਰਗ ਅਮੀਰ ਭਾਵ ਜਾਇਦਾਦ ਦੇ ਪੱਖ ਤੋਂ ਤਕੜਾ ਮਜ਼ਦੂਰਾਂ ਦੀ ਕਿਰਤ ਨਾਲ ਹੁੰਦਾ ਹੈ। ਹਕੀਕਤ ਵਿੱਚ ਬੁਰਜੂਆਜੀ ਅਮੀਰਾਂ ਦੀ ਜਮਾਤ ਹੈ। ਦੂਜੇ ਪਾਸੇ ਕਿਰਤੀਆਂ ਕੋਲ ਉਤਪਾਦਨ ਦੇ ਕੋਈ ਸੰਦ ਨਹੀਂ ਹੁੰਦੇ। ਉਹ ਆਪਣੀ ਤੇ ਆਪਣੇ ਪਰਵਾਰ ਦੇ ਨਿਰਬਾਹ ਵਾਸਤੇ ਆਪਣੀ ਕਿਰਤ ਸ਼ਕਤੀ ਵੇਚਦੇ ਅਤੇ ਉਸ ਦੀ ਉਜਰਤ ਲੈਂਦੇ ਹਨ। ਸਮਾਜ ਦੇ ਵੱਖ-ਵੱਖ ਪੜਾਵਾਂ ਵਿੱਚ ਅਮੀਰ ਤੇ ਗਰੀਬ ਦੇ ਵੱਖ-ਵੱਖ ਰੂਪ ਹਨ। ਜਿਵੇਂ ਗੁਲਾਮਦਾਰੀ ਯੁੱਗ ਵਿੱਚ ਮਾਲਕ ਤੇ ਗੁਲਾਮ, ਜਗੀਰਦਾਰੀ ਯੁੱਗ ਵਿੱਚ ਜਗੀਰਦਾਰ ਤੇ ਉਨ੍ਹਾਂ ਦੇ ਖੇਤਾਂ 'ਤੇ ਕੰਮ ਕਰਨ ਵਾਲੇ ਖੇਤ ਗੁਲਾਮ ਅਤੇ ਮੌਜੂਦਾ ਸਮੇਂ ਵਿੱਚ ਸਰਮਾਏਦਾਰ ਤੇ ਮਜ਼ਦੂਰ ਹਨ।

ਕਮਿਊਨਿਸਟ ਮੈਨੀਫੈਸਟੋ ਵਿੱਚ ਮਾਰਕਸ ਤੇ ਏਂਗਲਜ਼ ਪ੍ਰੋਲੇਤਾਰੀ ਤੇ ਕਮਿਊਨਿਸਟ ਸੰਬੰਧਾਂ ਬਾਰੇ ਇਹ ਦੱਸਦੇ ਹਨ ਕਿ ਕਮਿਊਨਿਸਟ ਵੱਖ-ਵੱਖ ਮੁਲਕਾਂ ਦੇ ਕੌਮੀ ਪੱਧਰ ਦੇ ਘੋਲਾਂ ਵਿੱਚ ਮਜ਼ਦੂਰਾਂ ਦੇ ਸਾਂਝੇ ਹਿੱਤਾਂ ਵੱਲ ਧਿਆਨ ਦਿਵਾਉਂਦੇ ਤੇ ਆਪਣੀ ਤਾਕਤ ਮੁਜਬ ਕਿਰਤੀ ਜਮਾਤ ਅਤੇ ਹਮੇਸ਼ਾ ਸਮੁੱਚੀ ਲਹਿਰ ਦੇ ਹਿੱਤਾਂ ਦੀ ਅਗਵਾਈ ਕਰਦੇ ਹਨ। ਕਮਿਊਨਿਸਟ ਸਾਰੇ ਦੇਸ਼ਾਂ ਦੇ ਮਜ਼ਦੂਰਾਂ ਦੇ ਅਮਲੀ ਤੌਰ ਉੱਤੇ ਤਰੱਕੀਯਾਫਤਾ ਅਤੇ ਮਜ਼ਬੂਤ ਹਿੱਸਾ ਹੁੰਦੇ ਹਨ। ਕਮਿਊਨਿਸਟ ਮਜ਼ਦੂਰਾਂ ਨੂੰ ਇੱਕ ਜਮਾਤ ਵਿੱਚ ਜਥੇਬੰਦ ਕਰਦੇ ਅਤੇ ਧਨ-ਕੁਬੇਰਾਂ ਦੀ ਉਚਤਾ ਨੂੰ ਖਤਮ ਕਰਦੇ ਹਨ। ਕਮਿਊਨਿਸਟ ਮਜ਼ਦੂਰਾਂ ਨੂੰ ਨਾਲ ਲੈ ਕੇ ਰਾਜ ਸੱਤਾ ਜਿੱਤਦੇ ਹਨ।

ਕਮਿਊਨਿਸਟ ਕਮਿਊਨਿਜ਼ਮ ਉਸਾਰਨ ਦੀ ਸੋਚ ਦੇ ਧਾਰਨੀ ਹਨ। ਕਮਿਊਨਿਜ਼ਮ ਭਾਵ ਸਮਾਜਵਾਦ ਇੱਕ ਸਮਾਜਿਕ - ਆਰਥਿਕ ਵਿਚਾਰਧਾਰਾ ਹੈ। ਇਸ ਵਿਚਾਰਧਾਰਾ ਅਨੁਸਾਰ ਉਤਪਾਦਨ ਦੇ ਸਾਧਨਾਂ ਜ਼ਮੀਨ, ਕਾਰਖਾਨਿਆਂ ਉੱਤੇ ਨਿੱਜੀ ਮਾਲਕੀ ਦੀ ਜਗ੍ਹਾ ਸਮੁੱਚੇ ਸਮਾਜ ਦੀ ਸਾਂਝੀ ਮਾਲਕੀ ਹੁੰਦੀ ਹੈ। ਹਕੀਕਤ ਵਿੱਚ ਨਿੱਜੀ ਜਾਇਦਾਦ ਨੂੰ ਖਤਮ ਕਰਕੇ ਬਰਾਬਰੀ ਸਥਾਪਤ ਕਰਨਾ ਹੈ। ਨਿੱਜੀ ਜਾਇਦਾਦ ਨੂੰ ਖਤਮ ਕਰਨ ਦਾ ਮਤਲਬ ਆਮ ਤੌਰ ਉੱਤੇ ਜਾਇਦਾਦ ਨੂੰ ਖਤਮ ਕਰਨਾ ਨਹੀਂ, ਸਿਰਫ ਸਰਮਾਏਦਾਰੀ ਪ੍ਰਬੰਧ ਅਧੀਨ ਸਰਮਾਏ ਦੇ ਮਾਲਕਾਂ ਵੱਲੋਂ ਇਕੱਠੀ ਕੀਤੀ ਜਾਇਦਾਦ ਦਾ ਖਾਤਮਾ ਹੈ। ਜੋ ਕਿਰਤੀਆਂ ਵੱਲੋਂ ਕਿਰਤ ਕਰਕੇ ਜੀਵਨ ਨਿਰਬਾਹ ਲਈ ਜਾਇਦਾਦ ਬਣਾਈ ਹੈ, ਦਾ ਉਸ ਦਾ ਖਾਤਮਾ ਨਹੀਂ।

ਕਮਿਊਨਿਸਟ ਸਮਾਜ ਵਿੱਚ ਸਰਮਾਏਦਾਰੀ ਪ੍ਰਬੰਧ ਅਧੀਨ ਸਰਮਾਏਦਾਰਾਂ ਵੱਲੋਂ ਇਕੱਠਾ ਕੀਤਾ ਸਰਮਾਇਆ ਸਮਾਜ ਦੇ ਸਾਰੇ ਜੀਆਂ ਦੀ ਜਾਇਦਾਦ ਵਿੱਚ ਬਦਲ ਦਿੱਤਾ ਜਾਂਦਾ ਹੈ। ਇਸ ਕਾਰਜ ਨਾਲ ਵਿਅਕਤੀਗਤ ਜਾਇਦਾਦ, ਜੋ ਕਿਰਤੀ ਕਿਰਤ ਕਰਕੇ ਬਣਾਈ ਹੁੰਦੀ ਹੈ, ਉਹ ਸਮਾਜੀ ਜਾਇਦਾਦ ਵਿੱਚ ਨਹੀਂ ਬਦਲਦੀ। ਕਿਰਤੀ ਨੂੰ ਜਿਹੜੀ ਕਿਰਤ ਦੀ ਘੱਟੋ-ਘੱਟ ਕੀਮਤ ਮਿਲਦੀ ਹੈ, ਉਹ ਉਸ ਨੂੰ ਆਪਣੇ ਜੀਵਨ ਨਿਰਬਾਹ ਲਈ ਮਿਲਦੀ ਹੈ। ਕਿਰਤੀ ਵੱਲੋਂ ਮਿਲੀ ਉਜਰਤ ਨਾਲ ਆਪਣੇ-ਆਪ ਨੂੰ ਮੁੜ ਕਿਰਤ ਕਰਨ ਲਈ ਤਿਆਰ ਕਰਦਾ ਹੈ। ਇਸ ਲਈ ਕਿਰਤੀ ਦੁਆਰਾ ਪੈਦਾ ਕੀਤੀ ਨਿੱਜੀ ਜਾਇਦਾਦ ਨੂੰ ਖਤਮ ਨਹੀਂ ਕੀਤਾ ਜਾਂਦਾ।

ਮੈਨੀਫੈਸਟੋ ਇਹ ਕਹਿੰਦਾ ਹੈ ਕਿ ਬੇਸ਼ੱਕ ਸ਼ੁਰੂ-ਸ਼ੁਰੂ ਵਿੱਚ ਜਾਇਦਾਦ ਦੇ ਹੱਕਾਂ ਉਤੇ ਅਤੇ ਬੁਰਜੂਆ ਉਤਪਾਦਨ ਦੇ ਸੰਬੰਧਾਂ ਉਤੇ ਜ਼ਬਰਦਸਤੀ ਹਮਲਿਆਂ ਤੋਂ ਬਿਨਾਂ ਅਤੇ ਇਸ ਲਈ ਅਜਿਹੇ ਕਦਮਾਂ ਤੋਂ ਬਿਨਾਂ ਇਹਨੂੰ ਅਮਲ ਵਿੱਚ ਨਹੀਂ ਲਿਆਂਦਾ ਜਾ ਸਕਦਾ, ਜਿਹੜੇ ਆਰਥਿਕ ਤੌਰ ਉੱਤੇ ਨਾਕਾਫ਼ੀ ਅਤੇ ਕਮਜ਼ੋਰ ਲੱਗਦੇ ਹਨ, ਪਰ ਜਿਹੜੇ ਲਹਿਰ ਦੇ ਦੌਰਾਨ ਆਪਣੇ ਆਪ ਤੋਂ ਵੀ ਅੱਗੇ ਲੰਘ ਜਾਂਦੇ ਹਨ ਅਤੇ ਉਤਪਾਦਨ ਦੇ ਢੰਗ ਵਿੱਚ ਪੂਰੀ ਤਰ੍ਹਾਂ ਇਨਕਲਾਬ ਲਿਆਉਣ ਦੇ ਸਾਧਨ ਵਜੋਂ ਟਾਲੇ ਨਹੀਂ ਜਾ ਸਕਦੇ। ਇਹ ਕਦਮ ਬੇਸ਼ੱਕ ਵੱਖ-ਵੱਖ ਦੇਸ਼ਾਂ ਵਿੱਚ ਵੱਖ-ਵੱਖ ਹੋਣਗੇ ਤਾਂ ਵੀ ਸਭ ਤੋਂ ਵੱਧ ਉਨਤ ਦੇਸ਼ਾਂ ਵਿੱਚ ਹੇਠ ਲਿਖੀਆਂ ਗੱਲਾਂ ਆਮ ਤੌਰ ਉੱਤੇ ਕਾਫੀ ਹੱਦ ਤੱਕ ਲਾਗੂ ਹੋਣਗੀਆਂ;

(1) ਜ਼ਮੀਨ-ਜਾਇਦਾਦ ਦਾ ਖਾਤਮਾ ਅਤੇ ਜ਼ਮੀਨ ਤੋਂ ਮਿਲਦੇ ਸਾਰੇ ਲਗਾਨਾਂ ਦੀ ਸਰਕਾਰੀ ਖਰਚੇ ਪੂਰੇ ਕਰਨ ਲਈ ਵਰਤੋਂ।(2) ਭਾਰੀ, ਵਧਦੀ ਆਮਦਨ ਉਤੇ ਵਧਦਾ ਜਾਂਦਾ ਜਾਂ ਦਰਜੇਵਾਰ ਆਮਦਨ ਟੈਕਸ।(3) ਵਿਰਸੇ ਦੇ ਸਾਰੇ ਹੱਕ ਦਾ ਖਾਤਮਾ।(4) ਸਾਰੇ ਪ੍ਰਵਾਸੀਆਂ ਅਤੇ ਬਾਗੀਆਂ ਦੀ ਜਾਇਦਾਦ ਦੀ ਜ਼ਬਤੀ।(5) ਰਾਜਕੀ ਸਰਮਾਏ ਅਤੇ ਨਿਰੋਲ ਅਜਾਰੇ ਵਾਲੇ ਕੌਮੀ ਬੈਂਕ ਰਾਹੀਂ ਰਾਜ ਦੇ ਹੱਥਾਂ ਵਿੱਚ ਕਰਜ਼ਾ ਕੇਂਦਰਤ ਕਰਨਾ।(6) ਸੰਚਾਰ ਅਤੇ ਆਵਾਜਾਈ ਦੇ ਸਾਧਨਾਂ ਦਾ ਰਾਜ ਦੇ ਹੱਥਾਂ ਵਿੱਚ ਕੇਂਦਰੀਕਰਨ।(7) ਰਾਜ ਦੀ ਮਾਲਕੀ ਹੇਠਲੀਆਂ ਫੈਕਟਰੀਆਂ ਅਤੇ ਉਤਪਾਦਨ ਦੇ ਸੰਦਾਂ ਦਾ ਪਸਾਰ; ਬੰਜਰ ਜ਼ਮੀਨਾਂ ਨੂੰ ਵਾਹੀ ਹੇਠ ਲਿਆਉਣਾ ਅਤੇ ਇੱਕ ਸਾਂਝੀ ਯੋਜਨਾ ਦੇ ਮੁਤਾਬਕ ਆਮ ਤੌਰ ਉੱਤੇ ਜ਼ਮੀਨ ਦਾ ਸੁਧਾਰ।(8) ਕਿਰਤ ਕਰਨ ਦੀ ਸਭ ਦੀ ਇਕੋ ਜਿੰਨੀ ਜ਼ਿੰਮੇਵਾਰੀ। ਸਨਅਤੀ ਫੌਜਾਂ ਦੀ ਸਥਾਪਨਾ,ਖਾਸ ਤੌਰ ਉੱਤੇ ਜ਼ਰਾਇਤ ਲਈ।(9) ਜ਼ਰਾਇਤ ਨੂੰ ਸਨਅਤ ਨਾਲ ਜੋੜਨਾ ਸ਼ਹਿਰ ਅਤੇ ਪਿੰਡ ਵਿਚਕਾਰ ਫ਼ਰਕ ਦੇ ਹੌਲੀ-ਹੌਲੀ ਖਾਤਮੇ ਵਿੱਚ ਸਹਾਇਤਾ ਕਰਨਾ।(10) ਜਨਤਕ ਸਕੂਲਾਂ ਵਿੱਚ ਸਾਰੇ ਬੱਚਿਆਂ ਲਈ ਮੁਫ਼ਤ ਵਿੱਦਿਆ। ਅਜੋਕੇ ਰੂਪ ਵਿੱਚ ਬੱਚਿਆਂ ਦੀ ਫੈਕਟਰੀ ਕਿਰਤ ਦਾ ਖਾਤਮਾ। ਵਿੱਦਿਆ ਦਾ ਸਨਅਤੀ ਉਤਪਾਦਨ ਨਾਲ ਸੁਮੇਲ, ਆਦਿ।

# ਸੰਪਰਕ: 98760-78731

## ਪੁਰਾਣੀ ਪੈਨਸ਼ਨ ਬਹਾਲੀ ਲਈ ਕਰਮਚਾਰੀਆਂ ਫੂਕੀ ਸਰਕਾਰ ਦੀ ਅਰਥੀ

**ਬੁਢਲਾਡਾ (ਅਸ਼ੋਕ ਲਾਕੜਾ)** ਪੁਰਾਣੀ ਪੈਨਸ਼ਨ ਸਕੀਮ (ਓ ਪੀ ਐੱਸ) ਦੀ ਬਹਾਲੀ ਦੀ ਮੰਗ ਨੂੰ ਲੈ ਕੇ ਸਾਰੇ ਪੰਜਾਬ ਵਿੱਚ ਸੀ.ਪੀ.ਐੱਫ. ਕਰਮਚਾਰੀਆਂ ਯੂਨੀਅਨ ਤੇ ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਵੱਲੋਂ ਜ਼ੋਰਦਾਰ ਪ੍ਰਦਰਸ਼ਨ ਕਰਦਿਆਂ ਜ਼ਿਲ੍ਹਾ ਪੱਧਰ 'ਤੇ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਆਪਣਾ ਰੋਸ ਜ਼ਾਹਰ ਕਰਦਿਆਂ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਸੀ ਪੀ ਐੱਫ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਧਰਮਿੰਦਰ ਸਿੰਘ ਹੀਰੇਵਾਲਾ ਤੇ ਪੁਰਾਣੀ ਪੈਨਸ਼ਨ ਬਹਾਲ ਕਮੇਟੀ ਦੇ ਕਨਵੀਨਰ ਦਰਸ਼ਨ ਸਿੰਘ ਅਲੀਸ਼ੇਰ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਸਰਕਾਰ ਦੀ ਅਰਥੀ ਫੂਕ ਕੇ ਆਪਣਾ ਰੋਸ ਪ੍ਰਗਟ ਕੀਤਾ।ਉਨ੍ਹਾਂ ਕਿਹਾ ਕਿ ਨਵੀਂ ਪੈਨਸ਼ਨ ਸਕੀਮ ਕਰਮਚਾਰੀਆਂ ਦੇ ਭਵਿੱਖ ਨਾਲ ਖਿਲਵਾੜ ਹੈ ਤੇ ਰਿਟਾਇਰਮੈਂਟ ਤੋਂ ਬਾਅਦ ਆਰਥਿਕ ਸੁਰੱਖਿਆ ਪ੍ਰਦਾਨ ਨਹੀਂ ਕਰਦੀ।ਉਨ੍ਹਾਂ ਦੱਸਿਆ ਕਿ ਚੋਣਾਂ ਤੋਂ ਪਹਿਲਾਂ ਕੀਤੇ ਗਏ ਵਾਅਦਿਆਂ ਦੇ ਬਾਵਜੂਦ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਸੰਬੰਧੀ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ। ਯੂਨੀਅਨ ਆਗੂਆਂ ਨੇ ਕਿਹਾ ਕਿ 2004 ਤੋਂ ਬਾਅਦ ਭਰਤੀ ਹੋਏ ਕਰਮਚਾਰੀਆਂ ਨੂੰ ਪੁਰਾਣੀ ਪੈਨਸ਼ਨ ਸਕੀਮ ਤੋਂ ਵਾਂਝੇ ਰੱਖਣਾ ਨਿਆਂਸੰਗਤ ਨਹੀਂ ਹੈ।ਸਰਕਾਰ ਨੂੰ ਤੁਰੰਤ ਪੁਰਾਣੀ ਪੈਨਸ਼ਨ ਬਹਾਲ ਕਰਨੀ ਚਾਹੀਦੀ ਹੈ।ਪ੍ਰਦਰਸ਼ਨਕਾਰੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ ਤੇ ਸੂਬਾ ਪੱਧਰ 'ਤੇ ਵੱਡਾ ਅੰਦੋਲਨ ਛੇੜਿਆ ਜਾਵੇਗਾ।ਮਾਨਸਾ ਜ਼ਿਲ੍ਹੇ ਵਿੱਚ 24 ਫਰਵਰੀ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਕਾਲੀਆਂ ਝੰਡੀਆਂ ਨਾਲ ਵਿਰੋਧ ਕੀਤਾ ਜਾਵੇਗਾ।ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ ਤੇ ਸਭ ਨੇ ਇਕਜੁੱਟ ਹੋ ਕੇ ਪੁਰਾਣੀ ਪੈਨਸ਼ਨ ਦੀ ਬਹਾਲੀ ਦੀ ਮੰਗ ਕੀਤੀ।



## ਵਪਾਰਕ ਸਮਝੌਤੇ ਖ਼ਿਲਾਫ਼ ਕਾਂਗਰਸ ਵੱਲੋਂ ਮਾਨਸਾ 'ਚ ਜ਼ੋਰਦਾਰ ਪ੍ਰਦਰਸ਼ਨ

**ਮਾਨਸਾ (ਪਮਾਰ/ਰੀਤਵਾਲ)**- ਕੇਂਦਰ ਸਰਕਾਰ ਵੱਲੋਂ ਅਮਰੀਕਾ ਦੇ ਨਾਲ ਕੀਤੇ ਗਏ ਨਵੇਂ ਵਪਾਰਕ ਸਮਝੌਤੇ ਨੇ ਪੰਜਾਬ ਦੀ ਸਿਆਸਤ ਤੇ ਕਿਸਾਨੀ ਹਲਕਿਆਂ ਵਿੱਚ ਇੱਕ ਨਵਾਂ ਤੂਫ਼ਾਨ ਖੜ੍ਹਾ ਕਰ ਦਿੱਤਾ ਹੈ।ਇਸ ਸਮਝੌਤੇ ਤਹਿਤ ਭਾਰਤੀ ਬਾਜ਼ਾਰਾਂ ਨੂੰ ਅਮਰੀਕੀ ਅਨਾਜ ਤੇ ਹੋਰ ਵਸਤਾਂ ਲਈ ਖੋਲ੍ਹੇ ਜਾਣ ਦੇ ਵਿਰੋਧ ਵਿੱਚ ਅੱਜ ਕਾਂਗਰਸ ਪਾਰਟੀ ਵੱਲੋਂ ਜ਼ਿਲ੍ਹਾ ਮਾਨਸਾ ਵਿਖੇ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ।ਕਾਂਗਰਸ ਵੱਲੋਂ ਜ਼ਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਮਾਨਸਾ ਨਵਜੋਤ ਕੌਰ ਰਾਹੀਂ ਭਾਰਤ ਸਰਕਾਰ ਦੇ ਨਾਮ ਇੱਕ ਮੰਗ ਪੱਤਰ ਸੌਂਪ ਕੇ ਇਸ ਸਮਝੌਤੇ ਨੂੰ ਤੁਰੰਤ ਪ੍ਰਭਾਵ ਨਾਲ ਰੱਦ ਕਰਨ ਦੀ ਪੁਰਜ਼ੋਰ ਮੰਗ ਕੀਤੀ ਹੈ।ਕਾਂਗਰਸ ਪਾਰਟੀ ਨੇ ਇਸ ਵਪਾਰਕ ਸੰਧੀ ਦੀ ਸਖ਼ਤ ਨਿਖੇਧੀ ਕਰਦਿਆਂ ਇਸ ਨੂੰ ਦੇਸ਼ ਦੇ ਕਿਸਾਨਾਂ, ਮਜ਼ਦੂਰਾਂ ਤੇ ਮਿਹਨਤਕਸ਼ ਲੋਕਾਂ ਦੇ ਹਿੱਤਾਂ 'ਤੇ ਵੱਡਾ ਡਾਕਾ ਕਰਾਰ ਦਿੱਤਾ ਹੈ।ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਕਿਹਾ ਕਿ ਇਹ ਸਮਝੌਤਾ ਖ਼ਾਸ ਕਰਕੇ ਪੰਜਾਬ ਵਰਗੇ ਖੇਤੀ ਪ੍ਰਧਾਨ ਸੂਬੇ ਲਈ ਮੌਤ ਦੇ ਵਾਰੰਟ ਵਾਂਗ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਪੂਰੀ ਆਰਥਿਕਤਾ, ਕਾਰੋਬਾਰ ਤੇ ਪਸ਼ੂ ਪਾਲਣ ਦਾ ਧੰਦਾ ਪੂਰੀ ਤਰ੍ਹਾਂ ਖੇਤੀ 'ਤੇ ਨਿਰਭਰ ਹੈ ਤੇ ਇਸ ਸਮਝੌਤੇ ਨਾਲ ਇਹ ਸਭ ਕੁਝ ਤਬਾਹ ਹੋ ਜਾਵੇਗਾ।ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਹ ਸਮਝੌਤਾ ਲਾਗੂ ਹੁੰਦਾ ਹੈ, ਤਾਂ ਭਾਰਤੀ ਬਾਜ਼ਾਰਾਂ ਵਿੱਚ ਅਮਰੀਕੀ ਅਨਾਜ, ਦੁੱਧ ਤੇ ਇਨ੍ਹਾਂ ਤੋਂ ਬਣੇ ਹੋਰ ਉਤਪਾਦ ਵੱਡੀ ਮਾਤਰਾ ਵਿੱਚ ਬਹੁਤ ਹੀ ਸਸਤੇ ਭਾਅ 'ਤੇ ਸੁੱਟੇ ਜਾਣਗੇ।ਇਹ ਇੱਕ ਸੋਚੀ-ਸਮਝੀ ਰਣਨੀਤੀ ਹੈ, ਜਿਸ ਤਹਿਤ ਪਹਿਲਾਂ ਸਸਤੀਆਂ ਵਸਤਾਂ ਰਾਹੀਂ ਦੇਸ਼ ਦੇ ਬਾਜ਼ਾਰ 'ਤੇ ਕਬਜ਼ਾ ਕੀਤਾ ਜਾਵੇਗਾ ਅਤੇ ਜਦੋਂ ਦੇਸ਼ ਦੇ ਲੋਕ ਅਮਰੀਕੀ ਉਤਪਾਦਾਂ 'ਤੇ ਨਿਰਭਰ ਹੋ ਗਏ, ਤਾਂ ਇਸ ਡੀਲ ਦੇ ਰੇਟਾਂ ਵਿੱਚ ਮਨਮਾਨਾ ਵਾਧਾ ਕਰਕੇ ਲੋਕਾਂ ਦੀ ਲੁੱਟ ਕੀਤੀ ਜਾਵੇਗੀ। ਪੰਜਾਬ, ਜੋ ਕਿ ਦੇਸ਼ ਦੇ ਅੰਨ ਭੰਡਾਰ ਵਿੱਚ ਸਭ ਤੋਂ ਵੱਡਾ ਹਿੱਸਾ ਪਾਉਂਦਾ ਹੈ, ਇਸ ਫੈਸਲੇ ਨਾਲ ਸਭ ਤੋਂ ਵੱਧ ਪ੍ਰਭਾਵਿਤ ਹੋਵੇਗਾ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਪਹਿਲਾਂ ਤਿੰਨ ਕਾਲੇ ਖੇਤੀ ਕਾਨੂੰਨ ਲੈ ਕੇ ਆਈ ਸੀ, ਜਿਨ੍ਹਾਂ ਨੂੰ ਕਿਸਾਨਾਂ ਤੇ ਕਾਂਗਰਸ ਦੇ ਸਖ਼ਤ ਵਿਰੋਧ ਤੋਂ ਬਾਅਦ ਵਾਪਸ ਲੈਣਾ ਪਿਆ ਸੀ।ਹੁਣ ਕੇਂਦਰ ਸਰਕਾਰ ਨੇ ਕਿਸਾਨੀ ਤੇ ਖੇਤੀ ਨੂੰ ਪਿੱਛੇ ਧੱਕਣ ਲਈ ਅਮਰੀਕਾ ਨਾਲ ਇਹ ਨਵਾਂ ਵਪਾਰਕ ਰਾਹ ਲੱਭ ਲਿਆ ਹੈ।ਉਨ੍ਹਾਂ ਦੋਸ਼ ਲਾਇਆ ਕਿ ਮੌਜੂਦਾ ਸਰਕਾਰ ਕਾਰਪੋਰੇਟ ਘਰਾਣਿਆਂ ਤੇ ਵਿਦੇਸ਼ੀ ਤਾਕਤਾਂ ਦੇ ਹੱਥਾਂ ਵਿੱਚ ਖੇਡ ਰਹੀ ਹੈ, ਜੋ ਦੇਸ਼ ਨੂੰ ਮੁੜ ਗੁਲਾਮੀ ਤੇ ਵਿਦੇਸ਼ੀ ਵਸਤਾਂ 'ਤੇ ਨਿਰਭਰਤਾ ਵੱਲ ਧੱਕ ਰਹੀ ਹੈ।ਉਨ੍ਹਾਂ ਐਲਾਨ ਕੀਤਾ ਕਿ ਉਹ ਇਸ ਮੁੱਦੇ ਨੂੰ ਜਨਤਾ ਦੀ ਕਚਹਿਰੀ ਵਿੱਚ ਲੈ ਕੇ ਜਾਵਾਂਗੇ ਤਾਂ ਜੋ ਲੋਕਾਂ ਨੂੰ ਦੱਸਿਆ ਜਾ ਸਕੇ ਕਿ ਇਹ ਸਮਝੌਤਾ ਆਉਣ ਵਾਲੇ ਭਵਿੱਖ ਲਈ ਕਿੰਨਾ ਘਾਤਕ ਹੈ।ਉਨ੍ਹਾਂ ਹਰ ਦੇਸ਼ ਵਾਸੀ ਨੂੰ ਅਪੀਲ ਕੀਤੀ ਕਿ ਉਹ ਪਸ਼ੂ ਧਨ, ਮਜ਼ਦੂਰਾਂ ਤੇ ਖੇਤੀ 'ਤੇ ਨਿਰਭਰ ਧੰਦਿਆਂ ਨੂੰ ਬਚਾਉਣ ਲਈ ਇਸ ਦਾ ਵਿਰੋਧ ਕਰਨ। ਇਸ ਮੌਕੇ ਬਲਕੌਰ ਸਿੰਘ ਸਿੱਧੂ, ਸੱਤਪਾਲ ਮੁਲੇਵਾਲਾ, ਬਿਕਰਮ ਮੋਫਰ, ਸਤਗੁਰ ਸਿੰਘ ਜਲਵੇੜਾ, ਸੁਰੇਸ਼ ਨੰਦਗੜ੍ਹੀਆ, ਡਾਕਟਰ ਮਨਜੀਤ ਸਿੰਘ ਰਾਜਪੂਤ ਰਾਏ ਸ਼ਰਮਾ, ਸਵਰਨਜੀਤ ਖੁਡਾਲ, ਗੁਰਪ੍ਰੀਤ ਵਿੱਕੀ, ਬਲਵਿੰਦਰ ਨਾਰੰਗ, ਪ੍ਰਿਤਪਾਲ ਡਾਲੀ, ਨਵੀਨ ਕਾਲਾ, ਸੁਖਦਰਸ਼ਨ ਖਾਰਾ, ਚਮਕੌਰ ਸਿੰਘ ਸਿੱਧੂ, ਜਤਿੰਦਰ ਆਗਰਾ, ਨਰੇਸ਼ ਐਮ.ਸੀ, ਸੁਰੇਸ਼ ਕੁਲਰੀਆਂ, ਲਛਮਣ ਲਖੀਆ, ਗੁਰਸ਼ਰਨ ਮਾਖਾ, ਮੱਖਣ ਸ਼ਰਮਾ, ਕੁਲਵੀਰ ਸਿੰਘ, ਨਰੋਤਮ ਚਹਿਲ, ਗਗਨ ਸਰਦੂਲਗੜ੍ਹ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਤੇ ਵਰਕਰ ਹਾਜ਼ਰ ਸਨ।



ਭਾਰਤ ਸਰਕਾਰ ਨੂੰ ਭੇਜਿਆ ਮੰਗ ਪੱਤਰ

## 200 ਲੀਟਰ ਲਾਹਣ ਸਣੇ ਕਾਬੂ

**ਜਲਾਲਾਬਾਦ (ਜੀਤ ਕੁਮਾਰ)**- ਥਾਣਾ ਵੈਰੋਕੇ ਪੁਲਸ ਨੇ ਪਿੰਡ ਕਾਠਗੜ੍ਹ ਵਿਖੇ ਛਾਪੇਮਾਰੀ ਕਰਕੇ ਇਕ ਘਰ ਵਿੱਚੋਂ 200 ਲੀਟਰ ਲਾਹਣ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਇਸ ਸਬੰਧੀ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸਵਰਨ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਚੈਕਿੰਗ ਦੇ ਸਬੰਧ ਵਿੱਚ ਥਾਣਾ ਏਰੀਏ ਵਿੱਚ ਮੌਜੂਦ ਸੀ, ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਕਾਠਗੜ੍ਹ ਦੇ ਕੋਲ ਪੁੱਜੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਬਲਕਾਰ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਪਾਲੀਵਾਲਾ ਆਪਣੇ ਘਰ ਵਿੱਚ ਨਾਜਾਇਜ਼ ਸ਼ਰਾਬ ਕੱਢਣ ਲਈ ਲਾਹਣ ਪਾਈ ਹੋਈ ਹੈ, ਜੇਕਰ ਹੁਣੇ ਰੇਡ ਕੀਤਾ ਜਾਵੇ ਤਾਂ ਕਾਬੂ ਆ ਸਕਦਾ ਹੈ। ਇਸ 'ਤੇ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ 200 ਲੀਟਰ ਲਾਹਣ ਸਣੇ ਬਲਕਾਰ ਸਿੰਘ ਨੂੰ ਕਾਬੂ ਕਰ ਲਿਆ। ਥਾਣਾ ਵੈਰੋਕੇ ਵਿਖੇ ਪੁਲਸ ਨੇ ਆਬਕਾਰੀ ਐਕਟ ਤਹਿਤ ਪਰਚਾ ਦਰਜ ਕੀਤਾ ਹੈ।

## ਵੱਖ-ਵੱਖ ਥਾਵਾਂ 'ਤੇ ਕਿਸਾਨਾਂ ਉੱਪਰ ਕੀਤੇ ਪੁਲਸ ਤਸ਼ੱਦਦ ਤੇ ਗ੍ਰਿਫ਼ਤਾਰੀ ਦੀ ਨਿੰਦਾ

**ਮਾਨਸਾ (ਆਤਮਾ ਸਿੰਘ ਪਮਾਰ)** ਕਾਂਗਰਸ ਕਮੇਟੀ ਦੇ ਸਾਬਕਾ ਕਾਰਜਕਾਰੀ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਗੁਰਪ੍ਰੀਤ ਸਿੰਘ ਨੇ ਬੀਤੇ ਦਿਨੀਂ ਬਠਿੰਡਾ ਵਿੱਚ ਕਿਸਾਨਾਂ 'ਤੇ ਪੰਜਾਬ ਸਰਕਾਰ ਵਿਚਾਲੇ ਟਕਰਾਅ ਦੀ ਸਖ਼ਤ ਨਿੰਦਾ ਕੀਤੀ।ਉਨ੍ਹਾਂ ਕਿਹਾ ਕਿ ਕੱਲ੍ਹ ਬਠਿੰਡਾ ਜਾਂਦੇ ਕਿਸਾਨਾਂ 'ਤੇ ਪ੍ਰਸ਼ਾਸਨ ਵਿਚਾਲੇ ਹੋਈ ਝੜਪ ਬਹੁਤ ਹੀ ਦੁੱਖਦਾਈ ਤੇ ਨਿੰਦਣਯੋਗ ਘਟਨਾ ਹੈ।ਕਿਸਾਨ ਆਪਣੀਆਂ ਜਾਇਜ਼ ਮੰਗਾਂ ਤੇ ਆਪਣੇ ਸਾਥੀਆਂ ਨੂੰ ਰਿਹਾਅ ਕਰਵਾਉਣ ਲਈ ਸ਼ਾਂਤਮਈ ਢੰਗ ਨਾਲ ਰੋਸ ਪ੍ਰਦਰਸ਼ਨ ਕਰ ਰਹੇ ਸਨ, ਪਰ ਉਨ੍ਹਾਂ ਨੂੰ ਰੋਕਣ ਲਈ ਪੁਲਸ ਵੱਲੋਂ ਜ਼ਬਰਦਸਤੀ ਕੀਤੀ ਗਈ, ਜਿਸ ਕਾਰਨ ਹਾਲਾਤ ਤਣਾਅ ਭਰਪੂਰ ਹੋ ਗਏ।ਵਿੱਕੀ ਨੇ ਕਿਹਾ ਕਿ ਇਸ ਟਕਰਾਅ ਦੌਰਾਨ ਕਈ ਕਿਸਾਨ ਜ਼ਖ਼ਮੀ ਹੋਏ ਤੇ ਕਈਆਂ ਨੂੰ ਹਿਰਾਸਤ ਵਿੱਚ ਵੀ ਲਿਆ ਗਿਆ।ਕਿਸਾਨ ਦੇਸ਼ ਦੀ ਰੀੜ੍ਹ ਹਨ ਤੇ ਉਨ੍ਹਾਂ ਦੀਆਂ ਮੰਗਾਂ ਨੂੰ ਦਬਾਉਣ ਦੀ ਬਜਾਏ ਗੱਲਬਾਤ ਰਾਹੀਂ ਹੱਲ ਕੀਤਾ ਜਾਣਾ ਚਾਹੀਦਾ ਹੈ।ਐਡਵੋਕੇਟ ਵਿੱਕੀ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਦੀ ਸਰਕਾਰ ਹੂਬਹੂ ਕੇਂਦਰ ਦੀ ਭਾਜਪਾ ਸਰਕਾਰ ਦੇ ਕਿਸਾਨ ਵਿਰੋਧੀ ਏਜੰਡੇ 'ਤੇ ਚੱਲ ਪਈ ਹੈ। ਬੇਸ਼ੱਕ ਪਹਿਲਾਂ ਸ਼ੰਭੂ, ਖਨੌਰੀ ਬਾਰਡਰ 'ਤੇ ਕੀਤੀ ਕਾਰਵਾਈ ਹੋਵੇ ਤੇ ਹੁਣ ਬਠਿੰਡਾ ਦੇ ਨੇੜਲੇ ਪਿੰਡ ਵਿਖੇ ਕਿਸਾਨਾਂ 'ਤੇ ਕੀਤੇ ਜਾ ਰਹੇ ਜ਼ੁਲਮ ਇਸੇ ਲੜੀ ਦਾ ਹਿੱਸਾ ਹਨ।ਉਨ੍ਹਾਂ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਕਿਸਾਨੀ ਮਸਲਿਆਂ 'ਤੇ ਅਜੇ ਤੱਕ ਵੀ ਸੰਜੀਦਾ ਨਹੀਂ ਤਾਂ ਆਉਣ ਵਾਲੇ ਸਮੇਂ ਅੰਦਰ ਲੋਕਾਂ ਦੇ ਭਾਰੀ ਵਿਰੋਧ ਦਾ ਸਾਹਮਣਾ ਕਰਨਾ ਪਵੇਗਾ।

## ਸੁਖਾਨੰਦ ਕਤਲ ਕਾਂਡ ਦੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਈ ਵਫਦ ਐੱਸ ਐੱਸ ਪੀ ਨੂੰ ਮਿਲਿਆ

**ਮੋਗਾ (ਇਕਬਾਲ ਸਿੰਘ ਖਹਿਰਾ)**- ਪਿੰਡ ਸੁਖਾਨੰਦ ਵਿਖੇ ਸਿਕੰਦਰ ਸਿੰਘ ਦੇ ਸਾਰੇ ਕਾਤਲਾਂ ਨੂੰ ਪੁਲਸ ਨੇ ਦੋ ਮਹੀਨੇ ਬੀਤਣ 'ਤੇ ਵੀ ਹਾਲੇ ਤੱਕ ਗ੍ਰਿਫਤਾਰ ਨਹੀਂ ਕੀਤਾ।ਇਸ ਸਬੰਧੀ ਅੱਜ ਨੌਜਵਾਨ ਭਾਰਤ ਸਭਾ ਦਾ ਵਫਦ ਐੱਸ ਐੱਸ ਪੀ ਮੋਗਾ ਨੂੰ ਮਿਲਿਆ, ਜਿਨ੍ਹਾਂ ਨੇ ਵਫਦ ਨੂੰ ਭਰੋਸਾ ਦਿਵਾਇਆ ਕਿ 13/12/2025 ਨੂੰ ਸਮਾਲਸਰ ਥਾਣੇ ਦਰਜ ਹੋਏ ਮੁਕੱਦਮੇ ਨੰਬਰ 0173 ਦੇ ਰਹਿੰਦੇ ਚਾਰ ਦੋਸ਼ੀ ਰਮਜਾਨ, ਰਿੰਕਾ ਕਰਿੰਦਾ ਖਿਡਾਰੀ, ਮੰਨੂੰ ਵਾਸੀ ਪਿੰਡ ਚੀਦਾ ਤੇ ਬੂਟਾ ਸਿੰਘ ਵਾਸੀ ਸੁਖਾਨੰਦ ਜਲਦ ਗ੍ਰਿਫਤਾਰ ਕਰ ਲਏ ਜਾਣਗੇ।ਜੇਕਰ ਭਰੋਸਾ ਪੂਰਾ ਨਾ ਹੋਇਆ ਤਾਂ ਨੌਜਵਾਨ ਭਾਰਤ ਸਭਾ ਜ਼ਿਲ੍ਹੇ ਦੀ ਮੀਟਿੰਗ ਕਰਕੇ ਅਗਲੇ ਸੰਘਰਸ਼ ਦੀ ਵਿਉਂਤਬੰਦੀ ਤੈਅ ਕਰੇਗੀ।ਵਫਦ ਵਿਚ ਸ਼ਾਮਲ ਨੌਜਵਾਨ ਭਾਰਤ ਸਭਾ ਦੇ ਸੂਬਾ ਮੀਤ ਪ੍ਰਧਾਨ ਕਰਮਜੀਤ ਮਾਣੂੰਕੇ, ਜ਼ਿਲ੍ਹਾ ਕਮੇਟੀ ਮੈਂਬਰ ਨਿਰਮਲ ਸਿੰਘ ਸੇਖਾ ਨੇ ਦੱਸਿਆ ਕਿ 12 ਦਸੰਬਰ ਨੂੰ ਸੁਖਾਨੰਦ ਵਿਖੇ ਗੁੰਡਿਆਂ ਨੇ ਪਿੰਡ ਵਿੱਚ ਗੁੰਡਾਗਰਦੀ ਦਾ ਨੰਗਾ ਨਾਚ ਨੱਚਿਆ, ਸਿਕੰਦਰ ਸਿੰਘ ਨੂੰ ਕਤਲ ਕੀਤਾ, ਇੱਕ ਔਰਤ ਦੀ ਬਾਂਹ ਤੋੜੀ, ਕਈ ਘਰਾਂ ਦੀ ਭੰਨਤੋੜ ਕੀਤੀ, ਕਈ ਵਿਅਕਤੀਆਂ ਨੂੰ ਜ਼ਖ਼ਮੀ ਕੀਤਾ।ਸਮਾਲਸਰ ਪੁਲਸ ਨੇ 11 ਦੋਸ਼ੀਆਂ 'ਤੇ ਮੁਕੱਦਮਾ ਦਰਜ ਕੀਤਾ ਸੀ, ਪਰ ਚਾਰ ਦੋਸ਼ੀ ਹਾਲੇ ਵੀ ਗ੍ਰਿਫਤਾਰ ਨਹੀਂ ਕੀਤੇ, ਹਾਲਾਂਕਿ ਇਸ ਘਟਨਾਕ੍ਰਮ ਨੂੰ ਦੋ ਮਹੀਨੇ ਤੋਂ ਉਪਰ ਦਾ ਸਮਾਂ ਬੀਤ ਚੁੱਕਾ ਹੈ।ਸਮਾਲਸਰ ਥਾਣਾ ਤੇ ਬਾਘਾ ਪੁਰਾਣਾ ਪੁਲਸ ਮਸਲੇ ਨੂੰ ਲਟਕਾ ਰਹੀ ਹੈ, ਦੋਸ਼ੀਆਂ ਨੂੰ ਬਚਾਉਣ ਲਈ ਪੂਰਾ ਜ਼ੋਰ ਲਗਾ ਰਹੀ ਹੈ, ਇਸ ਦੇ ਪਿੱਛੇ ਸਿਆਸੀ ਹੱਥ ਹੈ।ਸਮਾਲਸਰ ਤੇ ਬਾਘਾ ਪੁਰਾਣਾ ਦੀ ਪੁਲਸ ਸਿਆਸੀ ਸ਼ਹਿ 'ਤੇ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਜਿਹੜੇ ਦੋਸ਼ੀ ਫੜੇ ਨਹੀਂ ਜਾ ਰਹੇ, ਉਨ੍ਹਾਂ ਦਾ ਪਹਿਲਾਂ ਤੋਂ ਹੀ ਗੁੰਡਾਗਰਦੀ ਦਾ ਪਿਛੋਕੜ ਹੈ, ਆਪਣੇ ਸਿਆਸੀ ਅਸਰ-ਰਸੂਖ ਕਰਕੇ ਹੀ ਉਹ ਬੇਖੌਫ ਘੁੰਮ ਰਹੇ ਹਨ।ਉਨ੍ਹਾਂ ਦੱਸਿਆ ਕਿ ਜੇਕਰ ਐੱਸ ਐੱਸ ਪੀ ਵੱਲੋਂ ਦਿੱਤਾ ਭਰੋਸਾ ਪੂਰਾ ਨਾ ਹੋਇਆ ਤਾਂ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਕਰਕੇ ਅਗਲੇ ਸੰਘਰਸ਼ ਦੀ ਵਿਉਂਤਬੰਦੀ ਕੀਤੀ ਜਾਵੇਗੀ।ਇਸ ਮੌਕੇ ਸਾਧੂ ਸਿੰਘ ਸੇਖਾ, ਗੁਰਪ੍ਰੀਤ ਸਿੰਘ ਰੋਡੇ, ਲਛਮਣ ਸਿੰਘ, ਜਸਪ੍ਰੀਤ ਸਿੰਘ ਆਦਿ ਹਾਜ਼ਰ ਸਨ।



## ਕੈਬਨਿਟ ਮੰਤਰੀ ਅਮਨ ਅਰੋੜਾ ਦੇ ਸਹੁਰਾ ਸੰਦੀਪ ਗਿਲਹੋਤਰਾ ਨਮਿਤ ਅੰਤਿਮ ਅਰਦਾਸ ਭਲਕੇ

**ਸੁਨਾਮ, (ਅਸ਼ੋਕ ਬਾਂਸਲ, ਹਾਕਮ ਭੱਟੀ)** ਸ੍ਰੀ ਸੰਦੀਪ ਗਿਲ੍ਹੋਤਰਾ, ਜੋ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਦੇ ਸਹੁਰਾ ਸਨ, ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਪ੍ਰਭੂ ਚਰਨਾਂ ਵਿੱਚ ਲੀਨ ਹੋ ਗਏ।ਉਨ੍ਹਾਂ ਦੇ ਅਚਾਨਕ ਵਿਛੋੜੇ ਨਾਲ ਹਰ ਪਾਸੇ ਸੋਗ ਦੀ ਲਹਿਰ ਦੌੜ ਗਈ ਹੈ ਤੇ ਉਨ੍ਹਾਂ ਨਮਿਤ ਅੰਤਿਮ ਅਰਦਾਸ/ਰਸਮ ਕਿਰਿਆ, ਐਮ ਆਰ ਵੁਡਸ ਗੋਲਡ, ਫਾਜ਼ਿਲਕਾ ਵਿਖੇ 22 ਫਰਵਰੀ ਨੂੰ ਹੋਵੇਗੀ। ਸ੍ਰੀ ਗਿਲ੍ਹੋਤਰਾ ਦਾ ਜਨਮ 6 ਮਾਰਚ 1956 ਨੂੰ ਪ੍ਰਸਿੱਧ ਭੂਮਿਪਤੀ ਸੇਠ ਰਾਜਾ ਰਾਮ ਨਾਗਪਾਲ ਅਤੇ ਸ੍ਰੀਮਤੀ ਕ੍ਰਿਸ਼ਨਾ ਰਾਣੀ ਦੇ ਘਰ ਹੋਇਆ।ਉਨ੍ਹਾਂ ਨੂੰ ਉਨ੍ਹਾਂ ਦੇ ਨਾਨਾ ਅਤੇ ਖੇਤਰ ਦੇ ਮਾਣਯੋਗ ਵਿਅਕਤੀ ਸੇਠ ਮੁੰਸ਼ੀ ਰਾਮ ਗਿਲ੍ਹੋਤਰਾ ਨੇ ਗੋਦ ਲਿਆ।ਸੇਠ ਮੁੰਸ਼ੀ ਰਾਮ ਗਿਲ੍ਹੋਤਰਾ ਆਪਣੇ ਸਮੇਂ ਵਿੱਚ ਨਗਰ ਕੌਂਸਲ ਫਾਜ਼ਿਲਕਾ ਦੇ ਪ੍ਰਧਾਨ ਅਤੇ ਮਾਰਕੀਟ ਕਮੇਟੀ ਫਾਜ਼ਿਲਕਾ ਦੇ ਚੇਅਰਮੈਨ ਰਹੇ ਅਤੇ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਖੇਤਰਾਂ ਵਿੱਚ ਉਨ੍ਹਾਂ ਦਾ ਵਿਸ਼ੇਸ਼ ਮਾਨ-ਸਤਿਕਾਰ ਸੀ। ਸ੍ਰੀ ਸੰਦੀਪ ਗਿਲ੍ਹੋਤਰਾ ਨੇ ਗ੍ਰੈਜੂਏਸ਼ਨ ਤਕ ਸਿੱਖਿਆ ਪ੍ਰਾਪਤ ਕਰਕੇ ਆਪਣੇ ਉੱਚ ਪਰਵਾਰਕ ਸੰਸਕਾਰਾਂ ਨੂੰ ਜੀਵਨ ਦੇ ਹਰ ਖੇਤਰ ਵਿੱਚ ਅਮਲ ਕੀਤਾ।ਮੁਕਤਸਰ ਦੇ ਸੇਤੀਆ ਪਰਿਵਾਰ ਦੀ ਪੁੱਤਰੀ ਸ੍ਰੀਮਤੀ ਰੰਜਨਾ ਗਿਲ੍ਹੋਤਰਾ ਨਾਲ ਉਨ੍ਹਾਂ ਦਾ ਵਿਆਹ ਹੋਇਆ। ਉਨ੍ਹਾਂ ਦੇ ਘਰ ਪੁੱਤਰ ਕਰਨ ਗਿਲ੍ਹੋਤਰਾ ਤੇ ਧੀ ਸਬੀਨਾ ਦੇ ਰੂਪ ਵਿੱਚ ਖੁਸ਼ੀਆਂ ਆਈਆਂ।ਸ੍ਰੀ ਗਿਲ੍ਹੋਤਰਾ ਦੀ ਧੀ ਸਬੀਨਾ ਨਾਲ ਹੀ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਦੀ ਸ਼ਾਦੀ ਹੋਈ। ਸਮਾਜਿਕ ਅਤੇ ਧਾਰਮਿਕ ਖੇਤਰਾਂ ਵਿੱਚ ਵੀ ਉਹ ਸਰਗਰਮ ਰਹੇ।ਸੀਮਾਵਰਤੀ ਪਿੰਡ ਆਸਫਵਾਲਾ ਵਿੱਚ 1971 ਦੇ ਯੁੱਧ ਦੇ ਸ਼ਹੀਦਾਂ ਦੀ ਯਾਦ ਵਿੱਚ ਬਣੀ ਸ਼ਹੀਦਾਂ ਦੀ ਸਮਾਧੀ ਨਾਲ ਉਨ੍ਹਾਂ ਦਾ ਗਹਿਰਾ ਨਾਤਾ ਸੀ ਤੇ ਇਸ ਸਮਾਧੀ ਦੇ ਪ੍ਰਬੰਧਕਾਂ ਦੇ ਉਹ ਪ੍ਰਧਾਨ ਸਨ ਤੇ ਸਮਾਧੀ ਵਿਕਸਤ ਕਰਨ ਵਿੱਚ ਸਭ ਤੋਂ ਅਹਿਮ ਯੋਗਦਾਨ ਪਾਇਆ।



## ਚਤਵਿੰਦਰ ਸਿੰਘ ਸਾਥੀਆਂ ਸਮੇਤ ਅਕਾਲੀ ਦਲ 'ਚ ਸ਼ਾਮਲ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**- ਸੁਨਾਮ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਇੰਚਾਰਜ ਸ੍ਰ. ਵਿਨਰਜੀਤ ਸਿੰਘ ਖਡਿਆਲ ਵੱਲੋਂ ਲਗਾਤਾਰ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਦੇ ਯਦਨਾਂ ਸਦਕੇ ਪਾਰਟੀ ਵਿੱਚ ਨੌਜਵਾਨਾਂ ਤੇ ਵਿਅਕਤੀਆਂ ਨੂੰ ਸ਼ਾਮਲ ਕੀਤਾ ਜਾ ਰਿਹਾ ਹੈ। ਇਸ ਦੇ ਚਲਦੇ ਪਿੰਡ ਨਾਗਰਾ ਵਿੱਚੋਂ ਸ਼੍ਰੋਮਣੀ ਅਕਾਲੀ ਦਲ ਨੂੰ ਉਦੋਂ ਵੱਡਾ ਹੁੰਗਾਰਾ ਮਿਲਿਆ ਜਦੋਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਢੀਂਡਸਾ ਗਰੁੱਪ ਨੂੰ ਅਲਵਿਦਾ ਕਰਕੇ ਸਰਕਲ ਪ੍ਰਧਾਨ ਗੱਗੜਪੁਰ ਬਲਵਿੰਦਰ ਸਿੰਘ ਅਕਬਰਪੁਰ ਦੀ ਪ੍ਰੇਰਨਾ ਸਦਕਾ ਅਤੇ ਹਲਕਾ ਇੰਚਾਰਜ ਸ. ਵਿਨਰਜੀਤ ਸਿੰਘ ਖਡਿਆਲ ਦੀ ਅਗਵਾਈ ਦੇ ਵਿੱਚ ਨੌਜਵਾਨ ਚਤਵਿੰਦਰ ਸਿੰਘ ਚੱਢੂ ਆਪਣੇ ਸਾਥੀਆਂ ਸਮੇਤ ਸ਼ਾਮਲ ਹੋਏ।ਇਨ੍ਹਾਂ ਵਿੱਚ ਜਸਪਾਲ ਸਿੰਘ, ਲਛਮਣ ਸਿੰਘ, ਜਗਸੀਰ ਸਿੰਘ, ਜਗਜੀਤ ਸਿੰਘ, ਪਰਵੀਨ ਦਾਸ, ਜੂਪਾ ਸਿੰਘ, ਬਲਦੇਵ ਸਿੰਘ, ਸੇਵਾ ਸਿੰਘ, ਜਗਦੇਵ ਸਿੰਘ, ਅਜੈਬ ਸਿੰਘ, ਆਤਮਾ ਸਿੰਘ, ਜੀਤ ਸਿੰਘ, ਬਲਜੀਤ ਸਿੰਘ, ਗੁਰਚਰਨ ਸਿੰਘ, ਸਾਬਕਾ ਮੈਂਬਰ ਕੁਲਜੀਤ ਸਿੰਘ ਸੈਕਰਟਰੀ, ਪ੍ਰਧਾਨ ਜਰਨੈਲ ਸਿੰਘ, ਗੁਰਮੀਤ ਸਿੰਘ ਸ਼ਾਮਲ ਹਨ।

## ਜਿੰਮ ਲਈ ਦਿੱਤੀ 5 ਲੱਖ ਦੀ ਗ੍ਰਾਂਟ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਮਨਜੀਤ ਸਿੰਘ ਬਿਲਾਸਪੁਰ ਐਮ.ਐਲ.ਏ ਤੇ ਡਾ. ਜਗਦੇਵ ਸਿੰਘ ਬੱਬੂ ਮਾਛੀਕੇ ਸੋਸ਼ਲ ਮੀਡੀਆ ਹਲਕਾ ਇੰਚਾਰਜ ਤੇ ਸਰਪੰਚ ਜਗਮੋਹਨ ਸਿੰਘ ਦਾ, ਜਿਨ੍ਹਾਂ ਨੇ ਜਿੰਮ ਲਈ 5 ਲੱਖ ਦੀ ਗ੍ਰਾਂਟ ਜਾਰੀ ਕਰਾਈ, ਜਿਸ ਦਾ ਸਮਾਨ ਜਿੰਮ ਲਾਉਣ ਵਾਲੇ ਨੌਜਵਾਨਾਂ ਨੂੰ ਦਿੱਤਾ। ਇਸ ਸਮੇਂ ਸਰਪੰਚ ਜਗਮੋਹਨ ਸਿੰਘ, ਡਾ. ਜਗਦੇਵ ਸਿੰਘ ਬੱਬੂ ਮਾਛੀਕੇ, ਸੋਸ਼ਲ ਮੀਡੀਆ ਹਲਕਾ ਇੰਚਾਰਜ ਤੇ ਪੰਚਾਇਤ ਮੈਂਬਰ ਹਾਕਮ ਸਿੰਘ, ਅਮਰਜੀਤ ਸਿੰਘ ਮਿੰਟੂ ਆਪ ਆਗੂ, ਬਿੰਦਰ ਵੜਿੰਗ ਆਪ ਆਗੂ, ਹਰਦੀਪ ਸਿੰਘ ਸੱਤੂ ਕਿਸਾਨ ਵਿੰਗ ਬਲਾਕ ਪ੍ਰਧਾਨ, ਲਾਭ ਸਿੰਘ ਗੰਥੀ ਆਪ ਆਗੂ, ਮਾਸਟਰ ਸੁੱਖੀ ਆੜ੍ਹਤੀਆ ਤੇ ਆਮ ਆਦਮੀ ਪਾਰਟੀ ਦੀ ਟੀਮ ਹਾਜ਼ਰ ਸੀ।



## ਆਨਲਾਈਨ ਸਾਈਬਰ ਧੋਖਾਧੜੀ ਮਾਮਲੇ 'ਚ 9 ਗ੍ਰਿਫ਼ਤਾਰ, 78 ਕਰੋੜ ਤੋਂ ਵੱਧ ਦੀ ਠੱਗੀ ਦਾ ਖੁਲਾਸਾ

**ਖੰਨਾ (ਸੁਖਵਿੰਦਰ ਸਿੰਘ ਭਾਦਲਾ)** ਖੰਨਾ ਪੁਲਸ ਨੇ ਆਨਲਾਈਨ ਸਾਈਬਰ ਧੋਖਾਧੜੀ ਦੇ ਇੱਕ ਵੱਡੇ ਮਾਮਲੇ ਵਿੱਚ 9 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਵੱਡੀ ਸਫ਼ਲਤਾ ਹਾਸਲ ਕੀਤੀ ਹੈ।ਇਸ ਸਬੰਧੀ ਮੁਕੱਦਮਾ ਬੀਤੇ ਸਾਲ ਮੁਕੱਦਮਾ ਨੰਬਰ 15 ਮਿਤੀ 02.09.2025 ਅਧੀਨ ਧਾਰਾਵਾਂ ਤਹਿਤ ਥਾਣਾ ਸਾਈਬਰ ਕਰਾਈਮ ਵਿਖੇ ਦਰਜ ਕੀਤਾ ਗਿਆ ਹੈ। ਡੀਜੀਪੀ ਪੰਜਾਬ, ਡੀਆਈਜੀ ਰੇਂਜ ਲੁਧਿਆਣਾ ਤੇ ਐੱਸਐੱਸਪੀ ਖੰਨਾ ਡਾਕਟਰ ਦਰਪਨ ਆਲੂਵਾਲੀਆ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਾਈਬਰ ਠੱਗਾਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਗਈ।ਇਸ ਮੁਹਿੰਮ ਦੀ ਅਗਵਾਈ ਏ ਐੱਸ ਪੀ (ਡੀ) ਖੰਨਾ ਪਵਨਜੀਤ, ਡਿਪਟੀ ਕਪਤਾਨ ਪੁਲਿਸ (ਡੀ) ਮੋਹਿਤ ਸਿੰਗਲਾ ਅਤੇ ਇੰਸਪੈਕਟਰ ਵਿਨੋਦ ਕੁਮਾਰ, ਥਾਣਾ ਸਾਈਬਰ ਕਰਾਈਮ ਖੰਨਾ ਵੱਲੋਂ ਕੀਤੀ ਗਈ।ਤਕਨੀਕੀ ਢੰਗ ਨਾਲ ਜਾਂਚ ਕਰਕੇ ਖੰਨਾ ਪੁਲਿਸ ਵੱਲੋਂ ਸੋਨੂ ਕੁਮਾਰ ਪੁੱਤਰ ਜਸਬੀਰ ਸਿੰਘ, ਵਾਸੀ ਲੁਧਿਆਣਾ, ਸੁਰਿੰਦਰਪਾਲ ਸਿੰਘ ਉਰਫ਼ ਡਿਪਟੀ, ਵਾਸੀ ਜ਼ਿਲ੍ਹਾ ਲੁਧਿਆਣਾ, ਵਿੱਕੀ ਪ੍ਰਸਾਦ, ਵਾਸੀ ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫ਼ਤਿਹਗੜ੍ਹ ਸਾਹਿਬ, ਰਾਜਨ, ਵਾਸੀ ਜ਼ਿਲ੍ਹਾ ਲੁਧਿਆਣਾ, ਗੋਪਾਲ ਪੁੱਤਰ ਵਾਸੀ ਜੋਧਪੁਰ, ਆਲੀਆ ਅਹਿਮਦ, ਵਾਸੀ ਦਿੱਲੀ, ਸੁਮਿਤ ਕੁਮਾਰ ਝਾ, ਵਾਸੀ ਜ਼ਿਲ੍ਹਾ ਬਰਧਮਾਨ, ਪੱਛਮੀ ਬੰਗਾਲ, ਮਲਨ ਰਾਏ ਉਰਫ਼ ਸੋਨੂ, ਵਾਸੀ ਖੰਨਾ, ਜ਼ਿਲ੍ਹਾ ਲੁਧਿਆਣਾ ਰਾਮਧਨ, ਵਾਸੀ ਮੰਡੀ ਗੋਬਿੰਦਗੜ੍ਹ, ਜ਼ਿਲ੍ਹਾ ਫ਼ਤਿਹਗੜ੍ਹ ਸਾਹਿਬ ਨੂੰ ਗ੍ਰਿਫਤਾਰ ਕੀਤਾ ਗਿਆ। 53 ਮਿਊਲ ਬੈਂਕ ਖਾਤਿਆਂ ਸਬੰਧੀ ਵੱਖ-ਵੱਖ ਸ਼ਿਕਾਇਤਾਂ ਪ੍ਰਾਪਤ ਹੋਈਆਂ।ਐਨ ਸੀ ਆਰ ਪੋਰਟਲ ਤੇ 94 ਸੀ ਰਿਪੋਰਟਾਂ ਦੇ ਅਧਾਰ 'ਤੇ ਪਤਾ ਲੱਗਾ ਕਿ ਇਹ ਖਾਤੇ ਵਿੱਤੀ ਧੋਖਾਧੜੀ ਲਈ ਵਰਤੇ ਜਾ ਰਹੇ ਸਨ।ਸਾਰੇ ਖਾਤਿਆਂ ਨੂੰ 1930 ਹੈਲਪਲਾਈਨ ਰਾਹੀਂ ਫ਼੍ਰੀਜ਼ ਕਰਾ ਦਿੱਤਾ ਗਿਆ। ਇਨ੍ਹਾਂ 53 ਬੈਂਕ ਖਾਤਿਆਂ ਰਾਹੀਂ 43,54,771 ਰੁਪਏ ਦੀ ਧੋਖਾਧੜੀ ਹੋਈ, ਜਦਕਿ ਕੁੱਲ ਜਾਂਚ ਵਿੱਚ ਸਾਹਮਣੇ ਆਇਆ ਕਿ ਦੋਸ਼ੀਆਂ ਵੱਲੋਂ 31ਹੋਰ ਬੈਂਕ ਖਾਤਿਆਂ ਦੀ ਵਰਤੋਂ ਕਰਕੇ ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚ 200 ਤੋਂ ਵੱਧ ਕੇਸਾਂ ਰਾਹੀਂ ਲਗਭਗ 78,05,15,876 ਰੁਪਏ ਦੀ ਸਾਈਬਰ ਠੱਗੀ ਕੀਤੀ ਗਈ। ਮਾਮਲੇ ਦੀ ਤਫ਼ਤੀਸ਼ ਅਜੇ ਜਾਰੀ ਹੈ।ਪੁਲਸ ਵੱਲੋਂ ਹੋਰ ਦੋਸ਼ੀਆਂ ਦੀ ਪਛਾਣ ਕਰਕੇ ਜਲਦੀ ਗ੍ਰਿਫ਼ਤਾਰੀਆਂ ਕੀਤੀਆਂ ਜਾਣਗੀਆਂ ਤੇ ਬਾਕੀ ਬੈਂਕ ਖਾਤਿਆਂ ਦੀ ਡੂੰਘੀ ਜਾਂਚ ਕਰਕੇ ਦੋਸ਼ੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।



## ਟਰੱਸਟ ਵੱਲੋਂ 375 ਲੋੜਵੰਦਾਂ ਨੂੰ ਮਹੀਨਾਵਾਰ ਸਹਾਇਤਾ ਰਾਸ਼ੀ ਭੇਟ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**- ਡਾਕਟਰ ਐਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਡੇਰਾ ਭਾਈ ਮਸਤਾਨ ਸਿੰਘ ਸ੍ਰੀ ਮੁਕਤਸਰ ਸਾਹਿਬ ਵਿਖੇ 375 ਲੋੜਵੰਦਾਂ ਨੂੰ ਦੋ ਲੱਖ ਨੱਬੇ ਹਜ਼ਾਰ ਦੇ ਕਰੀਬ ਮਹੀਨਾਵਾਰ ਸਹਾਇਤਾ ਰਾਸ਼ੀ ਮਹੰਤ ਕਸ਼ਮੀਰ ਸਿੰਘ ਦੀ ਰਹਿਨੁਮਾਈ ਹੇਠ ਦਿੱਤੀ ਗਈ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਇਹ ਸਹਾਇਤਾ ਰਾਸ਼ੀ ਕੰਮ ਕਰਨ ਤੋਂ ਅਸਮਰਥ ਬਜ਼ੁਰਗਾਂ, ਅਨਾਥ ਬੱਚਿਆਂ, ਬਿਲਕੁਲ ਇਕੱਲੇ ਰਹਿ ਰਹੇ ਬਜ਼ੁਰਗਾਂ, ਬੇਸਹਾਰਾ ਵਿਧਵਾਵਾਂ ਨੂੰ ਦਿੱਤੀ ਗਈ।ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਡਾ. ਉਬਰਾਏ ਵੱਲੋਂ ਇਨ੍ਹਾਂ ਲੋਕਾਂ ਦੀ ਜੋ ਪੈਨਸ਼ਨ ਲਗਾਈ ਜਾਂਦੀ ਹੈ, ਉਹ ਜ਼ਿੰਦਗੀ ਭਰ ਲਈ ਲਗਾਈ ਜਾਂਦੀ ਹੈ ਤੇ ਹਰ 2 ਸਾਲ ਬੁਆਦ ਲੋੜੀਂਦੀ ਵੈਰੀਫਿਕੇਸ਼ਨ ਕਰਨ ਤੋਂ ਬਾਅਦ ਰੀਨਿਊ ਕੀਤੀ ਜਾਂਦੀ ਹੈ।ਸਹਾਇਤਾ ਰਾਸ਼ੀ ਲੈਣ ਉਪਰੰਤ ਲੋੜਵੰਦਾਂ ਵੱਲੋਂ ਡਾ. ਓਬਰਾਏ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਗੁਰਬਿੰਦਰ ਸਿੰਘ ਬਰਾੜ ਇੰਚਾਰਜ ਸਾਊਥ ਵੈਸਟ ਪੰਜਾਬ, ਮਲਕੀਤ ਸਿੰਘ ਰਿਟਾ. ਬੈਕ ਮੈਨੇਜਰ, ਮੀਤ ਪ੍ਰਧਾਨ, ਬਲਵਿੰਦਰ ਸਿੰਘ ਬਰਾੜ ਰਿਟਾ. ਪ੍ਰਿੰਸੀਪਲ, ਬਰਨੇਕ ਸਿੰਘ ਰਿਟਾ. ਲੈਕਚਰਾਰ, ਗੁਰਪਾਲ ਸਿੰਘ ਪਾਲੀ ਸੋਮ ਨਾਥ, ਮਾਸਟਰ ਰਾਜਿੰਦਰ ਸਿੰਘ, ਅਸ਼ੋਕ ਕੁਮਾਰ, ਗੁਰਚਰਨ ਸਿੰਘ ਆਸਟ੍ਰੇਲੀਆ, ਗੁਰਜੀਤ ਸਿੰਘ ਜੀਤਾ, ਚਰਨਜੀਤ ਸਿੰਘ, ਹਰਭਗਵਾਨ ਖੱਪਿਆਂਵਾਲੀ ਵਾਲੀ, ਸੁਖਦਰਸ਼ਨ ਸਿੰਘ ਬੇਦੀ ਰਿਟਾ. ਜ਼ਿਲ੍ਹਾ ਉੱਪ ਸਿੱਖਿਆ ਅਫ਼ਸਰ ਆਦਿ ਹਾਜ਼ਰ ਸਨ।



## ਨਾਬਾਲਿਗ ਨਾਲ ਜਬਰ-ਜ਼ਨਾਹ, 4 ਖ਼ਿਲਾਫ਼ ਕੇਸ ਦਰਜ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਸਬ ਡਵੀਜ਼ਨ ਪਾਤੜਾਂ ਦੇ ਇੱਕ ਪਿੰਡ ਵਿੱਚ ਨਾਬਾਲਿਗ ਲੜਕੀ ਨਾਲ ਸਮੂਹਕ ਤੌਰ 'ਤੇ ਜਬਰ ਜ਼ਨਾਹ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ।ਪੀੜਤ ਲੜਕੀ ਵੱਲੋਂ ਲਿਖਵਾਏ ਗਏ ਬਿਆਨਾਂ ਦੇ ਆਧਾਰ 'ਤੇ ਪਾਤੜਾਂ ਪੁਲਸ ਨੇ ਚਾਰ ਨੌਜਵਾਨਾਂ ਖ਼ਿਲਾਫ਼ ਕੇਸ ਦਰਜ ਕਰਕੇ ਉਨ੍ਹਾਂ ਵਿੱਚੋਂ ਇੱਕ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਮਾਮਲੇ ਦੇ ਪੜਤਾਲੀਆ ਅਫ਼ਸਰ ਤੇਜਾ ਸਿੰਘ ਨੇ ਦੱਸਿਆ ਕਿ ਇਲਾਕੇ ਦੇ ਪਿੰਡ ਦੀ ਨਾਬਾਲਿਗ ਲੜਕੀ ਨੇ ਆਪਣੇ ਬਿਆਨਾਂ ਵਿੱਚ ਕਿਹਾ ਹੈ ਕਿ ਉਹ ਨੌਵੀਂ ਜਮਾਤ ਵਿੱਚ ਪੜ੍ਹਦੀ ਹੈ ਤੇ ਉਸ ਦਾ ਪਰਿਵਾਰ ਲੋਕਾਂ ਦੇ ਵਿਆਹਾਂ ਵਿੱਚ ਰੋਟੀ ਬਣਾਉਣ ਸਮੇਤ ਹੋਰ ਕੰਮ ਕਰਦਾ ਹੈ।ਇਸ ਤਰ੍ਹਾਂ ਜਦੋਂ ਉਹ ਆਪਣੇ ਪਰਿਵਾਰ ਨਾਲ ਇੱਕ ਵਿਆਹ ਵਿੱਚ ਕੰਮ ਕਰਨ ਗਈ, ਤਾਂ ਉੱਥੇ ਮੌਜੂਦ ਤਿੰਨ-ਚਾਰ ਲੜਕਿਆਂ ਨੇ ਉਸ ਨੂੰ ਬਾਂਹ ਫੜ ਕੇ ਧੱਕੇ ਨਾਲ ਇੱਕ ਕਮਰੇ ਵਿੱਚ ਲੈ ਜਾ ਕੇ ਉਸ ਨਾਲ ਜਬਰ ਜ਼ਨਾਹ ਕੀਤਾ।ਇਨ੍ਹਾਂ ਬਿਆਨਾਂ ਦੇ ਆਧਾਰ 'ਤੇ ਸੰਜੂ, ਦੀਲਾ, ਜਗਦੀਪ ਸਿੰਘ ਉਰਫ਼ ਜੱਗੀ ਤੇ ਸੰਦੀਪ ਉਰਫ਼ ਦੀਪੀ ਖ਼ਿਲਾਫ਼ ਜਬਰ ਜ਼ਨਾਹ ਦੀਆਂ ਧਾਰਾਵਾਂ ਤੇ ਪੋਕਸੋ ਐਕਟ ਅਧੀਨ ਕੇਸ ਦਰਜ ਕਰ ਲਿਆ ਗਿਆ ਹੈ। ਇਨ੍ਹਾਂ ਵਿੱਚੋਂ ਜਗਦੀਪ ਸਿੰਘ ਜੱਗੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਤੇ ਬਾਕੀ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਜਾਰੀ ਹੈ।

## ਏ ਐੱਸ ਆਈ ਨਿਰਭੈ ਸਿੰਘ ਪ੍ਰਸੰਸਾ ਪੱਤਰ ਨਾਲ ਸਨਮਾਨਤ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**- ਐੱਸ ਐੱਸ ਪੀ ਸਰਤਾਜ ਸਿੰਘ ਚਾਹਲ ਵੱਲੋਂ ਏਐੱਸਆਈ ਨਿਰਭੈ ਸਿੰਘ ਨੂੰ ਪ੍ਰਸੰਸਾ ਪੱਤਰ ਤੇ ਨਗਦ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਪਿਛਲੇ ਕੁਝ ਮਹੀਨਿਆਂ ਤੋਂ ਆਈਪੀਐੱਸ ਐੱਸਐੱਸਪੀ ਸ੍ਰੀ ਸਰਤਾਜ ਸਿੰਘ ਚਹਿਲ ਵੱਲੋਂ ਸੜਕ ਸੁਰੱਖਿਆ ਤੇ ਟਰੈਫਿਕ ਲਈ ਵਧੀਆ ਕਾਰਗੁਜ਼ਾਰੀ ਲਈ ਟਰੈਫਿਕ ਪੁਲਸ ਸੁਨਾਮ ਦੇ ਇੰਚਾਰਜ ਏਐੱਸਆਈ ਨਿਰਭੈ ਸਿੰਘ ਨੂੰ ਅੱਜ ਪੁਲਸ ਲਾਈਨ ਸੰਗਰੂਰ ਵਿਖੇ ਪ੍ਰਸੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਐੱਸਐੱਸਪੀ ਸਾਹਿਬ ਨੇ ਏਐੱਸਆਈ ਨਿਰਭੈ ਸਿੰਘ ਦੀ ਪ੍ਰਸੰਸਾ ਕੀਤੀ ਅਤੇ ਉਨ੍ਹਾਂ ਨੂੰ ਹੋਰ ਵਧੀਆ ਕੰਮ ਕਰਨ ਲਈ ਉਤਸ਼ਾਹਤ ਕੀਤਾ।ਇਸ ਮੌਕੇ ਏਐੱਸਆਈ ਨਿਰਭੈ ਸਿੰਘ ਨੇ ਐੱਸਐੱਸਪੀ ਸ਼੍ਰੀ ਸਰਤਾਜ ਸਿੰਘ ਚਹਿਲ ਦਾ ਧੰਨਵਾਦ ਕਰਦੇ ਕਿਹਾ ਕਿ ਮੈਂ ਅੱਗੇ ਤੋਂ ਇਸ ਤੋਂ ਵੀ ਵਧੀਆ ਕੰਮ ਕਰਦਾ ਰਹਾਂਗਾ।



## ਗੁਰਮੀਤ ਸਿੰਘ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਪ੍ਰਧਾਨ ਬਣੇ



**ਮੋਗਾ (ਇਕਬਾਲ ਸਿੰਘ ਖਹਿਰਾ)**- ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸਨ ਏਟਕ ਦੀ ਚੋਣ ਜਗਤਾਰ ਸਿੰਘ ਸੇਖਵਾਂ ਡਵੀਜ਼ਨ ਪ੍ਰਧਾਨ ਕੋਟਕਪੂਰਾ, ਪਲਵਿੰਦਰ ਸਿੰਘ ਸਿੱਧੂ ਜਨਰਲ ਸਕੱਤਰ ਦੀ ਪ੍ਰਧਾਨਗੀ ਹੇਠ ਰਿਸਟ ਹਾਊਸ ਬਿਜਲੀ ਘਰ ਮੋਗਾ ਵਿਖੇ ਹੋਈ। ਇਸ ਚੋਣ ਸਮੇਂ ਦਰਸ਼ਨ ਲਾਲ ਮੋਗਾ ਡਿਪਟੀ ਜਨਰਲ ਸਕੱਤਰ ਪੰਜਾਬ, ਸਟੇਟ ਆਗੂ ਗੁਰਮੇਲ ਸਿੰਘ ਨਾਹਰ, ਸਵਰਨ ਸਿੰਘ ਤਾਰੇਵਾਲਾ ਡਵੀਜ਼ਨ ਆਗੂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਜਥੇਬੰਦੀ ਦੀ ਕਾਰਗੁਜ਼ਾਰੀ 'ਤੇ ਚਾਨਣਾ ਪਾਉਂਦਿਆਂ ਬੁਲਾਰਿਆਂ ਨੇ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਜਥੇਬੰਦੀ ਵੱਲੋਂ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਨਾਲ ਸੰਘਰਸ਼ ਕਰਕੇ ਵੱਡੀਆਂ ਪ੍ਰਾਪਤੀਆਂ ਕੀਤੀਆਂ ਤੇ ਕਾਫੀ ਮੰਗਾਂ ਅਜੇ ਵੀ ਬਕਾਇਆ ਪਈਆਂ ਹੈ, ਜੋ ਹੱਲ ਕਰਾਉਣ ਲਈ ਜਥੇਬੰਦੀਆਂ ਸੰਘਰਸ਼ ਦੇ ਮੈਦਾਨ ਵਿੱਚ ਹੈ। ਜਥੇਬੰਦੀ ਦੀ ਚੋਣ ਸਰਬਸੰਮਤੀ ਕੀਤੀ ਗਈ, ਜਿਸ ਵਿੱਚ ਸਰਪ੍ਰਸਤ ਦਰਸ਼ਨ ਲਾਲ, ਪ੍ਰਧਾਨ ਗੁਰਮੀਤ ਸਿੰਘ (ਬਿੱਟੂ), ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸ਼ਰਮਾ, ਮੀਤ ਪ੍ਰਧਾਨ ਰਾਮ ਸੁੱਖ ਅਜੀਤਵਾਲ, ਮੀਤ ਪ੍ਰਧਾਨ ਰਾਮ ਸਿੰਘ ਚੂਹੜਚੱਕ, ਜਨਰਲ ਸਕੱਤਰ ਮਨਮੋਹਨ ਸਿੰਘ, ਮੀਤ ਸਕੱਤਰ ਗੋਪਾਲ ਸਿੰਘ ਲਾਈਨਮੈਨ ਧੱਲੇਕੇ, ਮੀਤ ਸਕੱਤਰ ਪ੍ਰਦੀਪ ਸਿੰਘ ਮੈਹਣਾ, ਪ੍ਰੈੱਸ ਸਕੱਤਰ ਹਰਪ੍ਰੀਤ ਸਿੰਘ ਲਾਈਨਮੈਨ, ਖਜ਼ਾਨਚੀ ਮਨਦੀਪ ਕੌਰ, ਸਹਾਇਕ ਖਜ਼ਾਨਚੀ ਅਮਨਦੀਪ ਕੌਰ, ਐਡੀਟਰ ਮਨਪ੍ਰੀਤ ਕੌਰ ਮੰਡਲ ਸੁਪਰਡੈਂਟ, ਸਲਾਹਕਾਰ ਸਰੋਜ ਸ਼ਰਮਾ ਮੰਡਲ ਸੁਪਰਡੈਂਟ, ਸਾਰੇ ਚੁਣੇ ਹੋਏ ਆਗੂਆਂ ਨੇ ਵਿਸ਼ਵਾਸ ਦੁਆਇਆ ਕਿ ਜਥੇਬੰਦੀ ਦੀ ਬਿਹਤਰੀ ਲਈ ਵੱਧ ਚੜ੍ਹ ਕੇ ਹਿੱਸਾ ਲੈਣਗੇ। ਇਸ ਮੌਕੇ ਵੱਡੀ ਗਿਣਤੀ ਵਿੱਚ ਸਾਥੀਆਂ ਵੱਲੋਂ ਸ਼ਮੂਲੀਅਤ ਕੀਤੀ ਗਈ, ਜਿਸ ਵਿੱਚ ਮੁੱਖ ਤੌਰ 'ਤੇ ਗੁਰਪ੍ਰੀਤ ਅਬੋਹਰ, ਜਗਸੀਰ ਸਿੰਘ ਡਾਲਾ, ਰਾਜਵੰਤ ਕੌਰ, ਰੁਪਿੰਦਰ ਸਿੰਘ, ਦਵਿੰਦਰ ਸਿੰਘ, ਗੁਰਨਾਮ ਸਿੰਘ ਲਵਲੀ, ਇੰਦਰਜੀਤ ਸਿੰਘ, ਅੰਮਿਰਤਪਾਲ ਸਿੰਘ ਘਾਲੀ, ਜਗਸੀਰ ਸਿੰਘ ਹਾਜ਼ਰ ਸਨ।

## ਪੱਤਰਕਾਰ ਯੂਨੀਅਨ ਧਰਮਕੋਟ ਵੱਲੋਂ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਭੇਟ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**- ਜਿੱਥੇ ਪੱਤਰਕਾਰ ਯੂਨੀਅਨ ਧਰਮਕੋਟ ਇਲਾਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆ ਕੇ ਤੇ ਉਨ੍ਹਾਂ ਦਾ ਹੱਲ ਕਰਵਾ ਕੇ ਆਪਣਾ ਅਹਿਮ ਰੋਲ ਨਿਭਾਅ ਰਿਹਾ ਹੈ, ਉੱਥੇ ਹੀ ਪੱਤਰਕਾਰ ਯੂਨੀਅਨ ਵੱਲੋਂ ਪ੍ਰਧਾਨ ਦਵਿੰਦਰ ਸਿੰਘ ਬਿੱਟੂ ਦੀ ਅਗਵਾਈ ਵਿੱਚ ਇੱਕ ਨਵੇਕਲੀ ਪਹਿਲ ਕਰਦੇ ਹੋਏ ਹਰ ਮਹੀਨੇ ਗਰੀਬਾਂ ਤੇ ਲੋੜਵੰਦਾਂ ਨੂੰ ਰਾਸ਼ਨ ਭੇਟ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ, ਜਿਸ ਅਧੀਨ ਅੱਜ ਪੱਤਰਕਾਰ ਯੂਨੀਅਨ ਵੱਲੋਂ ਧਰਮਕੋਟ ਵਿਖੇ ਗਰੀਬ ਤੇ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਭੇਟ ਕੀਤਾ ਗਿਆ। ਇਸ ਮੌਕੇ ਸਮਾਗਮ ਦੌਰਾਨ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਭੇਟ ਕਰਨ ਲਈ ਸਬ ਡਵੀਜ਼ਨ ਧਰਮਕੋਟ ਦੇ ਡੀਐੱਸਪੀ ਜਸਵਿੰਦਰ ਸਿੰਘ ਉਚੇਚੇ ਤੌਰ 'ਤੇ ਹਾਜ਼ਰ ਹੋਏ ਅਤੇ ਉਨ੍ਹਾਂ ਨਾਲ ਹਰਪ੍ਰੀਤ ਸਿੰਘ ਰਿੱਕੀ ਚੇਅਰਮੈਨ ਖੇਤੀਬਾੜੀ ਵਿਕਾਸ ਬੈਂਕ ਧਰਮਕੋਟ ਹਾਜ਼ਰ ਸਨ। ਇਸ ਮੌਕੇ ਡੀਐੱਸਪੀ ਜਸਵਰਿੰਦਰ ਸਿੰਘ ਨੇ ਕਿਹਾ ਕਿ ਪੱਤਰਕਾਰ ਯੂਨੀਅਨ ਧਰਮਕੋਟ ਵੱਲੋਂ ਇਹ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਕੀਤਾ ਜਾ ਰਿਹਾ ਹੈ।ਇਸ ਦੀ ਜਿੰਨੀ ਵੀ ਸ਼ਲਾਘਾ ਕੀਤੀ ਜਾਵੇ, ਘੱਟ ਹੈ।ਉਨ੍ਹਾਂ ਕਿਹਾ ਕਿ ਪੱਤਰਕਾਰ ਜਿੱਥੇ ਸਮਾਜ ਦੇ ਦੱਬੇ ਕੁਚਲੇ ਲੋਕਾਂ ਦੀ ਆਵਾਜ਼ ਬਣ ਕੇ ਖੜਦੇ ਹਨ, ਉੱਥੇ ਹੀ ਧਰਮਕੋਟ ਦੀ ਪੱਤਰਕਾਰ ਯੂਨੀਅਨ ਨੇ ਇਹ ਨਵੇਕਲੀ ਪਹਿਲ ਕਰਦੇ ਹੋਏ ਸਮਾਜ ਨੂੰ ਇੱਕ ਨਵੀਂ ਸੇਧ ਦਿੱਤੀ ਹੈ ਅਤੇ ਪੱਤਰਕਾਰ ਯੂਨੀਅਨ ਨੇ ਸਮਾਜ ਭਲਾਈ ਦੇ ਕਾਰਜਾਂ ਵਿੱਚ ਪੈਰ ਰੱਖ ਕੇ ਸਮਾਜ ਸੇਵਾ ਦੇ ਖੇਤਰ ਨੂੰ ਹੋਰ ਵੀ ਉਤਸ਼ਾਹਤ ਕੀਤਾ ਹੈ। ਇਸ ਦੌਰਾਨ ਡੀਐੱਸਪੀ ਜਸਵਿੰਦਰ ਸਿੰਘ ਨੇ ਪੱਤਰਕਾਰ ਯੂਨੀਅਨ ਨੂੰ ਕਿਹਾ ਕਿ ਹਰ ਮਹੀਨੇ ਦਿੱਤੇ ਜਾਣ ਵਾਲੇ ਰਾਸ਼ਨ ਦੌਰਾਨ ਉਨ੍ਹਾਂ ਵੱਲੋਂ ਵੀ ਇੱਕ ਲੋੜਵੰਦ ਪਰਿਵਾਰ ਨੂੰ ਰਾਸ਼ਨ ਦਿੱਤਾ ਜਾਵੇਗਾ। ਇਸ ਦੌਰਾਨ ਇਸ ਸਮਾਗਮ ਵਿੱਚ ਪਹੁੰਚੇ ਹਰਪ੍ਰੀਤ ਸਿੰਘ ਰਿੱਕੀ ਚੇਅਰਮੈਨ ਖੇਤੀਬਾੜੀ ਵਿਕਾਸ ਬੈਂਕ ਧਰਮਕੋਟ ਨੇ ਕਿਹਾ ਕਿ ਪੱਤਰਕਾਰ ਯੂਨੀਅਨ ਦੇ ਪ੍ਰਧਾਨ ਤੇ ਸਮੂਹ ਪੱਤਰਕਾਰਾਂ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਜਿੰਨੀ ਵੀ ਸ਼ਲਾਘਾ ਕੀਤੀ ਜਾਵੇ, ਘੱਟ ਹੈ। ਚੇਅਰਮੈਨ ਹਰਪ੍ਰੀਤ ਸਿੰਘ ਰਿੱਕੀ ਨੇ ਵੀ ਹਰ ਮਹੀਨੇ ਆਪਣੇ ਵੱਲੋਂ ਇੱਕ ਗਰੀਬ ਤੇ ਲੋੜਵੰਦ ਪਰਿਵਾਰ ਨੂੰ ਰਾਸ਼ਨ ਦੇਣ ਦਾ ਐਲਾਨ ਕੀਤਾ। ਇਸ ਦੌਰਾਨ ਪ੍ਰਧਾਨ ਦਵਿੰਦਰ ਸਿੰਘ ਬਿੱਟੂ ਨੇ ਇਸ ਸਮਾਗਮ ਵਿੱਚ ਪਹੁੰਚੇ ਸਰਦਾਰ ਜਸ ਵਰਿੰਦਰ ਸਿੰਘ ਡੀਐੱਸਪੀ ਧਰਮਕੋਟ ਤੇ ਹਰਪ੍ਰੀਤ ਸਿੰਘ ਰਿੱਕੀ ਚੇਅਰਮੈਨ ਖੇਤੀਬਾੜੀ ਵਿਕਾਸ ਬੈਂਕ ਦਾ ਧੰਨਵਾਦ ਕੀਤਾ।ਇਸ ਦੌਰਾਨ ਪੱਤਰਕਾਰ ਯੂਨੀਅਨ ਦੇ ਚੇਅਰਮੈਨ ਸਤੀਸ਼ ਕੁਮਾਰ, ਪ੍ਰਧਾਨ ਦਵਿੰਦਰ ਸਿੰਘ ਬਿੱਟੂ, ਹੰਸ ਕੁਮਾਰ ਪੱਬੀ, ਸਰਪ੍ਰਸਤ ਗੁਰਦੀਪ ਸਿੰਘ ਭੁੱਲਰ, ਮੁੱਖ ਸਲਾਹਕਾਰ ਰਵਿੰਦਰ ਕੁਮਾਰ ਵਰਮਾ, ਰਤਨ ਸਿੰਘ ਕੰਬੋਜ, ਯਸ਼ ਨੌਹਰੀਆ, ਕੁਲਜੀਤ ਮਨਚੰਦਾ, ਸੋਨਾ ਰਾਏ, ਦਵਿੰਦਰ ਸਿੰਘ ਔਲਖ, ਗੁਰਮੁੱਖ ਸਿੰਘ, ਸੰਜੀਵ ਕੁਮਾਰ ਕਟਾਰੀਆ, ਜਸਵਿੰਦਰ ਸਿੰਘ ਰੱਖੜਾ ਆਦਿ ਹਾਜ਼ਰ ਸਨ।





'ਚਾਹ ਦੀ ਸਾਂਝ ਆਪਣਿਆਂ ਨਾਲ' ਮੁਹਿੰਮ ਤਹਿਤ ਰਾਜਪੁਰਾ ਦੇ ਵੱਖ ਵੱਖ ਥਾਂਵਾਂ 'ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਦੀਪਕ ਸੂਦ ਕਲਾਸ ਮਰਚੈਂਟ ਐਸੋਸੀਏਸ਼ਨ ਦੇ ਪ੍ਰਧਾਨ ਪਵਨ ਕੁਮਾਰ ਤੇ ਹੋਰ ਅਹੁਦੇਦਾਰਾਂ ਨਾਲ ਸ਼ਹਿਰ ਦੀਆਂ ਸਮੱਸਿਆਵਾਂ ਬਾਰੇ ਗੱਲਬਾਤ ਕਰਦੇ ਹੋਏ। (ਫੋਟੋ ਤੇ ਵੇਰਵਾ : ਰਮੇਸ਼ ਕਟਾਰੀਆ, ਰਾਜਪੁਰਾ)

## ਟਰਾਂਸਪੋਰਟ ਮੰਤਰੀ ਦੇ ਹਲਕੇ 'ਚ ਸੂਬਾ ਪੱਧਰੀ ਰੈਲੀ ਤੇ ਮੁਜ਼ਾਹਰਾ 7 ਨੂੰ

**ਮੋਗਾ (ਇਕਬਾਲ ਸਿੰਘ ਖਹਿਰਾ)** ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੀ ਸੂਬਾ ਕਮੇਟੀ ਦੀ ਮੀਟਿੰਗ ਸਥਾਨਕ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਭਵਨ ਵਿਖੇ ਜਥੇਬੰਦੀ ਦੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੇ ਸ਼ੁਰੂ ਵਿੱਚ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਟਰਾਂਸਪੋਰਟ ਮੁਲਾਜ਼ਮਾਂ ਦੀ ਕੌਮੀ ਨੇਤਾ ਕਾਮਰੇਡ ਐੱਚ ਵੀ ਅਨੰਤ ਸੱਬਾਰਾਓ, ਜਥੇਬੰਦੀ ਦੇ ਸੀਨੀਅਰ ਆਗੂ ਚਮਕੌਰ ਸਿੰਘ ਡਗਰੂ, ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ ਦੇ ਛੋਟੇ ਭਰਾ ਜਗਦੇਵ ਸਿੰਘ ਪੱਪਾ ਭੁੰਗਰਨੀ ਤੇ ਹੋਰ ਵੱਖ ਵੱਖ ਸ਼ਖਸੀਅਤਾਂ ਨੂੰ ਯਾਦ ਕਰਦੇ ਹੋਏ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਜਥੇਬੰਦੀ ਦੇ ਸੂਬਾ ਚੇਅਰਮੈਨ ਕਾਮਰੇਡ ਗੁਰਦੀਪ ਸਿੰਘ ਮੋਤੀ ਨੇ ਆਪਣੇ ਸੰਬੋਧਨ ਵਿੱਚ ਕਾਮਰੇਡ ਐੱਚ ਵੀ ਅਨੰਤ ਸੁਬਾਰਾਓ ਵੱਲੋਂ ਦੇਸ਼ ਭਰ ਦੇ ਟਰਾਂਸਪੋਰਟ ਮੁਲਾਜ਼ਮਾਂ ਦੀ ਬਿਹਤਰੀ ਲਈ ਨਿਭਾਈਆਂ ਗਈਆਂ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕਰਦੇ ਹੋਏ ਉਨ੍ਹਾਂ ਵੱਲੋਂ ਕੀਤੀਆਂ ਗਈਆਂ ਪ੍ਰਾਪਤੀਆਂ ਸਬੰਧੀ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਕੌਮਾਂਤਰੀ ਪੱਧਰ 'ਤੇ ਵਾਪਰ ਰਹੀਆਂ ਵੱਖ ਵੱਖ ਘਟਨਾਵਾਂ 'ਤੇ ਵੀ ਡੂੰਘੀ ਚਿੰਤਾ ਦਾ ਪ੍ਰਗਟਾਵਾ ਕੀਤਾ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾਈ ਪ੍ਰਧਾਨ ਜਗਦੀਸ਼ ਸਿੰਘ ਚਾਹਲ ਨੇ ਪੰਜਾਬ ਦੇ ਮੁਲਾਜ਼ਮਾਂ, ਪੈਨਸ਼ਨਰਾਂ ਤੇ ਵਿਸ਼ੇਸ਼ ਤੌਰ ਤੇ ਟਰਾਂਸਪੋਰਟ ਮੁਲਾਜ਼ਮਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਪ੍ਰਤੀ ਭਗਵੰਤ ਮਾਨ ਸਰਕਾਰ ਵੱਲੋਂ ਅਪਣਾਈਆਂ ਜਾ ਰਹੀਆਂ ਨੀਤੀਆਂ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾਈ ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ, ਸੂਬਾਈ ਆਗੂ ਸਵਰਨ ਸਿੰਘ ਹਠੂਰ,

- ਪੰਜਾਬ ਰੋਡਵੇਜ਼ ਤੇ ਪੀ ਆਰ ਟੀ ਸੀ ਨੂੰ ਤਬਾਹ ਕਰਨ ਦਾ ਲਾਇਆ ਦੋਸ਼

ਵਿੱਤ ਸਕੱਤਰ ਪ੍ਰਿਤਪਾਲ ਸਿੰਘ ਪੰਡੋਰੀ, ਪ੍ਰੈੱਸ ਸਕੱਤਰ ਕੁਲਵੰਤ ਸਿੰਘ ਚਾਨੀ ਤੇ ਭੁਪਿੰਦਰ ਸਿੰਘ ਸੇਖੋਂ, ਨਸੀਬ ਸਿੰਘ ਜੜੌਤ, ਹਰਜਿੰਦਰ ਸਿੰਘ ਸੀਲੋਂ, ਬੂਟਾ ਸਿੰਘ ਭੱਟੀ, ਸਵਰਨ ਸਿੰਘ ਤਰਨ ਤਾਰਨ, ਮੁਖਤਿਆਰ ਸਿੰਘ ਫਿਰੋਜ਼ਪੁਰ, ਅੰਗਰੇਜ਼ ਸਿੰਘ ਸ੍ਰੀ ਮੁਕਤਸਰ ਸਾਹਿਬ, ਨਿਰਵੈਰ ਸਿੰਘ ਅੰਮ੍ਰਿਤਸਰ, ਅਮਰੀਕ ਸਿੰਘ ਬਟਾਲਾ, ਗੁਰਦੀਪ ਸਿੰਘ ਪਠਾਨਕੋਟ, ਸਤਪਾਲ ਸਿੰਘ ਸਹਿਗਲ, ਗੁਰਮੀਤ ਸਿੰਘ ਚੰਡੀਗੜ੍ਹ ਤੇ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਗੁਰਜੰਟ ਸਿੰਘ ਕੋਕਰੀ ਨੇ ਪਿਛਲੇ ਸਮੇਂ ਦੌਰਾਨ ਹੋਏ ਵੱਖ ਵੱਖ ਐਕਸ਼ਨਾਂ ਦਾ ਰੀਵਿਊ ਕਰਦੇ ਹੋਏ ਆਪਣੇ ਵਿਚਾਰ ਪੇਸ਼ ਕੀਤੇ ਤੇ ਭਗਵੰਤ ਮਾਨ ਸਰਕਾਰ 'ਤੇ ਦੋਸ਼ ਲਾਇਆ ਕਿ ਮੀਡੀਏ ਵਿੱਚ ਫੋਕੀ ਇਸ਼ਤਿਹਾਰਬਾਜ਼ੀ ਕਰਕੇ ਪੰਜਾਬ ਦੇ ਸਰਕਾਰੀ ਖਜ਼ਾਨੇ ਦਾ ਦੀਵਾਲਾ ਕੱਢ ਕੇ ਰੱਖ ਦਿੱਤਾ ਹੈ।ਪੰਜਾਬ ਸਰਕਾਰ ਦੀਆਂ ਨੀਤੀਆਂ ਨੇ ਪੰਜਾਬ ਦੀ ਸਰਕਾਰੀ ਟਰਾਂਸਪੋਰਟ ਦਾ ਬੇੜਾ ਗ਼ਰਕ ਕਰਕੇ ਰੱਖ ਦਿੱਤਾ ਹੈ।ਪੰਜਾਬ ਸਰਕਾਰ ਵੱਲ ਪੰਜਾਬ ਰੋਡਵੇਜ਼ ਦੇ 1000 ਕਰੋੜ ਰੁਪਏ ਬਕਾਇਆ ਖੜ੍ਹੇ ਹਨ।ਪੰਜਾਬ ਰੋਡਵੇਜ਼ ਦੀਆਂ ਬੱਸਾਂ ਦਾ ਫਲੀਟ 2407 ਤੋਂ ਘੱਟ ਕੇ ਸਿਰਫ 1460 ਰਹਿ ਗਿਆ ਹੈ। ਮੀਟਿੰਗ ਦੌਰਾਨ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਪੰਜਾਬ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ 16 ਫੀਸਦੀ ਦੀ ਦਰ ਨਾਲ ਡੀ ਏ ਦੀਆਂ ਬਕਾਇਆ ਪਈਆਂ ਪੰਜ ਕਿਸ਼ਤਾਂ ਤੁਰੰਤ ਦਿੱਤੀਆਂ ਜਾਣ, ਤਨਖਾਹ ਕਮਿਸ਼ਨ ਦਾ ਬਣਦਾ ਬਕਾਇਆ ਤੁਰੰਤ ਦਿੱਤਾ ਜਾਵੇ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਤੁਰੰਤ ਲਾਗੂ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਤੁਰੰਤ ਲਾਗੂ ਕੀਤੀ ਜਾਵੇ, ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦਾ ਤੁਰੰਤ ਗਠਨ ਕੀਤਾ ਜਾਵੇ, ਠੇਕਾ ਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਤੁਰੰਤ ਰੈਗੂਲਰ ਕੀਤਾ ਜਾਵੇ, ਪੰਜਾਬ ਰੋਡਵੇਜ਼ ਦੇ ਇੰਸਪੈਕਟਰਾਂ ਦੇ ਤਨਖਾਹ ਸਕੇਲਾਂ ਸਬੰਧੀ ਮਾਨਯੋਗ ਸੁਪਰੀਮ ਕੋਰਟ ਦਾ ਫੈਸਲਾ 316 ਪਟੀਸ਼ਨਰਾਂ ਵਾਂਗ ਤੁਰੰਤ ਹੋਰਨਾਂ 'ਤੇ ਵੀ ਲਾਗੂ ਕੀਤਾ ਜਾਵੇ।ਮੀਟਿੰਗ ਦੌਰਾਨ ਸੰਯੁਕਤ ਕਿਸਾਨ ਮੋਰਚਾ ਤੇ ਦੇਸ਼ ਦੀਆਂ 10 ਕੇਂਦਰੀ ਟਰੇਡ ਯੂਨੀਅਨਾਂ ਦੇ ਸਾਂਝੇ ਸੱਦੇ 'ਤੇ ਕੇਂਦਰੀ ਹੁਕਮਰਾਨ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ 12 ਫਰਵਰੀ ਨੂੰ ਹੋਈ ਦੇਸ਼ ਵਿਆਪੀ ਹੜਤਾਲ ਤੇ ਵੱਖ ਵੱਖ ਪੱਧਰ 'ਤੇ ਹੋਈਆਂ ਰੈਲੀਆਂ ਵਿੱਚ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸਾਥੀਆਂ ਵੱਲੋਂ ਕੀਤੀ ਗਈ ਸ਼ਮੂਲੀਅਤ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ। ਇਸ ਤੋਂ ਇਲਾਵਾ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਵੱਲੋਂ ਪੰਜਾਬ ਰੋਡਵੇਜ਼ ਤੇ ਪੀ ਆਰ ਟੀ ਸੀ ਦੀਆਂ ਸਰਕਾਰੀ ਬੱਸਾਂ ਦੀ ਕੀਤੀ ਜਾ ਰਹੀ ਦੁਰਵਰਤੋਂ ਦੇ ਵਿਰੋਧ ਵਿੱਚ ਅਤੇ ਤੁਰੰਤ ਸਰਕਾਰੀ ਬੱਸਾਂ ਨਵੀਆਂ ਪਾਉਣ ਦੀ ਮੰਗ ਨੂੰ ਲੈ ਕੇ 24 ਫਰਵਰੀ ਨੂੰ ਰੋਪੜ ਤੇ 28 ਫਰਵਰੀ ਨੂੰ ਸ੍ਰੀ ਮੁਕਤਸਰ ਸਾਹਿਬ ਵਿਖੇ ਪੰਜਾਬ ਰੋਡਵੇਜ਼ ਦੇ ਡੀਪੂਆਂ ਸਾਹਮਣੇ ਗੇਟ ਰੈਲੀਆਂ ਕਰਨ ਤੇ 7 ਮਾਰਚ ਨੂੰ ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਪੱਟੀ ਵਿਖੇ ਰਿਹਾਇਸ਼ ਸਾਹਮਣੇ ਵਿਸ਼ਾਲ ਸੂਬਾ ਪੱਧਰੀ ਰੋਸ ਰੈਲੀ ਕਰਨ ਤੋਂ ਬਾਅਦ ਪੱਟੀ ਸ਼ਹਿਰ ਵਿੱਚ ਰੋਸ ਮਾਰਚ ਕਰਨ ਦੇ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਪੰਜਾਬ ਪੈਨਸ਼ਨਰਜ਼ ਯੂਨੀਅਨ ਵੱਲੋਂ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦਾ ਨਿਰਣਾ ਲਿਆ ਗਿਆ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਮਨਜੀਤ ਸਿੰਘ ਮਨਸੂਰਾ, ਮਹਿੰਦਰ ਸਿੰਘ ਰੋਪੜ, ਸੋਮ ਨਾਥ ਅਰੋੜਾ ਫਰੀਦਕੋਟ, ਅਜਮੇਰ ਸਿੰਘ ਮੋਗਾ, ਦਲਜੀਤ ਸਿੰਘ ਜਗਰਾਉਂ, ਸੱਤ ਪਾਲ ਚੰਡੀਗੜ੍ਹ, ਸ਼ਿੰਦਰਪਾਲ ਸਿੰਘ ਮੋਗਾ, ਜਸਵਿੰਦਰ ਸਿੰਘ ਬਰਾੜ ਫਰੀਦਕੋਟ, ਹਰਨੇਕ ਸਿੰਘ ਸਾਹੋਕੇ, ਬਲਵਿੰਦਰ ਸਿੰਘ ਰੋਪੜ, ਅਜਮੇਰ ਸਿੰਘ ਅਖਾੜਾ ਮੋਗਾ, ਓਂਕਾਰ ਸਿੰਘ ਮੋਗਾ, ਓਮ ਪ੍ਰਕਾਸ਼, ਮਾਲਵਿੰਦਰ ਸਿੰਘ, ਗਮਦੂਰ ਸਿੰਘ, ਨਛੱਤਰ ਸਿੰਘ, ਪਵਿੱਤਰ ਸਿੰਘ ਲੁਧਿਆਣਾ, ਅਜੀਤ ਸਿੰਘ ਮੋਗਾ , ਹਰਭਜਨ ਸਿੰਘ ਮੋਗਾ ਤੇ ਚਮਕੌਰ ਸਿੰਘ ਮੋਗਾ ਆਦਿ ਹਾਜ਼ਰ ਸਨ।



## ਚੰਨਣਵਾਲ 'ਚ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਭਲਕੇ

**ਮਹਿਲ ਕਲਾਂ (ਬਲਵਿੰਦਰ ਸਿੰਘ ਵਜੀਦਕੇ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੰਨਣਵਾਲ ਵਿਖੇ ਪ੍ਰੇਮ ਅੱਖਾਂ ਦਾ ਹਸਪਤਾਲ ਤੇ ਬੀ ਐੱਮ ਸੀ ਹਸਪਤਾਲ ਬਰਨਾਲਾ, ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 11ਵਾਂ ਅੱਖਾਂ ਤੇ ਮੈਡੀਸਨ ਦਾ ਮੁਫ਼ਤ ਮੈਡੀਕਲ ਚੈੱਕਅਪ ਕੈਂਪ 22 ਫਰਵਰੀ ਨੂੰ ਸਵੇਰੇ 9 ਵਜੇ ਤੋਂ 1 ਵਜੇ ਤੱਕ ਲਗਾਇਆ ਜਾ ਰਿਹਾ ਹੈ।ਜਾਣਕਾਰੀ ਅਨੁਸਾਰ ਇਸ ਮੌਕੇ ਅੱਖਾਂ ਦੇ ਮਾਹਰ ਡਾਕਟਰਾਂ ਤੋਂ ਇਲਾਵਾ ਪੇਟ, ਲੀਵਰ, ਦਿਮਾਗ, ਰੀੜ੍ਹ ਦੀ ਹੱਡੀ, ਗੁਰਦੇ, ਗਦੂਦ ਤੇ ਪਿਸ਼ਾਬ ਦੀਆਂ ਬਿਮਾਰੀਆਂ ਦੇ ਮਾਹਰ ਡਾਕਟਰ ਆਪਣੀ ਸਹਿਯੋਗੀ ਟੀਮ ਸਮੇਤ ਪਹੁੰਚ ਕੇ ਮਰੀਜ਼ਾਂ ਦੀ ਜਾਂਚ ਕਰਨ ਉਪਰੰਤ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ ਦੇਣਗੇ। ਪ੍ਰਬੰਧਕਾਂ ਨੇ ਇਸ ਮੌਕੇ ਪਹੁੰਚ ਕੇ ਲੋੜਵੰਦਾਂ ਨੂੰ ਮੁਫ਼ਤ ਕੈਂਪ ਦਾ ਲਾਭ ਉਠਾਉਣ ਦੀ ਅਪੀਲ ਕੀਤੀ।

21 Feb Page 6.qxd 2/20/2026 10:30 PM Page 1



# ਹਡਾਣਾ ਤੇ ਘਨੌਰ ਨੇ ਮਾੜੂ 'ਚ ਨਵੇਂ ਫੜ੍ਹ ਤੇ ਸ਼ੈੱਡ ਦਾ ਨੀਂਹ ਪੱਥਰ ਰੱਖਿਆ

ਸਨੌਰ (ਰਾਜਿੰਦਰ ਸਿੰਘ ਥਿੰਦ)- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਤੇ ਗਤੀਸ਼ੀਲ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕਿਸਾਨੀ ਤੇ ਮੰਡੀਕਰਨ ਦੇ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਇਸੇ ਕੜੀ ਤਹਿਤ ਹਲਕਾ ਸਨੌਰ ਦੇ ਪਿੰਡ ਮਾੜੂ ਵਿਖੇ ਨਵਾਂ ਫੜ੍ਹ

**• ਮਾਨ ਸਰਕਾਰ ਕਿਸਾਨਾਂ ਨੂੰ ਮੰਡੀਆਂ 'ਚ ਹਰ ਸਹੂਲਤ ਦੇਣ ਲਈ ਵਚਨਬੱਧ**

ਤੇ ਸ਼ੈੱਡ ਦੀ ਉਸਾਰੀ ਦੇ ਕਾਰਜਾਂ ਦਾ ਨੀਂਹ ਪੱਥਰ ਰੱਖਿਆ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਤੇ ਹਲਕਾ ਘਨੌਰ ਦੇ ਵਿਧਾਇਕ ਗੁਰਲਾਲ ਘਨੌਰ ਵੱਲੋਂ ਸਾਂਝੇ ਤੌਰ 'ਤੇ ਰੱਖਿਆ ਗਿਆ।ਇਸ ਪ੍ਰੋਜੈਕਟ ਦੇ ਸ਼ੁਰੂ ਹੋਣ ਨਾਲ ਇਲਾਕੇ ਦੇ ਕਿਸਾਨਾਂ ਵਿੱਚ ਖ਼ੁਸ਼ੀ ਦੀ ਲਹਿਰ ਦੇਖਣ ਨੂੰ ਮਿਲ ਰਹੀ ਹੈ।ਇਕੱਠ ਨੂੰ ਸੰਬੋਧਨ ਕਰਦਿਆਂ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਪਿੰਡ ਮਾੜੂ ਦੀ ਮੰਡੀ ਵਿੱਚ ਕਿਸਾਨਾਂ ਨੂੰ ਆਪਣੀ ਫ਼ਸਲ ਦੀ ਸਾਂਭ-ਸੰਭਾਲ ਤੇ ਬਰਸਾਤ ਦੇ ਦਿਨਾਂ ਵਿੱਚ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਉਨ੍ਹਾਂ ਕਿਹਾ ਕਿ ਚੇਅਰਮੈਨ ਹਰਚੰਦ ਸਿੰਘ ਬਰਸਟ ਦੇ ਉੱਦਮ ਸਦਕਾ ਹੁਣ ਇੱਥੇ ਆਧੁਨਿਕ ਸ਼ੈੱਡ ਤੇ ਨਵਾਂ ਫੜ੍ਹ ਤਿਆਰ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੁੱਖ ਟੀਚਾ ਕਿਸਾਨਾਂ ਦੀ ਖ਼ੂਨ-ਪਸੀਨੇ ਦੀ ਕਮਾਈ ਨੂੰ ਮੰਡੀਆਂ ਵਿੱਚ ਰੁਲਣ ਤੋਂ ਬਚਾਉਣਾ



ਹੈ।ਹਡਾਣਾ ਨੇ ਦੱਸਿਆ ਕਿ ਇਹ ਪ੍ਰੋਜੈਕਟ ਤੈਅ ਸਮੇਂ ਅੰਦਰ ਮੁਕੰਮਲ ਕਰ ਲਿਆ ਜਾਵੇਗਾ ਤਾਂ ਜੋ ਆਉਣ ਵਾਲੀਆਂ ਫ਼ਸਲਾਂ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਕੋਈ ਪ੍ਰੇਸ਼ਾਨੀ ਨਾ ਆਵੇ।ਵਿਧਾਇਕ ਗੁਰਲਾਲ ਘਨੌਰ ਨੇ ਵੀ ਸੰਬੋਧਨ ਕਰਦਿਆਂ ਕਿਹਾ ਕਿ ਮਾਨ ਸਰਕਾਰ ਪਿੰਡਾਂ ਤੇ ਸ਼ਹਿਰਾਂ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜ ਕਰਵਾ ਰਹੀ ਹੈ।ਉਨ੍ਹਾਂ ਕਿਹਾ ਕਿ ਮੰਡੀ ਬੋਰਡ ਵੱਲੋਂ ਪੇਂਡੂ ਖੇਤਰਾਂ ਦੀਆਂ ਮੰਡੀਆਂ ਤੇ ਲਿੰਕ ਸੜਕਾਂ ਦੀ ਦਸ਼ਾ ਸੁਧਾਰਨ ਲਈ ਵੱਡੇ ਫੰਡ ਜਾਰੀ ਕੀਤੇ ਗਏ ਹਨ।ਸਮਾਗਮ ਦੌਰਾਨ ਪਿੰਡ ਮਾੜੂ ਤੇ ਆਸ-ਪਾਸ ਦੇ ਪਿੰਡਾਂ ਦੇ ਕਿਸਾਨਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਇਸ ਮੌਕੇ ਮਾਰਕਿਟ ਕਮੇਟੀ ਦੇ ਅਹੁਦੇਦਾਰ, ਪਿੰਡ ਦੀ ਪੰਚਾਇਤ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਵਰਕਰ ਮੌਜੂਦ ਸਨ।ਅਖੀਰ ਵਿੱਚ ਰਣਜੋਧ ਹਡਾਣਾ ਨੇ ਅਧਿਕਾਰੀਆਂ ਨੂੰ ਕੰਮ ਦੀ ਗੁਣਵੱਤਾ ਵਰਗੀ ਬਣਾਉਣ ਦੇ ਨਿਰਦੇਸ਼ ਦਿੱਤੇ ਤੇ ਕਿਹਾ ਕਿ ਉਹ ਖ਼ੁਦ ਇਸ ਪ੍ਰੋਜੈਕਟ ਦੀ ਨਿਗਰਾਨੀ ਕਰਨਗੇ।

# ਚੇਅਰਮੈਨ ਜਿੰਦਲ ਤੇ ਟੀਮ ਵੱਲੋਂ ਵੱਖ-ਵੱਖ ਦਫ਼ਤਰਾਂ ਦਾ ਦੌਰਾ

## ਵਪਾਰੀਆਂ ਦੀਆਂ ਮੁਸ਼ਕਲਾਂ ਸੰਬੰਧੀ ਕੀਤਾ ਵਿਚਾਰ ਵਟਾਂਦਰਾ

ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਸ਼ਮਿੰਦਰਪਾਲ, ਪੁਰੀ/ਜਸਵੰਤ ਗਿੱਲ)- ਚੇਅਰਮੈਨ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਸ੍ਰੀ ਮੁਕਤਸਰ ਸਾਹਿਬ ਸ੍ਰੀ ਵਿਨੀਤ ਜਿੰਦਲ ਤੇ ਉਨ੍ਹਾਂ ਦੀ ਟੀਮ ਵੱਲੋਂ ਅੱਜ ਜ਼ਿਲ੍ਹੇ ਦੇ ਵੱਖ-ਵੱਖ ਦਫ਼ਤਰਾਂ ਵਿਖੇ ਵਿਜ਼ਿਟ ਕਰਕੇ ਵਪਾਰੀਆਂ ਨੂੰ ਦਰਪੇਸ਼ ਆ ਰਹੀਆਂ ਮੁਸ਼ਕਲਾਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਉਨ੍ਹਾਂ ਵੱਧੇਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਅੱਜ ਜ਼ਿਲ੍ਹੇ ਦੇ ਐੱਸ.ਐੱਸ.ਪੀ. ਦਫ਼ਤਰ, ਰਾਜ ਕਰ ਦਫ਼ਤਰ, ਕਿਰਤ ਵਿਭਾਗ, ਵਧੀਕ ਡਿਪਟੀ ਕਮਿਸ਼ਨਰ ਦਫ਼ਤਰ ਤੇ ਉਦਯੋਗ ਵਿਭਾਗ ਦੇ ਅਧਿਕਾਰੀਆਂ ਦੇ ਨਾਲ ਮੀਟਿੰਗਾਂ ਕੀਤੀਆਂ ਗਈਆਂ।ਇਸ ਮੌਕੇ ਐੱਸ.ਐੱਸ.ਪੀ. ਅਭਿਮੰਨਿਊ ਰਾਣਾ ਨੇ ਕਿਹਾ ਕਿ ਜੇਕਰ ਕਿਸੇ ਵੀ ਵਪਾਰੀ ਨੂੰ ਵਪਾਰ ਦੌਰਾਨ ਕਿਸੇ ਕਿਸਮ ਦੀ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਪਹਿਲ ਦੇ ਆਧਾਰ 'ਤੇ ਪੁਲਸ ਨਾਲ ਰਾਬਤਾ ਕਾਇਮ ਕਰ ਸਕਦੇ ਹਨ, ਪੁਲਸ ਪ੍ਰਸ਼ਾਸਨ ਹਰ ਸਮੇਂ ਉਨ੍ਹਾਂ ਦੀ ਮਦਦ ਲਈ ਤਿਆਰ ਹੈ।ਇਸ ਤੋਂ ਇਲਾਵਾ ਦਫ਼ਤਰ ਰਾਜ ਕਰ, ਕਿਰਤ ਵਿਭਾਗ, ਵਧੀਕ ਡਿਪਟੀ ਕਮਿਸ਼ਨਰ ਦਫ਼ਤਰ ਤੇ ਉਦਯੋਗ ਵਿਭਾਗ ਦੇ ਅਧਿਕਾਰੀਆਂ ਵੱਲੋਂ ਵੀ ਵਿਸ਼ਵਾਸ ਦਿਵਾਇਆ ਗਿਆ ਕਿ ਉਨ੍ਹਾਂ ਦੇ ਵਿਭਾਗਾਂ ਨਾਲ ਸੰਬੰਧਤ ਵਪਾਰੀਆਂ ਨੂੰ ਹਰ



ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਹਲਕਾ ਵਿਧਾਇਕ ਸ੍ਰੀ ਜਗਦੀਪ ਸਿੰਘ ਕਾਕਾ ਬਰਾੜ ਨੇ ਵਪਾਰੀਆਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੇ ਮੋਢੇ ਨਾਲ ਮੋਢਾ ਲਾ ਕੇ ਖੜ੍ਹੀ ਹੈ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਵਪਾਰਕ ਵਾਧੇ ਨਾਲ ਪੰਜਾਬ ਦੇ ਵਿਕਾਸ ਵਿੱਚ ਵੀ ਲਗਾਤਾਰ ਵਾਧਾ ਹੋ ਰਿਹਾ ਹੈ।ਇਸ ਮੌਕੇ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੇ ਸਮੂਹ ਮੈਂਬਰ ਹਾਜ਼ਰ ਸਨ।

# ਕਿਸਾਨਾਂ 'ਤੇ ਲਾਠੀਚਾਰਜ ਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਨਿਖੇਧੀ

ਲੁਧਿਆਣਾ (ਸਤੀਸ਼ ਸਚਦੇਵਾ)- ਪੰਜਾਬ ਸਰਕਾਰ ਸੂਬੇ ਵਿੱਚ ਪੁਲੀਸ ਦੇ ਡੰਡੇ ਰਾਹੀਂ ਹਕੂਮਤ ਚਲਾਉਣ ਦੇ ਰਾਹ ਪੈ ਚੁੱਕੀ ਹੈ। ਬਠਿੰਡਾ ਪ੍ਰਸ਼ਾਸਨ ਵੱਲੋਂ ਜਮਹੂਰੀਅਤ ਦਾ ਘਾਣ ਕੀਤਾ ਜਾ ਰਿਹਾ ਹੈ, ਜਿਸ ਦਾ ਪੰਜਾਬ ਦੇ ਇਨਸਾਫ਼ ਪਸੰਦ ਜਮਹੂਰੀ ਲੋਕਾਂ ਵੱਲੋਂ ਮੂੰਹ ਤੋੜਵਾਂ ਜੁਆਬ ਦਿੱਤਾ ਜਾਵੇਗਾ। ਡੈਮੋਕ੍ਰੇਟਿਕ ਟੀਚਰ ਫਰੰਟ ਦੇ ਜ਼ਿਲ੍ਹਾ ਪ੍ਰਧਾਨ ਦਲਜੀਤ ਸਮਰਾਲਾ, ਜ਼ਿਲ੍ਹਾ ਜਨਰਲ ਸਕੱਤਰ ਹਰਜੀਤ ਨੇ ਅੱਜ ਬਠਿੰਡੇ ਜ਼ਿਲ੍ਹੇ ਦੀ ਮਿਉਂਦ ਪਿੰਡ ਵਿੱਚ ਪੁਲਸ ਦੀਆਂ ਧਾੜਾਂ ਵੱਲੋਂ ਕਿਸਾਨਾਂ 'ਤੇ ਢਾਹੇ ਗਏ ਅਣਮਨੁੱਖੀ ਕਹਿਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਦੇਸ਼ ਦੇ ਅੰਨਦਾਤੇ ਨੂੰ ਜ਼ਲੀਲ ਕੀਤਾ ਜਾ ਰਿਹਾ ਹੈ।ਕਿਸਾਨਾਂ ਨੂੰ ਉਨ੍ਹਾਂ ਦੇ ਘਰਾਂ ਅੰਦਰ ਵੜ ਕੇ ਕੁੱਟਿਆ ਗਿਆ ਹੈ। ਇੱਥੋਂ ਤੱਕ ਕਿ ਬੇਜ਼ੁਬਾਨ ਪਸ਼ੂਆਂ 'ਤੇ ਵੀ ਅੱਥਰੂ ਗੈਸ ਦੇ ਗੋਲੇ ਸੁੱਟੇ ਗਏ ਹਨ।ਜਥੇਬੰਦੀ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਰਵਿੰਦਰ ਸਿੰਘ ਸਿੱਧੂ, ਮੀਤ ਪ੍ਰਧਾਨ ਹਰਦੀਪ ਸਿੰਘ, ਜ਼ਿਲ੍ਹਾ ਪ੍ਰੈੱਸ ਸਕੱਤਰ ਹੁਸ਼ਿਆਰ ਸਿੰਘ, ਸੰਜੀਵੰਦਰ ਸਕੱਤਰ ਗੁਰਪ੍ਰੀਤ ਸਿੰਘ, ਜ਼ਿਲ੍ਹਾ ਵਿੱਤ ਸਕੱਤਰ ਗੁਰਬਚਨ ਸਿੰਘ ਨੇ ਦੋਸ਼ ਲਾਇਆ ਕਿ ਇਹ ਪੰਜਾਬ ਸਰਕਾਰ ਦੇ ਇਸ ਦਮਨਕਾਰੀ ਰਵਈਏ ਤੋਂ ਇਹ ਸਪਸ਼ਟ ਹੋ ਗਿਆ ਹੈ ਕਿ ਸਰਕਾਰ ਵੱਲੋਂ ਕੀਤੇ ਜਾਂਦੇ ਸਭ ਤਰ੍ਹਾਂ ਦੇ ਵਾਅਦੇ ਤੇ ਵਚਨਬੱਧਤਾ ਦੁਹਰਾਉਣ ਦੀ ਬਜਾਏ ਉਨ੍ਹਾਂ ਦੀਆਂ ਜਾਨਾਂ ਨੂੰ ਖ਼ਤਰੇ ਵਿੱਚ ਪਾਉਣ ਦੇ ਇਰਾਦੇ ਨਾਲ ਵਿੱਚ ਲਿਆਉਣੋਂ ਜਾਰੀ ਹਨ।ਉਨ੍ਹਾਂ ਕਿਹਾ ਕਿ ਜਮਹੂਰੀ ਢੰਗ ਨਾਲ ਰੋਸ ਪ੍ਰਦਰਸ਼ਨ ਕਰਨਾ ਹਰ ਇੱਕ ਨਾਗਰਿਕ ਦਾ ਸੰਵਿਧਾਨਕ ਹੱਕ ਹੈ ਪ੍ਰੰਤੂ ਅੱਜ ਜ਼ਿਲ੍ਹਾ ਪ੍ਰਸ਼ਾਸਨ ਬਠਿੰਡਾ ਵੱਲੋਂ ਇਸ ਹੱਕ ਨੂੰ ਪੈਰਾਂ ਥੱਲੇ ਕੁਚਲ ਦਿੱਤਾ ਗਿਆ ਹੈ।ਉਨ੍ਹਾਂ ਦੋਸ਼ ਲਾਇਆ ਕਿ ਐੱਸ. ਐੱਸ. ਪੀ. ਬਠਿੰਡਾ ਵੱਲੋਂ ਕਿਸਾਨਾਂ ਖ਼ਿਲਾਫ਼ ਕੂੜ ਪ੍ਰਚਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਐੱਸ. ਐੱਸ. ਪੀ. ਬਠਿੰਡਾ ਖ਼ਿਲਾਫ਼ ਮਨੁੱਖੀ ਅਧਿਕਾਰਾਂ ਦੇ ਹਨਨ ਦਾ ਕੇਸ ਦਰਜ਼ ਕੀਤਾ ਜਾਵੇ। ਜੱਥੇਬੰਦੀ ਨੇ ਫੈਸਲਾ ਕੀਤਾ ਕਿ ਜੇਕਰ ਕਿਸਾਨ ਆਗੂਆਂ ਤੇ ਤੁਰੰਤ ਤਸ਼ੱਦਦ ਬੰਦ ਨਾ ਕੀਤਾ ਗਿਆ ਤਾਂ ਉਨ੍ਹਾਂ ਦੀ ਜੱਥੇਬੰਦੀ ਸੰਘਰਸ਼ੀ ਕਿਸਾਨਾਂ ਦੇ ਸਮਰਥਨ ਵਿੱਚ ਸੰਘਰਸ਼ ਨੂੰ ਵਿਸ਼ਾਲ ਅਤੇ ਤਿੱਖਾ ਕਰਨ ਲਈ ਅੱਗੇ ਆਵੇਗੀ।

# ਸਰਕਲ ਨਿਹਾਲੂਵਾਲ ਤੋਂ ਡਾ: ਹਰਨੇਕ ਸਿੰਘ ਪੰਡੋਰੀ ਪ੍ਰਧਾਨ ਨਿਯੁਕਤ



ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ)- ਵਿਧਾਨ ਸਭਾ ਹਲਕਾ ਮਹਿਲ ਕਲਾਂ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਵੱਲੋਂ ਪਾਰਟੀ ਆਗੂਆਂ ਦੀ ਸਲਾਹ ਨਾਲ ਨਵੇਂ ਬਣਾਏ ਸਰਕਲ ਨਿਹਾਲੂਵਾਲ ਤੋਂ ਉੱਦਮੀ ਨੌਜਵਾਨ ਯੂਥ ਆਗੂ ਡਾ: ਹਰਨੇਕ ਸਿੰਘ ਧਾਲੀਵਾਲ ਪੰਡੋਰੀ ਨੂੰ ਸਰਕਲ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ ਬੋਲਦਿਆਂ ਜਥੇਦਾਰ ਨਾਥ ਸਿੰਘ ਹਮੀਦੀ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਜਿਹੇ ਉੱਦਮੀ ਨੌਜਵਾਨਾਂ ਨੂੰ ਮਾਣ ਸਤਿਕਾਰ ਦੇ ਕੇ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ ਜਾ ਰਹੀਆਂ ਹਨ।ਅਗਲੇ ਦਿਨਾਂ 'ਚ ਪਾਰਟੀ ਦੇ ਹਲਕਾ ਜਥੇਬੰਦਕ ਢਾਂਚੇ ਦਾ ਵਿਸਥਾਰ ਕਰਕੇ ਬੇਦਾਗ ਇਮਾਨਦਾਰ ਲੋਕਾਂ ਨੂੰ ਅੱਗੇ ਲਿਆਂਦਾ ਜਾ ਰਿਹਾ ਹੈ।ਉਨ੍ਹਾਂ ਸੂਬਾ ਸਰਕਾਰ ਦੀ ਤਿੱਖੀ ਆਲੋਚਨਾ ਕਰਦਿਆਂ ਸਮੂਹ ਲੋਕਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਝੰਡੇ ਹੇਠ ਲਾਮਬੰਦ ਹੋਣ ਦੀ ਅਪੀਲ ਕੀਤੀ।ਨਵ-ਨਿਯੁਕਤ ਸਰਕਲ ਨਿਹਾਲੂਵਾਲ ਦੇ ਪ੍ਰਧਾਨ ਡਾ: ਹਰਨੇਕ ਸਿੰਘ ਧਾਲੀਵਾਲ ਨੇ ਪਾਰਟੀ ਦੇ ਸਮੂਹ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸੌਂਪੀ ਗਈ ਜ਼ਿੰਮੇਵਾਰੀ ਨੂੰ ਲਗਨ, ਮਿਹਨਤ ਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਪਾਰਟੀ ਆਗੂਆਂ ਦੀ ਅਗਵਾਈ ਹੇਠ ਸਮਰਪਤ ਭਾਵਨਾ ਨਾਲ ਕੰਮ ਕਰਨ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ।ਸੀਨੀਅਰ ਆਗੂ ਡਾ: ਸੁਖਵਿੰਦਰ ਸਿੰਘ ਨਿਹਾਲੂਵਾਲ ਨੇ ਪਾਰਟੀ ਦੇ ਫੈਸਲੇ ਦੀ ਸ਼ਲਾਘਾ ਕਰਦਿਆਂ ਆਗੂਆਂ, ਵਰਕਰਾਂ ਨੂੰ ਆ ਰਹੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਹੁਣੇ ਤੋਂ ਹੀ ਤਿਆਰੀਆਂ ਵਿੱਢ ਦੇਣ ਦੀ ਅਪੀਲ ਕੀਤੀ।

# ਵਿਦਿਆਰਥੀਆਂ ਨੇ ਕੈਰੀਅਰ ਗਾਈਡੈਂਸ ਸਪੈਸ਼ਲ ਟਾਕ 'ਚ ਭਾਗ ਲਿਆ

ਦੋਰਾਹਾ (ਹਰਮਿੰਦਰ ਸੇਠ) ਗੁਰੂ ਨਾਨਕ ਨੈਸ਼ਨਲ ਕਾਲਜ ਦੇ ਕੈਰੀਅਰ ਗਾਈਡੈਂਸ ਸੈੱਲ ਦੀ ਅਗਵਾਈ ਹੇਠ ਕਾਲਜ ਵਿਦਿਆਰਥੀਆਂ ਨੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਆਈ.ਏ.ਐੱਸ ਤੇ ਪ੍ਰਤੀਯੋਗੀ ਪਰੀਖਿਆਵਾਂ ਕੇਂਦਰ ਦੁਆਰਾ ਆਯੋਜਤ ਆਨਲਾਈਨ ਸਪੈਸ਼ਲ ਟਾਕ ਵਿੱਚ ਭਾਗ ਲਿਆ।ਇਹ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਇਸ ਆਨਲਾਈਨ ਕਿੱਤਾਮੁਖੀ ਸੇਧ



ਵਿੱਚ ਪ੍ਰੋ. (ਡਾ.) ਰੇਨੂ ਵਿਜ (ਮੁੱਖ ਸਰਪ੍ਰਸਤ, ਵਾਈਸ-ਚਾਂਸਲਰ, ਪੰਜਾਬ ਯੂਨਿਵਰਸਿਟੀ, ਚੰਡੀਗੜ੍ਹ), ਪ੍ਰੋ. (ਡਾ.) ਜੋਤੀ ਰਤਨ, (ਮਾਣਯੋਗ ਡਾਇਰੈਕਟਰ, ਆਈ. ਏ.ਐੱਸ ਤੇ ਹੋਰ ਪ੍ਰਤੀਯੋਗੀ ਪਰੀਖਿਆਵਾਂ ਕੇਂਦਰ), ਐਡਵੋਕੇਟ ਮੁਨੀਸ਼ ਕੋਚਰ (ਯੂ.ਪੀ.ਐੱਸ.ਸੀ ਸੀਨੀਅਰ ਫੈਕਲਟੀ) ਤੇ ਪ੍ਰੋ. (ਡਾ.) ਮਾਧੁਰੀ ਰਿਸ਼ੀ (ਕੋਆਰਡੀਨੇਟਰ ਆਈ.ਏ.ਐੱਸ ਤੇ ਹੋਰ ਪ੍ਰਤੀਯੋਗੀ ਪਰੀਖਿਆਵਾਂ ਕੇਂਦਰ) ਨੇ ਆਈ. ਏ. ਐੱਸ, ਪੀ.ਸੀ.ਐੱਸ ਤੇ ਹੋਰ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਬਾਰੇ ਬਹੁਮੁੱਲੀ ਜਾਣਕਾਰੀ ਵਿਦਿਆਰਥੀਆਂ ਨਾਲ਼ ਸਾਂਝੀ ਕੀਤੀ।ਇਸ ਆਨਲਾਈਨ ਕਿੱਤਾਮੁਖੀ ਸੇਧ ਵਿੱਚ ਕਾਲਜ ਦੇ 55 ਵਿਦਿਆਰਥੀਆਂ ਨੇ ਹਿੱਸਾ ਲਿਆ।

# ਏ ਐੱਸ ਕਾਲਜ ਖੰਨਾ ਦੀਆਂ ਵਿਦਿਆਰਥਣਾਂ ਦੀ ਮੈਗਾ ਜੌਬ ਫੇਅਰ 'ਚ ਚੋਣ

ਖੰਨਾ (ਸੁਖਵਿੰਦਰ ਸਿੰਘ ਭਾਦਲਾ) ਰਾਮਗੜ੍ਹੀਆ ਭਵਨ ਖੰਨਾ ਵਿਖੇ ਆਯੋਜਿਤ ਮੈਗਾ ਜੌਬ ਫੇਅਰ ਦੌਰਾਨ ਏ. ਐੱਸ. ਕਾਲਜ ਸਮਰਾਲਾ ਰੋਡ ਖੰਨਾ ਦੀਆਂ ਦਸ



ਵਿਦਿਆਰਥਣਾਂ ਦੀ ਚੋਣ ਹੋਈ। ਇਹ ਰੋਜ਼ਗਾਰ ਮੇਲਾ ਜ਼ਿਲ੍ਹਾ ਰੋਜ਼ਗਾਰ ਤੇ ਉਦਯਮ ਬਿਊਰੋ ਲੁਧਿਆਣਾ ਵੱਲੋਂ ਖ਼ਾਸ ਤੌਰ 'ਤੇ ਵਿਦਿਆਰਥਣਾਂ ਲਈ ਆਯੋਜਿਤ ਕੀਤਾ ਗਿਆ ਸੀ।ਇਸ ਮੈਗਾ ਜੌਬ ਫੇਅਰ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਰੋਜ਼ਗਾਰ ਦੇ ਮੌਕੇ ਉਪਲਬਧ ਕਰਵਾਉਣਾ ਤੇ ਉਨ੍ਹਾਂ ਨੂੰ ਪੇਸ਼ੇਵਰ ਜੀਵਨ ਵੱਲ ਅੱਗੇ ਵਧਣ ਲਈ ਮੰਚ ਪ੍ਰਦਾਨ ਕਰਨਾ ਸੀ।ਕਾਲਜ ਦੀਆਂ ਲਗਭਗ 50 ਵਿਦਿਆਰਥਣਾਂ ਨੇ ਇਸ ਪਲੇਸਮੈਂਟ ਡਰਾਈਵ ਵਿੱਚ ਪੂਰੇ ਉਤਸ਼ਾਹ ਨਾਲ ਭਾਗ ਲਿਆ, ਜਿਨ੍ਹਾਂ ਵਿੱਚੋਂ ਦਸ ਮੇਧਾਵੀ ਵਿਦਿਆਰਥਣਾਂ ਦੀ ਚੋਣ ਕੀਤੀ ਗਈ। ਚੁਣੀਆਂ ਗਈਆਂ ਵਿਦਿਆਰਥਣਾਂ ਨੂੰ ਸਮਾਗਮ ਦੌਰਾਨ ਹੀ ਨਿਯੁਕਤੀ ਪੱਤਰ ਸੌਂਪੇ ਗਏ। ਨਿਯੁਕਤੀ ਪੱਤਰ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਵੱਲੋਂ ਰਸਮੀ ਤੌਰ 'ਤੇ ਵੰਡੇ ਗਏ।ਉਨ੍ਹਾਂ ਆਪਣੇ ਸੰਬੋਧਨ ਦੌਰਾਨ ਵਿਦਿਆਰਥਣਾਂ ਨੂੰ ਆਤਮਨਿਰਭਰ ਬਣਨ, ਮਿਹਨਤ ਨਾਲ ਅੱਗੇ ਵਧਣ ਤੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪ੍ਰੇਰਿਤ ਕੀਤਾ। ਕਾਲਜ ਪ੍ਰਸ਼ਾਸਨ ਵੱਲੋਂ ਪਲੇਸਮੈਂਟ ਡਰਾਈਵ ਦੀ ਨਿਰਦੇਸ਼ਕ ਡਾ. ਯਾਸ਼ਮਿਨ ਸੌਫਤ ਦੇ ਪ੍ਰਭਾਵਸ਼ਾਲੀ ਨੇਤ੍ਰਿਤਵ ਤੇ ਲਗਾਤਾਰ ਮਾਰਗਦਰਸ਼ਨ ਦੀ ਸਰਾਹਣਾ ਕੀਤੀ ਗਈ, ਜਿਨ੍ਹਾਂ ਦੀ ਰਹਿਨੁਮਾਈ ਹੇਠ ਵਿਦਿਆਰਥਣਾਂ ਨੇ ਪੂਰੇ ਆਤਮਵਿਸ਼ਵਾਸ ਨਾਲ ਭਰਤੀ ਪ੍ਰਕਿਰਿਆ ਵਿੱਚ ਭਾਗ ਲਿਆ।ਕਾਲਜ ਦੇ ਪ੍ਰਿੰਸੀਪਲ ਡਾ. ਕੇ. ਕੇ. ਸ਼ਰਮਾ ਨੇ ਚੁਣੀਆਂ ਗਈਆਂ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਪਲੇਸਮੈਂਟ ਸੈੱਲ, ਅਧਿਆਪਕ ਵਰਗ ਤੇ ਪ੍ਰਬੰਧਨ ਦੇ ਸਾਂਝੇ ਯਤਨਾਂ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਕਿਹਾ ਕਿ ਇਹ ਸਫਲਤਾ ਟੀਮ ਵਰਕ ਤੇ ਸਮਰਪਣ ਦਾ ਪ੍ਰਤੀਕ ਹੈ। ਕਾਲਜ ਦੀ ਮੈਨੇਜਿੰਗ ਕਮੇਟੀ ਦੇ ਚੇਅਰਮੈਨ ਸੰਜੀਵ ਧਮੀਜਾ, ਉਪ-ਚੇਅਰਮੈਨ ਨਵੀਨ ਥੰਮਣ, ਜਨਰਲ ਸਕੱਤਰ ਰਾਜੇਸ਼ ਡਾਲੀ, ਸਾਂਝੇ ਮਹਾਸਚਿਵ ਜਤਿੰਦਰ ਦੇਵਗਣ ਤੇ ਕਾਲਜ ਸਕੱਤਰ ਅਜੈ ਸੂਦ ਨੇ ਕਰੀਅਰ ਮਾਰਗਦਰਸ਼ਨ ਤੇ ਪਲੇਸਮੈਂਟ ਸੈੱਲ ਦੀ ਪੂਰੀ ਟੀਮ ਨੂੰ ਇਸ ਮਹੱਤਵਪੂਰਨ ਉਪਲਬਧੀ ਲਈ ਦਿਲੋਂ ਵਧਾਈ ਦਿੱਤੀ।

# 'ਪੰਜਾਬੀ ਸੱਥ ਬਰਵਾਲੀ' ਵੱਲੋਂ ਸਾਲਾਨਾ ਸਮਾਗਮ ਪਹਿਲੀ ਨੂੰ



ਸਮਰਾਲਾ, (ਸੁਰਜੀਤ ਸਿੰਘ) 'ਪੰਜਾਬੀ ਸੱਥ ਬਰਵਾਲੀ' ਵੱਲੋਂ ਸਾਲਾਨਾ 27ਵਾਂ ਸਾਲਾਨਾ ਸਾਹਿਤਕ ਸਮਾਗਮ 1 ਮਾਰਚ ਨੂੰ ਪਿੰਡ ਬਰਵਾਲੀ ਦੀ ਸੱਥ ਵਿਖੇ ਕਰਾਇਆ ਜਾਵੇਗਾ।ਸਮਾਗਮ ਦੇ ਮੁੱਖ ਵਕਤਾ ਡਾ. ਨਿਰਮਲ ਸਿੰਘ ਲਾਂਬੜਾ ਹੋਣਗੇ। ਸੱਥ ਦੇ ਮੁੱਖ ਨਿਗਰਾਨ ਗੁਰਦੀਪ ਸਿੰਘ ਕੰਗ ਬਰਵਾਲੀ, ਕਹਾਣੀਕਾਰ ਰਾਮਦਾਸ ਬੰਗੜ, ਪੱਤਰਕਾਰ ਦਰਸ਼ਪ੍ਰੀਤ ਸਿੰਘ ਬੱਤਰਾ, ਨਾਟਕਕਾਰ ਰਾਜਵਿੰਦਰ ਸਮਰਾਲਾ, ਅਵਤਾਰ ਸਿੰਘ ਕੋਟਾਲਾ ਨੇ ਦੱਸਿਆ ਕਿ ਸੱਥ ਵੱਲੋਂ ਵੱਖ-ਵੱਖ ਖੇਤਰਾਂ ਵਿਚ ਵੱਡੀਆਂ ਪ੍ਰਾਪਤੀਆਂ ਹਾਸਿਲ ਕਰਨ ਵਾਲੀਆਂ ਪੰਜ ਸ਼ਖ਼ਸੀਅਤਾਂ, ਜਿਨ੍ਹਾਂ ਵਿੱਚ ਫਿਲਮ ਖੇਤਰ 'ਚੋਂ ਫਿਲਮ ਅਦਾਕਾਰ ਬਲਵਿੰਦਰ ਬੁਲੇਟ, ਸਿੱਖਿਆ ਦੇ ਖੇਤਰ 'ਚੋਂ ਡਾਕਟਰ ਸੁਖਪਾਲ ਕੌਰ, ਖੇਡ ਖੇਤਰ 'ਚੋਂ ਨੈਸ਼ਨਲ ਫੁੱਟਬਾਲ ਦੀ ਖਿਡਾਰਣ ਪ੍ਰਭਜੋਤ ਕੌਰ, ਸੰਗੀਤ ਖੇਤਰ 'ਚੋਂ ਕਵੀਸ਼ਰ ਜਸਵੰਤ ਸਿੰਘ ਸੇਖੋਂ, ਖੇਤੀਬਾੜੀ ਦੇ ਖੇਤਰ 'ਚੋਂ ਡਾਕਟਰ ਸੰਦੀਪ ਸਿੰਘ, ਰੰਗਮੰਚ ਦੇ ਖੇਤਰ 'ਚੋਂ ਉਦੇ ਵੀਰ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ। ਸਮਾਰੋਹ ਦੌਰਾਨ 'ਦਸਤਾਰ ਸਤਿਕਾਰ ਸਭਾ' ਵੱਲੋਂ ਹੋਣਹਾਰ ਬੱਚਿਆਂ ਨੂੰ ਸਨਮਾਨਤ ਵੀ ਕੀਤਾ ਜਾਵੇਗਾ। ਸਨਮਾਨਿਤ ਸ਼ਖ਼ਸੀਅਤਾਂ ਬਾਰੇ ਪੇਪਰ ਰਾਜਵਿੰਦਰ ਸਮਰਾਲਾ ਪੜ੍ਹਨਗੇ। ਕਹਾਣੀਕਾਰ ਤੇਲੂ ਰਾਮ ਕਹਾੜਾ ਦੀ ਨਵੀਂ ਕਿਤਾਬ 'ਭੁਲੱਕੜਨਾਮਾ' ਨੂੰ ਸ਼ਗਨ ਦਿੱਤਾ ਜਾਵੇਗਾ।

# ਕਿਸਾਨ ਅੱਜ ਮਨਾਉਣਗੇ ਸ਼ੁਭਕਰਨ ਸਿੰਘ ਦੀ ਬਰਸੀ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਬਲਾਕ ਪਾਤੜਾਂ ਦੀ ਮੀਟਿੰਗ ਗੁਰਦੁਆਰਾ ਸਿੰਘ ਸਭਾ ਘੱਗਾ ਵਿਖੇ ਬਲਾਕ ਪ੍ਰਧਾਨ ਮਨਦੀਪ ਸਿੰਘ ਭੂਤਗੜ੍ਹ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਸੂਬਾ ਆਗੂ ਮਨਜੀਤ ਸਿੰਘ ਨਿਆਲ, ਜ਼ਿਲ੍ਹਾ ਆਗੂ ਯਾਦਵਿੰਦਰ ਸਿੰਘ ਬੂਰੜ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਆਉਣ ਵਾਲੇ 21 ਫਰਵਰੀ ਨੂੰ ਕਿਸਾਨ ਅੰਦੋਲਨ-1 ਤੇ ਕਿਸਾਨ ਅੰਦੋਲਨ-2 ਦੇ ਕਿਸਾਨੀ ਸੰਘਰਸ਼ ਦੌਰਾਨ ਜਾਨਾਂ ਗਵਾਉਣ ਵਾਲੇ ਕਿਸਾਨਾਂ ਦੀ ਅਤੇ ਕੇਂਦਰ ਸਰਕਾਰ ਦੇ ਇਸ਼ਾਰਿਆਂ ਉੱਤੇ ਹਰਿਆਣਾ ਪੁਲਸ ਮੁਲਾਜ਼ਮਾਂ ਵੱਲੋਂ ਅੰਨ੍ਹੇਵਾਹ ਚਲਾਈਆਂ ਗੋਲੀਆਂ ਕਾਰਨ ਹੋਏ ਸ਼ਹੀਦ ਸ਼ੁਭਕਰਨ ਸਿੰਘ ਬੱਲੋ ਦੀ ਯਾਦ ਵਿੱਚ ਕਿਸਾਨ ਮਜ਼ਦੂਰ ਮੋਰਚੇ ਦੇ ਸੱਦੇ ਤਹਿਤ ਸਾਰੇ ਦੇਸ਼ ਵਿੱਚ ਜ਼ਿਲ੍ਹਾ ਪੱਧਰੀ ਪ੍ਰੋਗਰਾਮ ਕੀਤੇ ਜਾਣਗੇ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਬਲਾਕ ਆਗੂ ਅਮਰਿੰਦਰ ਸਿੰਘ ਘੱਗਾ, ਬਿੱਕਰ ਸਿੰਘ ਬੂਰੜ, ਸੁੱਖਾ ਸਿੰਘ ਦਫਤਰੀਵਾਲਾ, ਸਤਨਾਮ ਸਿੰਘ ਬਰਾਸ, ਅਮਨਦੀਪ ਸਿੰਘ ਘੱਗਾ ਤੇ ਪਿੰਡ ਇਕਾਈਆਂ ਦੇ ਆਗੂ ਹਾਜ਼ਰ ਸਨ।

# ਜੀਆਈਐਮਟੀ ਕਾਲਜ 'ਚ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਮਨਾਇਆ

ਬੁਢਲਾਡਾ, (ਨਵੀਨ ਸਿੰਗਲਾ) ਜੀਆਈਐਮਟੀ ਕਾਲਜ ਵਿੱਚ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਉਤਸ਼ਾਹਪੂਰਵਕ ਮਨਾਇਆ ਗਿਆ।ਇਸ ਸਾਲ ਸਮਾਗਮ ਦਾ



ਕੇਂਦਰੀ ਵਿਸ਼ਾ ਯੂਥ ਵਾਇਸ ਆਨ ਮਲਟੀਲਿੰਗੁਅਲ ਐਜੂਕੇਸ਼ਨ (ਬਹੁਭਾਸ਼ੀ ਸਿੱਖਿਆ ਵਿੱਚ ਨੌਜਵਾਨਾਂ ਦੀ ਆਵਾਜ਼) ਰਿਹਾ, ਜਿਸ ਦਾ ਉਦੇਸ਼ ਵਿਦਿਆਰਥੀਆਂ ਵਿੱਚ ਮਾਤ ਭਾਸ਼ਾਵਾਂ ਦੇ ਮਹੱਤਵ ਤੇ ਭਾਸ਼ਾਈ ਵਿਭਿੰਨਤਾ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ। ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਭਾਸ਼ਣ, ਕਵਿਤਾ ਪਾਠ ਤੇ ਵਿਚਾਰ ਪ੍ਰਗਟਾਵੇ ਰਾਹੀਂ ਮਾਤ ਭਾਸ਼ਾ ਦੀ ਅਹਿਮੀਅਤ ਨੂੰ ਉਜਾਗਰ ਕੀਤਾ ਗਿਆ।ਵਕਤਾਵਾਂ ਨੇ ਕਿਹਾ ਕਿ ਮਾਤ ਭਾਸ਼ਾ ਕਿਸੇ ਵੀ ਸਮਾਜ ਦੀ ਸੱਭਿਆਚਾਰਕ ਵਿਰਾਸਤ, ਪਛਾਣ ਤੇ ਮੁੱਲਾਂ ਦੀ ਸੰਭਾਲ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।ਉਨ੍ਹਾਂ ਨੇ ਨੌਜਵਾਨ ਪੀੜ੍ਹੀ ਨੂੰ ਆਪਣੀਆਂ ਭਾਸ਼ਾਈ ਜੜ੍ਹਾਂ ਨਾਲ ਜੁੜੇ ਰਹਿਣ ਤੇ ਬਹੁਭਾਸ਼ੀ ਸਿੱਖਿਆ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਕਾਲਜ ਦੇ ਚੇਅਰਮੈਨ ਡਾ. ਨਵੀਨ ਸਿੰਗਲਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਾਤ ਭਾਸ਼ਾ ਵਿਅਕਤੀ ਦੀ ਸੋਚ ਤੇ ਵਿਅਕਤਿਤਵ ਦੇ ਵਿਕਾਸ ਦੀ ਮਜ਼ਬੂਤ ਨੀਂਹ ਹੁੰਦੀ ਹੈ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੰਜਾਬੀ ਸਮੇਤ ਹਰ ਮਾਤ ਭਾਸ਼ਾ ਦਾ ਸਤਿਕਾਰ ਕਰਨ ਤੇ ਉਸ ਦੇ ਪ੍ਰਚਾਰ-ਪ੍ਰਸਾਰ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ।ਪ੍ਰਿੰਸੀਪਲ ਡਾ. ਰੇਖਾ ਨੇ ਕਿਹਾ ਕਿ ਬਹੁਭਾਸ਼ੀ ਸਿੱਖਿਆ ਵਿਦਿਆਰਥੀਆਂ ਨੂੰ ਵਿਸ਼ਵ ਪੱਧਰ 'ਤੇ ਮੁਕਾਬਲੇਯੋਗ ਬਣਾਉਂਦੀ ਹੈ ਤੇ ਨਵੀਆਂ ਸੰਭਾਵਨਾਵਾਂ ਦੇ ਦਰਵਾਜ਼ੇ ਖੋਲ੍ਹਦੀ ਹੈ।ਸਮਾਗਮ ਦੇ ਅੰਤ ਵਿੱਚ ਵਿਦਿਆਰਥੀਆਂ ਨੂੰ ਮਾਤ ਭਾਸ਼ਾਵਾਂ ਦੀ ਸੰਭਾਲ ਤੇ ਪ੍ਰੋਤਸਾਹਨ ਲਈ ਸੰਕਲਪ ਦਿਵਾਇਆ ਗਿਆ।

# ਵੱਖ ਵੱਖ ਥਾਵਾਂ 'ਤੇ ਕਿਸਾਨਾਂ ਉੱਪਰ ਕੀਤੇ ਪੁਲਸ ਤਸ਼ੱਦਦ ਤੇ ਗ੍ਰਿਫ਼ਤਾਰੀ ਦੀ ਨਿੰਦਾ

ਇਸ ਦੁਆਰਾ ਆਮ ਜਨਤਾ ਅਤੇ ਖਾਸਕਰ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਨੂੰ ਨੋਟਿਸ ਦਿੱਤਾ ਜਾਂਦਾ ਹੈ, ਜਿਸ ਦੇ ਵੇਰਵੇ ਹੇਠਾਂ ਦਿੱਤੇ ਗਏ ਹਨ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜ਼ਡ ਹੈ, ਜਿਸ ਦਾ ਕਬਜ਼ਾ ਮੈਸਰਜ਼ ਉਮੀਦ ਹਾਊਸਿੰਗ ਫਾਇਨਾਂਸ ਪ੍ਰਾਈਵੇਟ ਲਿਮਟਿਡ ਦੇ ਅਧਿਕਾਰਤ ਅਫਸਰ ਸਕਿਉਰਡ ਕ੍ਰੈਡਿਟਰ ਨੇ 12.01.2026 ਨੂੰ ਲੈ ਲਿਆ ਹੈ। 13.01.2026 ਨੂੰ ਵਿਕਰੀ ਨੋਟਿਸ ਅਨੁਸਾਰ ਉਕਤ ਨੋਟਿਸ ਦੇ ਸੰਬੰਧ 'ਚ ਨਿਲਾਮੀ 20.02.2026 ਨੂੰ ਆਯੋਜਿਤ/ਨਿਯਤ ਕੀਤੀ ਗਈ ਸੀ। ਤੁਹਾਨੂੰ ਇਸ ਦੁਆਰਾ ਸੂਚਿਤ ਕਰਦੇ ਹਾਂ ਕਿ ਉਕਤ ਨਿਲਾਮੀ ਵਿੱਤੀ ਸੰਸਥਾ ਦੁਆਰਾ 'ਕੋਈ ਨਹੀਂ ਆਇਆ' ਕਾਰਨ ਨਹੀ ਹੋ ਸਕੀ। ਉਕਤ ਵਿਕਰੀ ਨੋਟਿਸ ਦੀ ਪਾਲਣਾ ਹਿੱਤ ਹੁਣ ਇੱਕ ਚਾਹਵਾਨ/ਪ੍ਰਸਤਾਵਿਤ ਖਰੀਦਦਾਰ ਨੇ ਵਿੱਤੀ ਸੰਸਥਾ ਨਾਲ ਸੰਪਰਕ ਕੀਤਾ ਹੈ ਅਤੇ ਹੇਠਾਂ ਦਿੱਤੀ ਅਨੁਸੂਚੀ ਅਨੁਸਾਰ ਸਕਿਉਰਡ ਐੱਸਟ ਖਰੀਦਣ ਦੀ ਪੇਸ਼ਕਸ਼ ਕੀਤੀ ਹੈ, ਇਸ ਲਈ ਵਿੱਤੀ ਸੰਸਥਾ ਇਸ ਦੁਆਰਾ 15 ਦਿਨਾ ਨੋਟਿਸ ਦੇ ਕੇ (ਕਿਉਂਕਿ ਇਹ ਦੂਜੀ ਵਿਕਰੀ ਹੈ) ਸੂਚਿਤ ਕਰਦੀ ਹਾਂ ਕਿ ਅਤੇ ਤੁਹਾਨੂੰ ਐਡਰੈਸੀ ਨੂੰ 12.01.2026 ਨੂੰ ਬਕਾਇਆ/ਬਕਾਇਆ ਰਕਮ ਰੁਪਏ 1,384,086.01/-ਜਮ੍ਹਾਂ 13.01.2026 ਤੋਂ ਹੋਰ ਵਿਆਜ ਅਤੇ ਹੋਰ ਚਾਰਜਿਜ਼ ਦਾ ਭੁਗਤਾਨ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਉਪਰੋਕਤ ਬਕਾਇਆ/ਬਕਾਇਆ ਰਕਮ ਦਾ ਭੁਗਤਾਨ ਕਰਨ 'ਚ ਅਸਫਲ ਰਹਿਣ 'ਤੇ ਸਕਿਉਰਡ ਐੱਸਟ ਨੂੰ ਨਿੱਜੀ ਸੰਧੀ ਦੁਆਰਾ (ਜਿਵੇਂ ਕਿ ਸਕਿਉਰਿਟੀ ਇੰਟਰੈਸਟ ਇਨਫੋਰਸਮੈਂਟ ਰੂਲਜ਼, 2002 ਦੇ ਰੂਲ 8(5) ਡੀ ਦੀਆਂ ਵਿਵਸਥਾਵਾਂ ਤਹਿਤ) ਜਿਵੇਂ ਹੈ ਜੋ ਹੈ' ਅਤੇ ਮੌਜੂਦਾ ਬੋਝ ਨਾਲ, ਜੇਕਰ ਕੋਈ ਹੈ, ਵੇਚਿਆ ਜਾਵੇਗਾ।

ਕਿਰਪਾ ਕਰਕੇ ਨੋਟ ਕੀਤਾ ਜਾਵੇ : ਕਿਸੇ ਵੀ ਘਾਟ ਦੀ ਸਥਿਤੀ 'ਚ (ਉਪਰੋਕਤ ਵਿਕਰੀ ਪ੍ਰਕਿਰਿਆ ਦੇ ਸਮਾਯੋਜਨ ਤੋਂ ਬਾਅਦ) ਤੁਹਾਡੇ, ਐਡਰੈਸੀ ਤੋਂ ਸਕਿਉਰਟੀਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ ਐਂਡ ਸਕਿਉਰਿਟੀ ਇੰਟਰੈਸਟ ਇਨਫੋਰਸਮੈਂਟ ਰੂਲਜ਼, 2002 ਤਹਿਤ ਵਸੂਲ ਕੀਤੀ ਜਾਵੇਗੀ।

**ਕਰਜ਼ਦਾਰ ਅਤੇ ਰਹਿਣ ਕੀਤੀ ਜਾਇਦਾਦ ਦਾ ਵੇਰਵਾ**

1. ਅਜੇ ਗੋਂਦੀ ਪੁੱਤਰ ਸੁਰਿੰਦਰ ਗੋਂਦੀ (ਕਰਜ਼ਦਾਰ)
2. ਊਸ਼ਾ ਰਾਣੀ ਪਤਨੀ ਸੁਰਿੰਦਰ ਕੁਮਾਰ (ਸਹਿ-ਕਰਜ਼ਦਾਰ)

ਦੋਵੇਂ ਵਾਸੀ ਨੇੜੇ ਸਤਸੰਗ ਘਰ, ਸਤਗੁਰੂ ਨਗਰ, ਲੋਹਾਰਾ, ਲੁਧਿਆਣਾ ਪੰਜਾਬ-141016, ਨਾਲ ਹੀ : ਗਲੀ ਨੰ. 2, ਹਰਗੋਬਿੰਦ ਨਗਰ, ਡਾਬਾ ਰੋਡ, ਹਰਿਕ੍ਰਿਸ਼ਨ ਸਕੂਲ, ਲੁਧਿਆਣਾ, ਪੰਜਾਬ-141016

ਸਕਿਉਰਡ/ਰਹਿਣ ਕੀਤੀ ਅਚੱਲ ਜਾਇਦਾਦ ਰਕਬਾ 60 ਵਰਗ ਅਨੁਸਾਰ, ਖਸਰਾ ਨੰ. 371/1/2, ਖੱਤਾ ਨੰ. 477/588, ਜਮ੍ਹਾਂਬੰਦੀ ਸਾਲ 2009-2010 ਪਿੰਡ ਲੋਹਾਰਾ, ਹੱਦਬਸਤ ਨੰ. 260, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। ਹੱਦਾਂ : ਪੂਰਬ : ਗੁਆਂਢ, ਪੱਛਮ : ਗੁਰਪ੍ਰੀਤ ਸਿੰਘ, ਉੱਤਰ : ਖਾਲੀ ਪਲਾਟ, ਦੱਖਣ : ਗਲੀ।

ਕਿਸੇ ਪੁੱਛਗਿੱਛ ਦੇ ਮਾਮਲੇ 'ਚ ਕਿਰਪਾ ਕਰਕੇ ਸ੍ਰੀ ਗੌਰਵ ਤ੍ਰਿਪਾਠੀ ਮੋਬਾਇਲ-96500-55701 ਨਾਲ ਸੰਪਰਕ ਕੀਤਾ ਜਾਵੇ।

ਮਿਤੀ : 21.02.2026
ਸਥਾਨ : ਗੁਰੂਗ੍ਰਾਮ

ਅਧਿਕਾਰਤ ਅਫਸਰ, ਸ੍ਰੀ ਗੌਰਵ ਤ੍ਰਿਪਾਠੀ, ਮੋਬਾਇਲ-96500-55701
ਉਮੀਦ ਹਾਊਸਿੰਗ ਫਾਇਨਾਂਸ ਪ੍ਰਾਈਵੇਟ ਲਿਮਟਿਡ

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਉੱਤਰ ਰੇਲਵੇ

### ਦਰਖਾਸਤ ਸੂਚਨਾ

ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰ ਰੇਲਵੇ, ਫਿਰੋਜਪੁਰ ਦੇ ਮਾਧਿਅਮ ਨਾਲ ਫਿਰੋਜਪੁਰ ਮੰਡਲ ਤੇ ਹਾਲਟ ਸਟੇਸ਼ਨਾਂ ਤੇ ਟਿਕਟ ਵੰਡ ਕਰਨ ਲਈ ਹਾਲਟ ਠੇਕੇਦਾਰ ਦੀ ਨਿਯੁਕਤੀ ਲਈ ਦਰਖਾਸਤ ਪੱਤਰ ਦੀ ਮੰਗ ਕੀਤੀ ਗਈ ਹੈ:-

| | |
|---|---|
| ਕੰਮ ਦਾ ਨਾਮ | ਫਿਰੋਜਪੁਰ ਮੰਡਲ (1) ਬੋਲੀਨਾ ਦੋਆਬਾ (2) ਮਾਲੂਪੋਤਾ (3) ਗੜ੍ਹਸ਼ੰਕਰ (4) ਘੱਲੂ (5) ਸੈਲਾਖੁਰਦ (6) ਸ਼ਾਮ ਚੌਰਾਸੀ (7) ਖੜਕੜ ਕਲਾਂ ਝੰਡਾ ਜੀ (8) ਜੈਜੋਂ ਦੋਆਬਾ (9) ਜਮਸ਼ੇਰ ਖਾਸ (10) ਪ੍ਰਤਾਬਪੁਰਾ (11) ਬੂਟੇਵਾਲਾ (12) ਜੀਵ ਅਰਾਈ, ਹਾਲਟ ਸਟੇਸ਼ਨ ਆਉਂਦੇ 5 ਸਾਲ ਦੇ ਲਈ ਠੇਕੇ ਦਾ ਅਲਾਟਮੈਂਟ |
| ਨਿਵਿਦਾ ਜਮ੍ਹਾ ਕਰਨ ਦੀ ਅੰਤਮ ਮਿਤੀ ਤੇ ਨਿਵਿਦਾ ਖੁਲਣ ਦਾ ਸਮਾਂ | ਮਿਤੀ 25.03.2026 ਨੂੰ 15:00 ਵਜੇ ਤਕ (ਕਿਸੇ ਕਾਰਨ ਦਫਤਰ ਬੰਦ ਹੋਣ ਦੀ ਸਥਿਤੀ ਵਿਚ ਦਰਖਾਸਤ ਪੱਤਰ ਅਗਲੇ ਕੰਮ ਵਾਲੇ ਦਿਨ ਖੋਹਲੇ ਜਾਣਗੇ। |
| ਦਫਤਰ ਦਾ ਪਤਾ ਅਤੇ ਤਾਰੀਕ ਜਿਥੋਂ ਤੋਂ ਦਰਖਾਸਤ ਪੱਤਰ ਪ੍ਰਾਪਤ ਕੀਤੇ ਜਾ ਸਕਦੇ ਹਨ। | ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰ ਰੇਲਵੇ, ਫਿਰੋਜਪੁਰ ਮਿਤੀ 23.02.2026 ਤੋਂ 25.03.2026 ਤਕ ਕਿਸੇ ਵੀ ਕੰਮ ਵਾਲੇ ਦਿਨ ਅਤੇ ਉਤਰ ਰੇਲਵੇ ਦੀ ਵੈਬਸਾਈਟ www.nr.indianrailways.gov.in ਤੋਂ ਡਾਉਨਲੋਡ ਕੀਤੇ ਜਾ ਸਕਦੇ ਹਨ। |

ਇਸ ਅਲਾਟਮੈਂਟ ਨਾਲ ਸੰਬੰਧਿਤ ਦਸਤਾਵੇਜ ਜਿਵੇਂ ਪੱਤਰ, ਅਨੁਦੇਸ਼ ਕਰਾਰਨਾਮਾ ਅਤੇ ਨਿਯਮ ਤੇ ਸ਼ਰਤਾਂ ਨੂੰ ਉਤਰ ਰੇਲਵੇ ਦੀ ਵੈਬਸਾਈਟ www.nr.indianrailways.gov.in ਤੋਂ ਡਾਉਨਲੋਡ ਕੀਤੇ ਜਾ ਸਕਦੇ ਹਨ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 584/2026

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ, ਨੌਸ਼ਹਿਰਾ ਪਨੂੰਆਂ, ਤਰਨ ਤਾਰਨ

1. ਗੁਰਵਿੰਦਰ ਸਿੰਘ ਪੁੱਤਰ ਗੁਰਦੇਵ ਸਿੰਘ ਪੁੱਤਰ ਗੁਰਮੇਜ ਸਿੰਘ, ਮੋਬਾਈਲ ਨੰਬਰ 98031-80418
2. ਰਾਜਬੀਰ ਸਿੰਘ ਪੁੱਤਰ ਗੁਰਦੇਵ ਸਿੰਘ ਪੁੱਤਰ ਗੁਰਮੇਜ ਸਿੰਘ, ਮੋਬਾਈਲ ਨੰਬਰ 99147-70070, ਵਾਸੀਆਨ ਪਿੰਡ ਉਸਮਾਂ, ਤਹਿਸੀਲ ਤਰਨ ਤਾਰਨ, ਜ਼ਿਲ੍ਹਾ ਤਰਨ ਤਾਰਨ। ......ਸਾਇਲਾਨ

ਬਨਾਮ

1. ਹਰਜੀਤ ਸਿੰਘ ਪੁੱਤਰ ਕਾਬਲ ਸਿੰਘ ਪੁੱਤਰ ਕਰਤਾਰ ਸਿੰਘ, 2. ਸਰਮੇਲ ਪੁੱਤਰ ਕਾਬਲ ਸਿੰਘ ਪੁੱਤਰ ਕਰਤਾਰ ਸਿੰਘ, 3. ਬਿਕਰਮਜੀਤ ਸਿੰਘ ਪੁੱਤਰ ਸੁਖਦੇਵ ਸਿੰਘ ਪੁੱਤਰ ਜੋਗਿੰਦਰ ਸਿੰਘ, 4 ਗੁਰਪ੍ਰੀਤ ਸਿੰਘ ਪੁੱਤਰ ਹਰਦੇਵ ਸਿੰਘ ਪੁੱਤਰ ਜੋਗਿੰਦਰ ਸਿੰਘ, 5. ਦਲਬੀਰ ਕੌਰ ਪਤਨੀ ਪਰਵਿੰਦਰ ਸਿੰਘ ਪੁੱਤਰ ਸੂਰਤ ਸਿੰਘ, 6. ਸਤਨਾਮ ਸਿੰਘ ਪੁੱਤਰ ਜਗਤਾਰ ਸਿੰਘ ਪੁੱਤਰ ਕਾਬਲ ਸਿੰਘ, 7. ਰਣਧੀਰ ਸਿੰਘ ਪੁੱਤਰ ਜਗਤਾਰ ਸਿੰਘ ਪੁੱਤਰ ਕਾਬਲ ਸਿੰਘ, 8. ਸਕੱਤਰ ਸਿੰਘ ਪੁੱਤਰ ਬਲਕਾਰ ਸਿੰਘ ਪੁੱਤਰ ਕਾਬਲ ਸਿੰਘ, 9. ਸੁਖਦੇਵ ਸਿੰਘ ਪੁੱਤਰ ਗੁਰਮੁਖ ਸਿੰਘ ਪੁੱਤਰ ਕਾਬਲ ਸਿੰਘ, 10. ਹਰਨਾਮ ਸਿੰਘ ਪੁੱਤਰ ਭਗਵਾਨ ਸਿੰਘ ਪੁੱਤਰ ਵਰਿਆਮ ਸਿੰਘ, 11. ਅਮਰੀਕ ਕੌਰ ਪਤਨੀ ਹਰਜੀਤ ਸਿੰਘ ਪੁੱਤਰ ਕਾਬਲ ਸਿੰਘ, 12. ਤੇਗਾ ਸਿੰਘ ਪੁੱਤਰ ਦੀਦਾਰ ਸਿੰਘ ਪੁੱਤਰ ਪ੍ਰੀਤਮ ਸਿੰਘ 13. ਜਸਪਾਲ ਸਿੰਘ ਪੁੱਤਰ ਦੀਦਾਰ ਸਿੰਘ ਪੁੱਤਰ ਪ੍ਰੀਤਮ ਸਿੰਘ, 14. ਮਲਕੀਤ ਸਿੰਘ ਪੁੱਤਰ ਗੁਰਬਚਨ ਸਿੰਘ ਪੁੱਤਰ ਦਲੀਪ ਸਿੰਘ, 15. ਸੁਖਜਿੰਦਰ ਸਿੰਘ ਪੁੱਤਰ ਸਰਦਾਰਾ ਸਿੰਘ ਪੁੱਤਰ ਪ੍ਰੀਤਮ ਸਿੰਘ, 16. ਮਨਜੀਤ ਕੌਰ ਪਤਨੀ ਪੂਰਨ ਸਿੰਘ ਪੁੱਤਰ ਪਿਆਰਾ ਸਿੰਘ, 17. ਪਰਮਜੀਤ ਕੌਰ ਪਤਨੀ ਸਤਰਾਜਪਾਲ ਸਿੰਘ ਪੁੱਤਰ ਪਿਆਰਾ ਸਿੰਘ, 18. ਲਖਵਿੰਦਰ ਸਿੰਘ ਪੁੱਤਰ ਗੁਰਬਚਨ ਸਿੰਘ ਪੁੱਤਰ ਦਲੀਪ ਸਿੰਘ, 19. ਪ੍ਰਗਟ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਸੁੱਚਾ ਸਿੰਘ, 20. ਪ੍ਰਤਾਪ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਸੁੱਚਾ ਸਿੰਘ, 21 ਗੁਰਿੰਦਰ ਕੌਰ ਪਤਨੀ ਗੁਰਮੁੱਖ ਸਿੰਘ ਪੁੱਤਰ ਮਹਿੰਦਰ ਸਿੰਘ ਮ੍ਰਿਤਕ ਰਾਹੀਂ ਵਾਰਿਸ ਪਤੀ ਗੁਰਮੁਖ ਸਿੰਘ ਪੁੱਤਰ ਮਹਿੰਦਰ ਸਿੰਘ, 22. ਸੁਖਜੀਤ ਕੌਰ ਪਤਨੀ ਪਰਮਜੀਤ ਸਿੰਘ ਪੁੱਤਰ ਸੰਤੋਖ ਸਿੰਘ, 23. ਸੁਖਵੰਤ ਕੌਰ ਵਿਧਵਾ ਪ੍ਰਕਾਸ਼ ਸਿੰਘ ਪੁੱਤਰ ਗੁਰਮੇਜ ਸਿੰਘ, 24. ਜਰਮਨਜੀਤ ਸਿੰਘ ਪੁੱਤਰ ਪਰਕਾਸ਼ ਸਿੰਘ ਪੁੱਤਰ ਗੁਰਮੇਜ ਸਿੰਘ, 25. ਵਰਿੰਦਰਜੀਤ ਸਿੰਘ ਪੁੱਤਰ ਪਰਕਾਸ਼ ਸਿੰਘ ਪੁੱਤਰ ਗੁਰਮੇਜ ਸਿੰਘ, 26. ਸੁਖਦੇਵ ਸਿੰਘ ਪੁੱਤਰ ਜੋਗਿੰਦਰ ਸਿੰਘ ਪੁੱਤਰ ਹਜਾਰਾ ਸਿੰਘ, 27. ਕਸ਼ਮੀਰ ਕੌਰ ਮਾਤਾ ਪ੍ਰਤਾਪ ਸਿੰਘ ਪੁੱਤਰ ਬਲਕਾਰ ਸਿੰਘ, 28. ਮਨਜੀਤ ਕੌਰ ਪਤਨੀ ਅਮਰਜੀਤ ਸਿੰਘ ਪੁੱਤਰ ਸੰਤੋਖ ਸਿੰਘ, 29. ਜਸਵਿੰਦਰ ਕੌਰ ਪਤਨੀ ਜਸਪਾਲ ਸਿੰਘ ਪੁੱਤਰ ਦੀਦਾਰ ਸਿੰਘ, 30. ਚੰਨਣ ਸਿੰਘ ਪੁੱਤਰ ਨੱਥਾ ਸਿੰਘ ਪੁੱਤਰ ਜਵਾਲਾ ਸਿੰਘ, 31. ਕਿਸ਼ਨ ਸਿੰਘ ਪੁੱਤਰ ਜਵਾਲਾ ਸਿੰਘ, 32. ਨਰੰਜਣ ਸਿੰਘ ਪੁੱਤਰ ਨੱਥਾ ਸਿੰਘ ਪੁੱਤਰ ਜਵਾਲਾ ਸਿੰਘ, 33. ਬਿਸ਼ਨ ਸਿੰਘ ਪੁੱਤਰ ਜਵਾਲਾ ਸਿੰਘ। ਸਾਰੇ ਵਾਸੀਆਨ ਪਿੰਡ ਉਸਮਾਂ, ਤਹਿਸੀਲ ਤਰਨ ਤਾਰਨ, ਜ਼ਿਲ੍ਹਾ ਤਰਨ ਤਾਰਨ। ਉੱਤਰਵਾਦੀਆਨ

ਵਿਸ਼ਾ:- ਦਰਖਾਸਤ ਬਰਾਏ ਕਰਵਾਉਣੇ ਦਰੁਸਤੀ ਗਿਰਦਾਵਰੀ ਭੂਮੀ ਖਾਤਾ ਖਤੌਨੀ ਨੰਬਰ 68/343 ਖਸਰਾ ਨੰਬਰ 20//18/1/1 ਮਿੰਨ (2-11) ਸਾਲਮ ਅਤੇ ਖਤੌਨੀ ਨੰਬਰ 345 ਖਸਰਾ ਨੰਬਰ 20//14/2/2 (2-9) ਸਾਲਮ, ਖਸਰਾ ਨੰਬਰ 20//15/2(2-6) 40/46 ਹਿੱਸਾ ਬਕਦਰ ਜ਼ਮੀਨ 2 ਕਨਾਲ ਅਤੇ ਖਸਰਾ ਨੰਬਰ 20//16(7-12) ਦਾ 96/152 ਹਿੱਸਾ ਬਕਦਰ ਜ਼ਮੀਨ 4 ਕਨਾਲ 16 ਮਰਲੇ ਅਤੇ ਖਸਰਾ ਨੰਬਰ 20//17 (8-0) ਸਾਲਮ ਕਿਤੇ 5 ਰਕਬਾ 19 ਕਨਾਲ 16 ਮਰਲੇ ਵਾਕਿਆ ਰਕਬਾ ਪਿੰਡ ਉਸਮਾਂ, ਤਹਿਸੀਲ ਤਰਨ ਤਾਰਨ, ਜਮ੍ਹਾਂਬੰਦੀ ਸਾਲ 2019-20 ਹੱਦਬਸਤ ਨੰਬਰ 268 ਬਾਬਤ ਫਸਲ ਹਾੜ੍ਹੀ 2025 ਤੋਂ ਚਾਲੂ ਫਸਲਾਂ ਤੱਕ।

ਉਕਤ ਮੁਕੱਦਮੇ ਵਿੱਚ ਇਸ ਅਦਾਲਤ ਨੂੰ ਪੂਰਾ ਯਕੀਨ ਹੋ ਚੁੱਕਾ ਹੈ ਕਿ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਈ ਮੁਸ਼ਕਿਲ ਹੈ, ਇਸ ਲਈ ਨੋਟਿਸ ਰਾਹੀਂ ਉੱਤਰਵਾਦੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕਿਸੇ ਵੀ ਵਿਅਕਤੀ ਨੂੰ ਉਕਤ ਦਰੁਸਤੀ ਗਿਰਦਾਵਰੀ ਦਾ ਫੈਸਲਾ ਹੋਣ ਵਿੱਚ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਅਸਾਲਤਾਨ ਜਾਂ ਵਕਾਲਤਾਨ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਇਸ ਇਸ਼ਤਿਹਾਰ ਦੇ ਛਪਣ ਤੋਂ ਪੰਦਰਾਂ ਦਿਨ ਦੇ ਅੰਦਰ-ਅੰਦਰ ਕਿਸੇ ਕੰਮ ਵਾਲੇ ਦਿਨ ਕਰ ਸਕਦਾ ਹੈ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 18/02/2026 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਨੰ. 527 ਮਿਤੀ : 18/02/2026 ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਾਇਬ ਤਹਿਸੀਲਦਾਰ ਨੌਸ਼ਹਿਰਾ ਪਨੂੰਆਂ।

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ/ਟੀ-80/25-26 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 16.03.2026 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ। ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਂਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।

| | |
|---|---|
| ਕੰਮ ਦਾ ਨਾਮ | S&T ਦੇ ਨਾਮ (i) ਜਲੰਧਰ ਸਿਟੀ-ਅੰਮ੍ਰਿਤਸਰ ਸੈਕਸ਼ਨ ਉਤੇ Km 505/4-6 ਉਤੇ 3.00 X 2.50m ਸਾਈਜ ਦੇ ਦੋ RCC ਬਾਕਸ ਬ੍ਰਿਜ ਅਤੇ ਅੰਮ੍ਰਿਤਸਰ-ਪਠਾਨਕੋਟ ਸੇਕਸ਼ਨ ਉਤੇ OHE 6/9-11 ਦਾ ਕੰਸਟ੍ਰਕਸ਼ਨ, ਜੋ ADEN-II/ਅੰਮ੍ਰਿਤਸਰ ਦੇ ਅਧਿਕਾਰ ਖੇਤਰ ਵਿਚ ਨਗਰ ਨਿਗਮ, ਅੰਮ੍ਰਿਤਸਰ (ਪਾਣੀ ਦੀ ਪਾਈਪ ਕ੍ਰਾਸਿੰਗ ਦੇ ਲਈ ਪੁਸ਼ਿੰਗ ਮੇਥਡ) ਦੁਆਰਾ ਕੀਤਾ ਜਾਵੇਗਾ। (2) RCC ਬਾਉਂਡ੍ਰੀ ਵਾਲ (NR ਟਾਈਪ ਐਫ-71 ਦੇ ਅਨੁਸਾਰ) ਅਤੇ ਦੂਜੇ ਵਖ-ਵਖ ਕੰਮ, ਜੋ ਜਲੰਧਰ ਸਿਟੀ-ਫਿਰੋਜਪੁਰ ਸੈਕਸ਼ਨ ਉਤੇ RCF ਹਾਲਟ ਅਤੇ ਸੁਲਤਾਨਪੁਰ ਲੋਧੀ ਰੇਲਵੇ ਸਟੇਸ਼ਨ ਦੇ ਵਿਚ KM 43/8-9 ਉਤੇ ROB ਦੇ ਕੰਸਟ੍ਰਕਸ਼ਨ ਦੇ ਨਾਲ-ਨਾਲ ਰੇਲਵੇ ਬਾਉਂਡ੍ਰੀ ਦੇ ਪ੍ਰੋਜੈਕਟ ਦੇ ਸਬੰਧ ਵਿਚ ਕੰਮ। |

| | | | |
|---|---|---|---|
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 16.03.2026 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 19.02.2026 17:11 |
| ਅੰਦਾਜਨ ਲਾਗਤ | ₹69,08,493.70 | ਬਿਡਿੰਗ ਸ਼ੁਰੂ ਦੀ ਮਿਤੀ (ਆਈ.ਆਰ.ਈ.ਪੀ.ਐਸ) | 02.03.2026 |
| ਬਿਆਨਾ ਰਾਸ਼ੀ | ₹1,38,200.00 | ਕੰਮ ਪੂਰਾ ਕਰਨ ਦਾ ਸਮਾਂ | 6 ਮਹੀਨੇ |

ਨੋਟ: ਨਿਵਿਦਾਕਰਤਾ ਰੈਗੂਲਰ ਤੌਰ ਤੇ ਵੈਬਸਾਈਟ ਦੇ ਸੰਪਰਕ ਵਿਚ ਰਹਿ ਕੇ ਨਿਵਿਦਾ ਸੰਸ਼ੋਧਨਾਂ, ਸੁਧੀਪੱਤਰ ਆਦਿ ਦੇ ਬਾਰੇ ਵਿਚ ਖੁਦ ਨੂੰ ਅਪਡੇਟ ਰੱਖਣ।

ਨਿਵਿਦਾ ਸੂਚਨਾ ਨੰ. 433-ਸਿਗ- ਟੀ-80-25-26 ਮਿਤੀ: 19.02.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 581/2026

**AXIS BANK LTD.**
RETAIL ASSET CENTRE: AXIS BANK LTD, 2ND FLOOR, PROPERTY # 7-E, MUNICIPAL 3903/1142/16, MALHAR ROAD, SARABHA NAGAR, LUDHIANA -141001.
CORPORATE OFFICE: 'AXIS HOUSE', BLOCK-B, BOMBAY DYEING MILLS COMPOUND, PANDURANG BUDHKAR MARG, WORLI, MUMBAI-400025
REGISTERED OFFICE: 'TRISHUL', 3RD FLOOR, OPPOSITE SAMARTHESWAR TEMPLE, LAW GARDEN, ELLISBRIDGE, AHMADABAD-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਐੱਨ ਪੀ ਏ ਦੀ ਮਿਤੀ |
|---|---|---|---|---|
| | | ਡਿਮਾਂਡ ਨੋਟਿਸ 'ਚ ਰਕਮ (ਰੁਪਏ) | | |
| 1. | ਸ੍ਰੀ ਜੋਰਾ ਸਿੰਘ ਪੁੱਤਰ ਹਰੀ ਸਿੰਘ (ਕਰਜ਼ਦਾਰ ਅਤੇ ਰਹਿਣਕਾਰ) ਸ੍ਰੀਮਤੀ ਰਾਜਬੀਰ ਕੌਰ ਪਤਨੀ ਜੋਰਾ ਸਿੰਘ (ਸਹਿ-ਕਰਜ਼ਦਾਰ) | 05 ਦਸੰਬਰ 2025 | 18 ਫਰਵਰੀ 2026 | 01 ਨਵੰਬਰ 2025 |
| | | ਰੁਪਏ 13,83,557/- (ਤੇਰਾਂ ਲੱਖ ਤਰਿਆਸੀ ਹਜ਼ਾਰ ਪੰਜ ਸੌ ਸਤਵੰਜਾ ਰੁਪਏ ਕੇਵਲ) | | |

ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ ਜ਼ਮੀਨ ਰਕਬਾ 00 ਕਨਾਲ 12 ਮਰਲੇ, ਖੇਵਟ ਨੰ. 636, ਖਤੌਨੀ ਨੰ. 957, ਖਸਰਾ ਨੰ. 438//11/1 ਮਿੰਨ (0-12) ਪਿੰਡ ਲੌਂਗੋਵਾਲ-ਬੀ ਦੀਆਂ ਮਾਲੀਆਂ ਹੱਦਾਂ ਦੇ ਅੰਦਰਵਾਰ, ਸਬ-ਤਹਿਸੀਲ ਲੌਂਗੋਵਾਲ, ਜ਼ਿਲ੍ਹਾ ਸੰਗਰੂਰ, ਜਮ੍ਹਾਂਬੰਦੀ ਸਾਲ 2020-21 ਸ੍ਰੀ ਜੋਰਾ ਸਿੰਘ ਪੁੱਤਰ ਹਰੀ ਸਿੰਘ ਪੁੱਤਰ ਬਚਨ ਸਿੰਘ ਦੇ ਨਾਂਅ, ਵਾਸੀ ਪੱਤੀ ਰੰਧਾਵਾ, ਪਿੰਡ ਲੌਂਗੋਵਾਲ, ਸਬ-ਤਹਿਸੀਲ ਲੌਂਗੋਵਾਲ, ਜ਼ਿਲ੍ਹਾ ਸੰਗਰੂਰ ਨਾਲ ਸੰਬੰਧਤ ਸਭ ਕੁਝ। ਹੱਦਾਂ ਪਟਵਾਰੀ ਮੌਕਾ ਰਿਪੋਰਟ ਅਨੁਸਾਰ : ਉੱਤਰ : 48 ਫੁੱਟ ਕਰਮਜੀਤ ਕੌਰ ਪਤਨੀ ਭੂਰਾ ਖਾਨ, ਦੱਖਣ : 56 ਫੁੱਟ 6 ਇੰਚ ਰੋਡ, ਪੂਰਬ : 49 ਫੁੱਟ ਦਰਸ਼ਨ ਸਿੰਘ ਪੁੱਤਰ ਮਲਕੀਤ ਸਿੰਘ, ਪੱਛਮ : ਗਲੀ ਬਾਹੀ 79 ਫੁੱਟ ਲੰਬਾਈ 14 ਫੁੱਟ 'ਚੋਂ ਚੌੜਾਈ

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਐੱਨ ਪੀ ਏ ਦੀ ਮਿਤੀ |
|---|---|---|---|---|
| 2. | ਸ੍ਰੀ ਜਗਤਾਰ ਸਿੰਘ ਪੁੱਤਰ ਭਾਨ ਸਿੰਘ (ਕਰਜ਼ਦਾਰ) ਸ੍ਰੀ ਦਵਿੰਦਰ ਸਿੰਘ ਪੁੱਤਰ ਜਗਤਾਰ ਸਿੰਘ (ਸਹਿ-ਕਰਜ਼ਦਾਰ ਅਤੇ ਰਹਿਣਕਾਰ) | 27 ਨਵੰਬਰ-25 | 17 ਫਰਵਰੀ-26 | 01 ਨਵੰਬਰ-25 |
| | | ਰੁਪਏ 72,72,882.82/- (ਬਹੱਤਰ ਲੱਖ ਬਹੱਤਰ ਹਜ਼ਾਰ ਅੱਠ ਸੌ ਬਿਆਸੀ ਰੁਪਏ ਬਿਆਸੀ ਪੈਸੇ ਕੇਵਲ) | | |

ਰਹਿਣ ਕੀਤੀ ਜਾਇਦਾਦ ਦਾ ਵੇਰਵਾ : (1) ਜਾਇਦਾਦ ਦਾ ਉਚਿਤ ਗਿਰਵੀਨਾਮਾ : ਰਕਬਾ 120 ਵਰਗ ਗਜ਼ ਜ਼ਮੀਨ ਰਕਬਾ 4 ਮਰਲਾ 255 ਫੁੱਟ (ਵੱਡੀ ਕਰਮ) 4 ਮਰਲਾ 255 ਫੁੱਟ/651 ਹਿੱਸਾ, ਖਸਰਾ ਨੰ. 1538 (2-10), ਮਿੰਨ 1539 (0-2) ਮਿੰਨ, 1543 (4-15), 1544 (3-10), 1545 (8-0), 1542 (6-18) ਮਿੰਨ 1546 (3-16) ਮਿੰਨ, 1541 (3-0) ਮਿੰਨ। ਕੁਲ ਜ਼ਮੀਨ ਰਕਬਾ 32 ਕਨਾਲ 11 ਮਰਲਾ 'ਚੋਂ, ਜਮ੍ਹਾਂਬੰਦੀ ਸਾਲ 2017-18, ਮਾਪ ਫਰੰਟ 24 ਫੁੱਟ × ਲੰਬਾਈ 56 ਫੁੱਟ, ਕੱਕਾ ਕੰਡਿਆਲਾ ਖੇਤਰ 'ਚ ਸਥਿਤ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ, ਜੋ ਦਵਿੰਦਰ ਸਿੰਘ ਪੁੱਤਰ ਜਗਤਾਰ ਸਿੰਘ ਦੇ ਨਾਂਅ ਦਰਜ ਬੈਨਾਮਾ ਨੰ. 2020-21/168/1/91 ਮਿਤੀ 22-5-2020 ਅਨੁਸਾਰ। ਹੱਦਾਂ : ਉੱਤਰ: ਮਾਲਕ ਦੀ ਜਾਇਦਾਦ, ਦੱਖਣ: ਭੁਪਿੰਦਰ ਸਿੰਘ ਦੀ ਜਾਇਦਾਦ, ਪੱਛਮ: ਰੂਈ, ਪੂਰਬ : ਗਲੀ (2) ਜਾਇਦਾਦ ਦਾ ਉਚਿਤ ਗਿਰਵੀਨਾਮਾ : ਰਕਬਾ 816.75 ਵਰਗ ਗਜ਼, ਜ਼ਮੀਨ ਰਕਬਾ 01 ਕਨਾਲ 07 ਮਰਲਾ, ਕੁਲ ਜ਼ਮੀਨ ਰਕਬਾ 70 ਕਨਾਲ 16 ਮਰਲੇ, ਖੱਤਾ ਖਤੌਨੀ ਨੰ. 58/210 ਤੋਂ 216 ਅਤੇ ਖਸਰਾ ਨੰ. 42 ਮਿੰਨ (0-8), 42 ਮਿੰਨ (0-14), 45/2 (2-0), 78 (2-13), 93 (3-4), 42 ਮਿੰਨ (0-13), 45/2 ਮਿੰਨ (2-0), 93 ਮਿੰਨ (1-4), 74 (6-3), 77 (5-1), 42 ਮਿੰਨ (0-14), 45/2 ਮਿੰਨ (2-0), 75 (9-2), 44/1 (4-0), 44/2 (0-18), 45/1 (2-0), 73 (7-12), 94 (8-0), 95 (7-12), 127 (4-18) ਜਮ੍ਹਾਂਬੰਦੀ ਸਾਲ 2020-21, ਪਿੰਡ ਦੁਲਚੀਪੁਰ ਵਿਖੇ ਸਥਿਤ, ਤਹਿਸੀਲ ਖਡੂਰ ਸਾਹਿਬ, ਜ਼ਿਲ੍ਹਾ ਤਰਨ ਤਾਰਨ ਦਵਿੰਦਰ ਸਿੰਘ ਪੁੱਤਰ ਜਗਤਾਰ ਸਿੰਘ ਦੇ ਨਾਂਅ ਦਸਤਾਵੇਜ਼ ਨੰ. 2023-24/173/1/1109 ਮਿਤੀ 20-2-2024 ਅਨੁਸਾਰ। ਹੱਦਾਂ:-ਉੱਤਰ : ਖੇਤੀਬਾੜੀ ਵਾਲੀ ਜ਼ਮੀਨ, ਦੱਖਣ : ਗਲੀ, ਪੱਛਮ : ਮਾਲਕ ਦੀ ਜਾਇਦਾਦ, ਪੂਰਬ: ਮਾਲਕ ਦੀ ਜਾਇਦਾਦ।

ਮਿਤੀ: 21/02/2026 ਸਥਾਨ : ਪੰਜਾਬ ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

# ਜ਼ਿਲ੍ਹਾ ਤੇ ਸੈਸ਼ਨ ਕੋਰਟ ਕੰਪਲੈਕਸ ਵਿਖੇ ਜਨਤਕ ਕਾਊਂਸੀਲਿੰਗ ਹੈੱਲਪ ਡੈਸਕ ਲਗਾਇਆ



**ਹੁਸ਼ਿਆਰਪੁਰ (ਓ ਪੀ ਰਾਣਾ)**

ਜ਼ਿਲ੍ਹਾ ਨਸ਼ਾ ਮੁਕਤੀ ਮੁੜ ਵਸੇਬਾ ਸੁਸਾਇਟੀ ਹੁਸ਼ਿਆਰਪੁਰ ਵੱਲੋਂ ਜ਼ਿਲ੍ਹਾ ਤੇ ਸੈਸ਼ਨ ਕੋਰਟ ਕੰਪਲੈਕਸ ਹੁਸ਼ਿਆਰਪੁਰ ਵਿਖੇ ਨਸ਼ਾਖ਼ੋਰੀ ਅਤੇ ਇਸ ਦੇ ਇਲਾਜ਼ ਦੇ ਬਾਰੇ ਜਨਤਕ ਕਾਊਂਸੀਲਿੰਗ ਹੈਲਪ ਡੈਸਕ ਲਗਾਇਆ। ਇਸ ਮੌਕੇ ਤੇ ਜਸਟਿਸ ਮੀਨਾਕਸ਼ੀ ਆਈ ਮਹਿਤਾ ਜੱਜ ਪੰਜਾਬ ਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਐਡਮਿਨਿਸਟ੍ਰੇਸ਼ਨ ਜੱਜ ਹੁਸ਼ਿਆਰਪੁਰ ਸੈਸ਼ਨ ਡਵੀਜਨ, ਰਾਜਿੰਦਰ ਅਗਰਵਾਲ ਜਿਲ੍ਹਾ ਤੇ ਸੈਸ਼ਨ ਜੱਜ ਹੁਸ਼ਿਆਰਪੁਰ, ਨੀਰਜ ਗੋਇਲ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਕਮ ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਸੇਵਾਵਾਂ ਅਥਾਰਿਟੀ ਹੁਸ਼ਿਆਰਪੁਰ ਨੇ ਵਿਸ਼ੇਸ ਤੌਰ ਤੇ ਹੈਲਪ ਡੈਸਕ ਦਾ ਜਾਇਜ਼ਾ ਲਿਆ।ਇਸ ਮੌਕੇ ਜਿਲ੍ਹਾ ਨਸ਼ਾ ਮੁਕਤੀ ਮੁੜ ਵਸੇਬਾ ਕੇਂਦਰ ਹੁਸ਼ਿਆਰਪੁਰ ਤੋਂ ਕਾਉਂਸਲਰ ਪ੍ਰਸ਼ਾਂਤ ਆਦਿਆ, ਕਾਉਸਲਰ ਸੰਦੀਪ ਕੁਮਾਰੀ, ਅਲਕਾ ਕੁਮਾਰੀ, ਸਿਵਲ ਹਸਪਤਾਲ ਹੁਸ਼ਿਆਰਪੁਰ ਤੋਂ ਸੁਖਪ੍ਰੀਤ ਕੌਰ ਸਾਇਕੈਟ੍ਰਿਕਟ ਸੋਸ਼ਲ ਵਰਕਰ, ਤਜਿੰਦਰ ਕੌਰ ਸਾਇਕੋਲੋਜਿਸਟ ਇਸ ਜਨਤਕ ਹੈਲਪ ਡੈਸਕ ਵਿਚ ਸ਼ਾਮਲ ਹੋਏ । ਇਸ ਮੌਕੇ ਤੇ ਜਸਟਿਸ ਮੀਨਾਕਸ਼ੀ ਆਈ ਮਹਿਤਾ ਨੇ ਇਸ ਜਨਤਕ ਕਾਉਂਸੀਲਿੰਗ ਹੈਲਪ ਡੈਸਕ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਇਸ ਤਰ੍ਹਾਂ ਦੀ ਜਾਗਰੂਕਤਾਂ ਨਾਲ ਸਮਾਜ ਵਿੱਚ ਫੈਲੀ ਨਸ਼ਿਆਂ ਦੀ ਆਲਮਤ ਤੋਂ ਯੂੱਥ/ ਯੁਵਾ ਪੀੜੀ ਨੂੰ ਬਚਾਇਆ ਜਾ ਸਕਦਾ ਹੈ। ਇਹ ਇੱਕ ਚੰਗਾ ਉਪਰਾਲਾ ਹੈ। ਰਾਜਿੰਦਰ ਅੱਗਰਵਾਲ ਜਿਲ੍ਹਾ ਤੇ ਸੈਸ਼ਨ ਜੱਜ ਹੁਸ਼ਿਆਰਪੁਰ ਅਤੇ ਨੀਰਜ ਗੋਇਲ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਕਮ ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਸੇਵਾਵਾਂ ਅਥਾਰਿਟੀ ਹੁਸ਼ਿਆਰਪੁਰ ਨੇ ਵੀ ਇਸ ਹੈਲਪ ਡੈਸਕ ਦੀ ਸ਼ਲਾਘਾ ਕੀਤੀ। ਇਸ ਮੌਕੇ ਦੇਵ ਦੱਤ ਸ਼ਰਮਾ ਡਿਪਟੀ ਸੁਪਰੀਡੈਂਟ ਆਫ਼ ਪੁਲਿਸ (ਡੀ. ਐੱਸ. ਪੀ.) ਸਿਟੀ, ਜਗਜੀਤ ਸਿੰਘ ਐੱਸ. ਐੱਚ. ਓ. ਇੰਡਸਟਰੀਅਲ ਫੋਕਲ ਪੁਆਇੰਟ ਪੁਰਹੀਰਾ ਵੀ ਵਿਸ਼ੇਸ਼ ਤੌਰ ਹਾਜ਼ਿਰ ਹੋਏ। ਉਨ੍ਹਾਂ ਨੇ ਵੀ ਇਸ ਹੈਲਪ ਡੈਸਕ ਕਮ ਜਨਤਕ ਕਾਉਸਲਿੰਗ ਦੀ ਸ਼ਲਾਘਾ ਕੀਤੀ ਗਈ।

# ਪ੍ਰੀ-ਜੀ ਐੱਸ ਟੀ ਬਕਾਇਆਂ ਦੀ ਵਸੂਲੀ ਲਈ 91.10 ਕਰੋੜ ਰੁਪਏ ਦੀਆਂ 136 ਜਾਇਦਾਦਾਂ ਅਟੈਚ ਕੀਤੀਆਂ : ਚੀਮਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਦੇ ਵਿੱਤ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਥੇ ਕਿਹਾ ਕਿ ਭਗਵੰਤ ਮਾਨ ਸਰਕਾਰ ਵਪਾਰ ਦੀ ਸਹੂਲਤ ਤੇ ਸਖ਼ਤ ਟੈਕਸ ਅਨੁਪਾਲਣ (ਟੈਕਸ ਨਿਯਮਾਂ ਦੀ ਪਾਲਣਾ) ਵਿਚਕਾਰ ਮਜਬੂਤੀ ਨਾਲ ਸੰਤੁਲਨ ਬਣਾ ਰਹੀ ਹੈ ਜਿਸ ਦੇ ਚੱਲਦਿਆਂ ਪੰਜਾਬ ਕਰ ਵਿਭਾਗ ਨੇ ਜੀ ਐੱਸ ਟੀ ਪ੍ਰਣਾਲੀ ਤੋਂ ਪਹਿਲਾਂ ਦੇ ਕਰ ਬਕਾਇਆਂ ਦੀ ਵਸੂਲੀ ਲਈ ਇੱਕ ਵੱਡੀ ਮੁਹਿੰਮ ਤਹਿਤ 91.10 ਕਰੋੜ ਰੁਪਏ ਦੀਆਂ 136 ਜਾਇਦਾਦਾਂ ਅਟੈਚ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਜਿੱਥੇ ਸਰਕਾਰ ਨੇ ਵਪਾਰੀਆਂ ਨੂੰ ਪੁਰਾਣੇ ਬਕਾਏ ਚੁਕਾਉਣ ਵਿੱਚ ਮਦਦ ਕਰਨ ਲਈ ਇੱਕ ਬਹੁਤ ਹੀ ਲਾਹੇਵੰਦ ਯਕਮੁਸ਼ਤ ਨਿਪਟਾਰਾ ਸਕੀਮ ਦੇ ਸਮੇਂ ਵਿੱਚ ਵਾਧਾ ਕੀਤਾ ਹੈ, ਉੱਥੇ ਹੀ ਲਗਾਤਾਰ ਡਿਫਾਲਟਰ ਰਹਿਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਵੀ ਕੀਤੀ ਜਾ ਰਹੀ ਹੈ।



# ਮੰਦੀ ਦੀ ਮਾਰ ਝੱਲ ਰਹੇ ਆਲੂ ਉਤਪਾਦਕ ਕਿਸਾਨਾਂ ਦੀ ਬਾਂਹ ਫੜੇ ਸਰਕਾਰ

**ਜਲੰਧਰ (ਰਾਜੇਸ਼ ਥਾਪਾ)**-ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾਈ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਤੇ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਪੰਜਾਬ ਸਰਕਾਰ ਤੋ ਮੰਗ ਕਰਕੇ ਮੰਦੀ ਦੀ ਮਾਰ ਝੱਲ ਰਹੇ ਕਿਸਾਨਾਂ ਦੀ ਬਾਂਹ ਫੜਨ ਦੀ ਅਪੀਲ ਕੀਤੀ ਹੈ। ਉਹਨਾਂ ਕਿਹਾ ਕਿ ਇਸ ਵਾਰ ਜਿੱਥੇ ਕਿਸਾਨਾਂ ਦੀ ਆਲੂ ਪੈਦਾ ਕਰਨ ਤੇ ਲਾਗਤ ਖ਼ਰਚਾ ਵੱਧ ਆਇਆ ਹੈ, ਉੱਥੇ ਆਲੂ ਦੀ ਫਸਲ ਦਾ ਰੇਟ ਨਹੀਂ ਮਿਲ ਰਿਹਾ ਜਿਸ ਕਾਰਨ ਪਹਿਲਾਂ ਹੀ ਕਰਜ਼ੇ ਦੀ ਮਾਰ ਹੇਠ ਆਏ ਕਿਸਾਨਾਂ ਉੱਪਰ ਕਰਜ਼ੇ ਦਾ ਹੋਰ ਬੋਝ ਵੱਧ ਜਾਵੇਗਾ। ਉਹਨਾਂ ਕਿਹਾ ਕਿ ਜਿੰਨਾ ਪ੍ਰਾਈਵੇਟ ਕੰਪਨੀਆਂ ਨੇ ਕਿਸਾਨਾਂ ਨੂੰ ਮਹਿੰਗੇ ਮੁੱਲ ਤੇ ਬੀਜ ਦੇ ਕੇ ਆਲੂ ਬਿਜਵਾਏ ਸਨ ਉਹਨਾਂ ਵੱਲੋਂ ਤਹਿ ਕੀਤੇ ਰੇਟ ਤੇ ਕਿਸਾਨਾਂ ਦੇ ਆਲੂ ਨਹੀਂ ਚੁੱਕੇ ਜਾ ਰਹੇ। ਇਸ ਮੌਕੇ ਤੇ ਜਮਹੂਰੀ ਕਿਸਾਨ ਸਭਾ ਪੰਜਾਬ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਬਲਰਾਜ ਸਿੰਘ ਕੋਟਉਮਰਾ ਤੇ ਸਕੱਤਰ ਹਰਨੇਕ ਸਿੰਘ ਗੁੱਜਰਵਾਲ ਨੇ ਵੱਖਰੇ ਪ੍ਰੈਸ ਨੋਟ ਰਾਹੀਂ ਆਖਿਆ ਕਿ ਕੇਂਦਰ ਤੇ ਸੂਬਾ ਸਰਕਾਰ ਨੂੰ ਕਿਸਾਨ ਪੱਖੀ ਨੀਤੀਆਂ ਬਣਾਕੇ ਕੇ ਉਹਨਾਂ ਦੀ ਜਿਨਸ ਦੀ ਲਾਹੇਬੰਦ ਕੀਮਤ ਤੇ ਖਰੀਦ ਕਰਨੀ ਚਾਹੀਦੀ ਹੈ।

# ਅਧਿਆਪਕ ਜਥੇਬੰਦੀਆਂ ਦਾ ਵਫ਼ਦ ਵਿਧਾਇਕ ਨੂੰ ਮਿਲਿਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਪਹਿਲੀ ਅਧਿਆਪਕ ਯੋਗਤਾ ਪ੍ਰੀਖਿਆ (ਟੀ.ਈ.ਟੀ.) ਹੋਣ ਤੋਂ ਪਹਿਲਾ ਨਿਯੁਕਤ ਹੋਏ ਅਧਿਆਪਕਾਂ ਉੱਪਰ ਟੀ ਈ ਟੀ ਦੀ ਲੱਗੀ ਸ਼ਰਤ ਨੂੰ ਹਟਵਾਉਣ ਲਈ ਦਸੂਹਾ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਦੇ ਇੱਕ ਵਫ਼ਦ ਨੇ ਐਲੀਮੈਂਟਰੀ ਟੀਚਰਜ਼ ਯੂਨੀਅਨ (ਈ.ਟੀ.ਯੂ.) ਦੇ ਜ਼ਿਲ੍ਹਾ ਪ੍ਰਧਾਨ ਗੁਰਮੁੱਖ ਸਿੰਘ ਬਾਜਵਾ, ਮਾਸਟਰ ਕੇਡਰ ਯੂਨੀਅਨ (ਐੱਮ ਸੀ ਯੂ) ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਕਾਜਲ, ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ (ਡੀ ਟੀ ਐੱਫ਼) ਦੇ ਜ਼ਿਲ੍ਹਾ ਜਨਰਲ ਸਕੱਤਰ ਇੰਦਰ ਸੁਖਦੀਪ ਸਿੰਘ ਓਢਰਾ ਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ (ਪੀ ਪੀ ਪੀ ਐੱਫ਼) ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਦਸੂਹਾ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਦਸੂਹਾ ਦੇ ਵਿਧਾਇਕ ਕਰਮਵੀਰ ਸਿੰਘ ਘੁੰਮਣ ਨਾਲ ਉਨ੍ਹਾਂ ਦੀ ਰਿਹਾਇਸ਼ ਵਿਖੇ ਮੁਲਾਕਾਤ ਕੀਤੀ। ਆਗੂਆਂ ਨੇ ਵਿਧਾਇਕ ਘੁੰਮਣ ਨੂੰ ਦੱਸਿਆ ਕਿ ਸਿੱਖਿਆ ਅਧਿਕਾਰ ਕਾਨੂੰਨ ਤਹਿਤ ਪਹਿਲੀ ਵਾਰ ਸਾਲ 2011 ਵਿੱਚ ਸ਼ੁਰੂ ਕੀਤੇ ਗਏ ਟੀ ਈ ਟੀ ਨੂੰ ਉਸ ਤੋਂ ਪਹਿਲਾਂ ਦੀਆਂ ਭਰਤੀਆਂ ’ਤੇ ਥੋਪਣਾ ਨਿਆ-ਸੰਗਤ ਨਹੀਂ ਹੈ, ਕਿਉਂਕਿ ਭਰਤੀ ਤੋਂ ਪਹਿਲਾਂ ਟੈੱਟ ਪਾਸ ਕਰਨ ਦੀ ਸ਼ਰਤ ਦੇ ਹੋਣ ਦਾ ਮਤਲਬ ਉਨ੍ਹਾਂ ਦੇ ਅਧਿਆਪਕ ਬਣਨ ਦੀ ਯੋਗਤਾ ਦੀ ਪ੍ਰੀਖਿਆ ਹੈ, ਦਹਾਕਿਆਂ ਤੋਂ ਅਧਿਆਪਨ ਕਿੱਤੇ ਨਾਲ ਜੁੜੇ ਹੋਏ ਅਧਿਆਪਕਾਂ ਦੀ ਅਜਿਹੀ ਪ੍ਰੀਖਿਆ ਲੈਣ ਦਾ ਕੋਈ ਮਤਲਬ ਨਹੀਂ ਬਣਦਾ ਹੈ। ਵਿਧਾਇਕ ਕਰਮਵੀਰ ਸਿੰਘ ਘੁੰਮਣ ਨੇ ਵਫ਼ਦ ਦੀ ਗੱਲ ਬੜੇ ਗਹੁ ਨਾਲ ਸੁਣੀ ਤੇ ਵਫ਼ਦ ਦੀਆਂ ਮੰਗਾਂ ਨਾਲ਼ ਪੂਰਨ ਸਹਿਮਤੀ ਪ੍ਰਗਟਾਉਂਦਿਆਂ ਅਧਿਆਪਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਓਹ ਅਧਿਆਪਕਾਂ ਦੀਆਂ ਟੈੱਟ ਪ੍ਰਤੀ ਮੰਗਾਂ ਦੇ ਹੱਲ ਲਈ ਪੰਜਾਬ ਦੇ ਮੁੱਖ ਮੰਤਰੀ ਅਤੇ ਸਿੱਖਿਆ ਮੰਤਰੀ ਨੂੰ ਪੱਤਰ ਲਿਖਣਗੇ ਤੇ ਵਿਧਾਨ ਸਭਾ ਦੇ ਆਉਂਦੇ ਸੈਸ਼ਨ ਵਿੱਚ ਵੀ ਇਹ ਮੁੱਦਾ ਚੁੱਕਣਗੇ। ਇਸ ਮੌਕੇ ਮੈਡਮ ਰੁਪਿੰਦਰ ਕੌਰ, ਸੁਮਨ ਕੁਮਾਰੀ, ਹੈੱਡ ਟੀਚਰ ਬਲਜਿੰਦਰ ਕੌਰ, ਰੰਜਨਾ ਠਾਕੁਰ, ਜਸਵਿੰਦਰ ਝਿੰਗੜ, ਨਿਰਮਲ ਸਿੰਘ ਨਿਹਾਲਪੁਰ, ਰਾਜਨ ਕੁਮਾਰ, ਬਲਵਿੰਦਰ ਸਿੰਘ ਬਾਜਵਾ, ਮਨਜੀਤ ਸਿੰਘ ਕਠਾਣਾ, ਹਰਜਿੰਦਰ ਸਿੰਘ, ਭੁਪਿੰਦਰ ਸਿੰਘ, ਰਵਿੰਦਰ ਰਵੀ ਅਤੇ ਰਾਮ ਲੁਭਾਇਆ ਆਦਿ ਵੀ ਮੌਜੂਦ ਸਨ।



# ਬਲੱਡ ਬੈਂਕ ’ਚ ਫਰੀ ਰਾਸ਼ਨ ਵੰਡਣ ਦੀ ਸੇਵਾ ਨੂੰ ਪੂਰੇ ਹੋਏ 18 ਸਾਲ : ਰਘਬੋਤਰਾ

**ਫਗਵਾੜਾ (ਡਾ. ਰਮਨ)**

ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ 206ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਬਲੱਡ ਬੈਂਕ ਦੇ ਸਰਪ੍ਰਸਤ ਕੇ ਕੇ ਸਰਦਾਨਾ ਦੀ ਰਹਿਨੁਮਾਈ ਤੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਨਿਗਰਾਨੀ ਹੇਠ ਆਯੋਜਿਤ ਕੀਤਾ ਗਿਆ। ਇਸ ਦੌਰਾਨ ਬਤੌਰ ਮੁੱਖ ਮਹਿਮਾਨ ਮਹਿਮਾ ਮਿੱਢਾ ਤੇ ਅਨੁਜ ਨੇ ਸ਼ਿਰਕਤ ਕੀਤੀ। ਪਤਵੰਤਿਆਂ ਨੇ 100 ਲੋੜਵੰਦ ਔਰਤਾਂ ਨੂੰ ਰਾਸ਼ਨ ਵੰਡਦੇ ਹੋਏ ਬਲੱਡ ਬੈਂਕ ਵਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਇਸ ਮਹੀਨਾਵਾਰ ਰਾਸ਼ਨ ਵੰਡ ਦੀ ਸੇਵਾ ਨੂੰ ਪੂਰੇ 18 ਸਾਲਾਂ ਹੋ ਗਏ ਹਨ। ਇਹ ਸਮਾਗਮ ਮਹਾਸ਼ਿਵਰਾਤ੍ਰੀ ਨੂੰ ਸਮਰਪਿਤ ਕਰਕੇ ਭਗਵਾਨ ਭੋਲੇਨਾਥ ਦੇ ਪ੍ਰਸਾਦ ਵਜੋਂ ਰਾਸ਼ਨ ਦੀ ਵੰਡ ਕੀਤੀ ਗਈ ਹੈ ਜਿਸ ਵਿੱਚ ਸਮਾਜ ਸੇਵਕ ਮਨੋਜ ਮਿੱਢਾ ਦਾ ਵਿਸ਼ੇਸ਼ ਸਹਿਯੋਗ ਰਿਹਾ। ਉਹਨਾਂ ਨੇ ਸਹਿਯੋਗ ਲਈ ਸਮਾਜ ਸੇਵੀ ਰਾਜਿੰਦਰ ਸਿੰਘ ਕੋਛੜ (ਖੰਡਵਾਲੇ), ਰਮੇਸ਼ ਗਾਬਾ, ਰਮੇਸ਼ ਦੁੱਗਲ, ਮਨੀਸ਼ ਬੱਤਰਾ, ਤਾਰਾ ਚੰਦ ਚੁੰਬਰ, ਵਿਸ਼ਵਾਮਿੱਤਰ ਸ਼ਰਮਾ, ਅਵਤਾਰ ਸਿੰਘ ਕੋਛੜ, ਰਾਜੀਵ ਕੁਮਾਰ (ਮਾਰਬਲ ਰਿਜ਼ੋਰਟ), ਐਨ.ਆਰ.ਆਈ. ਸਤਪਾਲ ਵਰਮਾ, ਰਮਨ ਨਹਿਰਾ, ਐਡਵੋਕੇਟ ਅੰਕਿਤ ਢੀਂਗਰਾ ਆਦਿ ਦਾ ਤਹਿ ਦਿਲੋਂ ਧੰਨਵਾਦ ਵੀ ਕੀਤਾ ਅਤੇ ਦੱਸਿਆ ਕਿ ਅਗਲਾ ਰਾਸ਼ਨ ਵੰਡ ਸਮਾਗਮ 16 ਮਾਰਚ ਨੂੰ ਕਰਵਾਇਆ ਜਾਵੇਗਾ। ਇਸ ਮੌਕੇ ਮੋਹਨ ਲਾਲ ਤਨੇਜਾ, ਸੁਧਾ ਬੇਦੀ, ਰਮਨ ਨਹਿਰਾ ਆਦਿ ਹਾਜ਼ਰ ਸਨ।



# ਲਖਵਿੰਦਰ ਲੱਖੀ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਜ਼ਿਲ੍ਹਾ ਜਥੇਬੰਦੀ ਦਾ ਐਲਾਨ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਿਰਦੇਸ਼ਾਂ ਤਹਿਤ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਹੁਸ਼ਿਆਰਪੁਰ ਪ੍ਰਧਾਨ ਸਰਦਾਰ ਲਖਵਿੰਦਰ ਸਿੰਘ ਲੱਖੀ ਵੱਲੋਂ ਜ਼ਿਲ੍ਹਾ ਜਥੇਬੰਦੀ ਦਾ ਐਲਾਨ ਕੀਤਾ ਗਿਆ। ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਨੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਜਥੇਬੰਦੀ ਵਿੱਚ ਸੀਨੀਅਰ ਮੀਤ ਪ੍ਰਧਾਨ, ਮੀਤ ਪ੍ਰਧਾਨ, ਸਕੱਤਰ ਜਨਰਲ, ਜਨਰਲ ਸਕੱਤਰ, ਜੁਆਇੰਟ ਸਕੱਤਰ ਤੇ ਐਗਜੈਕਟਿਵ ਕਮੇਟੀ ਦੇ ਮੈਂਬਰ ਬਣਾਇਆ ਗਿਆ ਹੈ।ਲਖਵਿੰਦਰ ਸਿੰਘ ਲੱਖੀ ਨੇ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਹਲਕਾ ਇੰਚਾਰਜ ਤੇ ਸੀਨੀਅਰ ਅਕਾਲੀ ਆਗੂਆਂ ਨਾਲ ਸਲਾਹ ਮਸ਼ਵਰਾ ਕਰਨ ਉਪਰੰਤ ਜ਼ਿਲ੍ਹਾ ਜਥੇਬੰਦੀ ਦਾ ਐਲਾਨ ਕੀਤਾ ਗਿਆ ਹੈ ਜਿਸ ਵਿੱਚ ਸਾਰੇ ਮਿਹਨਤੀ ਵਰਕਰਾਂ ਨੂੰ ਮਾਨ ਸਤਿਕਾਰ ਦਿੱਤਾ ਗਿਆ ਹੈ ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਆਉਣ ਵਾਲੀਆਂ 2017 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਡੱਟ ਕੇ ਸ਼੍ਰੋਮਣੀ ਅਕਾਲੀ ਦਲ ਦਾ ਸਾਥ ਦਿੱਤਾ ਜਾਵੇਗਾ ਤੇ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਈ ਜਾਵੇਗੀ। ਇਸ ਮੌਕੇ ਤੇ ਉਹਨਾਂ ਦੇ ਨਾਲ ਇਕਬਾਲ ਸਿੰਘ ਜੌਹਲ, ਹਲਕਾ ਇੰਚਾਰਜ ਸੰਦੀਪ ਸਿੰਘ ਸੀਕਰੀ, ਸਰਬਜੀਤ ਸਿੰਘ ਮੋਮੀ ਵੀ ਹਾਜ਼ਰ ਸੀ।



# ਮੈਡੀਕਲ ਅਫ਼ਸਰ ਡਾ. ਗਿਰੀਸ਼ ਸ਼ਰਮਾ ਨੂੰ ਇੰਪੈਨਲਮੈਂਟ ਪੱਤਰ ਸੌਂਪਿਆ

**ਨਵਾਂਸ਼ਹਿਰ (ਮਨੋਜ ਲਾਡੀ)**-ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸਿਹਤ ਅਫ਼ਸਰ ਡਾ. ਰੇਨੂ ਮਿੱਤਲ ਨੇ ਸਿਵਲ ਸਰਜਨ ਦਫ਼ਤਰ ਸ਼ਹੀਦ ਭਗਤ ਸਿੰਘ ਨਗਰ ਵਿਖੇ ਆਮ ਆਦਮੀ ਕਲੀਨਕ ਔੜ ਦੇ ਨਵੇਂ ਮੈਡੀਕਲ ਅਫ਼ਸਰ ਡਾ. ਗਿਰੀਸ਼ ਸ਼ਰਮਾ ਨੂੰ ਇੰਪੈਨਲਮੈਂਟ ਪੱਤਰ ਸੌਂਪਿਆ। ਡਾ. ਰੇਨੂ ਮਿੱਤਲ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਿਹਤ ਵਿਭਾਗ ਆਮ ਲੋਕਾਂ ਨੂੰ ਉੱਚ ਮਿਆਰੀ ਅਤੇ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕ ਲੋਕਾਂ ਲਈ ਵਰਦਾਨ ਸਾਬਤ ਹੋ ਰਹੇ ਹਨ, ਜਿੱਥੇ ਮਰੀਜ਼ਾਂ ਨੂੰ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਮੁਫ਼ਤ ਇਲਾਜ ਦੀ ਸੁਵਿਧਾ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਡਾ. ਗਿਰੀਸ਼ ਸ਼ਰਮਾ ਨੂੰ ਆਪਣੀਆਂ ਜ਼ਿੰਮੇਵਾਰੀਆਂ ਇਮਾਨਦਾਰੀ, ਨਿਸ਼ਠਾ ਅਤੇ ਮਰੀਜ਼-ਮਿੱਤਰ ਭਾਵਨਾ ਨਾਲ ਨਿਭਾਉਣ ਦੀ ਹਦਾਇਤ ਵੀ ਕੀਤੀ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਵਿਚ ਰੋਜ਼ਾਨਾ ਆਉਣ ਵਾਲੇ ਮਰੀਜ਼ਾਂ ਨੂੰ ਸਮੇਂ ਸਿਰ ਇਲਾਜ, ਮੁਫ਼ਤ ਦਵਾਈਆਂ ਅਤੇ ਲੈਬ ਟੈਸਟਾਂ ਦੀ ਸੁਵਿਧਾ ਮੁਹੱਈਆ ਕਰਵਾਉਣਾ ਸਰਕਾਰ ਦੀ ਪ੍ਰਾਥਮਿਕਤਾ ਹੈ।ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਰਾਮ ਸਿੰਘ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

# ਇਨੋਸੈਂਟ ਹਾਰਟਸ ਸਕੂਲ ’ਚ ਗ੍ਰੈਜੂਏਸ਼ਨ ਸਮਾਰੋਹ

**ਜਲੰਧਰ (ਸ਼ੈਲੀ ਐਲਬਰਟ)**-ਇਨੋਸੈਂਟ ਹਾਰਟਸ ਸਕੂਲ ਕੈਂਟ ਜੰਡਿਆਲਾ ਵਿੱਚ ਕੇ.ਜੀ.-2 ਦੇ ਵਿਦਿਆਰਥੀਆਂ ਲਈ ਬਹੁ ਪ੍ਰਤੀਕਸ਼ਿਤ ਬੈਸਟੋਵਲ ਆਫ ਆਨਰਜ਼-ਗ੍ਰੈਜੂਏਸ਼ਨ ਸਮਾਰੋਹ ਦਾ ਸਫਲ ਤੇ ਵਧੀਆ ਆਯੋਜਨ ਕੀਤਾ ਗਿਆ, ਜਿਸ ਨਾਲ ਸਾਰਾ ਪਰਿਸਰ ਮਾਣ, ਖੁਸ਼ੀ ਅਤੇ ਉਤਸ਼ਾਹ ਨਾਲ ਝੂਮ ਉਠਿਆ। ਇਹ ਸਮਾਰੋਹ ਨੰਨੇ ਗ੍ਰੈਜੂਏਟਾਂ ਦੇ ਜੀਵਨ ਦਾ ਇੱਕ ਮਹੱਤਵਪੂਰਨ ਮੋੜ ਸਾਬਤ ਹੋਇਆ, ਜਦੋਂ ਉਹ ਆਪਣੇ ਨਵੇਂ ਸਿੱਖਿਅਕ ਸਫਰ ਵੱਲ ਅੱਗੇ ਵਧੇ।ਇਸ ਗੰਭੀਰ ਅਤੇ ਗਰਿਮਾਪੂਰਨ ਮੌਕੇ ’ਤੇ ਕਾਲਜਾਂ ਦੀ ਐਗਜ਼ਿਕਿਊਟਿਵ ਡਾਇਰੈਕਟਰ ਅਰਾਧਨਾ ਬੌਰੀ, ਡਿਪਟੀ ਡਾਇਰੈਕਟਰ (ਕਲਚਰਲ ਅਫੇਅਰਜ਼) ਸ਼ਰਮੀਲਾ ਨਾਕਰਾ, ਕੋਆਰਡੀਨੇਟਰ- ਇਨੋਕਿਡਜ਼ ਗੁਰਮੀਤ ਕੌਰ ਅਤੇ ਮਾਨਯੋਗ ਪ੍ਰਿੰਸੀਪਲ ਸੋਨਾਲੀ ਮਨੋਚਾ ਦੀ ਵਿਸ਼ੇਸ਼ ਹਾਜ਼ਰੀ ਰਹੀ। ਸਮਾਰੋਹ ਦੀ ਰੌਣਕ ਵਧਾਉਣ ਲਈ ਵਿਸ਼ੇਸ਼ ਮਹਿਮਾਨ ਸੰਦੀਪ ਬੱਸੂ (ਸਰਪੰਚ, ਦਿਵਾਲੀ), ਗੁਰਿੰਦਰ ਪਾਲ ਸਿੰਘ (ਸਰਪੰਚ, ਜਮਸ਼ੇਰ) ਤੇ ਸੁਸ਼੍ਰੀ ਮੀਨੂ ਰਾਣਾ (ਸਰਪੰਚ, ਖੁਸਰੋਪੁਰ) ਵੀ ਹਾਜ਼ਰ ਰਹੇ।ਸਮਾਰੋਹ ਦੀ ਸ਼ੁਰੂਆਤ ਸਵਾਗਤ ਭਾਸ਼ਣ ਨਾਲ ਹੋਈ, ਜਿਸ ਤੋਂ ਬਾਅਦ ਮਹਿਮਾਨਾਂ ਵੱਲੋਂ ਪਰੰਪਰਾਗਤ ਦੀਪ ਜਗਾ ਕੇ ਕੀਤਾ ਗਿਆ। ਕਿੰਡਰਗਾਰਟਨ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਮਨਮੋਹਕ ਸੱਭਿਆਚਾਰਕ ਪ੍ਰੋਗਰਾਮ ਨੇ ਸਮਾਰੋਹ ਵਿੱਚ ਨਵੀਂ ਉਰਜਾ ਭਰ ਦਿੱਤੀ। ਟੋਪੀ ਅਤੇ ਗਾਊਨ ਪਹਿਨੇ ਨੰਨੇ ਗ੍ਰੈਜੂਏਟ ਮਾਣ ਨਾਲ ਸਟੇਜ ’ਤੇ ਪਹੁੰਚੇ ਤੇ ਆਪਣੇ ਪ੍ਰਮਾਣ ਪੱਤਰ ਪ੍ਰਾਪਤ ਕੀਤੇ। ਇਹ ਪਲ ਉਨ੍ਹਾਂ ਦੇ ਕਿੰਡਰਗਾਰਟਨ ਜੀਵਨ ਦੀ ਸਫਲ ਪੂਰਤੀ ਅਤੇ ਕਲਾਸ ਪਹਿਲੀ ਵਿੱਚ ਪ੍ਰਵੇਸ਼ ਦਾ ਪ੍ਰਤੀਕ ਸੀ।ਕਾਰਜਕ੍ਰਮ ਦਾ ਮੁੱਖ ਆਕਰਸ਼ਣ ਪ੍ਰਿਸਮੋਰਾ-ਸਪੈਕਟ੍ਰਮ ਆਫ ਸਕਿਲਜ਼ ਪ੍ਰਦਰਸ਼ਨੀ ਦਾ ਉਦਘਾਟਨ ਸੀ, ਜਿਸ ਦਾ ਅਨਾਵਰਣ ਮਾਨਯੋਗ ਮਹਿਮਾਨਾਂ ਵੱਲੋਂ ਕੀਤਾ ਗਿਆ। ਪ੍ਰਦਰਸ਼ਨੀ ਵਿੱਚ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਪ੍ਰਭਾਵਸ਼ਾਲੀ ਵਿਗਿਆਨਕ ਮਾਡਲ, ਪ੍ਰਯੋਗ ਅਤੇ ਕਾਰਗਰ ਪ੍ਰੋਟੋਟਾਇਪ ਪ੍ਰਦਰਸ਼ਿਤ ਕੀਤੇ ਗਏ। ਤਾਲੀਆਂ ਦੀ ਗੂੰਜ ਵਿਚ ਨੰਨੇ ਗ੍ਰੈਜੂਏਟਾਂ ਨੇ ਆਪਣੇ ਪ੍ਰਮਾਣ ਪੱਤਰ ਪ੍ਰਾਪਤ ਕੀਤੇ, ਜੋ ਉਨ੍ਹਾਂ ਦੇ ਜੀਵਨ ਦੇ ਇੱਕ ਮਹੱਤਵਪੂਰਨ ਅਧਿਆਇ ਦੀ ਸਫਲ ਪੂਰਤੀ ਦਾ ਪ੍ਰਤੀਕ ਸੀ।ਕਾਰਜਕ੍ਰਮ ਦਾ ਸਮਾਪਨ ਦਿਲ ਛੂਹਣ ਵਾਲੇ ਧੰਨਵਾਦ ਪ੍ਰਸਤਾਵ ਨਾਲ ਹੋਇਆ, ਜਿਸ ਨੇ ਵਿਦਿਆਰਥੀਆਂ, ਅਭਿਵਾਵਕਾਂ ਅਤੇ ਸਮੂਹ ਸਟਾਫ ਦੇ ਮਨ ਵਿੱਚ ਮਿੱਠੀਆਂ ਯਾਦਾਂ ਅਤੇ ਨਵੀਂ ਪ੍ਰੇਰਣਾ ਭਰ ਦਿੱਤੀ।



# ਲਾਇਲਪੁਰ ਖਾਲਸਾ ਕਾਲਜ ’ਚ ਪੀ ਜੀ ਕੰਪਿਊਟਰ ਸਾਇੰਸ ਤੇ ‘ਆਈ ਟੀ ਸਪਾਰਕ’ ਕਰਵਾਇਆ



**ਜਲੰਧਰ (ਸ਼ੈਲੀ ਐਲਬਰਟ)**

ਲਾਇਲਪੁਰ ਖਾਲਸਾ ਕਾਲਜ ਦੇ ਪੀ.ਜੀ. ਕੰਪਿਊਟਰ ਸਾਇੰਸ ਤੇ ਆਈ.ਟੀ. ਵਿਭਾਗ ਨੇ ‘ਆਈ.ਟੀ.-ਸਪਾਰਕ’ ਦਾ ਆਯੋਜਨ ਕੀਤਾ ਗਿਆ, ਜੋ ਕਿ ਸਿਰਜਣਾਤਮਕਤਾ, ਨਵੀਨਤਾ ਤੇ ਸਿਹਤਮੰਦ ਮੁਕਾਬਲੇ ਨੂੰ ਉਤਸ਼ਾਹਿਤ ਕਰਨ ਲਈ ਇੱਕ ਸ਼ਲਾਘਾਯੋਗ ਪਹਿਲਕਦਮੀ ਹੈ। ਇਸ ਦੋ-ਰੋਜ਼ਾ ਸਮਾਗਮ ਨੇ ਵਿਦਿਆਰਥੀਆਂ ਵਿੱਚ ਗਿਆਨ ਤੇ ਰਚਨਾਤਮਕਤਾ ਦੀ ਲੋਅ ਜਗਾਈ। ਉਦਘਾਟਨ ਸਮਾਰੋਹ ਦੀ ਪ੍ਰਧਾਨਗੀ ਡਾ. ਰਸ਼ਪਾਲ ਸਿੰਘ ਸੰਧੂ, ਕਾਲਜ ਪ੍ਰਿੰਸੀਪਲ ਨੇ ਕੀਤੀ।ਵਿਭਾਗ ਮੁਖੀ ਪ੍ਰੋ. ਸੰਜੀਵ ਕੁਮਾਰ ਆਨੰਦ ਨੇ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕਰਨ ਲਈ ਤਕਨੀਕੀ ਤੇ ਹੁਨਰ ਦੋਵਾਂ ਨੂੰ ਵਧਾਉਣ ਵਿੱਚ ਉਨ੍ਹਾਂ ਦੀ ਭੂਮਿਕਾ ’ਤੇ ਜ਼ੋਰ ਦਿੱਤਾ। ਇਸ ਸਮਾਗਮ ਵਿੱਚ ਥਿੰਕ ਇਨ ਸਲਾਈਡਜ਼, ਬ੍ਰੇਨ ਵਾਰਜ਼, ਟੂਨਜ਼ ਮੇਨੀਆ, ਫੋਟੋ2ਫ੍ਰੇਜ਼, ਟੈਕ ਟ੍ਰੀਵੀਆ ਵਰਗੇ 17 ਮੁਕਾਬਲੇ ਕਰਵਾਏ ਗਏ।ਵੱਖ-ਵੱਖ ਮੁਕਾਬਲਿਆਂ ਲਈ ਕੁੱਲ 206 ਟੀਮਾਂ ਰਜਿਸਟਰ ਕੀਤੀਆਂ ਗਈਆਂ ਤੇ ਇਸ ਪ੍ਰੋਗਰਾਮ ਵਿੱਚ ਕੁੱਲ 381 ਭਾਗੀਦਾਰਾਂ ਦਾ ਨਾਂਅ ਦਰਜ ਹੋਇਆ, ਜਿਸ ਨਾਲ ਆਈ ਟੀ ਸਪਾਰਕ ਸਫਲ ਹੋਇਆ। ਮੁਕਾਬਲੇ ਤਕਨੀਕੀ ਮੁਹਾਰਤ, ਰਚਨਾਤਮਕ ਸੁਭਾਅ, ਗਿਆਨ ਅਤੇ ਸਿਰਜਣਾਤਮਕਤਾ ਦਾ ਮਿਸ਼ਰਣ ਸਨ। ਸਮਾਗਮ ਦਾ ਸਮਾਪਨ ਇਨਾਮ ਵੰਡ ਸਮਾਰੋਹ ਨਾਲ ਹੋਇਆ। ਬੀ ਸੀ ਏ ਸੈਮ-੧੦ ਦੀ ਪਰਿਧੀ ਨੇ ਓਵਰਆਲ ਟਰਾਫ਼ੀ ਪ੍ਰਾਪਤ ਕੀਤੀ, ਹਦੀਫ ਕਯੂਮ (ਬੀਸੀਏ ਸੈਮ-99) ਅਤੇ ਬਲਤੇਜ ਸਿੰਘ (ਬੀਸੀਏ ਸੈਮ-੧੦) ਇਸ ਸਮਾਗਮ ਦੇ ਉਪ ਜੇਤੂ ਰਹੇ। ਮੁਕਾਬਲਿਆਂ ਦੇ ਜੇਤੂਆਂ ਅਤੇ ਉਪ ਜੇਤੂਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨਾਂ ਲਈ ਸਨਮਾਨਤ ਕੀਤਾ ਗਿਆ। ਇਸ ਸਮਾਗਮ ਵਿੱਚ ਡਾ. ਹਰਜੀਤ ਸਿੰਘ, ਮੁਖੀ ਗਣਿਤ ਵਿਭਾਗ ਅਤੇ ਡਾ. ਜਸਵੰਤ ਕੌਰ ਵੀ ਮੌਜੂਦ ਸਨ। ਇਸ ਸਮਾਗਮ ਦੇ ਕੋਆਰਡੀਨੇਟਰ ਪ੍ਰੋ. ਮਨਦੀਪ ਸਿੰਘ ਭਾਟੀਆ ਸਨ। ਇਸ ਮੌਕੇ ਪ੍ਰੋ. ਸੰਦੀਪ ਬੱਸੀ, ਡਾ. ਸੰਦੀਪ ਸਿੰਘ, ਡਾ. ਮਨਪ੍ਰੀਤ ਸਿੰਘ ਲਹਿਲ, ਪ੍ਰੋ. ਰਤਨਾਕਰ ਮਾਨ, ਪ੍ਰੋ. ਦਲਜੀਤ ਕੌਰ, ਪ੍ਰੋ. ਨਵਨੀਤ ਕੌਰ, ਅਤੇ ਵਿਭਾਗ ਦੇ ਹੋਰ ਸਟਾਫ਼ ਮੈਂਬਰ ਵੀ ਹਾਜ਼ਰ ਸਨ। ਮੰਚ ਦਾ ਪ੍ਰਬੰਧਨ ਡਾ. ਦਲਜੀਤ ਕੌਰ ਨੇ ਸੰਭਾਲਿਆ।

# ਆਉਣ ਵਾਲੇ ਦਿਨਾਂ ’ਚ ਮੋਹਾਲੀ ਹੋਵੇਗਾ ਉੱਤਰ ਭਾਰਤ ਦਾ ਨੰਬਰ ਵਨ ਸ਼ਹਿਰ : ਕੁਲਵੰਤ ਸਿੰਘ



**ਮੋਹਾਲੀ (ਗੁਰਜੀਤ ਬਿੱਲਾ)**

ਆਉਣ ਵਾਲੇ ਦਿਨਾਂ ਵਿੱਚ ਮੋਹਾਲੀ ਨੌਰਥ ਇੰਡੀਆ ਦਾ ਨੰਬਰ ਵਨ ਸ਼ਹਿਰ ਬਣ ਜਾਵੇਗਾ, ਕਿਉਂਕਿ ਮੋਹਾਲੀ ਦਾ ਵੱਡੇ ਪੱਧਰ ਤੇ ਸਰਬਪੱਖੀ ਵਿਕਾਸ ਹੋ ਰਿਹਾ ਹੈ, ਟਰੈਫਿਕ ਦੀ ਸਮੱਸਿਆ ਨੂੰ ਹੱਲ ਕਰਨ ਦੇ ਲਈ ਇੰਡਸਟਰੀ ਏਰੀਏ ਨਾਲ ਸੰਬੰਧਿਤ ਸੜਕਾਂ ਦੀ ਕਨੈਕਟੀਵਿਟੀ ਪੂਰੀ ਤਰ੍ਹਾਂ ਕਰ ਦਿੱਤੀ ਜਾਵੇਗੀ, ਇਹਨਾਂ ਸੜਕਾਂ ਨੂੰ ਆਪਸ ਵਿੱਚ ਜੋੜੇ ਜਾਣ ਤੋਂ ਬਾਅਦ ਏਅਰਪੋਰਟ ਰੋਡ ਤੇ ਟਰੈਫਿਕ ਕੰਟਰੋਲ ਹੋ ਜਾਵੇਗਾ। ਇਹ ਗੱਲ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ, ਵਿਧਾਇਕ ਕੁਲਵੰਤ ਸਿੰਘ -ਮੋਹਾਲੀ ਇੰਡਸਟਰੀ ਐਸੋਸੀਏਸ਼ਨ- (ਐਮ. ਆਈ. ਏ.) ਦੀ ਨਵੀਂ ਚੁਣੀ ਗਈ ਟੀਮ ਵੱਲੋਂ ਰੱਖੇ ਗਏ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕਰ ਰਹੇ ਸਨ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੁਲਵੰਤ ਸਿੰਘ ਵਿਧਾਇਕ ਹੋਰਾਂ ਕਿਹਾ ਕਿ ਮੋਹਾਲੀ ਸ਼ਹਿਰ ਦੇ ਵਿੱਚ 10 ਚੌਂਕ ਬਣ ਚੁੱਕੇ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ 10 ਤੋਂ 15 ਚੌਂਕ ਹੋਰ ਬਣਾਏ ਜਾ ਰਹੇ ਹਨ ਤੇ ਇਸ ਦੇ ਨਾਲ ਹੀ ਟਰੈਫਿਕ ਦੀ ਸਮੱਸਿਆ ਤੋਂ ਵੀ ਕਾਫੀ ਹੱਦ ਤੱਕ ਨਿਜਾਤ ਮਿਲੇਗੀ।

# ਤਪਦਿਕ ਦੀ ਜਾਂਚ ’ਚ ਜ਼ਿਲ੍ਹਾ ਮੋਹਾਲੀ ਪੰਜਾਬ ਭਰ ’ਚੋਂ ਮੋਹਰੀ

**ਮੋਹਾਲੀ, (ਗੁਰਜੀਤ ਬਿੱਲਾ)**-ਟੀ ਬੀ ਮੁਕਤ ਭਾਰਤ ਅਭਿਆਨ ਤਹਿਤ ਜ਼ਿਲ੍ਹਾ ਐੱਸ ਏ ਐੱਸ ਨਗਰ ਨੇ ਪੰਜਾਬ ਭਰ ’ਚੋਂ ਸਭ ਤੋਂ ਵਧੀਆ ਕਾਰਗੁਜ਼ਾਰੀ ਵਿਖਾਈ ਹੈ। ਇਸ ਪ੍ਰਾਪਤੀ ਲਈ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਮੋਹਾਲੀ ਦੇ ਸਿਵਲ ਸਰਜਨ ਡਾ. ਸੰਗੀਤਾ ਜੈਨ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਨਿਵਾਜਿਆ ਹੈ। ਉਨ੍ਹਾਂ ਨੂੰ ਇਹ ਪੱਤਰ ਬੀਤੇ ਦਿਨੀਂ ਚੰਡੀਗੜ੍ਹ ਵਿਖੇ ਹੋਈ ਸੂਬਾ-ਪੱਧਰੀ ਸਿਵਲ ਸਰਜਨ ਕਾਨਫ਼ਰੰਸ ਦੌਰਾਨ ਦਿਤਾ ਗਿਆ। ਇਸ ਮੌਕੇ ਡਾ. ਸੰਗੀਤਾ ਜੈਨ ਨੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਧਨਵਾਦ ਕੀਤਾ ਤੇ ਨਾਲ ਹੀ ਆਖਿਆ ਕਿ ਇਸ ਪ੍ਰਾਪਤੀ ਦਾ ਸਿਹਰਾ ਜ਼ਿਲ੍ਹੇ ਦੇ ਤਮਾਮ ਸਿਹਤ ਕਾਮਿਆਂ ਨੂੰ ਜਾਂਦਾ ਹੈ ਕਿ ਜਿਨ੍ਹਾਂ ਨੇ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਪੂਰੀ ਮਿਹਨਤ ਅਤੇ ਲਗਨ ਨਾਲ ਕੰਮ ਕੀਤਾ। ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਇਸ ਕਾਰਗੁਜ਼ਾਰੀ ਲਈ ਜ਼ਿਲ੍ਹਾ ਸਿਹਤ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ ਹੈ।ਸਿਵਲ ਸਰਜਨ ਨੇ ਦਸਿਆ ਕਿ ਜ਼ਿਲ੍ਹਾ ਐਸ.ਏ.ਐਸ. ਨਗਰ ਵਿਚ ਤਪਦਿਕ ਦੇ ਸ਼ੱਕੀ ਕੇਸਾਂ ਦੀ ਜਾਂਚ ਕਰਨ ਦਾ ਕੰਮ ਪੂਰੀ ਤੇਜ਼ੀ ਨਾਲ ਚੱਲ ਰਿਹਾ ਹੈ। ਹੁਣ ਤਕ ਜ਼ਿਲ੍ਹੇ ’ਚ ਤਮਾਮ ਸ਼ੱਕੀ ਕੇਸਾਂ ’ਚੋਂ 75 ਫ਼ੀਸਦੀ ਕੇਸਾਂ ਨੂੰ ਕਵਰ ਕਰ ਲਿਆ ਗਿਆ ਹੈ।

# ਜੁਝਾਰੂ ਆਂਗਣਵਾੜੀ ਵਰਕਰ, ਹੈਲਪਰ ਯੂਨੀਅਨ ਨੇ ਮੰਗਾਂ ਸੰਬੰਧੀ ਦਿੱਤਾ ਮੰਗ ਪੱਤਰ

**ਦਸੂਹਾ (ਕਰਨੈਲ ਮਾਂਗਟ)**

ਜੁਝਾਰੂ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਬਲਾਕ ਦਸੂਹਾ ਦੀ ਪ੍ਰਧਾਨ ਜਸਵੀਰ ਕੌਰ ਦੀ ਅਗਵਾਈ ਹੇਠ ਆਪਣੀਆਂ ਮੰਗਾਂ ਸਬੰਧੀ ਜ਼ਿਲ੍ਹਾ ਪ੍ਰੋਗਰਾਮ ਅਫਸਰ ਰਾਹੀਂ ਮੁੱਖ ਮੰਤਰੀ ਪੰਜਾਬ ਅਤੇ ਵਿਭਾਗ ਨਾਲ ਸਬੰਧਤ ਕੈਬਨਟ ਮੰਤਰੀ ਡਾ. ਬਲਜੀਤ ਕੌਰ ਨੂੰ ਮੰਗ ਪੱਤਰ ਭੇਜਿਆ ਗਿਆ। ਜਿਸ ਵਿੱਚ ਜਥੇਬੰਦੀ ਮੰਗ ਕਰਦੀ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਅਜੇ ਤੱਕ ਜਥੇਬੰਦੀ ਨਾਲ ਕੋਈ ਵੀ ਮੀਟਿੰਗ ਨਹੀਂ ਕੀਤੀ ਗਈ , ਇਸ ਲਈ ਮੀਟਿੰਗ ਦਾ ਸਮਾਂ ਦਿੱਤਾ ਜਾਵੇ । ਉਨਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਵੋਟਾਂ ਤੋਂ ਪਹਿਲਾਂ ਮਾਣ ਭੱਤੇ ਵਿੱਚ ਵਾਧਾ ਕਰਨ ਦਾ ਵਾਅਦਾ ਕੀਤਾ ਸੀ ਪਰ ਅਜੇ ਤੱਕ ਮਾਣ ਭੱਤੇ ਵਿੱਚ ਕੋਈ ਵੀ ਵਾਧਾ ਨਹੀਂ ਕੀਤਾ ਗਿਆ। ਜਥੇਬੰਦੀ ਨੇ ਕਿਹਾ ਕਿ ਜੇਕਰ ਸਰਕਾਰ ਨੇ ਸਾਡੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਜਥੇਬੰਦੀ ਨੂੰ ਸੰਘਰਸ਼ ਦਾ ਰਾਹ ਅਪਣਾਉਣਾ ਪਏਗਾ। ਜਿਸ ਵਿੱਚ ਜਥੇਬੰਦੀ 24 ਫਰਵਰੀ ਤੋਂ ਲੈ ਕੇ 28 ਫਰਵਰੀ ਤੱਕ ਵਿਧਾਇਕਾਂ ਰਾਹੀਂ ਮੰਗ ਪੱਤਰ ਭੇਜੇ ਜਾਣਗੇ ਤੇ 8 ਮਾਰਚ ਨੂੰ ਮਹਿਲਾ ਦਿਵਸ ਮੌਕੇ ਫਰੀਦਕੋਟ ਵਿਖੇ ਕੈਬਨਟ ਮੰਤਰੀ ਦੇ ਘਰ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਇਸ ਮੌਕੇ ਤੇ ਬਲਾਕ ਪ੍ਰਧਾਨ ਜਸਵੀਰ ਕੌਰ ਦਸੂਹਾ, ਨਰਿੰਦਰ ਕੌਰ, ਹਰਜੀਤ ਕੌਰ, ਜਸਵੀਰ ਕੌਰ ਕੰਗ ,ਨਰਿੰਦਰ ਕੌਰ , ਰੂਪ ਕੌਰ ,ਬਲਜੀਤ ਕੌਰ, ਸ਼ੈਰੀ ਸ਼ਰਮਾ, ਸੋਨੀਆ ਅਤੇ ਹੋਰ ਹਾਜ਼ਰ ਸਨ।



# ਖੇਤਰੀ ਖੋਜ ਕੇਂਦਰ ਦੇ ਗੈੱਸਟ ਹਾਊਸ ਦਾ ਨਾਂਅ ਡਾ. ਐੱਸ ਡੀ ਖੇਪੜ ਰੱਖਿਆ



**ਬਲਾਚੌਰ (ਜਸਵਿੰਦਰ ਬੈਂਸ)**-ਬਲਾਚੌਰ ਇਲਾਕੇ ਲਈ ਵੱਡੇ ਮਾਣ ਵਾਲੀ ਗੱਲ ਹੈ ਕਿ ਖੇਤਰੀ ਖੋਜ ਕੇਂਦਰ ਬੱਲੋਵਾਲ ਸੌਂਖੜੀ ਦੇ ਗੈਸਟ ਹਾਊਸ ਦਾ ਨਾਂਅ ਤਹਿਸੀਲ ਬਲਾਚੌਰ ਦੇ ਪਿੰਡ ਚੰਦਿਆਣੀ ਦੇ ਜੰਮ ਪਲ ਡਾਕਟਰ ਐਸ ਡੀ ਖੇਪੜ ਦੇ ਨਾਂਅ ਤੇ ਰੱਖਿਆ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਖੇਤਰੀ ਖੋਜ ਕੇਂਦਰ ਦੇ ਡੀਨ ਮਨਮੋਹਨਜੀਤ ਸਿੰਘ ਨੇ ਦੱਸਿਆ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀ ਅਕਾਦਮਿਕ ਕਾਊਂਸਲ ਵੱਲੋਂ ਚੇਅਰਮੈਨ ਡਾ. ਸਤਬੀਰ ਸਿੰਘ ਗੋਸਲ ਦੀ ਅਗਵਾਈ ਹੇਠ ਇਹ ਫੈਸਲਾ ਲਿਆ ਗਿਆ ਕਿ ਖੇਤਰੀ ਖੋਜ ਕੇਂਦਰ, ਬੱਲੋਵਾਲ ਸੌਂਖੜੀ, ਵਿਖੇ ਸਥਾਪਿਤ ਗੈਸਟ ਹਾਊਸ ਦਾ ਨਾਂਅ ਡਾ. ਐੱਸ ਡੀ ਖੇਪੜ ਦੇ ਨਾਂਅ ਤੇ ਰੱਖਿਆ ਜਾਵੇ। ਉਨ੍ਹਾਂ ਦੱਸਿਆ ਕਿ ਡਾ. ਐੱਸ. ਡੀ. ਖੇਪੜ ਨੇ ਖੇਤਰੀ ਖੋਜ ਕੇਂਦਰ ਦੇ ਪਹਿਲੇ ਨਿਰਦੇਸ਼ਕ ਵੱਜੋਂ ਸੰਨ 1979 ਤੋਂ 1982 ਤੱਕ ਸੇਵਾਵਾਂ ਨਿਭਾਈਆਂ ਸਨ ਅਤੇ ਇਸ ਸੈਂਟਰ ਨੂੰ ਬਣਾਉਣ ਲਈ ਇਲਾਕੇ ਦੀਆਂ ਪੰਚਾਇਤਾਂ ਤੋਂ ਜ਼ਮੀਨ ਯੂਨੀਵਰਸਿਟੀ ਨੂੰ ਲੈ ਕੇ ਦਿੱਤੀ। ਡਾ. ਖੇਪੜ ਨੇ ਇਸ ਸੈਂਟਰ ਨੂੰ ਸਥਾਪਿਤ ਕਰਕੇ ਕੰਢੀ ਇਲਾਕੇ ਵਿੱਚ ਵਿਕਾਸ ਦੀ ਸ਼ੁਰੂਆਤ ਕੀਤੀ ਸੀ।

# ਨਾਮ ਸਿਮਰਨ ਦਾ ਜਾਪ ਜ਼ਰੂਰ ਕਰਨਾ ਚਾਹੀਦੈ : ਬਾਬਾ ਸ਼ੇਰ ਸਿੰਘ

**ਟਾਂਡਾ ਉੜਮੁੜ (ਜਸਵਿੰਦਰ ਸੰਧੂ)**

ਪਰਮ ਪਿਤਾ ਪਰਮੇਸ਼ਵਰ ਨੇ ਆਪਣੀ ਅਪਾਰ ਕਿਰਪਾ ਕਰਕੇ ਸਾਨੂੰ ਇਹ ਇਨਸਾਨੀ ਜਾਮਾ ਬਖਸ਼ਿਆ ਹੈ ਪਰ ਜੇਕਰ ਅਸੀਂ ਇਸ ਇਨਸਾਨੀ ਜਾਮੇ ਦਾ ਅਸਲ ਮਕਸਦ ਨਾ ਸਮਝ ਕੇ ਜਾਨਵਰਾਂ ਵਾਂਗ ਹੀ ਖਾ ਪੀ ਕੇ ਗੁਜ਼ਾਰ ਦਿੱਤਾ ਤਾਂ ਇਸ ਜਾਮੇ ਦਾ ਕੀ ਫਾਇਦਾ। ਇਸ ਲਈ ਹਰ ਇਨਸਾਨ ਨੂੰ ਸਤਿਗੁਰੂ ਦੀ ਸ਼ਰਨ ਵਿੱਚ ਆ ਕੇ ਨਾਮ ਸਿਮਰਨ ਦਾ ਜਾਪ ਜ਼ਰੂਰ ਕਰਨਾ ਚਾਹੀਦਾ ਹੈ ਤਾਂ ਜੋ ਇਸ ਆਵਾਗਮਨ ਦੇ ਚੱਕਰਾਂ ਤੋਂ ਹਮੇਸ਼ਾ ਲਈ ਛੁਟਕਾਰਾ ਪਾ ਕੇ ਪ੍ਰਭੂ ਚਰਨਾਂ ਵਿੱਚ ਲੀਨ ਹੋ ਸਕੇ।ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਸਾਬਿਰ ਪਾਕ ਸੱਚੀ ਦਰਗਾਹ ਤੇ ਦੂਸਰਾ ਕਲੀਅਰ ਸ਼ਰੀਫ ਦਰਬਾਰ ਅਹਿਆਪੁਰ ਵਿਖੇ ਜੇਠੇ ਵੀਰਵਾਰ ਨੂੰ ਸਜਾਏ ਗਏ ਦਰਬਾਰ ’ਚ ਹਾਜ਼ਰ ਸੰਗਤ ਨੂੰ ਪ੍ਰਭੂ ਚਰਨਾਂ ਨਾਲ ਜੋੜਦੇ ਹੋਏ ਦਰਗਾਹ ਦੇ ਮੁੱਖ ਸੇਵਾਦਾਰ ਬਾਬਾ ਸ਼ੇਰ ਸਿੰਘ ਜੀ ਘੋੜੀਆਂ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਨਿਹਾਲ ਕੀਤਾ। ਉਨ੍ਹਾਂ ਕਿਹਾ ਕਿ ਇਨਸਾਨ ਦੁਨੀਆਂ ਵਿੱਚ ਆ ਕੇ ਮੋਹ ਮਾਇਆ ਦੇ ਜਾਲ ਵਿੱਚ ਫਸ ਕੇ ਆਪਣੀ ਸੰਸਾਰਕ ਯਾਤਰਾ ਪੂਰੀ ਕਰਕੇ ਚਲੇ ਜਾਂਦੇ ਹਨ ਤੇ ਆਪਣੇ ਅਸਲ ਮਕਸਦ ਨੂੰ ਹਾਸਲ ਨਹੀਂ ਕਰ ਪਾਉਂਦੇ।ਉਨ੍ਹਾਂ ਕਿਹਾ ਕਿ ਜਿਹੜੇ ਇਨਸਾਨ ਗੁਰੂ ਦੇ ਬਖਸ਼ੇ ਹੋਏ ਨਾਮ ਦਾ ਸਿਮਰਨ ਕਰਦੇ ਹਨ ਗੁਰੂ ਉਨ੍ਹਾਂ ਤੇ ਆਪਣੀ ਅਪਾਰ ਕਿਰਪਾ ਕਰਕੇ ਉਨ੍ਹਾਂ ਦੀ ਆਤਮਾ ਨੂੰ ਇਸ ਸੰਸਾਰਕ ਯਾਤਰਾ ਤੋਂ ਹਮੇਸ਼ਾ ਲਈ ਮੁਕਤ ਕਰ ਦਿੰਦੇ ਹਨ। ਸਾਰਾ ਦਿਨ ਬਾਬਾ ਜੀ ਦਾ ਅਤੁਟ ਲੰਗਰ ਵਰਤਾਇਆ ਗਿਆ। ਇਸ ਮੌਕੇ ਤੇ ਬੀਬੀ ਬਲਜੀਤ ਕੌਰ, ਸੇਵਾਦਾਰ ਮੀਰ ਕਮਲ ਸਾਬਰੀ, ਸ਼ਹਿਜ਼ਾਦਾ ਡਾਕਟਰ ਮੀਰ ਹਸਨ, ਦੇਵੀਕਾ, ਸੇਵਾਦਾਰ ਗੋਪੀ, ਅਮਨ ਸੈਣੀ, ਓਂਕਾਰ ਸਿੰਘ, ਤਲਵਿੰਦਰ ਕੂੰਦਾ, ਭਜਨ ਸੈਣੀ ਅਤੇ ਹੋਰ ਸੰਗਤ ਨੇ ਦਰਬਾਰ ਚ ਆਪਣੀ ਹਾਜ਼ਰੀ ਲਗਵਾ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।



# ਪਹਿਲੀ ਡਿਜੀਟਲ ਜਨਗਣਨਾ ਲਈ ਹਰਿਆਣਾ ਤਿਆਰ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਵਿੱਚ ਜਨਗਣਨਾ-2027 ਨੂੰ ਲੈ ਕੇ ਵੱਡੇ ਪੈਮਾਨੇ ’ਤੇ ਤਿਆਰੀਆਂ ਸ਼ੁਰੂ ਹੋ ਗਈਆਂ ਹਨ। ਜਨਗਣਨਾ ਦੇ ਸਫਲ ਅਤੇ ਸਮੇਂਬੱਧ ਸੰਚਾਲਨ ਲਈ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਨੇ ਇੱਕ ਡਿਵੀਜ਼ਨਲ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ, ਨਗਰ-ਨਿਗਮ ਕਮਿਸ਼ਨਰਾਂ ਦੇ ਇੱਕ ਦਿਨਾਂ ਦੇ ਸਮੇਲਨ ਦੀ ਵਰਚੁਅਲੀ ਸੰਬੋਧਿਤ ਕਰਦੇ ਹੋਏ ਕਿਹਾ ਕਿ ਇਹ ਜਨਗਣਨਾ ਸਿਰਫ ਇੱਕ ਸੰਖਿਅਕਰੀ ਕਵਾਇਦ ਭਰ ਨਹੀਂ, ਸਗੋ ਆਉਣ ਵਾਲੇ ਦਿਹਾਕੇ ਦੀ ਨੀਤੀਆਂ, ਭਲਾਈਕਾਰੀ ਯੋਜਨਾਵਾਂ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਦੀ ਨੀਂਹ ਹੈ। ਨਾਲ ਹੀ, ਇਹ ਸੂਬੇ ਦੀ ਪ੍ਰਸਾਸ਼ਨਿਕ ਅਤੇ ਤਕਨੀਕੀ ਕੁਸ਼ਲਤਾ ਅਤੇ ਤਾਲਮੇਲ ਕੌਸ਼ਲ ਦੀ ਵੀ ਪ੍ਰੀਖਿਆ ਹੈ।

# 23 ਤੱਕ ਮਨਾਇਆ ਜਾ ਰਿਹਾ ਸਮਾਰਟ ਮੀਟਰ ਪਖਵਾੜਾ

**ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਸਮਾਰਟ ਮੀਟਰਿੰਗ ਨੂੰ ਵਧਾਵਾ ਦੇਣ ਅਤੇ ਇਸ ਦੇ ਪ੍ਰਤੀ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਭਾਰਤ ਸਰਕਾਰ ਦੇ ਬਿਜਲੀ ਮੰਤਰਾਲੇ ਵੱਲੋਂ 9 ਤੋਂ 23 ਫਰਵਰੀ ਤੱਕ ਸਾਰੇ ਰਾਜਿਆਂ ਵਿੱਚ ਸਮਾਰਟ ਮੀਟਰ ਪਖਵਾੜਾ ਮਨਾਇਆ ਜਾ ਰਿਹਾ ਹੈ।ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਉਤਰ ਹਰਿਆਣਾ ਬਿਜਲੀ ਵੰਡ ਨਿਗਮ ਲਿਮਿਟੇਡ ਦੇ ਬੁਲਾਰੇ ਨੇ ਦੱਸਿਆ ਕਿ ਹੁਣ ਤੱਕ ਯੂਐਚਬੀਵੀਐਨ ਦੇ ਤਿੰਨ ਸ਼ਹਿਰ ਕਰਨਾਲ, ਪਾਣੀਪਤ ਅਤੇ ਪੰਚਕੂਲਾ ਵਿੱਚ ਲਗਭਗ ਪੰਜ ਲੱਖ ਸਮਾਰਟ ਮੀਟਰ ਲਗਾਏ ਜਾ ਚੁੱਕੇ ਹਨ। ਇਨ੍ਹਾਂ ਸ਼ਹਿਰਾਂ ਦੇ ਖਪਤਕਾਰ ਆਪਣੇ ਕਨੈਕਸ਼ਨ ਨੂੰ ਪੋਸਟਪੇਡ ਤੋਂ ਪ੍ਰੀਪੇਡ ਬਿਲਿੰਗ ਮੋਡ ਵਿੱਚ ਚੇਂਜ ਕਰ ਬਿਜਲੀ ਖਰਚਿਆਂ ’ਤੇ 5 ਫੀਸਦੀ ਦੀ ਛੋਟ ਦਾ ਲਾਭ ਚੁੱਕ ਸਕਦੇ ਹਨ।

# ਹੈੱਡਮਾਸਟਰ ਕੁਲਬੀਰ ਸਿੰਘ ਨੇ ਸਕੂਲਾਂ ’ਚ ਕੀਤਾ ਦਾਨ

**ਜਲੰਧਰ (ਲਖਵਿੰਦਰ ਸਿੰਘ ਆਧੀ)**

ਸਰਕਾਰੀ ਹਾਈ ਸਕੂਲ ਪਿੰਡ ਆਧੀ ਜ਼ਿਲ੍ਹਾ ਜਲੰਧਰ ਵਿਖੇ ਇੱਕ ਸਮਾਗਮ ਕੀਤਾ ਗਿਆ ਜਿਸ ਵਿੱਚ ਸਰਕਾਰੀ ਹਾਈ ਸਕੂਲ ਆਧੀ ਦੇ ਹੈੱਡ ਮਾਸਟਰ ਕੁਲਬੀਰ ਸਿੰਘ ਨੇ ਆਪਣੇ ਲੜਕੇ ਅਨਮੋਲ ਪ੍ਰੀਤ ਸਿੰਘ ਦੇ ਵਿਆਹ ਦੀ ਖੁਸ਼ੀ ਵਿੱਚ ਸਰਕਾਰੀ ਹਾਈ ਆਧੀ ਨੂੰ 50 ਹਜ਼ਾਰ ਰੁਪਏ ਤੇ ਸਰਕਾਰੀ ਹਾਈ ਸਕੂਲ ਰਹੀਮ ਪੁਰ ਨੂੰ 50 ਹਜ਼ਾਰ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਉਗੀ ਨੂੰ 50 ਹਜ਼ਾਰ ਰੁਪਏ ਦਾਨ ਕਰਕੇ ਇਲਾਕੇ ਦੀ ਸਿਖਿਆ ਦੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। ਹੈੱਡ ਮਾਸਟਰ ਕੁਲਬੀਰ ਸਿੰਘ ਨੇ ਪਰਵਾਰ ਸਮੇਤ ਆਪਣੇ ਪਿਤਾ, ਧਰਮਪਤਨੀ ਤੇ ਨਵੇਂ ਵਿਆਹੇ ਜੋੜੇ ਨਾਲ ਤਿਨੋਂ ਸਕੂਲਾਂ ਵਿੱਚ ਪਹੁੰਚ ਕੇ ਇਹ ਰਕਮ ਰਹੀਮਪੁਰ ਦੇ ਹੈੱਡ ਮਾਸਟਰ ਤੇ ਪਿੰਡ ਉਗੀ ਸਕੂਲ ਦੇ ਹੈੱਡ ਮਾਸਟਰਾਂ ਨੂੰ ਸੌਂਪੀ ਗਈ।ਮਾਸਟਰ ਸੁਤੀਸ਼ ਕੁਮਾਰ ਨੇ ਪੱਤਰਕਾਰ ਨੂੰ ਦੱਸਿਆ ਕਿ ਇਸ ਨੇਕ ਸੋਚ ਅਤੇ ਸਿੱਖਿਆ ਪ੍ਰਤੀ ਲਗਨ ਸਾਰਿਆ ਲਈ ਪ੍ਰੇਰਨ ਸਰੋਤ ਹੈ। ਉਨ੍ਹਾਂ ਇਹ ਉਪਰਾਲਾ ਗੁਰੂ ਜੀ ਦੁਆਰਾ ਚਲਾਈ ਦਸਵੰਦ ਪ੍ਰਥਾ ਨੂੰ ਸਾਰਥਿਕ ਕਰਦਾ ਹੈ ਆਪਣੀ ਮਿਹਨਤ ਨਾਲ ਕੀਤੀ ਕਮਾਈ ਨੂੰ ਸਕੂਲ ਦੇ ਬੱਚਿਆਂ ਵਿੱਚ ਲੁਗਾਉਣਾ ਇਕ ਮਹਾਨ ਕੰਮ ਹੈ ਤੇ ਹੈੱਡ ਮਾਸਟਰ ਕੁਲਬੀਰ ਸਿੰਘ ਦੇ ਪਰਿਵਾਰ ਦੀ ਇਸ ਚੰਗੀ ਸੋਚ ਤੇ ਖੁਸ਼ੀ ਲਈ ਆਸੀ ਅਰਦਾਸ ਕਰਦੇ ਹਾਂ ਅਤੇ ਤਹਿਦਿਲੋਂ ਧੰਨਵਾਦ ਕਰਦੇ ਹਾਂ।ਇਸ ਮੌਕੇ ਤੇ ਸਤਿਕਾਰਯੋਗ ਜੋਗਿੰਦਰ ਸਿੰਘ ਪਦਮ, ਸਰਪੰਚ ਬਲਦੇਵ ਕੁਮਾਰ, ਨੌਜਵਾਨ ਆਗੂ ਦਲਜੀਤ ਸਿੰਘ ਨਿੱਕੂ, ਸਕੂਲ ਸਟਾਫ ਸਤੀਸ਼ ਕੁਮਾਰ, ਮੈਡਮ ਅਭਿਲਾਸ਼ਾ ਅਰੋੜਾ, ਕੁਮਾਰੀ ਨਵਪ੍ਰੀਤ, ਮੈਡਮ ਸਵੀਟੀ, ਕੁਮਾਰੀ ਮਮਤਾ ਤੇ ਕੁਮਾਰੀ ਰਮਨਦੀਪ ਤੇ ਹੋਰ ਵੀ ਬਹੁਤ ਸਾਰੇ ਨਗਰ ਨਿਵਾਸੀ ਹਾਜ਼ਰ ਸਨ।





# ਮਾਨ ਸਰਕਾਰ ਵੱਲੋਂ ਪਹਿਲ ਦੇ ਅਧਾਰ ’ਤੇ ਕੀਤਾ ਜਾ ਰਿਹਾ ਪਿੰਡਾਂ ਦਾ ਵਿਕਾਸ : ਜਲਾਲਪੁਰ



**ਬਲਾਚੌਰ (ਜਸਵਿੰਦਰ ਬੈਂਸ)**

ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਹਰ ਤਰ੍ਹਾਂ ਦਾ ਸੰਭਵ ਯਤਨ ਕੀਤਾ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਪਿੰਡਾਂ ਦਾ ਵਿਕਾਸ ਸ਼ਹਿਰਾਂ ਦੇ ਮੁਕਾਬਲੇ ਪਹਿਲ ਦੇ ਆਧਾਰ ਤੇ ਕੀਤਾ ਜਾ ਰਿਹਾ ਹੈ ਜਿਸ ਦੇ ਤਹਿਤ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਤੋਂ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਪਿੰਡਾਂ ਦੇ ਵਿਕਾਸ ਨੂੰ ਜਾਰੀ ਰੱਖਣ ਵਜੋਂ ਗ੍ਰਾਮ ਪੰਚਾਇਤ ਭੱਦੀ ਨੂੰ ਧਰਮਸ਼ਾਲਾ ਦੀ ਉਸਾਰੀ ਲਈ ਆਪਣੇ ਅਖਤਿਆਰੀ ਕੋਟੇ ਵਿੱਚੋਂ ਡੇਢ ਲੱਖ ਰੁਪਏ ਦੀ ਗਰਾਂਟ ਦਾ ਚੈੱਕ ਦਿੱਤਾ ਗਿਆ ਹੈ। ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਤਨਾਮ ਜਲਾਲਪੁਰ ਨੇ ਕਿਹਾ ਕਿ ਮਾਨ ਸਰਕਾਰ ਜਿੱਥੇ ਸ਼ਹਿਰਾਂ ਦਾ ਵਿਕਾਸ ਪਹਿਲ ਦੇ ਅਧਾਰ ਤੇ ਕਰਨ ਵਿੱਚ ਲੱਗੀ ਹੋਈ ਹੈ, ਉਥੇ ਦੂਸਰੇ ਪਾਸੇ ਪਿੰਡਾਂ ਨੂੰ ਵੀ ਸ਼ਹਿਰਾਂ ਵਰਗਾ ਬਣਾਉਣ ਲਈ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ। ਪਿੰਡਾਂ ਦਾ ਵਿਕਾਸ ਪਹਿਲ ਦੇ ਆਧਾਰ ਤੇ ਅਤੇ ਤੇਜ਼ੀ ਨਾਲ ਕਰਵਾਇਆ ਜਾ ਰਿਹਾ ਹੈ।ਉਹਨਾਂ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਵਿਕਾਸ ਕਾਰਜ ਲਈ ਗ੍ਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ।ਇਸ ਮੌਕੇ ਤੇ ਉਹਨਾਂ ਨੇ ਕਿਹਾ ਕਿ ਪਿੰਡ ਭੱਦੀ ਦੀ ਪੰਚਾਇਤ ਵੱਲੋਂ ਧਰਮਸ਼ਾਲਾ ਦੀ ਉਸਾਰੀ ਲਈ ਜਾਣੂ ਕਰਵਾਇਆ ਗਿਆ ਸੀ। ਇਸ ਨੂੰ ਮੁੱਖ ਰੱਖਦਿਆਂ ਹੋਇਆਂ ਉਹਨਾਂ ਵੱਲੋਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਧਰਮਸ਼ਾਲਾ ਦੀ ਉਸਾਰੀ ਲਈ ਪਿੰਡ ਨੂੰ ਗਰਾਂਟ ਦਿੱਤੀ ਗਈ।ਇਸ ਮੌਕੇ ਤੇ ਪਿੰਡ ਦੀ ਪੰਚਾਇਤ ਵੱਲੋਂ ਸਤਨਾਮ ਜਲਾਲਪੁਰ ਦਾ ਸਨਮਾਨ ਕੀਤਾ ਗਿਆ ਅਤੇ ਸਤਨਾਮ ਜਲਾਲਪੁਰ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਤੇ ਪਿਆਰਾ ਲਾਲ ਸਰਪੰਚ, ਓਮ ਪ੍ਰਕਾਸ਼, ਬਲਵੰਤ ਪ੍ਰਧਾਨ, ਰਕੇਸ਼ ਕੁਮਾਰ, ਵਿਜੇ ਕੁਮਾਰ ਸਾਬਕਾ ਸਰਪੰਚ ਵਿਕਰਮ ਸਿੰਘ, ਕਮੇਟੀ ਮੈਂਬਰ ਅਤੇ ਪੰਚ ਸਾਹਿਬਾਨ ਹਾਜਰ ਸਨ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਚੱਬੇਵਾਲ ਤੋਂ ਅੰਮ੍ਰਿਤਸਰ ਰਵਾਨਾ

**ਹੁਸ਼ਿਆਰਪੁਰ, (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)**-ਵਿਧਾਨ ਸਭਾ ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਨੂੰ ਧਾਰਮਿਕ ਯਾਤਰਾ ਲਈ ਅੰਮ੍ਰਿਤਸਰ ਲਈ ਰਵਾਨਾ ਕੀਤੀ। ਇਸ ਮੌਕੇ ਆਮ ਆਦਮੀ ਪਾਰਟੀ ਦੇ ਵਿਰਾਸਤ ਸੇਵਾ ਸੰਗਠਨ ਦੇ ਸੂਬਾ ਸਕੱਤਰ ਅਤੇ ਦੋਆਬਾ ਜ਼ੋਨ ਇੰਚਾਰਜ ਤਰੁਣ ਅਰੋੜਾ ਵੀ ਵਿਸ਼ੇਸ਼ ਤੌਰ ’ਤੇ ਮੌਜੂਦ ਸਨ। ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਯੋਜਨਾ ਨਾ ਸਿਰਫ਼ ਬਜ਼ੁਰਗ ਨਾਗਰਿਕਾਂ ਅਤੇ ਸ਼ਰਧਾਲੂਆਂ ਨੂੰ ਧਾਰਮਿਕ ਸਥਾਨਾਂ ਦੀ ਯਾਤਰਾ ਕਰਨ ਦੇ ਯੋਗ ਬਣਾਉਂਦੀ ਹੈ ਬਲਕਿ ਸਮਾਜਿਕ ਸਦਭਾਵਨਾ ਅਤੇ ਅਧਿਆਤਮਿਕ ਬੰਧਨ ਨੂੰ ਵੀ ਮਜ਼ਬੂਤ ਕਰਦੀ ਹੈ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਸ਼ਰਧਾਲੂਆਂ ਦੇ ਰਹਿਣ, ਖਾਣ-ਪੀਣ ਅਤੇ ਆਵਾਜਾਈ ਦੇ ਢੁਕਵੇਂ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਪਹਿਲੇ ਦਿਨ ਦੁਰਗਿਆਣਾ ਮੰਦਿਰ ਦੇ ਦਰਸ਼ਨ ਕਰਵਾਏ ਜਾਣਗੇ। ਦੂਜੇ ਦਿਨ ਉਨ੍ਹਾਂ ਨੂੰ ਪਾਰਟੀਸ਼ਨ ਮਿਊਜ਼ੀਅਮ, ਜਲ੍ਹਿਆਂਵਾਲਾ ਬਾਗ ਅਤੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਅਤੇ ਲੰਗਰ ਸੇਵਾ ਮੌਕਾ ਮਿਲੇਗਾ। ਇਸ ਤੋਂ ਇਲਾਵਾ ਵਾਹਗਾ ਬਾਰਡਰ ’ਤੇ ਬੀਟਿੰਗ ਰਿਟਰੀਟ ਸਮਾਰੋਹ ਦਿਖਾਇਆ ਜਾਵੇਗਾ। ਤੀਜੇ ਦਿਨ ਸ਼ਰਧਾਲੂ ਭਗਵਾਨ ਵਾਲਮੀਕਿ ਜੀ ਤੀਰਥ ਦਰਸ਼ਨ ਕਰਨ ਤੋਂ ਬਾਅਦ ਵਾਪਸ ਪਰਤਣਗੇ।



# ਅੰਗ ਦਾਨ ਕਰਨਾ ਦੁਨੀਆ ਦੀ ਸਭ ਤੋਂ ਵੱਡੀ ਸੇਵਾ : ਐੱਸ ਡੀ ਐੱਮ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਉਪ ਮੰਡਲ ਮੈਜਿਸਟ੍ਰੇਟ ਟਾਂਡਾ ਲਵਦੀਪ ਸਿੰਘ ਔਲਖ ਨੇ ਮਨੁੱਖਤਾ ਦੇ ਭਲੇ ਲਈ ਲੋਕਾਂ ਨੂੰ ਅੰਗ ਦਾਨ, ਨੇਤਰਦਾਨ ਕਰਨ ਲਈ ਪ੍ਰੇਰਿਤ ਕਰਨ ਵਾਲੇ ਸਟੇਟ ਐਵਾਰਡੀ ਭਾਈ ਬਰਿੰਦਰ ਸਿੰਘ ਮਸੀਤੀ ਵੱਲੋਂ ਚਲਾਈ ਜਾ ਰਹੀ ਜਾਗਰੂਕਤਾ ਮੁਹਿੰਮ ਦੀ ਸ਼ਲਾਘਾ ਕੀਤੀ। ਇਸ ਮੌਕੇ ਉਹਨਾਂ ਆਖਿਆ ਕਿ ਅੰਗ ਦਾਨ ਕਰਨਾ ਦੁਨੀਆਂ ਦਾ ਸਭ ਤੋਂ ਵੱਡਾ ਦਾਨ ਹੈ,ਜਿਸ ਨਾਲ ਅਸੀਂ ਇਨਸਾਨੀਅਤ ਫਰਜ ਨਿਭਾ ਸਕਦੇ ਹਾਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਟੇਟ ਅਵਾਰਡੀ ਸਮਾਜ ਸੇਵੀ ਆਈ ਡੋਨਰ ਇੰਚਾਰਜ ਟਾਂਡਾ ਭਾਈ ਬਰਿੰਦਰ ਸਿੰਘ ਮਸੀਤੀ ਨੇ ਦੱਸਿਆ ਕਿ ਡੋਨਰ ਵਿਅਕਤੀ ਦੇ ਮਰਨ ਤੋਂ ਬਾਅਦ ਨੇਤਰ, ਸਰੀਰ ਦੇ ਹੋਰ ਅੰਗ ਮਰਨ ਤੋਂ ਬਾਅਦ ਜਲੰਧਰ, ਪਟਿਆਲਾ, ਫਰੀਦਕੋਟ, ਪੀ.ਜੀ.ਆਈ ਚੰਡੀਗੜ੍ਹ ਵਿਖੇ ਲੋੜਵੰਦ ਵਿਅਕਤੀਆਂ ਦੇ ਮੁਫਤ ਵਿੱਚ ਲਗਾਏ ਜਾਂਦੇ ਹਨ।ਇਸ ਮੌਕੇ ਰੀਡਰ ਬਾਬਾ ਸੁਖਵਿੰਦਰ ਸਿੰਘ ਓਡਰਾ ਵੀ ਹਾਜ਼ਰ ਸਨ।

# ਕੈਨਰਾ ਬੈਂਕ ਦੀ ਬਰਾਂਚ ਹੁਣ ਨਵੀਂ ਬਿਲਡਿੰਗ ’ਚ ਸ਼ਿਫਟ

**ਪੋਜੇਵਾਲ /ਬਲਾਚੌਰ (ਰਾਮ ਲਾਲ /ਜਸਵਿੰਦਰ ਬੈਂਸ)**-ਕੈਨਰਾ ਬੈਂਕ ਵੱਲੋਂ ਆਪਣੇ ਗਾਹਕਾਂ ਨੂੰ ਬਿਹਤਰ ਅਤੇ ਆਧੁਨਿਕ ਬੈਂਕਿੰਗ ਸੇਵਾਵਾਂ ਪ੍ਰਦਾਨ ਕਰਨ ਦੇ ਮਕਸਦ ਨਾਲ ਬਲਾਚੌਰ ਸ਼ਾਖਾ ਨੂੰ ਨਵੇਂ ਅਤੇ ਵਧੇਰੇ ਖੁੱਲ੍ਹੇ ਪ੍ਰੰਗਣ ਵਿੱਚ ਸ਼ਿਫਟ ਕਰ ਦਿੱਤਾ ਗਿਆ ਹੈ। ਨਵੀਂ ਸ਼ਾਖਾ ਹੁਣ ਗੜ੍ਹਸ਼ੰਕਰ ਰੋਡ, ਮੋਰ ਸੁਪਰ ਮਾਰਕੀਟ ਦੇ ਸਾਹਮਣੇ ਸਥਿਤ ਹੈ। ਇਸ ਨਵੇਂ ਪ੍ਰੰਗਣ ਦਾ ਸ਼ਾਨਦਾਰ ਉਦਘਾਟਨ ਹਲਕਾ ਵਿਧਾਇਕਾ ਸੰਤੋਸ਼ ਕੁਮਾਰੀ ਕਟਾਰੀਆ ਵੱਲੋਂ ਆਪਣੇ ਕਰ-ਕਮਲਾਂ ਨਾਲ ਕੀਤਾ ਗਿਆ।ਗਾਹਕ-ਹਿਤੈਸ਼ੀ ਸੇਵਾਵਾਂ ’ਤੇ ਜ਼ੋਰ ਉਦਘਾਟਨੀ ਸਮਾਰੋਹ ਦੌਰਾਨ ਬੈਂਕ ਅਧਿਕਾਰੀਆਂ ਨੇ ਗਾਹਕਾਂ ਨੂੰ ਬੈਂਕ ਦੀਆਂ ਵੱਖ-ਵੱਖ ਲਾਭਕਾਰੀ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ। ਖੇਤਰੀ ਦਫ਼ਤਰ ਲੁਧਿਆਣਾ ਦੇ ਸਹਾਇਕ ਮਹਾ ਪ੍ਰਬੰਧਕ ਅਤੇ ਸ਼ਾਖਾ ਇੰਚਾਰਜ ਵੱਲੋਂ ਬੈਂਕ ਦੀਆਂ ਕਰਜ਼ਾ ਸੁਵਿਧਾਵਾਂ ਅਤੇ ਨਿਵੇਸ਼ ਯੋਜਨਾਵਾਂ ਬਾਰੇ ਵਿਸਥਾਰ ਨਾਲ ਦੱਸਿਆ ਗਿਆ।ਨਵਾਂ ਪ੍ਰੰਗਣ ਗਾਹਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਤਿਆਰ ਕੀਤਾ ਗਿਆ ਹੈ, ਜਿੱਥੇ ਤੇਜ਼ ਅਤੇ ਪ੍ਰਭਾਵਸ਼ਾਲੀ ਬੈਂਕਿੰਗ ਸੇਵਾਵਾਂ ਯਕੀਨੀ ਬਣਾਈਆਂ ਜਾਣਗੀਆਂ। ਸਥਾਨਕ ਨਿਵਾਸੀਆਂ ਨੇ ਬੈਂਕ ਦੀ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਆਧੁਨਿਕ ਬੈਂਕਿੰਗ ਪ੍ਰਤੀ ਬੈਂਕ ਦੀ ਵਚਨਬੱਧਤਾ ’ਤੇ ਖੁਸ਼ੀ ਪ੍ਰਗਟਾਈ।ਇਸ ਮੌਕੇ ਵਿਧਾਇਕਾ ਕਟਾਰੀਆ ਦੇ ਨਾਲ ਬੈਂਕ ਅਧਿਕਾਰੀ ?ਆਰ. ਸੀ. ਮੀਨਾ ਸਹਾਇਕ ਮਹਾ ਪ੍ਰਬੰਧਕ ਅਤੇ ਖੇਤਰੀ ਦਫ਼ਤਰ ਮੁਖੀ, ਲੁਧਿਆਣਾ ਦਲਜੀਤ ਸਿੰਘ ਸੇਵਾ ਮੁਕਤ ਏ. ਜੀ. ਐਮ.ਗੁਰਦੀਪ ਸਿੰਘ ਸ਼ਾਖਾ ਇੰਚਾਰਜ ਖੇਤਰੀ ਦਫ਼ਤਰ ਲੁਧਿਆਣਾ ਦੇ ਹੋਰ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਬੈਂਕ ਦੇ ਸ਼ੁਭਚਿੰਤਕ ਤੇ ਗਾਹਕ।



# ਨੌਜਵਾਨ ਦੇ ਕਤਲ ਮਾਮਲੇ 'ਚ ਦੋ ਨਾਬਾਲਗਾਂ ਸਮੇਤ 12 ਗ੍ਰਿਫਤਾਰ

**ਮੋਹਾਲੀ (ਗੁਰਜੀਤ ਬਿੱਲਾ)**

ਮੋਹਾਲੀ ਪੁਲਿਸ ਨੇ ਬੀਤੀ 14 ਅਤੇ 15 ਫਰਵਰੀ ਦੀ ਦਰਮਿਆਨੀ ਰਾਤ ਨੂੰ ਲਕਸ਼ਮੀ ਨਰਾਇਣ ਮੰਦਰ ਫੇਸ 11, ਮੋਹਾਲੀ ਨੇੜੇ ਹੋਏ ਨੌਜਵਾਨ ਗੁਰਸੇਵ ਸਿੰਘ ਦੇ ਕਤਲ ਦੇ ਦੋਸ਼ ਵਿੱਚ ਦੋ ਨਾਬਾਲਗਾਂ ਸਮੇਤ 12 ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ।ਇਸ ਸਬੰਧੀ ਮੀਡੀਆ ਨੂੰ ਸੰਬੋਧਨ ਕਰਦੇ ਹੋਏ ਐਸ ਪੀ ਸਿਟੀ ਦਿਲਪ੍ਰੀਤ ਸਿੰਘ ਨੇ ਦੱਸਿਆ ਕਿ ਪੀੜਿਤ ਗੁਰਸੇਵ ਸਿੰਘ ਵੱਲੋਂ ਮੰਦਰ ਦੇ ਨੇੜੇ 15-20 ਨਾ-ਮਾਲੂਮ ਲੜਕਿਆਂ ਨੂੰ ਮੋਟਰਸਾਈਕਲ ਦੀਆਂ ਰੇਸਾਂ ਦੇਣ ਤੋਂ ਰੋਕੇ ਜਾਣ ਤੇ ਇਹਨਾਂ ਵਿੱਚੋਂ ਇੱਕ ਨਾ-ਮਾਲੂਮ ਵਿਅਕਤੀ ਨੇ ਆਪਣੇ ਡੱਬ ਵਿੱਚੋਂ ਕਿਰਚ ਕੱਢ ਕੇ, ਪੀੜਿਤ ਗੁਰਸੇਵ ਸਿੰਘ ਨੂੰ ਜਾਨ ਤੋਂ ਮਾਰ ਦੇਣ ਦੀ ਨੀਅਤ ਨਾਲ, ਉਸ ਉੱਤੇ ਹਮਲਾ ਕੀਤਾ ਅਤੇ ਮੌਕੇ ਤੋਂ ਫਰਾਰ ਹੋ ਗਏ। ਬਾਅਦ ਵਿੱਚ ਪੀੜਿਤ ਦੀ ਹਸਪਤਾਲ ਜਾ ਕੇ ਇਲਾਜ ਦੌਰਾਨ ਮੌਤ ਹੋ ਗਈ ਸੀ।ਪੁਲਸ ਵੱਲੋਂ ਇਸ ਸਬੰਧ ਵਿੱਚ ਥਾਣਾ ਫੇਸ 11 ਵਿਖੇ ਧਾਰਾ 109, 118 (1), 77, 190, 191 (3) ਭਾਰਤੀ ਨਿਆਂ ਸੰਘਤਾ ਤਹਿਤ ਮੁਕੱਦਮਾ ਦਰਜ ਕਰਕੇ ਦੋਸ਼ੀਆਂ ਦੀ ਭਾਲ ਸ਼ੁਰੂ ਕੀਤੀ ਗਈ ਸੀ।ਉਨ੍ਹਾਂ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਦੋਸ਼ੀਆਂ ਵਿੱਚ ਦੋ ਨਾਬਾਲਗ ਮੁਲਜ਼ਮਾਂ ਨੂੰ ਹੁਸ਼ਿਆਰਪੁਰ ਦੀ ਬਾਲ ਜੇਲ (ਅਬਜ਼ਰਵੇਸ਼ਨ ਹੋਮ) ਵਿਖੇ ਭੇਜਿਆ ਗਿਆ ਹੈ। ਬਾਕੀਆਂ ਵਿੱਚ ਸ਼ਾਮ ਸੁੰਦਰ ਠਾਕੁਰ ਪੁੱਤਰ ਰਜਿੰਦਰ ਠਾਕੁਰ, ਤੇਜਬੀਰ ਪੁੱਤਰ ਸ਼ੇਰਤੀ ਲਾਲ, ਗੌਰਵ ਪੁੱਤਰ ਤੇਜਬੀਰ, ਰਾਕੇਸ਼ ਕੁਮਾਰ ਪੁੱਤਰ ਇੰਦਰਜੀਤ, ਆਦਰਸ਼ ਉਰਫ ਬਿੱਲਾ ਪੁੱਤਰ ਸੰਮਵੀਰ, ਸੰਮਵੀਰ ਪੁੱਤਰ ਗੰਗਾ ਰਾਮ, ਜਤਿੰਦਰ ਸਿੰਘ ਪੁੱਤਰ ਨਨੇ, ਮੋਹਿਤ ਪੁੱਤਰ ਵਿਜੇ ਪਾਲ, ਦਿਨੇਸ਼ ਪੁੱਤਰ ਰੰਗੀ ਅਤੇ ਅਭਿਮਨ ਉਰਫ ਅਭੀ ਪੁੱਤਰ ਸ਼ਿਸ਼ੁਪਾਲ ਸ਼ਾਮਿਲ ਹਨ। ਉਹਨਾਂ ਦੱਸਿਆ ਕਿ ਬਾਕੀ ਰਹਿੰਦੇ ਦੋਸ਼ੀਆਂ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ ਅਤੇ ਉਹਨਾਂ ਨੂੰ ਵੀ ਜਲਦ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ।ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਪਾਸੋਂ ਇੱਕ ਮੋਟਰਸਾਈਕਲ ਸਪਲੈਂਡਰ, ਇੱਕ ਮੋਟਰਸਾਈਕਲ ਬੁਲਟਤੇ ਇੱਕ ਕਿਰਚ ਬਰਾਮਦ ਕੀਤੀ ਗਈ ਹੈ। ਇਹਨਾਂ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ 20 ਫਰਵਰੀ ਤੱਕ ਪੁਲਿਸ ਰਿਮਾਂਡ ਲਿਆ ਗਿਆ ਹੈ ਜਿਸ ਦੌਰਾਨ ਇਹਨਾਂ ਪਾਸੋਂ ਹੋਰ ਪੁੱਛਗਿੱਛ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਮੁੱਕਦਮੇ ਚ ਕੁੱਲ ,18 ਦੋਸ਼ੀ ਲੋੜੀਂਦੇ ਹਨ, ਜਿਨ੍ਹਾਂ ਵਿੱਚੋਂ 12 ਦੀ ਗ੍ਰਿਫ਼ਤਾਰੀ ਹੋ ਚੁੱਕੀ ਹੈ।ਇਸ ਮੌਕੇ ਡੀ ਐਸ ਪੀ ਸਿਟੀ 2 ਹਰਸਿਮਰਨ ਸਿੰਘ ਬੱਲ ਅਤੇ ਐਸ ਐਚ ਓ ਫੇਸ 11 ਯੋਗੇਸ਼ ਕੁਮਾਰ ਮੌਜੂਦ ਸਨ।



# ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ

**ਭੋਗਪੁਰ (ਗੁਰਪ੍ਰੀਤ ਸਿੰਘ ਭੇਂਗਲ)**

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਸਵਤੀ ਜਲੰਧਰ ਵਿੱਚ ਸਾਲਾਨਾ ਇਨਾਮ ਵੰਡ ਸਮਾਰੋਹ ਬੜੀ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ। ਇਸ ਮੌਕੇ ਸਕੂਲ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਸਮੂਹ ਸਕੂਲ ਪਰਵਾਰ ਵੱਲੋਂ ਸਕੂਲ, ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ ਤੇ ਵਿਦਿਆਰਥੀਆਂ ਨੇ ਸਾਲਾਨਾ ਪ੍ਰੀਖਿਆ ਵਿੱਚ ਚੰਗਾ ਪ੍ਰਦਰਸ਼ਨ ਕਰਨ ਲਈ ਅਸ਼ੀਰਵਾਦ ਪ੍ਰਾਪਤ ਕੀਤਾ।ਭੋਗ ਉਪਰੰਤ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ, ਜਿਸ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਉਪਲਬਧੀਆਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸਨਮਾਨਤ ਕੀਤਾ ਗਿਆ। ਅਕਾਦਮਿਕ, ਖੇਡਾਂ ਅਤੇ ਹੋਰ ਗਤੀਵਿਧੀਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਬੱਚਿਆਂ ਨੂੰ ਇਨਾਮਾਂ ਨਾਲ ਨਵਾਜਿਆ ਗਿਆ।ਇਸ ਮੌਕੇ ਪ੍ਰਿੰਸੀਪਲ ਸ੍ਰੀ ਸੁਰਿੰਦਰ ਕੁਮਾਰ ਰਾਣਾ ਅਤੇ ਸਕੂਲ ਇੰਚਾਰਜ ਪਰਮਜੀਤ ਕੌਰ ਨੇ ਵਿਦਿਆਰਥੀਆਂ ਦੀਆਂ ਉਪਲਬਧੀਆਂ ਬਾਰੇ ਜਾਣਕਾਰੀ ਦਿੱਤੀ ਤੇ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਉਚਾਈਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਵਿੱਚ ਚੱਲ ਰਹੇ ਵਿੱਦਿਅਕ ਟਰੱਸਟ ਪਰਮਜੀਤ ਸਿੰਘ, ਬਲਜੀਤ ਨਿੱਝਰ ਟਰੱਸਟ, ਰਘਬੀਰ ਸਿੰਘ ਢਿੱਲੋਂ ਟਰੱਸਟ, ਸ. ਕਿਰਪਾਲ ਸਿੰਘ ਭੰਗੂ ਐਜੂਕੇਸ਼ਨਲ ਐਂਡ ਵੈਲਫੇਅਰ ਟਰੱਸਟ, ਮਾਤਾ ਬਾਲ ਕੌਰ ਭੰਗੂ ਮੈਮੋਰੀਅਲ ਐਜੂਕੇਸ਼ਨਲ ਟਰੱਸਟ ਵੱਲੋਂ ਵਿਦਿਆਰਥੀਆਂ ਨੂੰ ਇਨਾਮ ਅਤੇ ਵਜ਼ੀਫੇ ਦਿੱਤੇ।ਸਮਾਰੋਹ ਵਿੱਚ ਮਹਿੰਦਰ ਪਾਲ, ਕਿਰਨ ਖੰਨਾ, ਕਿਰਤੀ ਸਿੰਘ, ਬਲਜਿੰਦਰ ਸਿੰਘ, ਅਨੁਜੀਤ ਕੌਰ, ਸੁਖਵਿੰਦਰ ਕੁਮਾਰ ਮਾਹੀ, ਇਸ਼ਪਿੰਦਰ ਕੌਰ, ਗਗਨਦੀਪ ਕੌਰ,ਅਮਨਦੀਪ ਕੌਰ, ਗੁਰਪ੍ਰੀਤ ਕੌਰ, ਰਾਜ ਕੁਮਾਰ, ਮੋਨਿਕਾ, ਮੀਨਾਕਸ਼ੀ ਦੇਵੀ, ਰਜਨੀਸ਼ ਕੌਰ, ਬਲਵਿੰਦਰ ਕੁਮਾਰ, ਯਾਕੂਬ, ਸੁਖਵਿੰਦਰ ਸਿੰਘ, ਸੁਖਦੇਵ ਰਾਜ ਸਿੰਘ, ਪਿੰਡ ਦੇ ਸਰਪੰਚ ਸਤਪਾਲ ਸਿੰਘ, ਪੰਚਾਇਤ ਮੈਂਬਰਾਂ,ਗੁਰਮੇਜ ਸਿੰਘ ਢਿੱਲੋਂ ਲਖਬੀਰ ਸਿੰਘ ਢਿੱਲੋਂ,ਬਲਰਾਜ ਸਿੰਘ ਪੰਚ ਬਲਬੀਰ ਸਿੰਘ,ਜਸਵੰਤ ਰਾਏ ਪੰਚਾਇਤ ਮੈਂਬਰ,ਹੈਡਮਾਸਟਰ ਬਖਸ਼ੀ ਰਾਮ, ਰਣਜੀਤ ਸਿੰਘ ਰਾਣਾ ਸਾਬਕਾ ਪੰਚ,ਐੱਸ ਐੱਮ ਸੀ ਕਮੇਟੀ ਮੈਂਬਰਾਂ, ਵਿਦਿਆਰਥੀਆਂ ਦੇ ਮਾਪਿਆਂ ਤੇ ਬਹੁਤ ਸਾਰੇ ਪਤਵੰਤੇ ਅਤੇ ਦਾਨੀ ਸੱਜਣਾ ਦੀ ਹਾਜ਼ਰੀ ਨੇ ਪ੍ਰੋਗਰਾਮ ਨੂੰ ਹੋਰ ਵੀ ਰੌਣਕ ਬਖ਼ਸ਼ੀ। ਅੰਤ ਵਿੱਚ ਗੁਰੂ ਕਾ ਅਟੁੱਟ ਲੰਗਰ ਵਰਤਾਇਆ ਗਿਆ।



# ਲੱਧੇਵਾਲੀ ਫਲਾਈਓਵਰ ਦੀ ਉਸਾਰੀ ਤੇ ਡਿਜ਼ਾਈਨ ਸੰਬੰਧੀ ਪੜਤਾਲ ਲਈ ਕਮੇਟੀ ਦਾ ਗਠਨ

**ਜਲੰਧਰ, (ਸੁਰਿੰਦਰ ਕੁਮਾਰ)**-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਸ਼ਹਿਰ ਵਿੱਚ ਬਣੇ ਲੱਧੇਵਾਲੀ ਫਲਾਈਓਵਰ ਦੀ ਉਸਾਰੀ ਅਤੇ ਡਿਜ਼ਾਈਨ ਸਬੰਧੀ ਤੱਥਾਂ ਦੀ ਵਿਸਥਾਰਪੂਰਵਕ ਪੜਤਾਲ ਕਰਨ ਲਈ ਇੱਕ ਕਮੇਟੀ ਦਾ ਗਠਨ ਕੀਤਾ ਗਿਆ ਹੈ। ਫਲਾਈਓਵਰ ਦੀ ਬਣਤਰ ਅਤੇ ਡਿਜ਼ਾਈਨ ਵਿੱਚ ਕੁਝ ਊਣਤਾਈਆਂ ਕਰਕੇ ਆਵਾਜਾਈ ਦੌਰਾਨ ਲੋਕਾਂ ਨੂੰ ਪੇਸ਼ ਆ ਰਹੀ ਅਸੁਵਿਧਾ ਤੇ ਪ੍ਰੇਸ਼ਾਨੀ ਦਾ ਮਾਮਲਾ ਧਿਆਨ ਵਿੱਚ ਆਉਣ ਉਪਰੰਤ ਇਹ ਕਾਰਵਾਈ ਕੀਤੀ ਗਈ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਮਾਮਲੇ ਦੀ ਨਿਰਪੱਖ ਅਤੇ ਤਕਨੀਕੀ ਜਾਂਚ ਲਈ ਮੁੱਖ ਮੰਤਰੀ ਖੇਤਰੀ ਅਫ਼ਸਰ, ਜਲੰਧਰ ਦੀ ਪ੍ਰਧਾਨਗੀ ਹੇਠ ਕਮੇਟੀ ਬਣਾਈ ਗਈ ਹੈ। ਕਮੇਟੀ ਵਿੱਚ ਐੱਸ ਈ ਨਗਰ ਨਿਗਮ, ਜਲੰਧਰ ਅਤੇ ਵਧੀਕ ਐੱਸ ਈ ਪੀ ਐੱਸ ਪੀ ਸੀ ਐੱਲ ਜਲੰਧਰ ਕੈਂਟ ਨੂੰ ਮੈਂਬਰ ਵਜੋਂ ਸ਼ਾਮਲ ਕੀਤਾ ਗਿਆ ਹੈ, ਤਾਂ ਜੋ ਉਸਾਰੀ ਅਤੇ ਡਿਜ਼ਾਈਨ ਸਬੰਧੀ ਸਾਰੇ ਤਕਨੀਕੀ ਪੱਖਾਂ ਦੀ ਗਹਿਰਾਈ ਨਾਲ ਜਾਂਚ ਕੀਤੀ ਜਾ ਸਕੇ।ਡਿਪਟੀ ਕਮਿਸ਼ਨਰ ਨੇ ਕਮੇਟੀ ਨੂੰ ਸਪਸ਼ਟ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਮੌਕੇ ਦੀ ਵਿਸਥਾਰਪੂਰਵਕ ਜਾਂਚ ਕਰਕੇ ਫਲਾਈਓਵਰ ਦੀ ਉਸਾਰੀ ਤੇ ਡਿਜ਼ਾਈਨ ਸਬੰਧੀ ਸਾਰੇ ਤਕਨੀਕੀ ਅਤੇ ਪ੍ਰਸ਼ਾਸਕੀ ਪੱਖਾਂ ਦੀ ਤਸਦੀਕ ਕੀਤੀ ਜਾਵੇ ਤੇ ਜੇਕਰ ਕੋਈ ਲਾਪ੍ਰਵਾਹੀ ਜਾਂ ਮਾਪਦੰਡਾਂ ਦੀ ਉਲੰਘਣਾ ਪਾਈ ਜਾਂਦੀ ਹੈ ਤਾਂ ਉਸ ਬਾਰੇ ਸਪਸ਼ਟ ਸਿਫਾਰਸ਼ਾਂ ਸਮੇਤ ਰਿਪੋਰਟ 15 ਦਿਨਾਂ ਦੇ ਅੰਦਰ ਪੇਸ਼ ਕਰਨੀ ਯਕੀਨੀ ਬਣਾਈ ਜਾਵੇ।

# ਵਿਧਾਇਕ ਨੇ ਤਾਜੇਵਾਲ ਦੇ ਸਟੇਡੀਅਮ ਲਈ 3 ਲੱਖ ਰੁਪਏ ਦੀ ਗਰਾਂਟ ਦਿੱਤੀ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਪਿੰਡ ਤਾਜੇਵਾਲ ਦੇ ਸਟੇਡੀਅਮ ਲਈ ਪਿਛਲੇ ਦਿਨੀ ਡਾਕਟਰ ਇਸ਼ਾਕ ਕੁਮਾਰ ਵਿਧਾਇਕ ਹਲਕਾ ਚੱਬੇਵਾਲ ਵੱਲੋਂ ਜੋ 6 ਲੱਖ ਰੁਪਏ ਦੀ ਗਰਾਂਟ ਦੇਣ ਦੀ ਗੱਲ ਕੀਤੀ ਗਈ ਸੀ, ਉਸ ਵਿੱਚੋਂ 3 ਲੱਖ ਰੁਪਏ ਦੀ ਕਿਸ਼ਤ ਜਾਰੀ ਕਰ ਦਿੱਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਦੀ ਸਰਪੰਚ ਦਲਜੀਤ ਕੌਰ, ਸੰਤ ਪਵਨ ਕੁਮਾਰ ਤਾਜੇਵਾਲ ਨੇ ਗ੍ਰਾਮ ਪੰਚਾਇਤ ਅਤੇ ਸਮੁੱਚੇ ਖਿਡਾਰੀਆਂ ਵੱਲੋਂ ਐੱਮ ਐੱਲ ਏ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਲਦੀ ਹੀ ਖਿਡਾਰੀਆਂ ਦੀ ਸਹੂਲਤ ਲਈ ਇੱਕ ਬਰਾਂਡੇ ਦੀ ਉਸਾਰੀ ਕੀਤੀ ਜਾਵੇਗੀ। ਉਹਨਾਂ ਹਲਕਾ ਵਿਧਾਇਕ ਨੂੰ ਬੇਨਤੀ ਕੀਤੀ ਕਿ ਸੜਕ ਕਿਨਾਰੇ ਦੀਵਾਰ ਦੀ ਸਖਤ ਜਰੂਰਤ ਹੈ। ਇਸ ਲਈ ਵੀ ਜਲਦੀ ਤੋਂ ਜਲਦੀ ਗ੍ਰਾਂਟ ਦਿੱਤੀ ਜਾਵੇ। ਵਰਨਣਯੋਗ ਹੈ ਕਿ ਪਿੰਡ ਤਾਜੇਵਾਲ ਵਾਟਰ ਸਪਲਾਈ ਤੋਂ ਨੱਸਰਾਂ ਬੰਧਨਾਂ ਤੇ ਤਾਜੇਵਾਲ ਨੂੰ ਪੀਣ ਵਾਲਾ ਪਾਣੀ ਜਾਂਦਾ ਹੈ। ਪਿੰਡ ਵਾਸੀਆਂ ਵੱਲੋਂ ਵਿਧਾਇਕ ਡਾਕਟਰ ਇਸ਼ਾਕ ਕੁਮਾਰ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ ਹੈ, ਜਿਨਾਂ ਨੇ ਵਾਟਰ ਸਪਲਾਈ ਤਾਜੇਵਾਲ ਵਾਸਤੇ ਨਵੀਂ ਮੋਟਰ ਲੈ ਕੇ ਦਿੱਤੀ ਤੇ ਪੁਰਾਣੀ ਮੋਟਰ ਦੀ ਰਿਪੇਅਰ ਕਰਵਾਈ ਹੈ।

# ਐੱਸ ਅਸ਼ੋਕ ਭੌਰਾ ਦੀ ਪੁਸਤਕ 'ਪੰਜਾਬੀ ਰੂਟਸ ਅਮੈਰੀਕਨ ਡਰੀਮਜ਼' ਦਾ ਰਿਲੀਜ਼ ਸਮਾਰੋਹ 24 ਨੂੰ

**ਫਗਵਾੜਾ, (ਡਾ. ਰਮਨ)**-ਪੰਜਾਬ ਚੇਤਨਾ ਮੰਚ ਵੱਲੋਂ ਪ੍ਰਸਿੱਧ ਲੇਖਕ ਤੇ ਪੱਤਰਕਾਰ ਐੱਸ ਅਸ਼ੋਕ ਭੌਰਾ ਦੀ ਪੁਸਤਕ "ਪੰਜਾਬੀ ਰੂਟਸ ਅਮੈਰੀਕਨ ਡਰੀਮਜ਼" ਦਾ ਰਿਲੀਜ਼ ਸਮਾਰੋਹ ਮਿਤੀ 24 ਫਰਵਰੀ ਨੂੰ ਸ਼ਾਮ 3 ਵਜੇ, ਰਾਇਲ ਕੋਰਟ ਹੋਟਲ, ਜੋਤੀ ਚੌਕ ਜਲੰਧਰ ਵਿਖੇ ਹੋਵੇਗਾ। ਸਮਾਗਮ ਦੇ ਮੁੱਖ ਮਹਿਮਾਨ ਐੱਮ ਪੀ ਮਨੀਸ਼ ਤਿਵਾੜੀ ਹੋਣਗੇ, ਜਦਕਿ ਐੱਮ ਪੀ ਰਾਜ ਕੁਮਾਰ ਚੱਬੇਵਾਲ, ਦੀਪਕ ਬਾਲੀ ਸਲਾਹਕਾਰ ਪੰਜਾਬ ਸਰਕਾਰ, ਬਹਾਦਰ ਸਿੰਘ ਯੂ.ਐੱਸ. ਏ, ਅਮੋਲਕ ਸਿੰਘ ਗਾਖਲ ਯੂ.ਐੱਸ.ਏ. ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਿਰਕਤ ਕਰਨਗੇ। ਇਹ ਜਾਣਕਾਰੀ ਦਿੰਦਿਆਂ ਪ੍ਰਿੰ: ਗੁਰਮੀਤ ਸਿੰਘ ਪਲਾਹੀ ਜੱਥੇਬੰਦ ਸਕੱਤਰ ਨੇ ਦੱਸਿਆ ਕਿ ਸਮਾਗਮ ਦੀ ਪ੍ਰਧਾਨਗੀ ਉੱਘੇ ਲੇਖਕ ਵਰਿਆਮ ਸਿੰਘ ਸੰਧੂ, ਲਖਵਿੰਦਰ ਸਿੰਘ ਜੌਹਲ ਤੇ ਸਤਨਾਮ ਸਿੰਘ ਮਾਣਕ ਕਰਨਗੇ।

# ਆਰ ਟੀ ਓ ਨੇ ਓਵਰਲੋਡ ਵਾਹਨਾਂ 'ਤੇ ਕੀਤੀ ਸਖ਼ਤ ਕਾਰਵਾਈ, 3.20 ਲੱਖ ਰੁਪਏ ਦਾ ਜੁਰਮਾਨਾ ਵਸੂਲਿਆ

**ਹੁਸ਼ਿਆਰਪੁਰ, (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)**-ਡਿਪਟੀ ਕਮਿਸ਼ਨਰ-ਕਮ-ਚੇਅਰਪਰਸਨ ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਆਸ਼ਿਕਾ ਜੈਨ ਦੀ ਅਗਵਾਈ ਹੇਠ ਸੜਕ ਸੁਰੱਖਿਆ ਨਿਯਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਓਵਰਲੋਡਿਡ ਵਾਹਨਾਂ ਵਿਰੁੱਧ ਸਖ਼ਤ ਕਾਰਵਾਈ ਇੱਕ ਵਿਸ਼ੇਸ਼ ਮੁਹਿੰਮ ਚਲਾਈ ਗਈ। ਇਹ ਮੁਹਿੰਮ ਆਰ ਟੀ ਓ ਅਮਨਦੀਪ ਕੌਰ ਘੁੰਮਣ ਦੀ ਦੇਖ-ਰੇਖ ਵਿਚ ਚਲਾਈ ਗਈ।ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਸੜਕ ਸੁਰੱਖਿਆ ਨੂੰ ਸਭ ਤੋਂ ਵੱਧ ਤਰਜੀਹ ਦੇ ਰਿਹਾ ਹੈ ਅਤੇ ਓਵਰਲੋਡਿੰਗ, ਤੇਜ਼ ਰਫ਼ਤਾਰ, ਸ਼ਰਾਬ ਪੀ ਕੇ ਗੱਡੀ ਚਲਾਉਣ ਅਤੇ ਹੋਰ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਵਿਰੁੱਧ ਮੁਹਿੰਮ ਜਾਰੀ ਰਹੇਗੀ। ਉਨ੍ਹਾਂ ਡਰਾਈਵਰਾਂ ਨੂੰ ਅਪੀਲ ਕੀਤੀ ਕਿ ਉਹ ਨਿਯਮਾਂ ਦੀ ਪਾਲਣਾ ਕਰਨ ਅਤੇ ਸੁਰੱਖਿਅਤ ਆਵਾਜਾਈ ਪ੍ਰਣਾਲੀ ਬਣਾਈ ਰੱਖਣ ਵਿੱਚ ਪ੍ਰਸ਼ਾਸਨ ਦਾ ਸਹਿਯੋਗ ਕਰਨ।ਆਰਟੀਓ ਅਮਨਦੀਪ ਕੌਰ ਘੁੰਮਣ ਨੇ ਦੱਸਿਆ ਕਿ ਮੁਹਿੰਮ ਦੌਰਾਨ ਵੱਖ-ਵੱਖ ਪ੍ਰਮੁੱਖ ਸੜਕਾਂ ਅਤੇ ਸੰਵੇਦਨਸ਼ੀਲ ਥਾਵਾਂ ਤੇ ਵਿਸ਼ੇਸ਼ ਨਾਕਾਬੰਦੀ ਕਰਕੇ ਵਾਹਨਾਂ ਦੀ ਜਾਂਚ ਕੀਤੀ ਗਈ। ਨਿਰੀਖਣ ਦੌਰਾਨ ਬਹੁਤ ਸਾਰੇ ਵਾਹਨ ਨਿਰਧਾਰਤ ਸਮਰੱਥਾ ਤੋਂ ਵੱਧ ਭਾਰ ਢੋਹਦੇ ਹੋਏ ਪਾਏ ਗਏ, ਜੋ ਕਿ ਸੜਕ ਸੁਰੱਖਿਆ ਲਈ ਇੱਕ ਗੰਭੀਰ ਖ਼ਤਰਾ ਹੈ ਤੇ ਸੜਕੀ ਬੁਨਿਆਦੀ ਢਾਂਚੇ ਨੂੰ ਵੀ ਨੁਕਸਾਨ ਪਹੁੰਚਾਉਂਦਾ ਹੈ।ਆਰ ਟੀ ਓ ਅਮਨਦੀਪ ਕੌਰ ਘੁੰਮਣ ਨੇ ਦੱਸਿਆ ਕਿ ਓਵਰਲੋਡਿੰਗ ਮੋਟਰ ਵਾਹਨ ਐਕਟ ਦੀ ਉਲੰਘਣਾ ਹੈ ਅਤੇ ਹਾਦਸਿਆਂ ਦਾ ਖ਼ਤਰਾ ਵਧਾਉਂਦੀ ਹੈ। ਨਿਯਮਾਂ ਦੀ ਉਲੰਘਣਾ ਕਰਨ ਵਾਲੇ ਡਰਾਈਵਰਾਂ ਵਿਰੁੱਧ ਸਖ਼ਤ ਕਾਰਵਾਈ ਕਰਦੇ ਹੋਏ ਕੁੱਲ 3 ਲੱਖ 20 ਹਜ਼ਾਰ ਦਾ ਜੁਰਮਾਨਾ ਵਸੂਲਿਆ ਗਿਆ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੰਮ੍ਰਿਤਸਰ ਲਈ ਬੱਸਾਂ ਰਵਾਨਾ



**ਨੰਗਲ/ ਭਲਾਣ (ਹਰਭਜਨ ਸਿੰਘ ਢਿੱਲੋਂ)**

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਅਧੀਨ ਪਿੰਡ ਸੂਰੇਵਾਲ ਅਤੇ ਬੈਂਸਪੂਰ (ਬੂਥ ਨੰਬਰ 7) ਤੋਂ ਸ਼ਰਧਾਲੂਆਂ ਨੂੰ ਅੰਮ੍ਰਿਤਸਰ ਲਈ ਲੈ ਕੇ ਜਾਣ ਵਾਲੀਆਂ ਬੱਸਾਂ ਰਵਾਨਾ ਕੀਤੀਆਂ ਗਈਆਂ। ਇਸ ਉਪਰਾਲੇ ਦਾ ਮਕਸਦ ਪਿੰਡ ਵਾਸੀਆਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ ਤਾਂ ਜੋ ਹਰ ਵਰਗ ਦੇ ਲੋਕ ਆਸਾਨੀ ਨਾਲ ਤੀਰਥ ਯਾਤਰਾ ਦਾ ਲਾਭ ਲੈ ਸਕਣ।ਇਸ ਮੌਕੇ ਡਾ. ਸੰਜੀਵ ਗੌਤਮ ਚੇਅਰਮੈਨ ਨੇ ਹਰੀ ਝੰਡੀ ਦੇ ਕੇ ਬੱਸਾਂ ਨੂੰ ਰਵਾਨਾ ਕੀਤਾ। ਇਸ ਮੌਕੇ ਹਲਕਾ ਇੰਚਾਰਜ ਸ਼ਾਮ ਲਾਲ, ਬੀ.ਐਲ.ਓ. ਸੁਭਾਸ਼ ਚੰਦ ਅਤੇ ਬੀ.ਐਲ.ਓ. ਸੁਰਿੰਦਰ ਕੁਮਾਰ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਸ਼ਰਧਾਲੂਆਂ ਲਈ ਬੱਸਾਂ ਵਿੱਚ ਬੈਠਕ, ਪੀਣ ਵਾਲਾ ਪਾਣੀ ਅਤੇ ਸੁਰੱਖਿਆ ਸਬੰਧੀ ਬੁਨਿਆਦੀ ਪ੍ਰਬੰਧ ਕੀਤੇ ਗਏ ਹਨ, ਤਾਂ ਜੋ ਯਾਤਰਾ ਸੁਖਦ ਅਤੇ ਸੁਰੱਖਿਅਤ ਰਹੇ। ਬੱਸਾਂ ਰਵਾਨਾ ਹੋਣ ਤੋਂ ਪਹਿਲਾਂ ਯਾਤਰੀਆਂ ਦੀ ਸੂਚੀ ਦੀ ਜਾਂਚ ਵੀ ਕੀਤੀ ਗਈ, ਜਿਸ ਨਾਲ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਪੂਰਾ ਕੀਤਾ ਗਿਆ।ਪਿੰਡ ਵਾਸੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਯੋਜਨਾ ਗਰੀਬ ਅਤੇ ਮੱਧ ਵਰਗ ਪਰਿਵਾਰਾਂ ਲਈ ਵੱਡਾ ਸਹਾਰਾ ਸਾਬਤ ਹੋ ਰਹੀ ਹੈ।

# ਬਲਾਕ ਪੱਧਰੀ ਸਿਹਤ ਤੇ ਸਹਾਇਤਾ ਕੈਂਪ

**ਖਰੜ (ਹਰਨਾਮ ਸਿੰਘ ਡੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੀ ਅਗਵਾਈ ਹੇਠ ਚੱਲ ਰਹੀ ਸਾਡੇ ਬਜ਼ੁਰਗ ਸਾਡਾ ਮਾਣ ਮੁਹਿੰਮ ਤਹਿਤ ਮਿਤੀ 18 ਫ਼ਰਵਰੀ ਨੂੰ ਬਲਾਕ ਖਰੜ ਦੇ ਪਿੰਡ ਸਵਾੜਾ ਵਿਖੇ ਬਜ਼ੁਰਗਾਂ ਲਈ ਦੂਜਾ ਬਲਾਕ ਪੱਧਰੀ ਵਿਸ਼ੇਸ਼ ਸਿਹਤ ਅਤੇ ਸਹਾਇਤਾ ਕੈਂਪ ਆਯੋਜਿਤ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਫੀਲਡ ਅਫ਼ਸਰ ਗੁਰਮੀਤ ਸਿੰਘ ਸੋਹੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ, ਐੱਸ.ਏ.ਐੱਸ. ਨਗਰ (ਮੋਹਾਲੀ) ਨਵਦੀਪ ਕੌਰ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਸੀਨੀਅਰ ਸਿਟੀਜ਼ਨਾਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕਰਕੇ ਆਪਣੀ ਸਿਹਤ ਦੀ ਜਾਂਚ ਮਾਹਿਰ ਡਾਕਟਰੀ ਟੀਮਾਂ ਪਾਸੋਂ ਕਰਵਾਈ ਤੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ, ਐਨਕਾਂ ਆਦਿ ਮੁਹੱਈਆ ਕਰਵਾਈਆਂ ਗਈਆਂ।ਉਨ੍ਹਾਂ ਦੱਸਿਆ ਕਿ ਲੋੜਵੰਦ ਬਜ਼ੁਰਗਾਂ ਦੀਆਂ ਬੁਢਾਪਾ ਪੈਨਸ਼ਨਾਂ ਲਗਾਉਣ ਤੇ ਸੀਨੀਅਰ ਸਿਟੀਜ਼ਨ ਕਾਰਡ ਬਣਾਉਣ ਲਈ ਮੌਕੇ 'ਤੇ ਹੀ ਕਾਰਵਾਈ ਮੁਕੰਮਲ ਕੀਤੀ ਗਈ। ਇਸ ਤੋਂ ਇਲਾਵਾ ਬਜ਼ੁਰਗਾਂ ਨੂੰ ਵੱਖ-ਵੱਖ ਸਰਕਾਰੀ ਭਲਾਈ ਸਕੀਮਾਂ, ਕਾਨੂੰਨੀ ਸਹਾਇਤਾ ਅਤੇ ਬੈਂਕ ਫਰਾਡਾਂ ਤੋਂ ਬਚਾਅ ਬਾਰੇ ਵੀ ਜਾਗਰੂਕ ਕੀਤਾ ਗਿਆ।



# ਕੰਗਣੀਵਾਲ ਦੇ ਵੇਈਂ ਪੁਲ ਦਾ ਨਿਰਮਾਣ ਸ਼ੁਰੂ : ਬਾਲੀ

**ਨੂਰਮਹਿਲ (ਪੱਤਰ ਪ੍ਰੇਰਕ)**

ਸਮਾਜ ਸੇਵਕ ਬਾਲ ਕ੍ਰਿਸ਼ਨ ਬਾਲੀ ਪੱਤਰਕਾਰ ਨੂਰਮਹਿਲ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਮੈਂ ਬਾਲ ਕ੍ਰਿਸ਼ਨ ਬਾਲੀ , ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਕਮੇਟੀ ਦੇ ਸੁਰਿੰਦਰ ਕੁਮਾਰੀ ਕੋਛੜ, ਪੇਂਡੂ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ ਸੰਧੂ, ਅਜੀਤ ਸਿੰਘ ਸਮਰਾ, ਸੁਰਜੀਤ ਸਿੰਘ ਸਮਰਾ,ਚੰਨਣ ਸਿੰਘ ਬੁੱਟਰ, ਡੈਮੋਕ੍ਰੇਟਿਕ ਟੀਚਰ ਫਰੰਟ ਦੇ ਜ਼ਿਲ੍ਹਾ ਪ੍ਰਧਾਨ ਕੁਲਵਿੰਦਰ ਸਿੰਘ ਜੋਸਨ, ਪੰਜਾਬ ਸਟੂਡੈਂਟਸ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਰਮਨਦੀਪ ਕੌਰ ਭੈਣ ਜੂਲੇਖਾ, ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਪ੍ਰਧਾਨ ਮੰਗਲਜੀਤ ਪੰਡੋਰੀ ਨਵਦੀਪ ਸਿੰਘ ਸੈਣੀਵਾਲ ਨੇ ਅੱਜ ਤੋਂ ਇੱਕ ਮਹੀਨਾ ਪਹਿਲਾਂ 20/21 ਜਨਵਰੀ ਨੂੰ ਪਿੰਡ ਕੰਗਣੀਵਾਲ ਦੇ ਬੇਈ ਵਾਲੇ ਪੁੱਲ ਨੂੰ ਬਣਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਡਿਪਟੀ ਕਮਿਸ਼ਨਰ ਜਲੰਧਰ ਨੂੰ ਤੇ ਪੰਜਾਬ ਦੇ ਮੁੱਖ ਮੰਤਰੀ ਦੇ ਫ਼ੀਲਡ ਅਫ਼ਸਰ ਨਵਦੀਪ ਸਿੰਘ ਨੂੰ ਮੰਗ ਪੱਤਰ ਦਿੱਤਾ ਸੀ।ਬਾਲ ਕ੍ਰਿਸ਼ਨ ਬਾਲੀ ਨੇ ਅੱਗੇ ਦੱਸਿਆ ਕਿ ਬੇਈ ਦਾ ਪੁੱਲ ਦੀ ਹਾਲਤ ਬਹੁਤ ਖਰਾਬ ਹੋ ਚੁੱਕੀ ਸੀ ਤੇ ਇਸ ਪੁੱਲ ਤੇ ਕਿਸੇ ਸਮੇਂ ਵੀ ਹਾਦਸਾ ਵਾਪਰ ਸਕਦਾ ਸੀ ਅਤੇ ਜਾਨੀ ਮਾਲੀ ਦਾ ਨੁਕਸਾਨ ਹੋ ਸਕਦਾ ਸੀ। ਉਨ੍ਹਾਂ ਕਿਹਾ ਕਿ ਇਸ ਪੁੱਲ ਨੂੰ ਬਣਾਉਣ ਲਈ ਅਤੇ ਸਰਕਾਰ ਤੱਕ ਇਹ ਬੇਈ ਦਾ ਮਸਲਾ ਪਹੁੰਚਾਉਂਣ ਲਈ ਅਸੀ ਹਲਕਾ ਨਕੋਦਰ ਦੇ ਵੱਖ ਵੱਖ ਪੱਤਰਕਾਰਾਂ ਨੂੰ ਪ੍ਰੈੱਸ ਬਿਆਨ ਦਿੱਤੇ ਅਤੇ ਖਬਰਾਂ ਦਾ ਅਸਰ ਹੋਣ ਤੇ ਇੱਕ ਮਹੀਨੇ ਦੇ ਵਿੱਚ ਵਿੱਚ ਕੰਗਣੀਵਾਲ ਦੇ ਬੇਈ ਦਾ ਪੁੱਲ ਬਣਾਉਣਾ ਸ਼ੁਰੂ ਕਰ ਕਰ ਦਿੱਤਾ।



# ਸਤਿਗੁਰੂ ਰਵਿਦਾਸ ਮਹਾਰਾਜ ਦਾ ਪ੍ਰਕਾਸ਼ ਦਿਹਾੜਾ 24 ਨੂੰ ਮਨਾਇਆ ਜਾਵੇਗਾ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਧੰਨ-ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਦਿਹਾੜੇ ਦੇ ਸੰਬੰਧ ਵਿੱਚ ਨਿਰਵਾਣੂ ਕੁਟੀਆ ਮਾਹਿਲਪੁਰ ਵਿਖੇ ਮਹੀਨਾਵਰ ਸਮਾਗਮ 24 ਫਰਵਰੀ ਦਿਨ ਮੰਗਲਵਾਰ ਨੂੰ ਸਵੇਰੇ 11 ਤੋਂ 1 ਵਜੇ ਤੱਕ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ। ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ. ਮਾਹਿਲਪੁਰ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਸਮਾਗਮ ਵਿੱਚ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਵਿਚਾਰਧਾਰਾ ਤੇ ਵਿਚਾਰ ਵਟਾਂਦਰਾ ਕਰਦੇ ਹੋਏ ਉਹਨਾਂ ਵੱਲੋਂ ਦਰਸਾਏ ਮਾਰਗ ਤੇ ਚੱਲਣ ਦਾ ਪ੍ਰਣ ਕੀਤਾ ਜਾਵੇਗਾ। ਚਾਹ ਪਾਣੀ ਦਾ ਉਚਿਤ ਪ੍ਰਬੰਧ ਹੋਵੇਗਾ। ਪ੍ਰੋਗਰਾਮ ਦੀ ਸਮਾਪਤੀ ਉਪਰੰਤ ਹਾਜ਼ਰ ਸੰਗਤਾਂ ਦੀ ਸਹਿਮਤੀ ਨਾਲ ਕੁਝ ਧਾਰਮਿਕ ਅਤੇ ਪ੍ਰਕਿਰਤਿਕ ਅਸਥਾਨ ਦੇਖਣ ਲਈ ਜਾਇਆ ਜਾਵੇਗਾ। ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿਸਟਰਡ ਮਾਹਿਲਪੁਰ ਦੀ ਪ੍ਰਧਾਨ ਰੇਖਾ ਰਾਣੀ ਨੇ ਇਲਾਕਾ ਨਿਵਾਸੀ ਸੰਗਤਾਂ ਨੂੰ ਇਸ ਪ੍ਰੋਗਰਾਮ ਵਿੱਚ ਪਹੁੰਚ ਕੇ ਗੁਰੂ ਸਾਹਿਬ ਦੀ ਇਨਕਲਾਬੀ ਵਿਚਾਰਧਾਰਾ ਤੋਂ ਜਾਣੂ ਹੋਣ ਦੀ ਬੇਨਤੀ ਕੀਤੀ।

# ਅਮਰਿੰਦਰ ਸਿੰਘ ਤੁੜ 'ਪੂਰਾ ਪੰਜਾਬ' ਲਹਿਰ ਦੇ ਕੌਮੀ ਕਨਵੀਨਰ ਨਿਯੁਕਤ



**ਮੋਹਾਲੀ (ਗੁਰਜੀਤ ਬਿੱਲਾ)**

ਮਿਸਲ ਸਤਲੁਜ ਵੱਲੋਂ ਜਾਰੀ 'ਪੂਰਾ ਪੰਜਾਬ' ਲਹਿਰ ਦੇ ਮੰਚ ਨੂੰ ਤੀਜੇ ਦਿਨ ਵੀ ਵੱਡਾ ਹੁੰਗਾਰਾ ਮਿਲਿਆ।ਮੰਚ ਤੋਂ ਬੋਲਦਿਆਂ ਬੁਲਾਰਿਆਂ ਨੇ ਕਿਹਾ ਕਿ, ਪੰਜਾਬ ਦੇ ਸਮੂਹ ਸਿਆਸਤਦਾਨਾਂ ਨੂੰ ਆਪਣਾ ਸਟੈਂਡ ਸਪੱਸ਼ਟ ਕਰਨਾ ਚਾਹੀਦਾ ਹੈ। ਬੁਲਾਰਿਆਂ ਨੇ ਮੰਗ ਕੀਤੀ ਕਿ, ਅੱਜ ਪੰਜਾਬ ਦੀਆਂ ਸਿਆਸੀ ਜਮਾਤਾਂ ਨੂੰ ਸਿਰਫ ਦਾਅਵਿਆਂ ਵਿੱਚ ਹੀ ਨਹੀਂ, ਸਗੋ ਹਕੀਕਤ ਅਤੇ ਅਮਲੀ ਰੂਪ ਵਿੱਚ ਪੰਜਾਬ ਦੇ ਵਢੇਰੇ ਮਸਲਿਆਂ ਨੂੰ ਲੈ ਕੇ ਆਉਣਾ ਨਜ਼ਰੀਆ ਸਾਫ ਕਰਨਾ ਚਾਹੀਦਾ ਹੈ।ਮਿਸਲ ਸਤਲੁਜ ਦੇ ਜਨਰਲ ਸਕੱਤਰ ਸਰਦਾਰ ਦਵਿੰਦਰ ਸਿੰਘ ਸੇਖੋਂ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ 'ਪੂਰਾ ਪੰਜਾਬ' ਲਹਿਰ ਨੂੰ ਅੱਗੇ ਵਧਾਉਂਦੇ ਹੋਏ, ਸਾਰੀਆਂ ਸਿਆਸੀ ਜਮਾਤਾਂ ਦੇ ਆਗੂਆਂ (ਪ੍ਰਧਾਨ ਸਾਹਿਬਾਨ) ਪੰਜਾਬ ਦੇ ਸਮੂਹ ਵਿਧਾਇਕਾਂ ਅਤੇ ਪਾਰਲੀਮੈਂਟ ਮੈਂਬਰਾਂ ਨੂੰ ਉਹਨਾਂ ਦੇ ਸਟੈਂਡ ਨੂੰ ਸਪੱਸ਼ਟਤਾ ਨਾਲ ਪੰਜਾਬ ਦੇ ਸਾਹਮਣੇ ਪੇਸ਼ ਕਰਨ ਲਈ ਪੱਤਰ ਭੇਜਿਆ ਜਾਵੇਗਾ, ਇਸ ਦੇ ਨਾਲ ਹੀ ਜਨਤਕ ਦਸਤਖ਼ਤ ਪਟੀਸ਼ਨ ਦੀ ਕਾਪੀ ਵੀ ਭੇਜੀ ਜਾਵੇਗੀ।ਸੇਖੋਂ ਨੇ ਕਿਹਾ ਕਿ ਐਤਵਾਰ ਦਾ ਦਿਨ ਸਾਰੀਆਂ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਲਈ ਰਾਖਵਾਂ ਰੱਖਿਆ ਗਿਆ ਹੈ। ਸਾਰੀਆਂ ਸਿਆਸੀ ਪਾਰਟੀਆਂ ਦੇ ਮੁੱਖ ਦਫਤਰ ਬਕਾਇਦਾ ਚਿੱਠੀ ਭੇਜ ਕੇ ਉਹਨਾ ਦੇ ਨੁਮਾਇੰਦਿਆਂ ਨੂੰ ਸੱਦਾ ਪੱਤਰ ਭੇਜਿਆ ਜਾਵੇਗਾ, ਤਾਂ ਜੋ ਸਾਰੀਆਂ ਸਿਆਸੀ ਧਿਰਾਂ ਆਪੋ ਆਪਣੇ ਨੁਮਾਇੰਦਿਆਂ ਨੂੰ ਮੰਚ ਤੋਂ ਪੰਜਾਬ ਦੇ ਇਹਨਾਂ ਮੁੱਦਿਆਂ ਪ੍ਰਤੀ ਆਪਣੀ ਪਾਰਟੀ ਦੇ ਸਟੈਂਡ ਨੂੰ ਸਪੱਸ਼ਟਤਾ ਨਾਲ ਰੱਖ ਸਕਣ।

# ਦੂਜਾ ਆਲ ਓਪਨ ਕਬੱਡੀ ਕੱਪ 1 ਮਾਰਚ ਨੂੰ



**ਫਿਲੌਰ, (ਨਿਰਮਲ)**-ਪਿੰਡ ਮਨਸੂਰਪੁਰ ਵਿਖੇ ਦੂਜਾ ਆਲ ਓਪਨ ਕਬੱਡੀ ਕੱਪ 1 ਮਾਰਚ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਯੰਗ ਮਨਿਸਟਰੀ ਸਪੋਰਟਸ ਕਲੱਬ ਰਜਿ ਪਿੰਡ ਮਨਸੂਰਪੁਰ ਦੇ ਪ੍ਰਧਾਨ ਦਲਜੀਤ ਸਿੰਘ, ਚੇਅਰਮੈਨ ਅਮਰੀਕ ਸਿੰਘ ਨੰਬਰਦਾਰ, ਮੱਖਣ ਸਿੰਘ , ਹਰਦੀਪ ਸਿੰਘ ਸਿੱਧੂ, ਜੁਝਾਰ ਸਿੰਘ ਸੈਕਟਰੀ, ਕੁਲਦੀਪ ਸਿੰਘ ਬੱਲੀ, ਹਰਦੀਪ ਸਿੰਘ ਧਾਲੀਵਾਲ ਤੇ ਹੋਰਾ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪਿੰਡ ਮਨਸੂਰਪੁਰ ਵਿਖੇ ਦੂਜਾ ਆਲ ਓਪਨ ਕਬੱਡੀ ਕੱਪ 1 ਮਾਰਚ ਨੂੰ ਐਨ ਆਰ ਆਈ ਵੀਰਾਂ, ਨਗਰ ਪੰਚਾਇਤ ,ਸਮੂਹ ਨਗਰ ਨਿਵਾਸੀਆ ਤੇ ਇਲਾਕਾ ਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ । ਜਿਸ ਦੌਰਾਨ ਪਹਿਲਾਂ ਇਨਾਮ 1 ਲੱਖ ਰੁਪਏ ਤੇ ਦੂਜਾ ਇਨਾਮ 75 ਹਜ਼ਾਰ ਰੁਪਏ ਦਿੱਤਾ ਜਾਵੇਗਾ।ਮੈਚ 'ਚ ਬੈਸਟ ਰੇਡਰ ਅਤੇ ਬੈਸਟ ਜਾਫੀ ਨੂੰ ਮੋਟਰਸਾਈਕਲ ਨਾਲ ਸਨਮਾਨਤ ਕੀਤਾ ਜਾਵੇਗਾ। ਕਬੱਡੀ ਕੱਪ ਦੌਰਾਨ ਸੱਦੀਆਂ ਟੀਮਾ ਨੂੰ ਮੌਕਾ ਦਿੱਤਾ ਜਾਵੇਗਾ। ਕਬੱਡੀ ਕੱਪ ਦੌਰਾਨ ਲੜਕੀਆਂ ਦਾ ਸ਼ੋਅ ਮੈਚ ਵੀ ਕਰਵਾਇਆ ਜਾਵੇਗਾ। ਇਸ ਮੌਕੇ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਜਾਵੇਗਾ। ਇਸ ਮੌਕੇ ਹਾਜ਼ਰ ਪਰਮਜੀਤ ਕੌਰ ਸਰਪੰਚ, ਕਮਲਜੀਤ ਕੌਰ ਪੰਚ, ਬੱਬੀ ਪੰਚ, ਸੁੱਚਾ ਰਾਮ ਨੰਬਰਦਾਰ, ਜਸਵੀਰ ਸਿੰਘ , ਸੁਰਜੀਤ ਸਿੰਘ, ਹਰਪ੍ਰੀਤ ਸਿੰਘ, ਮੱਖਣ ਸਿੰਘ, ਗਿੰਦਰੀ, ਬਲਵੀਰ ਸਿੰਘ ਪੰਚ, ਪਰਮਜੀਤ ਸਿੰਘ,ਪਿੰਕਾ, ਕਾਲਾ ਤੇ ਹੋਰ ਹਾਜ਼ਰ ਸਨ।

# ਡੀ ਜੀ ਪੀ ਗੌਰਵ ਯਾਦਵ ਨੇ ਏ ਐੱਨ ਟੀ ਐੱਫ ਰੇਂਜ ਦਫ਼ਤਰ ਦਾ ਕੀਤਾ ਉਦਘਾਟਨ

**ਜਲੰਧਰ (ਸੁਰਿੰਦਰ ਕੁਮਾਰ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸੂਬੇ ਵਿੱਚ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ ਅੱਗੇ ਵਧਾਉਂਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਜਲੰਧਰ ਵਿੱਚ ਪੁਲਸ ਲਾਈਨਜ਼ ਵਿਖੇ ਨਵੀਂ ਬਣੀ ਅਤਿ-ਆਧੁਨਿਕ ਐਂਟੀ-ਨਾਰਕੋਟਿਕਸ ਟਾਸਕ ਫੋਰਸ (ਏ ਐੱਨ ਟੀ ਐੱਫ) ਜਲੰਧਰ ਰੇਂਜ ਇਮਾਰਤ ਦਾ ਉਦਘਾਟਨ ਕੀਤਾ। ਡੀ ਜੀ ਪੀ ਦੇ ਨਾਲ ਵਿਸ਼ੇਸ਼ ਡੀ ਜੀ ਪੀ ਏ ਐੱਨ ਟੀ ਐੱਫ ਕੁਲਦੀਪ ਸਿੰਘ, ਏ ਡੀ ਜੀ ਪੀ ਏ ਐੱਨ ਟੀ ਐਫ ਨੀਲਾਭ ਕਿਸ਼ੋਰ ਤੇ ਏ ਡੀ ਜੀ ਪੀ ਸਟੇਟ ਆਰਮਡ ਪੁਲਸ ਪੰਜਾਬ ਐੱਮ ਐੱਫ ਫਾਰੂਕੀ ਵੀ ਮੌਜੂਦ ਸਨ।ਜ਼ਿਕਰਯੋਗ ਹੈ ਕਿ ਲਗਭਗ 9000 ਵਰਗ ਫੁੱਟ ਦੇ ਕਵਰਡ ਖੇਤਰ ਵਿੱਚ ਫੈਲੀ ਤੇ 1.60 ਕਰੋੜ ਰੁਪਏ ਦੀ ਲਾਗਤ ਨਾਲ ਬਣੀ ਇਹ ਅਤਿ-ਆਧੁਨਿਕ ਇਮਾਰਤ, ਰੇਂਜ ਦੀ ਕਾਰਜ-ਕੁਸ਼ਲਤਾ ਨੂੰ ਵਧਾਉਣ ਤੇ ਨਸ਼ਾ ਤਸਕਰੀ ਨਾਲ ਹੋਰ ਪ੍ਰਭਾਵੀ ਢੰਗ ਨਾਲ ਨਜਿੱਠਣ ਲਈ ਤਿਆਰ ਕੀਤੀ ਗਈ ਹੈ। ਇਸ ਵਿੱਚ ਗਜ਼ਟਿਡ ਅਫਸਰਾਂ ਲਈ ਸਮਰਪਿਤ ਦਫ਼ਤਰ, ਜਾਂਚ ਅਧਿਕਾਰੀਆਂ ਅਤੇ ਸਹਾਇਕ ਸਟਾਫ ਲਈ ਕੈਬਿਨ, ਰੀਡਰ ਦਾ ਕਮਰਾ ਅਤੇ ਇੱਕ ਆਧੁਨਿਕ ਕਾਨਫਰੰਸ ਰੂਮ ਸ਼ਾਮਲ ਹੈ।ਡੀ ਜੀ ਪੀ ਗੌਰਵ ਯਾਦਵ ਨੇ ਕਿਹਾ ਕਿ ਅਤਿ-ਆਧੁਨਿਕ ਸਾਧਨਾਂ ਨਾਲ ਲੈਸ ਇਸ ਸਹੂਲਤ ਦਾ ਉਦੇਸ਼ ਵੱਡੇ ਨਸ਼ਾ ਤਸਕਰਾਂ ਨੂੰ ਠੱਲ੍ਹ ਪਾਉਣਾ ਤੇ ਸੂਬੇ ਵਿੱਚ ਫੈਲ ਰਹੇ ਅੰਤਰਰਾਸ਼ਟਰੀ ਨਸ਼ਾ ਤਸਕਰੀ ਨੈੱਟਵਰਕਾਂ ਨੂੰ ਤਬਾਹ ਕਰਨਾ ਹੈ।ਡੀ ਜੀ ਪੀ ਗੌਰਵ ਯਾਦਵ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਵੱਡੀ ਸਫਲਤਾ ਕਰਾਰ ਦਿੰਦਿਆਂ ਕਿਹਾ ਕਿ ਇਹ ਮੁਹਿੰਮ ਸੂਬੇ ਵਿੱਚੋਂ ਨਸ਼ੇ ਦੀ ਲਾਹਨਤ ਦੇ ਮੁਕੰਮਲ ਖਾਤਮੇ ਤੱਕ ਜਾਰੀ ਰਹੇਗੀ।ਇਸ ਮੌਕੇ ਪੁਲਸ ਕਮਿਸ਼ਨਰ (ਸੀ ਪੀ) ਜਲੰਧਰ ਧਨਪ੍ਰੀਤ ਕੌਰ, ਡੀ ਆਈ ਜੀ ਜਲੰਧਰ ਰੇਂਜ ਨਵੀਨ ਸਿੰਗਲਾ, ਡੀ ਆਈ ਜੀ ਏ.ਐੱਨ ਟੀ ਐੱਫ ਸੰਜੀਵ ਕੁਮਾਰ ਰਾਮਪਾਲ, ਡੀ ਆਈ ਜੀ ਏ ਐੱਨ ਟੀ ਐੱਫ ਅਖਿਲ ਚੌਧਰੀ ਤੇ ਏ ਆਈ ਜੀ ਏ ਐੱਨ ਟੀ ਐਫ ਅਸ਼ਵਨੀ ਗੋਟਿਆਲ ਵੀ ਮੌਜੂਦ ਸਨ।

# ਏ ਐੱਸ ਆਈ ਮਨੋਹਰ ਲਾਲ ਬਣੇ ਸਬ-ਇੰਸਪੈਕਟਰ



**ਬਲਾਚੌਰ (ਜਸਵਿੰਦਰ ਬੈਂਸ)**-ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਦੇ ਪਿੰਡ ਮੰਗੂਪੁਰ ਤੋਂ ਪੁਲਸ ਵਿਭਾਗ ਵਿੱਚ ਬਿਹਤਰ ਸੇਵਾਵਾਂ ਨਿਭਾਉਣ ਵਾਲੇ ਅਧਿਕਾਰੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ, ਵਿਭਾਗ ਵੱਲੋਂ ਏਐਸਆਈ ਮਨੋਹਰ ਲਾਲ ਨੂੰ ਪਦਉੱਨਤ ਕਰਕੇ ਸਬ-ਇੰਸਪੈਕਟਰ ਬਣਾਇਆ ਗਿਆ ਹੈ। ਇਸ ਮੌਕੇ ਐੱਸ ਐੱਸ ਪੀ ਤੁਸ਼ਾਰ ਗੁਪਤਾ ਨੇ ਮਨੋਹਰ ਲਾਲ ਦੀ ਵਰਦੀ 'ਤੇ ਤਰੱਕੀ ਦੇ ਸਟਾਰ ਲਗਾ ਕੇ ਉਨ੍ਹਾਂ ਨੂੰ ਵਧਾਈ ਦਿੱਤੀ।ਐੱਸ ਐੱਸ ਪੀ ਤੁਸ਼ਾਰ ਗੁਪਤਾ ਨੇ ਮਨੋਹਰ ਲਾਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮਨੋਹਰ ਲਾਲ ਵਿਭਾਗ ਵਿੱਚ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਲਗਨ ਨਾਲ ਨਿਭਾ ਰਹੇ ਹਨ। ਤਰੱਕੀ ਮਿਲਣ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਬ-ਇੰਸਪੈਕਟਰ ਮਨੋਹਰ ਲਾਲ ਨੇ ਡੀ ਜੀ ਪੀ ਗੌਰਵ ਯਾਦਵ ਅਤੇ ਐੱਸ ਐੱਸਪੀ ਤੁਸ਼ਾਰ ਗੁਪਤਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

# ਮਾਤਾ ਸਵਰਾਜ ਕੌਰ ਦੀ ਯਾਦ 'ਚ ਕਵੀ ਦਰਬਾਰ ਕਰਵਾਇਆ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਸਵਰਾਜ ਸਾਹਿਤ ਸਭਾ ਤਲਵਣ ਵੱਲੋਂ ਮਾਤਾ ਸਵਰਾਜ ਕੌਰ ਦੀ ਨਿੱਘੀ ਯਾਦ ਵਿਚ ਕਵੀ ਦਰਬਾਰ ਕਰਵਾਇਆ ਗਿਆ, ਜਿਸ ਵਿਚ ਕਵੀ ਐੱਸ ਨਸੀਮ, ਤਰੇਸਮ ਨੂਰ, ਗੁਰਦਿਆਲ ਰੋਸ਼ਨ , ਨਰਿੰਦਰਪਾਲ ਕੰਗ, ਪ੍ਰਮੋਦ ਕਾਫ਼ਿਰ, ਪਾਲੀ ਖ਼ਾਦਿਮ, ਜਗਜੀਤ ਕਾਫ਼ਿਰ, ਤਲਵਿੰਦਰ ਸ਼ੇਰਗਿੱਲ, ਅਨੀ ਕਾਠਗੜ੍ਹ, ਰਜਿੰਦਰ ਜਿੰਦ , ਜਸਪ੍ਰੀਤ ਕੌਰ ਫ਼ਲਕ, ਹਰਸਿਮਰਤ ਕੌਰ, ਮਨਦੀਪ ਲੁਧਿਆਣਾ, ਬਲਜਿੰਦਰ ਮਾਛੀਵਾੜਾ, ਕੁਲਵਿੰਦਰ ਕੰਵਲ, ਜਸਪਾਲ ਅਨਹਦ, ਪਰਮ ਸਹਿਜੜਾ, ਜਗਦੀਸ਼ ਰਾਣਾ, ਸੁਖਦੇਵ ਅਰਮਾਨ, ਰਵਿੰਦਰ ਰਵੀ, ਵਰਿੰਦਰ ਜਟਵਾਨੀ, ਜੀਤ ਸੁਰਜੀਤ ਬੈਲਜੀਅਮ, ਡਾ.ਜਨਮੀਤ ਸਿੰਘ , ਨੱਕਾਸ਼ ਚਿੱਤਵਾਨੀ ਪਹੁੰਚੇ ਜਿਨ੍ਹਾਂ ਨੇ ਆਪਣੀ ਗ਼ਜ਼ਲਾਂ ਰਾਹੀਂ ਬਾ ਕਮਾਲ ਪੇਸ਼ ਕਾਰੀ ਕੀਤੀ। ਇਸ ਮੌਕੇ ਮੌਜੂਦ ਸਰਪੰਚ ਪਰਮਜੀਤ ਕੁਮਾਰ, ਸਾਬਕਾ ਸਰਪੰਚ ਜਸਵਿੰਦਰ ਕੁਮਾਰ, ਹਰਜਿੰਦਰ ਸਿੰਘ, ਜਤਿੰਦਰ ਬਾਸੀ, ਮੇਜਰ ਜੌਹਲ , ਅਜਮੇਹਰ ਸਿੰਘ ਜੌਹਲ, ਸੰਤੋਖ ਬਿਲਗਾ, ਜਗਦੀਸ਼ ਸ਼ੇਰਪੁਰੀ, ਬਚਿੱਤਰ ਸਿੰਘ ਜੌਹਲ, ਕੁਲਦੀਪ ਸਿੰਘ ਸਰਪੰਚ ਭੋਡੇ , ਰਣਜੀਤ ਸਿੰਘ, ਅਮਰਦੀਪ ਸਿੰਘ ਜੌਹਲ , ਗੁਰਮੀਤ ਕੁੰਦੀ, ਰਾਣਾ ਸੰਘੇੜਾ, ਰਵੀ ਸੰਘੇੜਾ, ਜਸਵੰਤ ਸਿੰਘ ਸ਼ੇਰਗਿੱਲ , ਅਰੁਣ ਕੁਮਾਰ ਆਜ਼ਾਦ , ਸੱਤਪਾਲ ਚਾਹਲ, ਸ਼ਿੰਦਾ ਬੁਰਜਵਾਲਾ, ਬੀਬੀ ਨਵਜੋਤ ਕੌਰ , ਨਵਰੂਪ ਕੌਰ , ਜਗਦੀਸ ਕੌਰ , ਨਰਿੰਦਰ ਕੌਰ , ਰਾਜਵਿੰਦਰ ਕੌਰ ਅਤੇ ਅਨੀਤਾ ਰਾਣੀ ਹਾਜ਼ਰ ਸਨ। ਮੰਚ ਦੀ ਭੂਮਿਕਾ ਮੱਖਣ ਸ਼ੇਰਪੁਰੀ ਨੇ ਨਿਭਾਈ। ਸਮਾਗਮ ਦੀ ਜਾਣਕਾਰੀ ਸੁਮਨ ਤਲਵਣ ਨੇ ਦਿੱਤੀ।

# ਪੰਜਾਬੀ ਮਾਂ ਬੋਲੀ ਚੇਤਨਾ ਮਾਰਚ ਅੱਜ

**ਫਗਵਾੜਾ, (ਡਾ. ਰਮਨ)**-ਪੰਜਾਬੀ ਕਲਾ ਅਤੇ ਸਾਹਿਤ ਕੇਂਦਰ ਫਗਵਾੜਾ ਵੱਲੋਂ ਸ਼ਹਿਰ ਦੀਆਂ ਹੋਰ ਸਮਾਜਿਕ, ਸਾਹਿਤਕ, ਸੱਭਿਆਚਾਰਕ, ਧਾਰਮਿਕ ਸੰਸਥਾਵਾਂ ਦੇ ਸਹਿਯੋਗ ਨਾਲ 21 ਫਰਵਰੀ ਨੂੰ ਪੰਜਾਬੀ ਮਾਂ ਬੋਲੀ ਚੇਤਨਾ ਮਾਰਚ ਕਰਵਾਇਆ ਜਾਏਗਾ, ਜਿਸ ਵਿੱਚ ਵੱਡੀ ਗਿਣਤੀ 'ਚ ਵਿਦਿਆਰਥੀ ਅਤੇ ਅਧਿਆਪਕ ਵੀ ਸ਼ਾਮਲ ਹੋਣਗੇ। ਇਹ ਮਾਰਚ ਸਵੇਰੇ 10 ਵਜੇ ਬਲੱਡ ਬੈਂਕ, ਗੁਰੂ ਹਰਿਗੋਬਿੰਦ ਨਗਰ ਤੋਂ ਸ਼ੁਰੂ ਹੋਏਗਾ ਅਤੇ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ- ਸੈਂਟਰਲ ਟਾਊਨ, ਗੁੜ ਮੰਡੀ, ਗਾਂਧੀ ਚੌਂਕ, ਝਟਕਈ ਚੌਂਕ, ਗਊਸ਼ਾਲਾ ਰੋਡ, ਆਰੀਆ ਹਾਈ ਸਕੂਲ ਛੱਤੀ ਖੂਹੀ, ਬੋਹੜ ਵਾਲਾ ਚੌਂਕ, ਪੁਰਾਣਾ ਡਾਕਖਾਨਾ ਰੋਡ ਵਿੱਚੋਂ ਹੁੰਦਾ ਹੋਇਆ ਮੁੜ ਬਲੱਡ ਬੈਂਕ ਦੇ ਨੇੜੇ ਪਰਸ਼ੂਰਾਮ ਪਾਰਕ ਗੁਰੂ ਹਰਿਗੋਬਿੰਦ ਨਗਰ ਵਿਖੇ ਪੁੱਜੇਗਾ, ਜਿੱਥੇ ਸਕੂਲ ਦੇ ਵਿੱਦਿਆਰਥੀਆਂ ਦੇ ਕਵਿਤਾ ਗਾਇਣ/ਉਚਾਰਣ ਮੁਕਾਬਲੇ ਹੋਣਗੇ। ਇਸ ਮਾਰਚ ਨੂੰ ਡਾ: ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ ਝੰਡੀ ਦਿਖਾਕੇ ਰਵਾਨਾ ਕਰਨਗੇ ਤੇ ਵਿਸ਼ੇਸ਼ ਤੌਰ 'ਤੇ ਹਰਜੀਮਾਨ ਹਲਕਾ ਇੰਚਾਰਜ ਆਮ ਆਦਮੀ ਪਾਰਟੀ, ਏ.ਡੀ.ਸੀ-ਕਮ-ਕਮਿਸ਼ਨਰ ਮੈਡਮ ਸ਼ਿਖਾ ਭਗਤ, ਮੈਡਮ ਮਾਧਵੀ ਸ਼ਰਮਾ ਐੱਸ ਪੀ, ਕੇ.ਕੇ. ਸਰਦਾਨਾ ਚੇਅਰਮੈਨ ਬਲੱਡ ਬੈਂਕ, ਰਾਮ ਪਾਲ ਉੱਪਲ ਮੇਅਰ, ਜਸ਼ਨਜੀਤ ਸਿੰਘ ਐੱਸ ਡੀ ਐੱਮ ਫਗਵਾੜਾ, ਜਸਵਿੰਦਰ ਸਿੰਘ ਤਹਿਸੀਲਦਾਰ, ਗੁਰਚਰਨ ਸਿੰਘ ਨਾਇਬ ਤਹਿਸੀਲਦਾਰ ਸ਼ਾਮਲ ਹੋਣਗੇ। ਇਹ ਜਾਣਕਾਰੀ ਪ੍ਰਬੰਧਕ ਪੰਜਾਬੀ ਕਲਾ ਅਤੇ ਸਾਹਿਤ ਕੇਂਦਰ ਮੰਚ ਦੇ ਪ੍ਰਧਾਨ ਤਰਨਜੀਤ ਸਿੰਘ ਕਿੰਨੜਾ ਅਤੇ ਪ੍ਰਿੰ: ਗੁਰਮੀਤ ਸਿੰਘ ਪਲਾਹੀ ਨੇ ਦਿੱਤੀ।

# ਜੀ ਟੀ ਯੂ ਵੱਲੋਂ ਟੈੱਟ ਵਿਰੋਧੀ ਭਲਕ ਦੀ ਰੈਲੀ ਲਈ ਮੀਟਿੰਗ

**ਗੁਰਾਇਆ (ਬਿੰਦਰ ਸੁਮਨ)**

ਅਧਿਆਪਕਾਂ 'ਤੇ ਜ਼ਬਰੀ ਥੋਪੇ ਗਏ ਟੈੱਟ ਦੇ ਵਿਰੋਧ ਵਿੱਚ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੇ ਹਲਕੇ ਸ੍ਰੀ ਆਨੰਦਪੁਰ ਸਾਹਿਬ ਵਿਖੇ 22 ਫਰਵਰੀ ਨੂੰ ਹੋ ਰਹੀ ਵਿਸ਼ਾਲ ਸੂਬਾਈ ਰੈਲੀ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਲਈ ਗੌਰਮਿੰਟ ਟੀਚਰਜ਼ ਯੂਨੀਅਨ ਬਲਾਕ ਗੁਰਾਇਆ 1 ਦੀ ਮੀਟਿੰਗ ਪ੍ਰਧਾਨ ਕੁਲਵੰਤ ਰਾਮ ਦੀ ਪ੍ਰਧਾਨਗੀ ਹੇਠ ਕੀਤੀ ਗਈ। ਬਲਾਕ ਗੁਰਾਇਆ 2 ਦੇ ਪ੍ਰਧਾਨ ਸੁਖਵਿੰਦਰ ਰਾਮ ਅਤੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਤੀਰਥ ਸਿੰਘ ਬਾਸੀ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ 'ਤੇ ਸੰਬੋਧਨ ਕਰਦੇ ਹੋਏ ਬਾਸੀ ਨੇ ਦੱਸਿਆ ਕਿ ਸਿੱਖਿਆ ਵਿਭਾਗ ਵੱਲੋਂ ਮਿਤੀ 7 ਫਰਵਰੀ 2026 ਨੂੰ ਮਾਸਟਰ ਕਾਰਡ ਦੀ ਪਦਉਨਤੀਆਂ ਲਈ ਟੈੱਟ ਲਾਜ਼ਮੀ ਹੋਣ ਦਾ ਪੱਤਰ ਜਾਰੀ ਕਰਕੇ, ਟੈੱਟ ਤੋਂ ਛੋਟ ਦੇਣ ਦਾ 14 ਸਤੰਬਰ2017 ਦਾ ਪੱਤਰ ਰੱਦ ਕਰਨ ਤੇ ਲੰਬੇ ਸਮੇਂ ਤੋਂ ਨੌਕਰੀ ਕਰ ਰਹੇ ਅਧਿਆਪਕਾਂ 'ਤੇ ਟੈੱਟ ਦਾ ਪੇਪਰ ਲਾਜ਼ਮੀ ਲਾਗੂ ਕਰਨ ਦੇ ਵਿਰੋਧ ਵਿੱਚ ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਸ੍ਰੀ ਆਨੰਦਪੁਰ ਸਾਹਿਬ ਵਿਖੇ 22 ਫਰਵਰੀ ਨੂੰ ਵਿਸ਼ਾਲ ਸੂਬਾਈ ਰੈਲੀ ਕਰਨ ਦਾ ਐਲਾਨ ਕੀਤਾ ਗਿਆ ਹੈ।ਮੀਟਿੰਗ ਵਿੱਚ ਸ਼ਾਮਲ ਸਮੂਹ ਜੁਝਾਰੂ ਸਾਥੀਆਂ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ 22 ਫਰਵਰੀ ਨੂੰ ਟੈੱਟ ਦੇ ਵਿਰੋਧ ਵਿੱਚ ਸ੍ਰੀ ਆਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਮਹਾਂ ਰੋਸ ਪ੍ਰਦਰਸ਼ਨ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਵੰਤ ਰਾਮ, ਸੁਖਵਿੰਦਰ ਰਾਮ, ਸੰਦੀਪ ਰਾਜੋਵਾਲ, ਸਰਬਜੀਤ ਸਿੰਘ,ਮਨੋਜ ਕੁਮਾਰ ਸਰੋਏ, ਕੁਲਦੀਪ ਵਾਲੀਆ, ਨਿਰਮੋਲਕ ਸਿੰਘ ਹੀਰਾ,ਰਤਨ ਸਿੰਘ ਗੁਰਾਇਆ, ਕੁਲਦੀਪ ਸਿੰਘ ਕੌੜਾ ਆਦਿ ਸਾਥੀ ਹਾਜ਼ਰ ਹੋਏ।




# ਕਿਸਾਨ ਜਾਗਰੂਕਤਾ ਸੈਮੀਨਾਰ 23 ਨੂੰ

**ਆਦਮਪੁਰ (ਪਰਮਜੀਤ ਸਿੰਘ)**-ਜੈਨ ਇਰੀਗੇਸ਼ਨ ਜਲਗਾਉ ਮਹਾਰਾਸ਼ਟਰ ਅਤੇ ਜੋਰਡਨ ਐਗਰੋ ਵੱਲੋ ਸਵ. ਪਦਮਸ਼੍ਰੀ ਭਵਰ ਲਾਲ ਹੀਰਾ ਲਾਲ ਜੈਨ ਦੀ ਮਿੱਠੀ ਯਾਦ ਨੂੰ ਸਮਰਪਿਤ ਵਿਸ਼ੇਸ਼ ਮਿਸ਼ਨ ਧਰਤੀ ਬਚਾਓ, ਪਾਣੀ ਬਚਾਓ ਸਬੰਧੀ ਵਿਸ਼ੇਸ਼ ਕਿਸਾਨ ਜਾਗਰੂਕਤਾ ਸੈਮੀਨਾਰ ਮਿਤੀ 23 ਫਰਵਰੀ ਦਿਨ ਸੋਮਵਾਰ ਨੂੰ ਜੰਡੂ ਸਿੰਘਾ ਨੇੜੇ ਜੇ ਬੀ ਸੀ ਟਰੇਨਿੰਗ ਸੈਂਟਰ ਜ਼ਿਲ੍ਹਾ ਜਲੰਧਰ ਵਿਖੇ ਲਗਵਾਇਆ ਜਾ ਰਿਹਾ ਹੈ।ਇਸ ਸੈਮੀਨਾਰ ਮੌਕੇ ਪਹੁੰਚਣ ਵਾਲੇ ਕਿਸਾਨਾਂ ਨੂੰ ਜਿੱਥੇ ਖੇਤੀ ਮਾਹਰਾਂ ਵੱਲੋਂ ਖੇਤੀਬਾੜੀ ਅਤੇ ਪਾਣੀ ਬਚਾਓ, ਧਰਤੀ ਬਚਾਓ ਵਿਸ਼ੇ ਤੇ ਵਿਸ਼ੇਸ਼ ਜਾਣਕਾਰੀ ਦਿੱਤੀ ਜਾਵੇਗੀ ਉੱਥੇ ਹੀ ਜੈਨ ਇਰੀਗੇਸ਼ਨ ਜਲਗਾਉ ਮਹਾਰਾਸ਼ਟਰਾ ਵੱਲੋਂ ਇਸ ਮੌਕੇ ਡਰਿਪ ਸਿਸਟਮ ਸੰਚਾਈ, ਟਿਸ਼ੂ ਕਲਚਰ ਸੰਚਾਈ, ਪਾਈਪ ਫੈਕਟਰੀਆ, ਜੂਸ ਫੈਕਟਰੀਆਂ ਅਤੇ ਨਰਸਰੀ ਪੌਦਿਆਂ ਅਤੇ ਹੋਰ ਐਗਰੀਕਲਚਰ ਮਸ਼ੀਨਰੀ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਸ ਮੌਕੇ ਜੋਰਡਨ ਐਗਰੋ ਜੰਡੂ ਸਿੰਘਾ ਅਤੇ ਹੋਰ ਐਗਰੀਕਲਚਰ ਸਮਾਨ ਬਣਾਉਣ ਵਾਲੀਆਂ ਕੰਪਨੀਆਂ ਵੱਲੋ ਬਣਾਏ ਗਏ ਉਤਪਾਦਾ ਬਾਰੇ ਵੀ ਪ੍ਰਦਰਸ਼ਨੀ ਲਗਾਈ ਜਾ ਰਹੀ।

# ਪੱਤਰਕਾਰ ਦਲਜੀਤ ਸਿੰਘ ਅਜਨੋਹਾ ਦੀ ਪਤਨੀ ਨੂੰ ਸੇਜਲ ਅੱਖਾਂ ਨਾਲ ਅੰਤਿਮ ਵਿਦਾਈ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪੱਤਰਕਾਰ ਦਲਜੀਤ ਸਿੰਘ ਅਜਨੋਹਾ ਦੀ ਧਰਮ ਪਤਨੀ ਕਿਰਨਪ੍ਰੀਤ ਕੌਰ ਜੋ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਸਵਰਗਵਾਸ ਹੋ ਗਏ ਸਨ । ਉਨ੍ਹਾਂ ਦੇ ਸੰਸਕਾਰ ਮੌਕੇ ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਲੜਕੇ ਹਰਮਨਪ੍ਰੀਤ ਕੁਮਾਰ ਉਰਫ਼ ਮੋਹਿਤ ਨੇ ਦਿੱਤੀ, ਉਨ੍ਹਾਂ ਨੂੰ ਇਸ ਮੌਕੇ ਸੇਜਲ ਅੱਖਾਂ ਨਾਲ ਅੰਤਿਮ ਵਿਦਾਈ ਦਿੱਤੀ । ਇਸ ਦੁੱਖ ਦੀ ਘੜੀ ਵਿਚ ਡਾ. ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ, ਭਾਜਪਾ ਆਗੂ ਸਾਹਿਲ ਸਾਪਲਾ, ਸੋਹਣ ਸਿੰਘ ਠੰਡਲ ਸਾਬਕਾ ਮੰਤਰੀ, ਜਥੇ. ਇਕਬਾਲ ਸਿੰਘ ਖੇੜਾ, ਸੰਜੀਵ ਕੁਮਾਰ ਪਚਨੰਗਲ, ਡਾ. ਜਸਵੀਰ ਸਿੰਘ ਅਜਨੋਹਾ, ਠੇਕੇਦਾਰ ਰਜਿੰਦਰ ਸਿੰਘ, ਐਡਵੋਕੇਟ ਧਰਮਿੰਦਰ ਦਾਦਰਾ, ਐਡਵੋਕੇਟ ਬੀ. ਆਰ. ਦਾਦਰਾ, ਐਡਵੋਕੇਟ ਡੀ. ਐੱਸ. ਬਾਗ਼ੀ, ਐਡਵੋਕੇਟ ਅਸ਼ਵਨੀ ਵਰਮਾ, ਐਡਵੋਕੇਟ ਰਣਜੀਤ ਕਲਸੀ, ਐਡਵੋਕੇਟ ਲਵਪ੍ਰੀਤ ਸਿੰਘ, ਐਡਵੋਕੇਟ ਪਲਵਿੰਦਰ ਮਾਨਾ, ਕੁਲਵਿੰਦਰ ਹੀਰਾ, ਬਲਜਿੰਦਰ ਮਾਨ, ਪ੍ਰੋ. ਸਰਵਣ ਸਿੰਘ ਮਾਹਿਲਪੁਰ, ਪ੍ਰਿੰਸੀਪਲ ਪਰਮਜੀਤ ਸਿੰਘ ਖੈਰੜ, ਤਰਲੋਕ ਸਿੰਘ ਨਾਗਪਾਲ, ਅਧਿਆਪਕ ਆਗੂ ਨਰਿੰਦਰ ਅਜਨੋਹਾ, ਪ੍ਰਿੰਸੀਪਲ ਹਰਮਨੋਜ ਕੁਮਾਰ ਅਜਨੋਹਾ, ਕੁਲਦੀਪ ਸਿੰਘ ਅਜਨੋਹਾ, ਅਵਤਾਰ ਸਿੰਘ ਈਸਪੁਰ, ਬਲਜੀਤ ਸਿੰਘ ਠੁਆਣਾ, ਜਥੇ. ਨਰਿੰਦਰ ਸਿੰਘ ਕੋਟਫ਼ਤੂਹੀ, ਕਿਰਪਾਲ ਸਿੰਘ ਮਾਣੂ, ਪ੍ਰੇਮ ਨਾਥ ਵਧਵਾ, ਮਾਸਟਰ ਕਸ਼ਮੀਰੀ ਲਾਲ, ਕੁਲਵਰਨ ਸਿੰਘ ਅਜਨੋਹਾ, ਸੰਤੋਖ ਸਿੰਘ ਅਜਨੋਹਾ, ਮਾਸਟਰ ਹਰਭਜਨ ਸਿੰਘ ਅਜਨੋਹਾ, ਜਸਵਿੰਦਰ ਕੌਰ, ਸੰਮਤੀ ਮੈਂਬਰ ਮਮਤਾ ਰਾਣੀ, ਗੁਰਮੀਤ ਸਿੰਘ ਵਿਰਦੀ, ਸ਼ਾਮ ਸਿੰਘ, ਰਾਜ ਕੁਮਾਰ, ਪੱਤਰਕਾਰ ਅਵਤਾਰ ਸਿੰਘ ਅਟਵਾਲ, ਹਰਜਾਪ ਸਿੰਘ ਹੁਸ਼ਿਆਰਪੁਰ, ਪੱਤਰਕਾਰ ਰਜਿੰਦਰ ਸਿੰਘ ਮਾਹਿਲਪੁਰ, ਗੁਰਨਾਮ ਸਿੰਘ ਮਾਹਿਲਪੁਰ, ਪੱਤਰਕਾਰ ਸੁਨੀਲ ਲਾਖਾ, ਪੱਤਰਕਾਰ ਦੀਪਕ ਅਗਨੀਹੋਤਰੀ, ਪੱਤਰਕਾਰ ਮੋਹਿਤ ਮਾਹਿਲਪੁਰ, ਪੱਤਰਕਾਰ ਸਤਨਾਮ ਲੋਈ, ਪੱਤਰਕਾਰ ਹਰਵਿੰਦਰ ਸਿੰਘ ਭੁੰਗਰਨੀ, ਪੱਤਰਕਾਰ ਸਤੀਸ਼ ਕੁਮਾਰ, ਪੱਤਰਕਾਰ ਬਹਾਦਰ ਖਾਨ ਆਦਿ ਹਾਜ਼ਰ ਸਨ।

# ਹੋਲਾ ਮਹੱਲਾ ਸ਼ਾਨੋ-ਸ਼ੌਕਤ ਨਾਲ ਮਨਾਉਣ ਲਈ ਸਮੂਹ ਸੰਗਤਾਂ ਸ੍ਰੀ ਅਨੰਦਪੁਰ ਸਾਹਿਬ ਪੁੱਜਣ : ਬਾਬਾ ਬਲਬੀਰ ਸਿੰਘ 96ਵੇਂ ਕਰੋੜੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਗੁਰੂ ਪਾਤਸ਼ਾਹਾਂ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਲਈ ਗੁਰੂ ਸਾਹਿਬ ਵੇਲੇ ਤੋਂ ਚਲੀ ਆ ਰਹੀ ਪੁਰਾਤਨ ਰਵਾਇਤ ਅਨੁਸਾਰ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਹੋਲਾ ਮਹੱਲਾ ਦਾ ਤਿਉਹਾਰ ਪੂਰੇ ਖਾਲਸਾਈ ਜਾਹੋ-ਜਲਾਲ ਨਾਲ ਮਨਾਉਣ ਲਈ ਵੱਧ ਚੜ੍ਹ ਕੇ ਸ੍ਰੀ ਅਨੰਦਪੁਰ ਸਾਹਿਬ ਪੁੱਜਣ। ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਨੇ ਦੱਸਿਆ ਕਿ ਨਿਹੰਗ ਸਿੰਘ ਦਲਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ 2, 3 ਅਤੇ 4 ਮਾਰਚ ਨੂੰ ਹੋਲਾ ਮਹੱਲਾ ਪੂਰੇ ਖਾਲਸਾਈ ਜਲਾਲ ਅਤੇ ਸ਼ਾਨੋ-ਸ਼ੌਕਤ ਨਾਲ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਮਨਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਵੱਲੋਂ ਵਰੋਸਾਏ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਹਰ ਸਾਲ ਨਿਹੰਗ ਸਿੰਘ ਦਲਾਂ ਦੇ ਸਹਿਯੋਗ ਨਾਲ ਹੋਲਾ ਮਹੱਲਾ ਖਾਲਸਾਈ ਪਰੰਪਰਾਵਾਂ ਅਨੁਸਾਰ ਮਨਾਇਆ ਜਾਂਦਾ ਹੈ ਤੇ ਇਸ ਵਾਰ ਵੀ ਇਸ ਨੂੰ ਪਹਿਲਾਂ ਨਾਲੋਂ ਵੱਧ ਉਤਸ਼ਾਹ ਨਾਲ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮੌਕੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਵਿਸ਼ੇਸ਼ ਪ੍ਰੋਗਰਾਮ ਉਲੀਕੇ ਗਏ ਹਨ। ਨਾਲ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਅਪੀਲ ਕੀਤੀ ਗਈ ਹੈ ਕਿ ਲੱਖਾਂ ਦੀ ਗਿਣਤੀ ਵਿੱਚ ਪੁੱਜਣ ਵਾਲੀ ਸੰਗਤ ਦੇ ਰਹਿਣ-ਸਹਿਣ ਅਤੇ ਸੁੱਖ-ਸਹੂਲਤਾਂ ਦੇ ਯੋਗ ਪ੍ਰਬੰਧ ਕੀਤੇ ਜਾਣ ਅਤੇ ਪਿਛਲੇ ਸਾਲਾਂ ਵਾਂਗ ਦੁਰਘਟਨਾ ਬੀਮਾ ਯੋਜਨਾ ਦਾ ਵੀ ਅਗਾਊਂ ਪ੍ਰਬੰਧ ਕੀਤਾ ਜਾਵੇ।ਉਨ੍ਹਾਂ ਕਿਹਾ ਕਿ 2 ਅਤੇ 3 ਮਾਰਚ ਨੂੰ ਛਾਉਣੀ ਨਿਹੰਗ ਸਿੰਘਾਂ, ਗੁਰੂ ਕਾ ਬਾਗ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਿੱਖ ਜੰਗਜੂ ਕਲਾ ਦਾ ਪ੍ਰਤੀਕ ਵਿਰਸਾ ਸੰਭਾਲ ਇੰਟਰਨੈਸ਼ਨਲ ਗਤਕਾ ਮੁਕਾਬਲੇ ਕਰਵਾਏ ਜਾਣਗੇ। ਇਨ੍ਹਾਂ ਮੁਕਾਬਲਿਆਂ ਵਿੱਚ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਰਹਿਣ ਵਾਲੀਆਂ ਟੀਮਾਂ ਨੂੰ ਵਿਸ਼ੇਸ਼ ਇਨਾਮ ਦਿੱਤੇ ਜਾਣਗੇ। ਇਸ ਤੋਂ ਇਲਾਵਾ ਵੱਖ-ਵੱਖ ਖੇਤਰਾਂ ਵਿੱਚ ਸਿੱਖ ਪੰਥ ਲਈ ਅਹਿਮ ਯੋਗਦਾਨ ਪਾਉਣ ਵਾਲੀਆਂ ਵਿਸ਼ੇਸ਼ ਸ਼ਖਸੀਅਤਾਂ ਨੂੰ ਐਵਾਰਡਾਂ ਨਾਲ ਸਨਮਾਨਿਤ ਕੀਤਾ ਜਾਵੇਗਾ।ਉਨ੍ਹਾਂ ਹੋਰ ਦੱਸਿਆ ਕਿ 4 ਮਾਰਚ ਨੂੰ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਪੁਰਾਤਨ ਪਰੰਪਰਾ ਅਨੁਸਾਰ ਹਰ ਸਾਲ ਦੀ ਤਰ੍ਹਾਂ ਨਿਹੰਗ ਸਿੰਘ ਦਲਾਂ ਦੇ ਸਹਿਯੋਗ ਨਾਲ ਛਾਉਣੀ ਗੁਰੂ ਕਾ ਬਾਗ ਬੁੱਢਾ ਦਲ ਤੋਂ ਗੁਰੂ ਸਾਹਿਬਾਨ ਵੱਲੋਂ ਬਖਸ਼ਿਸ਼ ਨਿਸ਼ਾਨ ਨਿਗਾਰਿਆਂ ਦੀ ਛਤਰ-ਛਾਇਆ ਹੇਠ ਅਤੇ ਬਾਬਾ ਬਲਬੀਰ ਸਿੰਘ ਅਕਾਲੀ 96ਵੇਂ ਕਰੋੜੀ ਦੀ ਅਗਵਾਈ ਵਿੱਚ ਮਹੱਲਾ ਕੱਢਿਆ ਜਾਵੇਗਾ।



## 'ਪੰਜਾਬ ਬਚਾਓ' ਰੈਲੀਆਂ ਸੰਬੰਧੀ ਪਾਰਟੀ ਆਗੂਆਂ ਤੇ ਵਰਕਰਾਂ 'ਚ ਭਾਰੀ ਉਤਸ਼ਾਹ : ਅਕਾਲੀ ਆਗੂ

**ਬਾਘਾ ਪੁਰਾਣਾ (ਮਨੀ ਸਿੰਗਲਾ)**- 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਸ਼ੁਰੂ ਕੀਤੀਆਂ ਜਾ ਰਹੀਆਂ 'ਪੰਜਾਬ ਬਚਾਓ' ਰੈਲੀਆਂ ਸੰਬੰਧੀ ਪਾਰਟੀ ਆਗੂਆਂ ਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਹੋ ਰਹੀਆਂ ਇਨ੍ਹਾਂ ਰੈਲੀਆਂ ਨੂੰ ਆਉਣ ਵਾਲੀਆਂ ਚੋਣਾਂ ਲਈ ਮਜ਼ਬੂਤ ਬੁਨਿਆਦ ਵਜੋਂ ਵੇਖਿਆ ਜਾ ਰਿਹਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਚੇਅਰਮੈਨ ਅਮਰਜੀਤ ਸਿੰਘ ਮਾਣੂੰਕੇ, ਕੌਂਸਲਰ ਚਰਨਪ੍ਰੀਤ ਸਿੰਘ ਬਰਾੜ, ਅਕਾਲੀ ਆਗੂ ਤਰਲੋਚਨ ਸਿੰਘ ਕਾਲੇਕੇ, ਐਸਓਆਈ ਪ੍ਰਧਾਨ ਗੁਰਦਿੱਤ ਸਿੰਘ ਢਿੱਲੋਂ, ਅਕਾਲੀ ਆਗੂ ਵਿੱਕੀ ਫੂਲੇਵਾਲੀਆ ਤੇ ਗੋਰਾ ਸੰਗਤਪੁਰਾ ਨੇ ਸਾਂਝੇ ਬਿਆਨ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਪਾਰਟੀ ਦੀਆਂ ਰੈਲੀਆਂ ਸੂਬੇ ਅੰਦਰ ਵੱਡਾ ਜਨ-ਅੰਦੋਲਨ ਸਾਬਿਤ ਹੋਣਗੀਆਂ ਤੇ ਲੋਕ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਆਪਣਾ ਸਮਰਥਨ ਦੇ ਰਹੇ ਹਨ।ਆਗੂਆਂ ਨੇ ਦੱਸਿਆ ਕਿ ਹਲਕਾ ਬਾਘਾ ਪੁਰਾਣਾ ਵਿੱਚ ਰੈਲੀ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ ਅਤੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਹੇਠ ਪੂਰੀ ਟੀਮ ਦਿਨ-ਰਾਤ ਮਿਹਨਤ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਇਹ ਰੈਲੀ ਸਿਰਫ ਇੱਕ ਸਿਆਸੀ ਇਕੱਠ ਨਹੀਂ, ਸਗੋਂ ਪੰਜਾਬ ਦੇ ਹੱਕਾਂ ਦੀ ਆਵਾਜ਼ ਬਣੇਗੀ ਤੇ 2027 ਦੀਆਂ ਚੋਣਾਂ ਲਈ ਮਾਹੌਲ ਤਿਆਰ ਕਰੇਗੀ।ਉਨ੍ਹਾਂ ਆਖਿਆ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਦੇ ਫਰਜ਼ੰਦ ਤੇ ਯੂਥ ਆਗੂ ਜਸਪ੍ਰੀਤ ਸਿੰਘ ਮਾਹਲਾ ਅਤੇ ਸੁਖਜੀਤ ਸਿੰਘ ਮਾਹਲਾ ਆਪਣੀ ਟੀਮ ਨਾਲ ਹਲਕੇ ਦੇ ਪਿੰਡਾਂ ਤੇ ਸ਼ਹਿਰੀ ਇਲਾਕਿਆਂ ਵਿੱਚ ਲਗਾਤਾਰ ਦੌਰੇ ਕਰ ਰਹੇ ਹਨ।ਵਰਕਰਾਂ ਨਾਲ ਮੀਟਿੰਗਾਂ ਕਰਕੇ ਰੈਲੀ ਨੂੰ ਕਾਮਯਾਬ ਬਣਾਉਣ ਲਈ ਯੋਜਨਾਬੱਧ ਤਰੀਕੇ ਨਾਲ ਕੰਮ ਕੀਤਾ ਜਾ ਰਿਹਾ ਹੈ।ਆਗੂਆਂ ਨੇ ਦਾਅਵਾ ਕੀਤਾ ਕਿ ਬਾਘਾ ਪੁਰਾਣਾ ਹਲਕੇ ਦੀ ਰੈਲੀ ਇਤਿਹਾਸਕ ਹੋਵੇਗੀ ਤੇ ਇਹ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਅਕਾਲੀ ਦਲ ਦੇ ਹੱਕ ਵਿੱਚ ਮਜ਼ਬੂਤ ਸੰਦੇਸ਼ ਦੇਵੇਗੀ। ਉਨ੍ਹਾਂ ਵਰਕਰਾਂ ਤੇ ਸਮਰਥਕਾਂ ਨੂੰ ਅਪੀਲ ਕੀਤੀ ਕਿ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਰੈਲੀ ਨੂੰ ਕਾਮਯਾਬ ਬਣਾਇਆ ਜਾਵੇ ਤੇ ਪੰਜਾਬ ਦੇ ਹਿੱਤਾਂ ਲਈ ਇਕੱਠੇ ਹੋ ਕੇ ਅਵਾਜ਼ ਬੁਲੰਦ ਕੀਤੀ ਜਾਵੇ।



## ਸਪੀਕਰ ਸੰਧਵਾਂ ਨੇ ਵਿਕਾਸ ਪ੍ਰੋਜੈਕਟਾਂ ਸਬੰਧੀ ਕੀਤੀ ਵਿਸ਼ੇਸ਼ ਮੀਟਿੰਗ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**- ਕੋਟਕਪੂਰਾ ਹਲਕੇ ਵਿੱਚ ਕਰੋੜਾਂ ਰੁਪਏ ਦੀ ਲਾਗਤ ਨਾਲ ਸ਼ੁਰੂ ਹੋਣ ਵਾਲੇ ਵਿਕਾਸ ਪ੍ਰੋਜੈਕਟਾਂ ਦੇ ਠੋਸ ਪ੍ਰਬੰਧ ਰੱਖਣ ਤੇ ਉਨ੍ਹਾਂ ਦੀ ਸੁਚੱਜੀ ਵਿਉਂਤਬੰਦੀ ਲਈ ਨਗਰ ਕੌਂਸਲ ਕੋਟਕਪੂਰਾ ਵਿਖੇ ਸਪੀਕਰ ਪੰਜਾਬ ਵਿਧਾਨ ਸਭਾ ਸ੍ਰ. ਕੁਲਤਾਰ ਸਿੰਘ ਸੰਧਵਾਂ ਵੱਲੋਂ ਇਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਪ੍ਰੋਜੈਕਟਾਂ ਨੂੰ ਨਿਰਧਾਰਤ ਸਮੇਂ ਅੰਦਰ ਗੁਣਵੱਤਾ ਸਮੇਤ ਪੂਰਾ ਕਰਨ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ। ਸਪੀਕਰ ਸੰਧਵਾਂ ਨੇ ਕਿਹਾ ਕਿ ਕੋਟਕਪੂਰਾ ਹਲਕੇ ਦੇ ਸਰਬਪੱਖੀ ਵਿਕਾਸ ਲਈ ਸਰਕਾਰ ਵਚਨਬੱਧ ਹੈ ਤੇ ਇਨ੍ਹਾਂ ਪ੍ਰੋਜੈਕਟਾਂ ਨਾਲ ਸ਼ਹਿਰ ਦੀਆਂ ਬੁਨਿਆਦੀ ਸੁਵਿਧਾਵਾਂ ਵਿੱਚ ਮਹੱਤਵਪੂਰਨ ਸੁਧਾਰ ਆਵੇਗਾ। ਉਨ੍ਹਾਂ ਦੱਸਿਆ ਕਿ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ ਆਦਿ ਮਹੱਤਵਪੂਰਨ ਕੰਮ ਸ਼ੁਰੂ ਕੀਤੇ ਜਾਣਗੇ, ਜਿਸ ਨਾਲ ਆਮ ਲੋਕਾਂ ਨੂੰ ਸਿੱਧਾ ਲਾਭ ਮਿਲੇਗਾ।ਇਸ ਮੌਕੇ ਸਪੀਕਰ ਸੰਧਵਾਂ ਨੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਵੀ ਧਿਆਨ ਨਾਲ ਸੁਣਿਆ ਤੇ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਹੱਲ ਯਕੀਨੀ ਬਣਾਉਣ ਲਈ ਕਿਹਾ।ਉਨ੍ਹਾਂ ਆਖਿਆ ਕਿ ਲੋਕਾਂ ਦੀਆਂ ਸ਼ਿਕਾਇਤਾਂ ਦਾ ਸਮੇਂ-ਸਿਰ ਨਿਵਾਰਣ ਕਰਨਾ ਪ੍ਰਸ਼ਾਸਨ ਦੀ ਤਰਜੀਹ ਹੋਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਵਿਕਾਸ ਕੰਮਾਂ ਦੀ ਗੁਣਵੱਤਾ ਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਈ ਜਾਵੇ ਅਤੇ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।



## ਪੀ ਆਰ ਟੀ ਸੀ ਕਰਮਚਾਰੀ ਦਲ ਦੇ ਅਹੁਦੇਦਾਰਾਂ ਵੱਲੋਂ ਚੇਅਰਮੈਨ ਨਾਲ ਮੀਟਿੰਗ

### ਪੀਆਰਟੀਸੀ ਦੀ ਬਿਹਤਰੀ ਲਈ ਸਭ ਨੂੰ ਨਾਲ ਲੈ ਕੇ ਚੱਲਾਂਗੇ ਤੇ ਮੰਗਾਂ ਦਾ ਨਿਪਟਾਰਾ ਕੀਤਾ ਜਾਵੇਗਾ : ਜੁਨੇਜਾ

**ਪਟਿਆਲਾ (ਰਾਜਿੰਦਰ ਥਿੰਦ)**- ਪੀ.ਆਰ.ਟੀ.ਸੀ. ਦੇ ਕਰਮਚਾਰੀ ਦਲ ਦੇ ਅਹੁਦੇਦਾਰਾਂ ਨੇ ਪੀ.ਆਰ.ਟੀ.ਸੀ. ਦੇ ਨਵ-ਨਿਯੁਕਤ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੂੰ ਜੀ ਆਇਆਂ ਆਖਦਿਆਂ ਪੀ.ਆਰ.ਟੀ.ਸੀ. ਦੇ ਮੁੱਖ ਦਫ਼ਤਰ ਪਟਿਆਲਾ ਵਿਖੇ ਇੱਕ ਵਿਸ਼ੇਸ਼ ਮੀਟਿੰਗ ਕੀਤੀ। ਕਰਮਚਾਰੀ ਦਲ ਦੇ ਅਹੁਦੇਦਾਰਾਂ ਨੇ ਮੀਟਿੰਗ ਦੌਰਾਨ ਕੰਟਰੈਕਟ 'ਤੇ ਕੰਮ ਕਰ ਰਹੇ ਕਾਮਿਆਂ ਨੂੰ ਮਾਣਯੋਗ ਅਦਾਲਤ ਦੇ ਹੁਕਮਾਂ ਅਨੁਸਾਰ ਜਲਦ ਪੱਕਾ ਕਰਨ ਦੀ ਪ੍ਰਕਿਰਿਆ ਸ਼ੁਰੂ ਕਰਨ ਦੀ ਮੰਗ ਕੀਤੀ।ਇਸ ਦੇ ਨਾਲ ਹੀ ਰਿੱਟ ਪਟੀਸ਼ਨ ਨੰਬਰ 8240 ਰਾਹੀਂ ਪੱਕੇ ਹੋਏ ਕਰਮਚਾਰੀਆਂ ਦੀ ਅਦਾਲਤੀ ਹੁਕਮਾਂ ਅਨੁਸਾਰ ਪੈਨਸ਼ਨ ਲਾਗੂ ਕਰਨ ਬਾਰੇ ਗੱਲਬਾਤ ਵੀ ਹੋਈ।ਕਰਮਚਾਰੀਆਂ ਦੀਆਂ ਲੰਬਿਤ ਵਿਭਾਗੀ ਤਰੱਕੀਆਂ ਨੂੰ ਤੁਰੰਤ ਅਮਲ ਵਿੱਚ ਲਿਆਉਣ ਲਈ ਵੀ ਗੱਲਬਾਤ ਕੀਤੀ, ਵਿਭਾਗ ਦੇ ਬੇੜੇ ਵਿੱਚ ਨਵੀਆਂ ਬੱਸਾਂ ਪਾਉਣ ਦੀ ਪ੍ਰੀਕ੍ਰਿਆ ਵਿੱਚ ਤੇਜ਼ੀ ਲਿਆਉਣ ਦੀ ਮੰਗ ਕੀਤੀ ਗਈ ਤਾਂ ਜੋ ਪੀਆਰਟੀਸੀ ਦੀ ਆਮਦਨ ਵਿੱਚ ਵਾਧਾ ਹੋ ਸਕੇ ਅਤੇ ਆਮ ਪਬਲਿਕ ਨੂੰ ਹੋਰ ਵੀ ਬਿਹਤਰ ਸਫਰ ਸਹੂਲਤ ਮੁਹੱਈਆ ਕਰਵਾਈ ਜਾ ਸਕੇ।ਵਰਕਰਾਂ ਨੂੰ ਤਨਖਾਹ ਤੇ ਪੈਨਸ਼ਨ ਦੀ ਅਦਾਇਗੀ ਸਮੇਂ ਸਿਰ ਕਰਨ ਲਈ ਵੀ ਕਿਹਾ ਗਿਆ। ਯੂਨੀਅਨ ਦੇ ਆਗੂਆਂ ਨੇ ਚੇਅਰਮੈਨ ਹਰਪਾਲ ਜੁਨੇਜਾ ਨੂੰ ਵਿਸ਼ਵਾਸ ਦਿਵਾਇਆ ਕਿ ਪੀ.ਆਰ.ਟੀ.ਸੀ. ਦੀ ਬਿਹਤਰੀ ਤੇ ਇਸ ਨੂੰ ਚੜ੍ਹਦੀ ਕਲਾ ਵਿੱਚ ਲਿਜਾਣ ਲਈ ਉਹ ਮੈਨੇਜਮੈਂਟ ਨੂੰ ਹਰ ਤਰ੍ਹਾਂ ਦਾ ਪੂਰਨ ਸਹਿਯੋਗ ਦੇਣਗੇ।ਚੇਅਰਮੈਨ ਹਰਪਾਲ ਜੁਨੇਜਾ ਨੇ ਯੂਨੀਅਨ ਦੇ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੀਆਰਟੀਸੀ ਦੀ ਬਿਹਤਰੀ ਲਈ ਸਾਰਿਆਂ ਨੂੰ ਨਾਲ ਲੈ ਕੇ ਚਲਣਗੇ ਤੇ ਉਨ੍ਹਾਂ ਦੀਆਂ ਮੰਗਾਂ ਦੇ ਨਿਪਟਾਰੇ ਸਬੰਧੀ ਜਲਦ ਤੋਂ ਜਲਦ ਹੱਲ ਕੀਤੇ ਜਾਣਗੇ।ਇਸ ਮੌਕੇ ਪੀਆਰਟੀਸੀ ਦੇ ਜੀ. ਐੱਮ. ਪਟਿਆਲਾ ਕਾਰਜਕਾਰੀ ਇੰਜੀਨੀਅਰ ਜਤਿੰਦਰਪਾਲ ਸਿੰਘ ਗਰੇਵਾਲ, ਜੀ. ਐੱਮ. ਪ੍ਰਸ਼ਾਸਨ ਮਨਿੰਦਰਪਾਲ ਸਿੰਘ ਸਿੱਧੂ ਤੋਂ ਇਲਾਵਾ ਪੀਆਰਟੀਸੀ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਦਲ ਦੇ ਪ੍ਰਧਾਨ ਹਰਪ੍ਰੀਤ ਸਿੰਘ ਖੱਟੜਾ, ਜਨਰਲ ਸਕੱਤਰ ਬਿਕਰਮਜੀਤ ਸ਼ਰਮਾ, ਅਮਨਦੀਪ ਸਿੰਘ ਟਿਵਾਣਾ, ਗੁਰਜਿੰਦਰ ਸਿੰਘ, ਅਮਨਦੀਪ ਸਿੰਘ, ਮੱਖਣ ਸਿੰਘ ਤੇ ਹੋਰ ਸੀਨੀਅਰ ਆਗੂ ਮੌਜੂਦ ਸਨ।



## ਐੱਸ ਡੀ ਐੱਮ ਧੂਰੀ ਨੇ ਲਿਆ ਸ਼ਹਿਰ ਦੇ ਸਫ਼ਾਈ ਪ੍ਰਬੰਧਾਂ ਦਾ ਜਾਇਜ਼ਾ

**ਧੂਰੀ (ਮਨੋਹਰ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**- ਉਪ ਮੰਡਲ ਮੈਜਿਸਟਰੇਟ ਧੂਰੀ ਰਿਸ਼ਭ ਬਾਂਸਲ ਨੇ ਧੂਰੀ ਸ਼ਹਿਰ ਵਿੱਚ ਸਫ਼ਾਈ ਪ੍ਰਬੰਧਾਂ ਦਾ ਮੌਕੇ 'ਤੇ ਜਾ ਕੇ ਜਾਇਜ਼ਾ ਲਿਆ।ਇਸ ਦੌਰਾਨ ਉਨ੍ਹਾਂ ਬੱਸ ਅੱਡੇ ਸਮੇਤ ਵੱਖ-ਵੱਖ ਜਨਤਕ ਪਖਾਨਿਆਂ ਦੀ ਜਾਂਚ ਕੀਤੀ ਤੇ ਸੰਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਐੱਸ.ਡੀ.ਐੱਮ. ਨੇ ਹਦਾਇਤ ਕੀਤੀ ਕਿ ਜਨਤਕ ਪਖਾਨਿਆਂ ਦੀ ਸਫ਼ਾਈ ਤੇ ਰੱਖ-ਰਖਾਅ ਨੂੰ ਯਕੀਨੀ ਬਣਾਇਆ ਜਾਵੇ ਤੇ ਸ਼ਹਿਰ ਨੂੰ ਸਾਫ਼ ਸੁਥਰਾ ਰੱਖਿਆ ਜਾਵੇ।ਉਨ੍ਹਾਂ ਕਿਹਾ ਕਿ ਕੂੜਾ ਡੰਪ ਜਾਂ ਅਣ-ਅਧਿਕਾਰਤ ਥਾਵਾਂ 'ਤੇ ਸੀ.ਸੀ.ਟੀ.ਵੀ. ਕੈਮਰੇ ਲਗਵਾ ਕੇ ਨਿਗਰਾਨੀ ਕੀਤੀ ਜਾਵੇਗੀ ਤਾਂ ਜੋ ਗ਼ਲਤ ਤਰੀਕੇ ਨਾਲ ਕੂੜਾ ਸੁੱਟਣ ਵਾਲਿਆਂ ਦੀ ਪਹਿਚਾਣ ਕੀਤੀ ਜਾ ਸਕੇ।ਉਨ੍ਹਾਂ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਥਾਵਾਂ 'ਤੇ ਕੂੜਾ ਸੁੱਟਣ ਵਾਲਿਆਂ ਦੇ ਚਲਾਨ ਕੱਟੇ ਜਾਣਗੇ ਤੇ ਇਨ੍ਹਾਂ ਥਾਵਾਂ 'ਤੇ ਚੇਤਾਵਨੀ ਬੋਰਡ ਵੀ ਲਗਾਏ ਜਾਣਗੇ, ਤਾਂ ਜੋ ਲੋਕਾਂ ਨੂੰ ਜਾਗਰੂਕ ਕੀਤਾ ਜਾ ਸਕੇ। ਇਸ ਮੌਕੇ ਰਿਸ਼ਭ ਬਾਂਸਲ ਤੇ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਗੁਰਵਿੰਦਰ ਸਿੰਘ ਨੇ ਧੂਰੀ ਵਾਸੀਆਂ ਨੂੰ ਅਪੀਲ ਕੀਤੀ ਕਿ ਆਪਣੇ ਘਰਾਂ ਅਤੇ ਦੁਕਾਨਾਂ ਵਿੱਚ ਗਿੱਲਾ ਤੇ ਸੁੱਕਾ ਕੂੜਾ ਵੱਖ-ਵੱਖ ਇਕੱਠਾ ਕਰਨ ਲਈ ਡਸਟਬੀਨ ਲਗਾਏ ਜਾਣ।ਨਗਰ ਕੌਂਸਲ ਦੇ ਵਾਹਨਾਂ ਵਿੱਚ ਕੂੜਾ ਪਾਉਂਦੇ ਸਮੇਂ ਗਿੱਲਾ ਤੇ ਸੁੱਕਾ ਕੂੜਾ ਅਲੱਗ-ਅਲੱਗ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਸ਼ਹਿਰ ਅੰਦਰ ਕਿਸੇ ਵੀ ਖ਼ਾਲੀ ਪਲਾਟ, ਖ਼ਾਲੀ ਥਾਂ ਜਾਂ ਸੜਕਾਂ ਦੇ ਆਲ਼ੇ-ਦੁਆਲੇ ਕੂੜਾ ਨਾ ਸੁੱਟਿਆ ਜਾਵੇ ਤੇ ਸ਼ਹਿਰ ਨੂੰ ਸਾਫ਼-ਸੁਥਰਾ ਬਣਾਉਣ ਲਈ ਨਗਰ ਕੌਂਸਲ ਦਾ ਸਹਿਯੋਗ ਕੀਤਾ ਜਾਵੇ।ਜੇਕਰ ਕੂੜੇ ਸਬੰਧੀ ਕੋਈ ਵੀ ਸਮੱਸਿਆ ਪੇਸ਼ ਆਉਂਦੀ ਹੈ ਤਾਂ ਤੁਰੰਤ ਨਗਰ ਕੌਂਸਲ ਨਾਲ ਸੰਪਰਕ ਕੀਤਾ ਜਾਵੇ।



## ਸੜਕ ਹਾਦਸੇ 'ਚ ਵਿਅਕਤੀ ਦੀ ਮੌਤ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)** ਫਿਰੋਜ਼ਪੁਰ-ਫਾਜ਼ਿਲਕਾ ਰੋਡ 'ਤੇ ਸੜਕ ਹਾਦਸੇ ਦੌਰਾਨ ਇੱਕ ਵਿਅਕਤੀ ਦੀ ਮੌਤ ਹੋ ਗਈ ਹੈ।ਘਟਨਾ ਸਥਾਨ ਤੋਂ ਜਾਣਕਾਰੀ ਅਨੁਸਾਰ ਵੀਰਵਾਰ ਕਰੀਬ 11 ਵਜੇ ਪਿੰਡ ਪਿੰਡੀ ਤੇ ਗੋਲੂਕਾ ਵਿਚਕਾਰ ਇੱਕ ਟਰਾਲੇ ਨੇ ਮੋਟਰਸਾਈਕਲ ਸਵਾਰ ਨੂੰ ਪਿੱਛੋਂ ਦੀ ਫੇਟ ਮਾਰ ਕੇ ਦਰੜ ਦਿੱਤਾ, ਜਿਸ ਨਾਲ ਮੋਟਰਸਾਈਕਲ ਸਵਾਰ ਬਲਵਿੰਦਰ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਟਰਾਲੇ ਦਾ ਡਰਾਈਵਰ ਟਰਾਲੇ ਨੂੰ ਭਜਾ ਕੇ ਫਰਾਰ ਹੋ ਗਿਆ, ਜਿਸ ਨੂੰ ਸਥਾਨਕ ਲੋਕਾਂ ਵੱਲੋਂ ਪਿੱਛਾ ਕਰਕੇ ਕਾਬੂ ਕਰਕੇ ਪੁਲਸ ਹਵਾਲੇ ਕਰ ਦਿੱਤਾ।ਇਸ ਦੌਰਾਨ ਸੜਕ ਸੁਰੱਖਿਆ ਫੋਰਸ ਦੀ ਟੀਮ ਨੇ ਪਹੁੰਚ ਕੇ ਮ੍ਰਿਤਕ ਦੀ ਲਾਸ਼ ਨੂੰ ਪਰਿਵਾਰਕ ਮੈਂਬਰਾਂ ਦੇ ਹਵਾਲੇ ਕਰ ਦਿੱਤਾ ਅਤੇ ਪਰਿਵਾਰਕ ਮੈਂਬਰਾਂ ਵੱਲੋਂ ਥਾਣਾ ਗੁਰੂ ਹਰਸਹਾਏ ਵਿਖੇ ਸ਼ਿਕਾਇਤ ਦਰਜ ਕਰਵਾ ਦਿੱਤੀ ਗਈ ਹੈ।ਪੁਲਸ ਵੱਲੋਂ ਅਗਲੀ ਕਾਰਵਾਈ ਸ਼ੁਰੂ ਕਰਦੇ ਹੋਏ ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਫਿਰੋਜ਼ਪੁਰ ਭੇਜ ਦਿੱਤਾ ਗਿਆ ਹੈ।

## ਮਾਤਾ ਗੁਜਰੀ ਕਾਲਜ ਦੀਆਂ ਵਿਦਿਆਰਥਣਾਂ ਦਾ 'ਪਹਿਲ-ਆਈਡੀਆਥੋਨ' ਪ੍ਰਤੀਯੋਗਤਾ 'ਚ ਸ਼ਾਨਦਾਰ ਪ੍ਰਦਰਸ਼ਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਮਾਤਾ ਗੁਜਰੀ ਕਾਲਜ ਦੇ ਐੱਮ.ਐੱਸ.ਸੀ. ਬਾਇਓਟੈਕਨਾਲੋਜੀ ਭਾਗ ਦੂਸਰਾ ਦੀਆਂ ਵਿਦਿਆਰਥਣਾਂ ਜਸ਼ਨਪ੍ਰੀਤ ਕੌਰ ਤੇ ਗੁਰਜੋਤ ਕੌਰ ਨੇ ਸੀ.ਜੀ.ਸੀ. ਲਾਂਡਰਾਂ ਵਿਖੇ ਆਯੋਜਿਤ 'ਪਹਿਲ-ਆਈਡੀਆਥੋਨ' ਪ੍ਰਤੀਯੋਗਤਾ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਸਰਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ।ਜ਼ਿਕਰਯੋਗ ਹੈ ਕਿ ਇਸ ਸ਼ਾਨਦਾਰ ਪ੍ਰਦਰਸ਼ਨ ਲਈ ਵਿਦਿਆਰਥਣਾਂ ਨੇ 20,000 ਰੁਪਏ ਦਾ ਨਕਦ ਇਨਾਮ ਵੀ ਪ੍ਰਾਪਤ ਕੀਤਾ। ਵਰਣਨਯੋਗ ਹੈ ਕਿ ਇਸ ਮੁਕਾਬਲੇ ਵਿੱਚ ਜੇਤੂ ਟੀਮ ਨੇ ਪਾਣੀ ਦੀ ਸਾਂਭ-ਸੰਭਾਲ ਜਿਹੇ ਮਹੱਤਵਪੂਰਨ ਵਿਸ਼ੇ 'ਤੇ ਇੱਕ ਨਵੀਂ ਤੇ ਸਮਾਜਿਕ ਤੌਰ 'ਤੇ ਲਾਭਕਾਰੀ ਸੋਚ ਪੇਸ਼ ਕੀਤੀ।ਇਸ ਵਿਚਾਰ ਅਧੀਨ ਸਸਟੇਨੇਬਲ ਵਾਸ਼ਿੰਗ ਮਸ਼ੀਨਾਂ ਦੀ ਸਥਾਪਨਾ ਰਾਹੀਂ ਪਾਣੀ ਦੀ ਬਚਤ ਕਰਨ ਦਾ ਪ੍ਰਭਾਵਸ਼ਾਲੀ ਸੁਝਾਅ ਦਿੱਤਾ ਗਿਆ।ਇਸ ਨਵੀਨ ਵਿਚਾਰ ਨੂੰ ਜੱਜ ਸਾਹਿਬਾਨ ਵੱਲੋਂ ਵੀ ਖ਼ੂਬ ਸਰਾਹਿਆ ਗਿਆ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਹੋਣਹਾਰ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੇ ਵਿੱਦਿਅਕ ਤੇ ਵਿਹਾਰਕ ਵਿਕਾਸ ਵਿੱਚ ਵਡਮੁੱਲਾ ਯੋਗਦਾਨ ਪਾਉਂਦੇ ਹਨ।ਕਾਲਜ ਦੇ ਕੰਟਰੋਲਰ ਪ੍ਰੀਖਿਆਵਾਂ ਡਾ. ਹਰਜੀਤ ਸਿੰਘ ਨੇ ਵੀ ਇਸ ਮਾਣਮੱਤੀ ਪ੍ਰਾਪਤੀ ਲਈ ਵਿਦਿਆਰਥਣਾਂ ਨੂੰ ਮੁਬਾਰਕਬਾਦ ਤੇ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਮੌਕੇ ਬਾਇਓਟੈਕਨਾਲੋਜੀ ਵਿਭਾਗ ਦੇ ਡਾ. ਜਗਦੀਸ਼ ਸਿੰਘ ਤੇ ਡਾ. ਮੋਨਿਕਾ ਨੇ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਉਸਾਰੂ ਗਤੀਵਿਧੀਆਂ ਵਿੱਚ ਵਡਮੁੱਲੀਆਂ ਪ੍ਰਾਪਤੀਆਂ ਕਰਨ ਲਈ ਪ੍ਰੇਰਿਤ ਕੀਤਾ।



## ਦੇਸ਼ ਭਗਤ ਯਾਦਗਾਰ ਵੱਲੋਂ ਕਿਸਾਨਾਂ 'ਤੇ ਤਸ਼ੱਦਦ ਦੀ ਨਿੰਦਾ

**ਲੌਂਗੋਵਾਲ (ਪ੍ਰਦੀਪ ਸੱਪਲ)** : ਦੇਸ਼ ਭਗਤ ਯਾਦਗਾਰ ਲੌਂਗੋਵਾਲ ਲੋਕ ਵਿਰੋਧੀ ਜਾਬਰ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ 'ਤੇ ਪੰਜਾਬ ਪੁਲਸ ਵੱਲੋਂ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਆਗੂਆਂ ਦੇ ਘਰਾਂ 'ਤੇ ਛਾਪੇਮਾਰੀ ਕਰਕੇ ਪਿੰਡਾਂ ਵਿੱਚ ਦਹਿਸ਼ਤ ਦਾ ਮਾਹੌਲ ਬਣਾਉਣ, ਆਗੂਆਂ/ਕਾਰਕੁਨਾਂ ਦੀਆਂ ਗ੍ਰਿਫਤਾਰੀਆਂ ਕੀਤੇ ਜਾਣ, ਜਿਉਂਦ ਵਿੱਚ ਪਿੰਡ ਦੀ ਘੇਰਾਬੰਦੀ ਕਰਕੇ ਅੱਥਰੂ ਗੈਸ ਦੇ ਗੋਲੇ ਵਰ੍ਹਾ ਕੇ ਜਲ੍ਹਿਆਂ ਵਾਲੇ ਬਾਗ ਦੀ ਯਾਦ ਦਿਵਾਉਣ, ਹੋਰ ਅਨੇਕਾਂ ਥਾਵਾਂ 'ਤੇ ਬੇਤਹਾਸ਼ਾ ਲਾਠੀਚਾਰਜ ਕਰਨ ਅਤੇ ਹੋਰ ਹਰ ਕਿਸਮ ਦਾ ਜਬਰ ਢਾਹੇ ਜਾਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ।ਯਾਦਗਾਰ ਜਥੇਬੰਦੀ ਵੱਲੋਂ ਲੜੇ ਜਾ ਰਹੇ ਇਸ ਹੱਕੀ ਸੰਘਰਸ਼ ਦੀ ਹਮਾਇਤ ਕਰਦਿਆਂ ਗ੍ਰਿਫਤਾਰ ਆਗੂਆਂ, ਕਿਸਾਨਾਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕਰਦੀ ਹੈ। ਯਾਦਗਾਰ ਦੇ ਪ੍ਰਧਾਨ ਬਲਬੀਰ ਲੌਂਗੋਵਾਲ, ਸਕੱਤਰ ਜੁਝਾਰ ਲੌਂਗੋਵਾਲ, ਮੀਤ ਪ੍ਰਧਾਨ ਰਣਜੀਤ ਸਿੰਘ, ਵਿੱਤ ਮੁਖੀ ਅਨਿਲ ਸ਼ਰਮਾ ਤੇ ਪ੍ਰੈੱਸ ਸਕੱਤਰ ਲਖਵੀਰ ਲੌਂਗੋਵਾਲ ਨੇ ਇਸ ਨੂੰ ਲੋਕਤੰਤਰ ਦਾ ਸ਼ਰੇਆਮ ਹੋ ਰਿਹਾ ਘਾਣ ਗਰਦਾਨਿਆ।ਇਸ ਮੌਕੇ ਗੁਰਮੇਲ ਸਿੰਘ, ਦਾਤਾ ਸਿੰਘ ਨਮੋਲ, ਚਰਨਜੀਤ ਪਟਵਾਰੀ, ਕਮਲਜੀਤ ਵਿੱਕੀ, ਕੇਵਲ ਸਿੰਘ, ਮਾ. ਚੰਦਰ ਸ਼ੇਖਰ, ਬਲਵੰਤ ਬੀਟਾ, ਗੁਰਜੀਤ ਸਿੰਘ, ਬਲਬੀਰ ਬੱਬੀ, ਜਸਵਿੰਦਰ ਜੱਸੂ, ਵਿੱਕੀ ਮੰਗਲਾ, ਕੇਵਲ ਸਿੰਘ, ਬੱਗਾ ਸਿੰਘ ਨਮੋਲ ਆਦਿ ਆਗੂ ਹਾਜ਼ਰ ਸਨ।

## ਐਡਵੋਕੇਟ ਜੱਸ ਨੇ ਵਿਧਾਨ ਸਭਾ ਚੋਣਾਂ ਲਈ ਖਿੱਚੀ ਤਿਆਰੀ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਪਿਛਲੇ ਲੰਮੇ ਸਮੇਂ ਤੋਂ ਹਲਕਾ ਰਾਮਪੁਰਾ ਫੂਲ ਵਿੱਚ ਮੁੱਖ ਸੇਵਾਦਾਰ ਵਜੋਂ ਵਿਚਰ ਰਹੇ ਕਾਂਗਰਸੀ ਪਾਰਟੀ ਦੇ ਸੀਨੀਅਰ ਆਗੂ ਤੇ ਪੰਚਾਇਤੀ ਰਾਜ ਸੰਗਠਨ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਜਸਵਿੰਦਰ ਸਿੰਘ ਜੱਸ ਨੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਪੂਰੀ ਤਿਆਰੀ ਖਿੱਚੀ ਹੋਈ ਹੈ ਤੇ ਉਹ ਹਲਕੇ ਦੇ ਹਰ ਪਿੰਡ ਵਿੱਚ ਜਾ ਕੇ ਲੋਕਾਂ ਨਾਲ ਮੀਟਿੰਗਾਂ ਕਰ ਰਹੇ ਹਨ।ਰਾਮਪੁਰਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਤੋਂ ਹਲਕਾ ਰਾਮਪੁਰਾ ਫੂਲ ਦੇ ਲੋਕਾਂ ਨਾਲ ਵਿਚਾਰ ਰਹੇ ਹਨ ਤੇ ਲੋਕਾਂ ਵੱਲੋਂ ਬਹੁਤ ਪਿਆਰ ਸਤਿਕਾਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਪਾਰਟੀ 'ਤੇ ਪੂਰਨ ਵਿਸ਼ਵਾਸ ਹੈ ਕਿ ਪਾਰਟੀ ਲਈ ਕੀਤੀ ਮਿਹਨਤ ਸਦਕਾ ਪਾਰਟੀ ਟਿਕਟ ਦੇਵੇਗੀ ਤੇ ਜੇਕਰ ਪਾਰਟੀ ਨੇ ਟਿਕਟ ਦਿੱਤੀ ਤਾਂ ਉਹ ਵੱਡੀ ਲੀਡ ਨਾਲ ਇਹ ਸੀਟ ਜਿੱਤ ਕੇ ਪਾਰਟੀ ਦੀ ਝੋਲੀ ਪਾਉਣਗੇ, ਕਿਉਂਕਿ ਹਲਕੇ ਦੇ ਲੋਕ ਆਪ ਸਰਕਾਰ ਤੋਂ ਅੱਕੇ ਪਏ ਹਨ, ਹਰ ਰੋਜ਼ ਕਤਲ ਹੋ ਰਹੇ ਹਨ, ਕਾਨੂੰਨ ਵਿਵਸਥਾ ਨਾਮ ਦੀ ਕੋਈ ਚੀਜ਼ ਨਹੀਂ ਹੈ ਤੇ ਹਰ ਰੋਜ਼ ਵਪਾਰੀਆਂ ਤੋਂ ਫ਼ਿਰੌਤੀਆਂ ਮੰਗੀਆਂ ਜਾ ਰਹੀਆਂ ਹਨ।



## ਜੇਈਈ ਮੇਨ ਪ੍ਰੀਖਿਆ 'ਚ ਮੈਰੀਟੋਰੀਅਸ ਸਕੂਲ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਇਲਾਕੇ ਦੀ ਮੋਹਰੀ ਵਿੱਦਿਅਕ ਸੰਸਥਾ ਸਾਰਾਗੜ੍ਹੀ ਮੈਮੋਰੀਅਲ ਮੈਰੀਟੋਰੀਅਸ ਸਕੂਲ ਹਕੂਮਤ ਸਿੰਘ ਵਾਲਾ ਫਿਰੋਜ਼ਪੁਰ ਦੇ ਵਿਦਿਆਰਥੀਆਂ ਨੇ ਜੇਈਈ ਮੇਨ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸਾਲ ਕੁੱਲ 23 ਵਿਦਿਆਰਥੀਆਂ ਨੇ ਪ੍ਰੀਖਿਆ ਵਿੱਚ ਸ਼ਲਾਘਾਯੋਗ ਨਤੀਜੇ ਹਾਸਲ ਕਰਕੇ ਆਪਣੀ ਮਿਹਨਤ, ਅਨੁਸ਼ਾਸਨ ਤੇ ਲਗਨ ਦਾ ਪ੍ਰਮਾਣ ਦਿੱਤਾ ਹੈ। ਸਕੂਲ ਦੇ ਪ੍ਰਿੰਸੀਪਲ ਡਾ. ਸਤਿੰਦਰ ਸਿੰਘ (ਨੈਸ਼ਨਲ ਅਵਾਰਡੀ) ਨੇ ਸਫਲ ਵਿਦਿਆਰਥੀਆਂ, ਉਨ੍ਹਾਂ ਦੇ ਮਾਤਾ-ਪਿਤਾ ਤੇ ਅਧਿਆਪਕਾਂ ਨੂੰ ਦਿਲੋਂ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਨਿਰੰਤਰ ਮਿਹਨਤ ਤੇ ਅਧਿਆਪਕਾਂ ਦੀ ਮਾਰਗਦਰਸ਼ਨ ਦਾ ਪਰਿਣਾਮ ਹਨ। ਉਨ੍ਹਾਂ ਕਿਹਾ ਕਿ ਸਕੂਲ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸ਼ਲਾਘਾਯੋਗ ਨਤੀਜੇ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਆਰਥਿਕ ਪੱਖੋਂ ਕਮਜ਼ੋਰ ਪਰਿਵਾਰਾਂ ਦੇ ਹੁਸ਼ਿਆਰ ਬੱਚਿਆਂ ਲਈ ਇਹ ਸਕੂਲ ਲਗਾਤਾਰ ਚਾਨਣ ਮੁਨਾਰਾ ਬਣ ਰਿਹਾ ਹੈ। ਵਾਇਸ ਪ੍ਰਿੰਸੀਪਲ ਸੁਕੀਰਤੀ ਸ਼ਰਮਾ ਤੇ ਲੈਕਚਰਾਰ ਗਿਨੀ ਬਾਂਸਲ ਜੋ ਕਿ ਮੁਕਾਬਲੇ ਪ੍ਰੀਖਿਆਵਾਂ ਦੇ ਕੋਆਰਡੀਨੇਟਰ ਹਨ, ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਵੱਲੋਂ ਵਿਦਿਆਰਥੀਆਂ ਨੂੰ ਵਿਸ਼ੇਸ਼ ਤਿਆਰੀ ਕਲਾਸਾਂ, ਮਾਕ ਟੈਸਟ ਤੇ ਵਿਅਕਤੀਗਤ ਮਾਰਗਦਰਸ਼ਨ ਮੁਹੱਈਆ ਕਰਵਾਇਆ ਗਿਆ, ਜਿਸ ਨਾਲ ਇਹ ਸ਼ਾਨਦਾਰ ਨਤੀਜੇ ਸੰਭਵ ਹੋਏ, ਜਿਸ ਵਿੱਚ ਅਭਿਸ਼ੇਕ ਨੇ 88.50 ਫੀਸਦੀ, ਸੁਜਲ ਕੰਬੋਜ ਨੇ 88.30 ਫੀਸਦੀ, ਅੰਜੂ ਰਾਣਾ ਤੇ ਪਾਰਸ ਨੇ 83.27 ਫੀਸਦੀ ਅੰਕ ਹਾਸਲ ਕਰਕੇ ਦੇਸ਼ ਦੇ ਨਾਮਵਰ ਇੰਜਨੀਰਿੰਗ ਕਾਲਜਾਂ ਵਿੱਚ ਦਾਖਲੇ ਲਈ ਰਾਹ ਪੱਧਰਾ ਕੀਤਾ ਹੈ। ਸਕੂਲ ਪ੍ਰਬੰਧਕ ਟੀਮ ਨੇ ਇਸ ਉਪਲਬਧੀ ਨੂੰ ਵਿਦਿਆਰਥੀਆਂ ਦੀ ਲਗਾਤਾਰ ਮਿਹਨਤ ਤੇ ਸਕੂਲ ਦੇ ਅਕਾਦਮਿਕ ਵਾਤਾਵਰਣ ਦੀ ਸਫਲਤਾ ਦੱਸਿਆ ਹੈ। ਅੰਤ ਵਿੱਚ ਸਕੂਲ ਵਾਇਸ ਪ੍ਰਿੰਸੀਪਲ ਸੁਕੀਰਤੀ ਸ਼ਰਮਾ ਤੇ ਲੈਕਚਰਾਰ ਗਿੰਨੀ ਬਾਂਸਲ ਮਿੰਕਲ, ਮੀਡੀਆ ਕੋਆਰਡੀਨੇਟਰ ਅਮਨਦੀਪ ਕੌਰ, ਗੁਰਪ੍ਰੀਤ ਕੌਰ, ਵੰਦਨਾ, ਰਾਹੁਲ ਗੌਤਮ, ਅਮਰ ਵਰਮਾ, ਜਸਵਿੰਦਰ ਸਿੰਘ ਤੇ ਮਨੋਜ ਕੁਮਾਰ ਨੇ ਇਨ੍ਹਾਂ ਵਿਦਿਆਰਥੀਆਂ ਨੂੰ ਵੱਲੋਂ ਸਾਰੇ ਸਫਲ ਵਿਦਿਆਰਥੀਆਂ ਦਾ ਸਨਮਾਨ ਕਰਦਿਆਂ, ਉਨ੍ਹਾਂ ਦੇ ਉਜਵੱਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।



## ਮਨੋਜ ਭੱਲਾ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਮੋਗਾ ਦੇ ਕਾਰਜਕਾਰੀ ਪ੍ਰਧਾਨ ਚੁਣੇ

**ਬੱਧਨੀ (ਲਵਲੀ ਮਾਛੀਕੇ)** ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੀ ਜ਼ਿਲ੍ਹਾ ਮੋਗਾ ਇਕਾਈ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ।ਬੱਧਨੀ ਕਲਾਂ ਦੇ ਇੱਕ ਪੈਲੇਸ ਵਿਖੇ ਸੂਬਾ ਪ੍ਰਧਾਨ ਜੈ ਸਿੰਘ ਛਿੱਬਰ ਦੀ ਪ੍ਰਧਾਨਗੀ ਹੇਠ ਸੂਬਾ ਸਕੱਤਰ ਜਨਰਲ ਸੰਤੋਖ ਸਿੰਘ ਗਿੱਲ ਨੇ ਨਵੀਂ ਟੀਮ ਦੇ ਅਹੁਦੇਦਾਰਾਂ ਦੀ ਚੋਣ ਦਾ ਐਲਾਨ ਕੀਤਾ, ਜਿਸ ਨੂੰ ਹਾਊਸ ਨੇ ਸਰਬਸੰਮਤੀ ਨਾਲ ਪ੍ਰਵਾਨਗੀ ਦੇ ਦਿੱਤੀ।ਇਸ ਮੌਕੇ ਮਨੋਜ ਭੱਲਾ ਕਾਰਜਕਾਰੀ ਪ੍ਰਧਾਨ, ਜਗਸੀਰ ਸ਼ਰਮਾ ਜ਼ਿਲ੍ਹਾ ਸਰਪ੍ਰਸਤ, ਸੁਰਿੰਦਰ ਸਿੰਘ ਮਾਨ ਚੇਅਰਮੈਨ, ਗੋਪੀ ਰਾਊਕੇ ਵਾਈਸ ਚੇਅਰਮੈਨ, ਰਣਜੀਤ ਬਾਵਾ ਸੀਨੀਅਰ ਮੀਤ ਪ੍ਰਧਾਨ, ਮਨਪ੍ਰੀਤ ਸਿੰਘ ਮੱਲੇਆਣਾ ਸਕੱਤਰ ਜਨਰਲ, ਤਰਸੇਮ ਸਚਦੇਵਾ, ਨਿਰਭੈ ਸਿੰਘ ਦਾਰਾ ਭਾਗੀਕੇ ਤੇ ਕਿਰਨਦੀਪ ਸਿੰਘ ਬੰਬੀਹਾ ਮੀਤ ਪ੍ਰਧਾਨ, ਗੁਰਪ੍ਰੀਤ ਸਿੰਘ ਦੌਧਰ, ਬਿੱਟੂ ਗਰੋਵਰ ਤੇ ਜਗਜੀਤ ਸਿੰਘ ਖਾਈ ਸਕੱਤਰ, ਮਿੰਟੂ ਖੁਰਮੀ ਹਿੰਮਤਪੁਰਾ ਪ੍ਰੈੱਸ ਸਕੱਤਰ, ਰਾਜਿੰਦਰ ਸਿੰਘ ਖੋਟੇ ਖਜ਼ਾਨਚੀ, ਨਿਰਮਲਜੀਤ ਸਿੰਘ ਧਾਲੀਵਾਲ, ਜਗਵੀਰ ਸਿੰਘ ਅਜ਼ਾਦ, ਸੰਜੀਵ ਬਾਵਾ, ਰਾਜਵਿੰਦਰ ਸਿੰਘ ਰੌਂਤਾ, ਰਾਜੇਸ਼ ਤ੍ਰਿਪਾਠੀ ਤੇ ਨਿਰਮਲ ਕਾਲੜਾ ਕਮੇਟੀ ਮੈਂਬਰ ਚੁਣੇ ਗਏ। ਇਸ ਮੌਕੇ ਸੂਬਾ ਪ੍ਰਧਾਨ ਜੈ ਸਿੰਘ ਛਿੱਬਰ ਨੇ ਕਿਹਾ ਕਿ ਅਜੋਕੇ ਸਮੇਂ ਦੀਆਂ ਦਰਪੇਸ਼ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਮਜ਼ਬੂਤ ਜਥੇਬੰਦੀ ਦੀ ਸਖ਼ਤ ਜ਼ਰੂਰਤ ਹੈ।ਉਨ੍ਹਾਂ ਜਥੇਬੰਦੀ ਦੀਆਂ ਪ੍ਰਾਪਤੀਆਂ ਅਤੇ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਇਸ ਦੀ ਬਣਤਰ ਬਾਰੇ ਵੀ ਦੱਸਿਆ।ਸਕੱਤਰ ਜਨਰਲ ਸੰਤੋਖ ਸਿੰਘ ਗਿੱਲ ਨੇ ਅੰਕੜਿਆਂ ਸਾਹਿਤ ਪੱਤਰਕਾਰਤਾ ਦੇ ਖ਼ੇਤਰ ਦੀਆਂ ਸਮੱਸਿਆਵਾਂ ਬਾਰੇ ਰੌਸ਼ਨੀ ਪਾਉਂਦਿਆਂ ਸਾਰਿਆਂ ਨੂੰ ਇਕਜੁੱਟ ਹੋਣ ਦਾ ਸੱਦਾ ਦਿੱਤਾ।ਸੁਖਨੈਬ ਸਿੰਘ ਸਿੱਧੂ ਮੈਂਬਰ ਕੌਮੀ ਕੌਂਸਲ ਨੇ ਵੀ ਜਥੇਬੰਦੀ ਦੀ ਲੋੜ ਬਾਰੇ ਰੌਸ਼ਨੀ ਪਾਉਂਦਿਆਂ ਨਵੀਂ ਟੀਮ ਨੂੰ ਮੁਬਾਰਕਬਾਦ ਦਿੱਤੀ।ਪ੍ਰਿੰਸੀਪਲ ਭੁਪਿੰਦਰ ਸਿੰਘ ਢਿੱਲੋਂ ਨੇ ਮੰਚ ਸੰਚਾਲਕ ਦੇ ਫਰਜ਼ ਬਾਖ਼ੂਬੀ ਨਿਭਾਏ। ਇਸ ਮੌਕੇ ਯੂਨੀਅਨ ਦੇ ਸੂਬਾ ਸਕੱਤਰ ਵੀਰਪਾਲ ਸਿੰਘ ਭਗਤਾ, ਸੂਬਾ ਕਮੇਟੀ ਮੈਂਬਰ ਗੁਰਤੇਜ ਸਿੰਘ ਸਿੱਧੂ, ਸੁਖਪਾਲ ਸਿੰਘ ਸੋਨੀ ਪ੍ਰਧਾਨ ਪ੍ਰੈੱਸ ਕਲੱਬ ਭਗਤਾ, ਰਾਜਿੰਦਰਪਾਲ ਸ਼ਰਮਾ ਆਦਿ ਮੌਜੂਦ ਸਨ।ਇਸ ਮੌਕੇ ਜ਼ਿਲ੍ਹਾ ਮੋਗਾ ਦੇ ਵੱਖ ਵੱਖ ਖ਼ੇਤਰਾਂ ਦੇ ਪੱਤਰਕਾਰਾਂ ਨੇ ਭਰਵੀਂ ਸ਼ਮੂਲੀਅਤ ਕੀਤੀ।



## ਦਿੜ੍ਹਬਾ ਪੁਲਸ ਵੱਲੋਂ 1 ਮੁਲਜ਼ਮ ਗ੍ਰਿਫਤਾਰ, 11 ਕਿੱਲੋ ਭੁੱਕੀ ਬਰਾਮਦ

**ਦਿੜ੍ਹਬਾ, (ਪ੍ਰਵੀਨ ਸਿੰਘ)** ਸਰਤਾਜ ਸਿੰਘ ਚਾਹਲ, ਐਸ.ਐਸ.ਪੀ ਵੱਲੋਂ ਦੱਸਿਆ ਕਿ ਸਬ ਡਵੀਜ਼ਨ ਦਿੜ੍ਹਬਾ ਪੁਲਿਸ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਤੇ 'ਪਿੰਡਾਂ ਦੇ ਪਹਿਰੇਦਾਰ' ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਡਰੱਗ ਦਾ 01 ਮੁਕੱਦਮਾ ਦਰਜ ਕਰਕੇ 01 ਕਥਿਤ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 11 ਕਿੱਲੋ ਭੁੱਕੀ ਬਰਾਮਦ ਕੀਤੀ ਗਈ ਅਤੇ ਨਸ਼ੇ ਦੀ ਦਲਦਲ ਵਿੱਚ ਫਸੇ 04 ਵਿਅਕਤੀਆਂ ਨੂੰ ਸੈਂਟਰ ਵਿੱਚੋਂ ਦਵਾਈ ਦਿਵਾਈ ਗਈ ਹੈ।ਇਸ ਅਰਸੇ ਦੌਰਾਨ ਪਬਲਿਕ ਦੇ ਗੁੰਮ/ਚੋਰੀ ਹੋਏ 35 ਮੋਬਾਈਲ ਫੋਨ ਟਰੇਸ ਕਰ ਕੇ ਪਬਲਿਕ ਦੇ ਸਪੁਰਦ ਕੀਤੇ ਗਏ ਹਨ। ਇਸ ਤੋਂ ਇਲਾਵਾ ਟ੍ਰੈਫ਼ਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਕਰੀਬ 107 ਚਲਾਨ ਕੀਤੇ ਗਏ ਅਤੇ ਇੱਕ ਵਾਹਨ ਨੂੰ 207 ਐਮ.ਵੀ. ਐਕਟ ਤਹਿਤ ਜ਼ਬਤ ਕੀਤਾ ਗਿਆ। ਇਸ ਤੋਂ ਇਲਾਵਾ ਅਮਨ ਕਾਨੂੰਨ 'ਚ ਖਲਲ ਪਾਉਣ ਵਾਲੇ 5 ਵਿਅਕਤੀਆਂ ਖਿਲਾਫ ਪ੍ਰੀਵੈਂਟਿਵ ਕਾਰਵਾਈ ਕੀਤੀ ਗਈ।ਇਲਾਕੇ ਵਿੱਚ ਆਮ ਪਬਲਿਕ ਦੀ ਸੁਰੱਖਿਆ ਦੇ ਮੱਦੇਨਜ਼ਰ ਦਿਨ-ਰਾਤ ਨਾਕੇਬੰਦੀ ਤੇ ਪੈਟਰੋਲਿੰਗ ਦੌਰਾਨ 79 ਸ਼ੱਕੀ ਵਿਅਕਤੀਆਂ ਖਿਲਾਫ 172 ਬੀ.ਐਨ.ਐਸ.ਐਸ. ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਅਤੇ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।

## ਵਿਧਾਇਕ ਜਗਦੀਪ ਕੰਬੋਜ ਗੋਲਡੀ ਦੇ ਘਰ ਅੱਗੇ ਧਰਨਾ ਭਲਕੇ



**ਜਲਾਲਾਬਾਦ (ਬਲਵਿੰਦਰ ਸਿੰਘ, ਰਣਬੀਰ ਕੌਰ)** ਸੰਯੁਕਤ ਕਿਸਾਨ ਮੋਰਚੇ ਦੀ ਮੀਟਿੰਗ ਬੀ.ਕੇ.ਯੂ ਉਗਰਾਹਾਂ ਦੇ ਜ਼ਿਲ੍ਹਾ ਮੀਤ ਪ੍ਰਧਾਨ ਗੁਰਮੀਤ ਸਿੰਘ ਦੀ ਪ੍ਰਧਾਨਗੀ ਹੇਠ ਜਲਾਲਾਬਾਦ ਬਲਾਕ ਦੀ ਮੀਟਿੰਗ ਮਾਰਕਿਟ ਕਮੇਟੀ ਦਫ਼ਤਰ ਵਿਖੇ ਕੀਤੀ ਗਈ। ਮੀਟਿੰਗ ਨੇ ਫੈਸਲਾ ਕੀਤਾ ਕਿ 22 ਤਰੀਕ ਨੂੰ ਐਮ ਐਲ ਏ ਜਗਦੀਪ ਕੰਬੋਜ ਗੋਲਡੀ ਦੇ ਘਰ ਅੱਗੇ 11 ਤੋਂ 3 ਵਜੇ ਤੱਕ ਧਰਨਾ ਦਿੱਤਾ ਜਾਵੇਗਾ। ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਢੰਡੀਆਂ, ਬੀ ਕੇ ਯੂ ਡਕੌਂਦਾ ਬੁਰਜ ਗਿੱਲ ਦੇ ਆਗੂ ਗੁਰਵਿੰਦਰ ਸਿੰਘ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਸੁਖਚੈਨ ਸਿੰਘ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਕਰਨੈਲ ਸਿੰਘ ਨੇ ਕਿਹਾ ਕਿ ਕੇਂਦਰ ਦੀ ਬੀਜੇਪੀ ਸਰਕਾਰ ਨੇ ਬਿਜਲੀ ਬਿੱਲ ਬੀਜ ਬਿੱਲ ਲੇਬਰ ਕੋਡ, ਨਰੇਗਾ ਕਾਨੂੰਨ ਨੂੰ ਖਤਮ ਕਰਨ ਤੇ ਅਮਰੀਕਾ ਦੇ ਨਾਲ ਮੁਕਤ ਵਪਾਰ ਸਮਝੌਤੇ ਖੇਤੀ ਖੇਤਰ ਸਹਾਇਕ ਧੰਦਿਆਂ ਦਾ ਕੀਤਾ ਹੈ। ਇਹ ਦੇਸ਼ ਦੀ ਕਿਸਾਨੀ ਤੇ ਮਜ਼ਦੂਰ ਤਬਕੇ ਨੂੰ ਉਜਾੜ ਦੇਣ ਵਾਲਾ ਸਮਝੌਤਾ ਹੈ।ਇਸ ਨੂੰ ਰੱਦ ਕਰਾਉਣ ਲਈ ਮਿਹਨਤਕਸ਼ ਲੋਕਾਂ ਦਾ ਲਾਮਬੰਦ ਹੋਣਾ ਬੇਹੱਦ ਜ਼ਰੂਰੀ ਹੈ।22 ਤਰੀਕ ਦੇ ਧਰਨਿਆਂ 'ਚ ਵੱਧ ਤੋਂ ਵੱਧ ਲੋਕਾਂ ਨੂੰ ਪਹੁੰਚਣ ਦੀ ਅਪੀਲ ਕੀਤੀ ਗਈ।

## ਰਾਜਸਥਾਨ ਦੇ ਪੱਤਰਕਾਰਾਂ ਵੱਲੋਂ ਪੀ ਜੀ ਆਈ ਦੀ ਕਾਰਗੁਜ਼ਾਰੀ ਦੀ ਸ਼ਲਾਘਾ

**ਸਮਰਾਲਾ (ਸੁਰਜੀਤ ਸਿੰਘ)**- ਰਾਜਸਥਾਨ ਦੇ ਜੈਪੁਰ ਤੋਂ ਆਏ 11 ਡਿਜੀਟਲ ਮੀਡੀਆ ਦੇ ਪੱਤਰਕਾਰਾਂ ਦੇ ਪ੍ਰਤੀਨਿਧੀ ਮੰਡਲ ਨੇ ਬੀਤੇ ਦਿਨ ਪੀਜੀਆਈ ਚੰਡੀਗੜ੍ਹ ਦਾ ਦੌਰਾ ਕੀਤਾ।ਡੈਲੀਗੇਸ਼ਨ ਦਾ ਸਵਾਗਤ ਪ੍ਰੋ. ਵਿਪਿਨ ਕੌਸ਼ਲ ਮੈਡੀਕਲ ਸੁਪਰਿੰਟੈਂਡੈਂਟ ਵੱਲੋਂ ਕੀਤਾ ਗਿਆ।ਉਨ੍ਹਾਂ ਸੰਸਥਾ ਦੀਆਂ ਕਲੀਨਿਕਲ ਸੇਵਾਵਾਂ, ਮਰੀਜ਼ ਦੇਖਭਾਲ ਪ੍ਰਣਾਲੀਆਂ ਤੇ ਸਰਕਾਰੀ ਸਿਹਤ ਸੇਵਾਵਾਂ ਨੂੰ ਮਜ਼ਬੂਤ ਬਣਾਉਣ ਲਈ ਕੀਤੀਆਂ ਜਾ ਰਹੀਆਂ ਸੁਧਾਰਕ ਪਹਿਲ ਕਦਮੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਡਾ. ਨਵੀਨ ਪਾਂਡੇ ਐਡੀਸ਼ਨਲ ਪ੍ਰੋਫੈਸਰ ਹਸਪਤਾਲ ਪ੍ਰਸ਼ਾਸਨ ਵਿਭਾਗ ਨੇ ਆਯੁਸ਼ਮਾਨ ਭਾਰਤ ਤੇ ਪ੍ਰਧਾਨ ਮੰਤਰੀ ਅਰੋਗਯ ਯੋਜਨਾ ਦੀ ਜਾਣਕਾਰੀ ਦਿੱਤੀ, ਜਿਸ ਦੇ ਤਹਿਤ ਪੀਜੀਆਈ ਨੇ ਵੱਖ ਵੱਖ ਗੰਭੀਰ ਬਿਮਾਰੀਆਂ, ਜਿਨ੍ਹਾਂ 'ਚ ਮੁੱਖ ਤੌਰ 'ਤੇ ਮੈਡੀਕਲ ਓਨਕੋਲੋਜੀ, ਜਨਰਲ ਮੈਡੀਸਨ, ਕਾਰਡੀਓਲੋਜੀ, ਨਿਊਰੋਸਰਜਰੀ, ਆਰਥੋਪੀਡਿਕਸ ਤੇ ਕਿਡਨੀ ਟ੍ਰਾਂਸਪਲਾਂਟੇਸ਼ਨ ਆਦਿ ਦਾ ਇਲਾਜ ਕੀਤਾ ਗਿਆ। ਡੈਲੀਗੇਸ਼ਨ ਨੂੰ ਪੂਅਰ ਪੇਸ਼ੈਂਟ ਵੈੱਲਫੇਅਰ ਫੰਡ ਬਾਰੇ ਵੀ ਜਾਣਕਾਰੀ ਦਿੱਤੀ ਗਈ, ਜੋ ਗਰੀਬ ਤੇ ਆਰਥਿਕ ਤੌਰ 'ਤੇ ਕਮਜ਼ੋਰ ਮਰੀਜ਼ਾਂ ਦੇ ਗੰਭੀਰ ਇਲਾਜ ਲਈ ਸਹਾਇਤਾ ਪ੍ਰਦਾਨ ਕਰਦਾ ਹੈ।ਡੈਲੀਗੇਸ਼ਨ ਨੂੰ ਅੰਗਦਾਨ ਤੇ ਟ੍ਰਾਂਸਪਲਾਂਟੇਸ਼ਨ ਖੇਤਰ ਵਿੱਚ ਪੀਜੀਆਈ ਦੀਆਂ ਮਹੱਤਵਪੂਰਨ ਉਪਲਬਧੀਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ।ਦੌਰੇ ਦੌਰਾਨ ਪੱਤਰਕਾਰਾਂ ਨੇ ਆਯੂਸ਼ਮਾਨ ਭਾਰਤ ਯੋਜਨਾ ਦੇ ਲਾਭਪਾਤਰੀਆਂ ਨਾਲ ਭੇਟ ਕੀਤੀ, ਜਿਨ੍ਹਾਂ ਨੇ ਬਿਨਾਂ ਆਰਥਿਕ ਬੋਝ ਦੇ ਅਗੇਤਰੀ ਇਲਾਜ ਪ੍ਰਾਪਤ ਕਰਨ ਲਈ ਆਪਣਾ ਅਨੁਭਵ ਸਾਂਝਾ ਕਰਦੇ ਹੋਏ ਧੰਨਵਾਦ ਪ੍ਰਗਟਾਇਆ। ਡੈਲੀਗੇਸ਼ਨ ਨੇ ਸੰਜੈ ਭਡਾਨਾ ਮੁਖੀ ਐਂਡੋਕ੍ਰਿਨੋਲੋਜੀ ਵਿਭਾਗ ਨਾਲ ਵੀ ਮੁਲਾਕਾਤ ਕੀਤੀ।ਆਖ਼ਿਰ ਵਿੱਚ ਪੱਤਰਕਾਰਾਂ ਨੇ ਦੇਸ਼ ਭਰ ਦੇ ਮਰੀਜ਼ਾਂ ਲਈ ਕਿਫਾਇਤੀ ਤੇ ਉੱਚ ਗੁਣਵੱਤਾ ਵਾਲੀਆਂ ਤੀਸਰੇ ਪੱਧਰ ਦੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਪੀਜੀਆਈ ਦੇ ਵਿਸ਼ਾਲ ਪੱਧਰ, ਕੁਸ਼ਲਤਾ ਤੇ ਮਨੁੱਖਤਾ-ਪ੍ਰਧਾਨ ਰਵੱਈਏ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ।



## ਅੰਮ੍ਰਿਤਸਰ-ਮਾਨਸੀ ਵਿਚਕਾਰ ਸਪੈਸ਼ਲ ਐਕਸਪ੍ਰੈੱਸ ਰੇਲਗੱਡੀ ਚਲਾਉਣ ਦਾ ਫੈਸਲਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਰੇਲਵੇ ਵੱਲੋਂ ਮੁਸਾਫ਼ਰਾਂ ਦੀ ਸਹੂਲਤ ਤੇ ਆਉਣ-ਜਾਣ ਨੂੰ ਸੁਖਾਲਾ ਬਣਾਉਣ ਲਈ ਅੰਮ੍ਰਿਤਸਰ ਤੇ ਮਾਨਸੀ ਵਿਚਕਾਰ 'ਰਿਜ਼ਰਵਡ ਸਪੈਸ਼ਲ ਐਕਸਪ੍ਰੈੱਸ' ਰੇਲਗੱਡੀਆਂ ਚਲਾਉਣ ਦਾ ਐਲਾਨ ਕੀਤਾ ਗਿਆ ਹੈ। ਉੱਤਰ ਰੇਲਵੇ ਫਿਰੋਜ਼ਪੁਰ ਦੇ ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਗੱਡੀ ਨੰਬਰ 04610 (ਅੰਮ੍ਰਿਤਸਰ ਤੋਂ ਮਾਨਸੀ) ਇਹ ਵਿਸ਼ੇਸ਼ ਰੇਲਗੱਡੀ ਅੰਮ੍ਰਿਤਸਰ ਤੋਂ ਮਾਨਸੀ ਲਈ ਮਿਤੀ 24.02.2026, 28.02.2026 ਅਤੇ 04.03.2026 (ਕੁੱਲ ਤਿੰਨ ਗੇੜੇ) ਨੂੰ ਚੱਲੇਗੀ। ਇਹ ਗੱਡੀ ਅੰਮ੍ਰਿਤਸਰ ਤੋਂ ਰਾਤ 20:10 ਵਜੇ ਰਵਾਨਾ ਹੋਵੇਗੀ ਅਤੇ ਲਗਭਗ 30 ਘੰਟਿਆਂ ਦਾ ਸਫ਼ਰ ਤੈਅ ਕਰਕੇ ਰਾਤ 02.30 ਵਜੇ ਮਾਨਸੀ ਪਹੁੰਚੇਗੀ। ਉਨ੍ਹਾਂ ਕਿਹਾ ਕਿ ਗੱਡੀ ਨੰਬਰ 04609 (ਮਾਨਸੀ ਤੋਂ ਅੰਮ੍ਰਿਤਸਰ) ਵਾਪਸੀ ਵਿੱਚ ਇਹ ਗੱਡੀ ਮਾਨਸੀ ਤੋਂ ਅੰਮ੍ਰਿਤਸਰ ਲਈ ਮਿਤੀ 26.02.2026, 02.03.2026 ਤੇ 06.03.2026 (ਕੁੱਲ ਤਿੰਨ ਗੇੜੇ) ਨੂੰ ਚੱਲੇਗੀ। ਇਹ ਰੇਲਗੱਡੀ ਮਾਨਸੀ ਤੋਂ ਸਵੇਰੇ 4 ਵਜੇ ਰਵਾਨਾ ਹੋ ਕੇ ਲਗਭਗ 33 ਘੰਟਿਆਂ ਬਾਅਦ ਦੁਪਹਿਰ 13.15 ਵਜੇ ਅੰਮ੍ਰਿਤਸਰ ਪਹੁੰਚੇਗੀ। ਉਨ੍ਹਾਂ ਕਿਹਾ ਕਿ ਯਾਤਰੀਆਂ ਦੀ ਸਹੂਲਤ ਲਈ ਇਹ ਟਰੇਨ ਦੋਵੇਂ ਦਿਸ਼ਾਵਾਂ ਵਿੱਚ ਬਿਆਸ, ਜਲੰਧਰ ਸਿਟੀ, ਫਗਵਾੜਾ, ਢੰਡਾਰੀ ਕਲਾਂ, ਸਰਹਿੰਦ, ਰਾਜਪੁਰਾ, ਅੰਬਾਲਾ ਕੈਂਟ, ਯਮੁਨਾਨਗਰ ਜਗਾਧਰੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਸੀਤਾਪੁਰ, ਗੋਂਡਾ, ਗੋਰਖਪੁਰ, ਸੀਵਾਨ, ਛਪਰਾ, ਸੋਨਪੁਰ, ਹਾਜੀਪੁਰ, ਸ਼ਾਹਪੁਰ ਪਟੌਰੀ, ਬਰੌਨੀ, ਬੇਗੂਸਰਾਏ ਤੇ ਖਗੜੀਆ ਸਟੇਸ਼ਨਾਂ 'ਤੇ ਰੁਕੇਗੀ।

## ਅੱਖਾਂ ਦਾ ਚੈੱਕਅੱਪ ਤੇ ਖ਼ੂਨਦਾਨ ਕੈਂਪ ਅੱਜ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**- ਨੇੜਲੇ ਪਿੰਡ ਝੜੌਦੀ ਵਿਖੇ ਗ੍ਰਾਮ ਪੰਚਾਇਤ ਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਅੱਖਾਂ ਦਾ ਮੁਫ਼ਤ ਚੈੱਕਅੱਪ ਤੇ ਖ਼ੂਨਦਾਨ ਕੈਂਪ 21 ਫਰਵਰੀ ਨੂੰ ਸਕੂਲ ਦੇ ਮੈਦਾਨ ਵਿਚ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਪੰਚ ਬਲਵਿੰਦਰ ਸਿੰਘ ਨੇ ਦੱਸਿਆ ਕਿ ਸਵ. ਗਿਆਨ ਕੌਰ ਦੀ ਯਾਦ ਵਿਚ ਮਾਛੀਵਾੜਾ ਸਾਹਿਬ ਸੋਸ਼ਲ ਵੈਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ ਲਗਾਏ ਜਾ ਰਹੇ ਕੈਂਪ ਵਿਚ ਮਾਹਿਰ ਡਾਕਟਰਾਂ ਮਰੀਜ਼ਾਂ ਦੀ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਜਾਂਚ ਕਰਨਗੇ। ਉਨ੍ਹਾਂ ਕਿਹਾ ਕਿ ਮਰਜ਼ਜਾਂ ਨੂੰ ਲੋੜੀਂਦੀਆਂ ਦਵਾਈਆਂ ਮੁਫ਼ਤ ਦਿੱਤੀਆਂ ਜਾਣਗੀਆਂ। ਸ਼ੰਕਰਾ ਆਈ ਹਸਪਤਾਲ ਦੀ ਟੀਮ ਵਲੋਂ ਲੋੜਵੰਦ ਮਰੀਜ਼ਾਂ ਦੇ ਆਪ੍ਰੇਸ਼ਨ ਵੀ ਮੁਫ਼ਤ ਕੀਤੇ ਜਾਣਗੇ।

## ਯੂ ਜੀ ਸੀ ਐਕਟ ਦੇ ਸਮਰਥਨ 'ਚ ਰਾਸ਼ਟਰਪਤੀ ਦੇ ਨਾਂਅ ਐੱਸ ਡੀ ਐੱਮ ਨੂੰ ਦਿੱਤਾ ਮੰਗ ਪੱਤਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਹਾਲ ਹੀ ਵਿੱਚ ਕਾਨੂੰਨ ਯੂਨੀਵਰਸਿਟੀ ਗ੍ਰਾਂਟ ਕਮਿਸ਼ਨ 2026 (ਯੂ.ਜੀ.ਸੀ. ਐਕਟ 2026) ਉੱਪਰ ਮਾਣਯੋਗ ਸੁਪਰੀਮ ਕੋਰਟ ਵੱਲੋਂ ਰੋਕ ਲਗਾ ਦਿੱਤੀ ਗਈ ਹੈ, ਉਸ ਸਬੰਧ ਵਿੱਚ ਮਾਣਯੋਗ ਐੱਸ.ਡੀ.ਐੱਮ. ਮੈਡਮ ਹਰਜੋਤ ਕੌਰ ਪਟਿਆਲਾ ਨੂੰ ਯੂ.ਜੀ.ਸੀ. ਐਕਟ 2026 ਦੇ ਸਮੱਰਥਨ ਵਿੱਚ ਇੱਕ ਮੰਗ ਪੱਤਰ ਮਾਣਯੋਗ ਰਾਸ਼ਟਰਪਤੀ ਦੇ ਨਾਮ ਦਿੱਤਾ ਗਿਆ। ਇਸ ਵਿੱਚ ਸ਼ਾਮਲ ਜ਼ਿਲ੍ਹਾ ਪ੍ਰਧਾਨ ਮੰਗਲ ਸਿੰਘ (ਰੰਗਰੇਟਾ) ਰਿਪਬਲਿਕਨ ਪਾਰਟੀ ਆਫ ਇੰਡੀਆ ਅਠਾਵਲੇ, ਅਮਰਜੀਤ ਸਿੰਘ ਜਾਗਦੇ ਰਹੋ ਜਨ ਜਨਵਾਦੀ ਪਾਰਟੀ ਦੇ ਪੰਜਾਬ ਪ੍ਰਧਾਨ, ਪ੍ਰੋ. ਸੁਖਵਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਸ੍ਰ. ਪਰਵੀਨ ਸਿੰਘ (ਐੱਸ ਸੀ ਵਿੰਗ ਜ਼ਿਲ੍ਹਾ ਪ੍ਰਧਾਨ ਰਿਪਬਲਿਕਨ ਪਾਰਟੀ ਆਫ ਇੰਡੀਆ ਅਠਾਵਲੇ), ਸੁਰਿੰਦਰ ਸਿੰਘ ਹਲਕਾ ਸਨੌਰ ਪ੍ਰਧਾਨ (ਆਰ ਪੀ ਆਈ ਅਠਾਵਲੇ) ਅਤੇ ਹੋਰ ਕਈ ਸਾਥੀ ਸ਼ਾਮਲ ਹੋਏ। ਜਨ ਜਨਵਾਦੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਰਜੀਤ ਸਿੰਘ ਜਾਗਦੇ ਰਹੋ ਨੇ ਦੱਸਿਆ ਕਿ ਯੂ.ਜੀ.ਸੀ.ਐਕਟ 2026 ਦੇਸ਼ ਦੀ ਉੱਚ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।ਇਹ ਐਕਟ ਯੂਨੀਵਰਸਿਟੀਆਂ ਤੇ ਕਾਲਜਾਂ ਵਿੱਚ ਪਾਰਦਰਸ਼ਤਾ, ਜ਼ਿੰਮੇਵਾਰੀ ਤੇ ਗੁਣਵੱਤਾ ਦੇ ਮਿਆਰਾਂ ਨੂੰ ਸੁਧਾਰਨ ਦਾ ਉਦੇਸ਼ ਰੱਖਦਾ ਹੈ।ਇਸ ਨਾਲ ਵਿਦਿਆਰਥੀਆਂ ਦੇ ਅਕਾਦਮਿਕ ਤੇ ਪੇਸ਼ਾਵਰ ਅਧਿਕਾਰਾਂ ਦੀ ਰੱਖਿਆ ਹੁੰਦੀ ਹੈ।ਜਿਵੇਂ ਕਿ ਨਿਆਂਪੂਰਨ ਦਾਖਲੇ, ਠੀਕ ਅਧਿਆਪਕ ਭਰਤੀ ਤੇ ਇਕਸਾਰ ਅਕਾਦਮਿਕ ਨਿਯਮ ਹਨ।ਇਸ ਮੌਕੇ ਹਰਕ੍ਰਿਸ਼ਨ ਸਿੰਘ ਸੁਰਜੀਤ, ਜਸਵਿੰਦਰ ਸਿੰਘ ਬਿਸ਼ਨਗੜ੍ਹ ਜਨਵਾਦੀ, ਮਨਜੀਤ ਸਿੰਘ ਬੱਸੀ ਪਠਾਣਾਂ ਮੀਡੀਆ ਸਲਾਹਕਾਰ ਜਨਵਾਦੀ ਪਾਰਟੀ, ਹਰਵਿੰਦਰ ਸਿੰਘ ਬਠਿੰਡਾ ਜਨਵਾਦੀ ਤੇ ਸੁਖਵਿੰਦਰ ਸਿੰਘ ਬਰਨਾਲਾ ਆਦਿ ਹਾਜ਼ਰ ਸੀ।

...ਸਫ਼ਾ 3 ਦੇ ਬਾਕੀ

### ਚੰਡੀਗੜ੍ਹ 'ਚ ਕੌਮੀ ਔਸਤ ਨਾਲੋਂ 5 ਗੁਣਾਂ ...

ਪਤਾ ਲਗਾਉਣ ਦੀ ਸਾਡੀ ਯੋਗਤਾ ਨੂੰ ਮਜ਼ਬੂਤ ਕੀਤਾ ਹੈ। ਯੂ ਟੀ ਦੇ ਡੀ ਸੀ-ਕਮ-ਐਕਸਾਈਜ਼ ਐਂਡ ਟੈਕਸੇਸ਼ਨ ਕਮਿਸ਼ਨਰ ਨਿਸ਼ਾਂਤ ਕੁਮਾਰ ਯਾਦਵ ਨੇ ਕਿਹਾ ਕਿ ਗੈਰ-ਕਾਨੂੰਨੀ ਵਪਾਰ ਨੂੰ ਜਾਇਜ਼ ਮਾਲੀਏ ਅਤੇ ਜਨਤਕ ਸੁਰੱਖਿਆ ਦੋਵਾਂ ਨੂੰ ਨੁਕਸਾਨ ਪਹੁੰਚਾਉਣ ਤੋਂ ਰੋਕਣ ਲਈ ਲਾਗੂਕਰਨ ਦੀ ਕਾਰਵਾਈ ਨੂੰ ਤੇਜ਼ ਕੀਤਾ ਗਿਆ ਹੈ।

ਸੀ ਆਈ ਏ ਬੀ ਸੀ ਦੇ ਅੰਕੜਿਆਂ ਅਨੁਸਾਰ ਕੌਮੀ ਵਿਕਰੀ 2023-24 ਵਿੱਚ 39.62 ਕਰੋੜ ਕੇਸਾਂ ਤੋਂ ਵਧ ਕੇ 2024-25 ਵਿੱਚ 40.17 ਕਰੋੜ ਕੇਸ ਹੋ ਗਈ, ਜੋ ਕਿ 1.38% ਦਾ ਵਾਧਾ ਹੈ। ਦੱਖਣ ਇਸ ਮਾਰਕੀਟ 'ਤੇ ਫੈਸਲਾਕੁੰਨ ਤੌਰ 'ਤੇ ਹਾਵੀ ਹੈ, ਜੋ ਦੇਸ਼ ਵਿੱਚ ਵਿਕਣ ਵਾਲੀ ਸਾਰੀ ਦਾ ਲਗਭਗ 58% ਬਣਦਾ ਹੈ। ਇਕੱਲੇ ਕਰਨਾਟਕ ਨੇ 6.88 ਕਰੋੜ ਕੇਸ, ਤਾਮਿਲਨਾਡੂ ਨੇ 6.47 ਕਰੋੜ, ਤੇਲੰਗਾਨਾ ਨੇ 3.71 ਕਰੋੜ, ਆਂਧਰਾ ਪ੍ਰਦੇਸ਼ ਨੇ 3.55 ਕਰੋੜ ਅਤੇ ਕੇਰਲ ਨੇ 2.30 ਕਰੋੜ ਕੇਸ ਵੇਚੇ। ਉਤਰੀ ਰਾਜਾਂ ਵਿੱਚੋਂ ਯੂ ਪੀ ਨੇ 2.51 ਕਰੋੜ ਕੇਸ (ਰੈਂਕ 6), ਰਾਜਸਥਾਨ ਨੇ 1.37 ਕਰੋੜ (ਰੈਂਕ 9) ਅਤੇ ਹਰਿਆਣਾ ਨੇ 1.18 ਕਰੋੜ (ਰੈਂਕ 11) ਵੇਚੇ। ਦਿੱਲੀ ਨੇ ਆਪਣੇ ਆਕਾਰ ਦੇ ਬਾਵਜੂਦ 1.18 ਕਰੋੜ ਕੇਸ ਵੇਚੇ, ਜੋ ਪਿਛਲੇ ਸਾਲ ਨਾਲੋਂ ਲਗਪਗ 6% ਦੀ ਗਿਰਾਵਟ ਹੈ। ਮਹਾਰਾਸ਼ਟਰ, ਜੋ ਭਾਰਤ ਦਾ ਸਭ ਤੋਂ ਵੱਧ ਆਬਾਦੀ ਵਾਲਾ ਅਤੇ ਆਰਥਿਕ ਤੌਰ 'ਤੇ ਪ੍ਰਭਾਵਸ਼ਾਲੀ ਰਾਜ ਹੈ, ਨੇ 2.72 ਕਰੋੜ ਕੇਸ ਵੇਚੇ ਅਤੇ 5ਵੇਂ ਸਥਾਨ 'ਤੇ ਹੈ। ਰਾਸ਼ਟਰੀ ਅਤੇ ਰਾਜ-ਪੱਧਰੀ ਅੰਕੜੇ ਸਿਰਫ਼ ਵਿਕਰੀ ਨੂੰ ਦਰਸਾਉਂਦੇ ਹਨ, ਜਿਸ ਵਿੱਚ ਵਿਸਕੀ, ਰਮ, ਬ੍ਰਾਂਡੀ, ਜਿਨ, ਵੋਡਕਾ ਅਤੇ ਅੰਤਰਰਾਸ਼ਟਰੀ ਮਿਆਰਾਂ ਅਨੁਸਾਰ ਘਰੇਲੂ ਤੌਰ 'ਤੇ ਤਿਆਰ ਕੀਤੀਆਂ ਗਈਆਂ ਹੋਰ ਸਪਿਰਿਟਸ ਸ਼ਾਮਲ ਹਨ। ਇਨ੍ਹਾਂ ਵਿੱਚ ਇੰਪੋਰਟਿਡ ਫੌਰਨ ਲਿਕਰ ਜਾਂ ਦੇਸੀ ਸ਼ਰਾਬ ਸ਼ਾਮਲ ਨਹੀਂ ਹੈ। ਦੂਜੇ ਪਾਸੇ ਯੂ ਟੀ ਪ੍ਰਸ਼ਾਸਨ ਵੱਲੋਂ ਚੰਡੀਗੜ੍ਹ ਦੇ ਅੰਕੜੇ ਤਿੰਨੋਂ ਸ਼੍ਰੇਣੀਆਂ ਆਈ ਐੱਮ ਐੱਫ ਐੱਲ, ਆਈ ਐੱਫ ਐੱਲ ਅਤੇ ਦੇਸੀ ਸ਼ਰਾਬ ਨੂੰ ਕਵਰ ਕਰਦੇ ਹਨ ਅਤੇ ਖੇਤਰ ਵਿੱਚ ਕੁੱਲ ਖਪਤ ਦੀ ਪੂਰੀ ਤਸਵੀਰ ਪੇਸ਼ ਕਰਦੇ ਹਨ। ਅਸਲ ਰੂਪ ਵਿੱਚ ਕਰਨਾਟਕ ਜਾਂ ਤਾਮਿਲਨਾਡੂ ਵਰਗੇ ਰਾਜ ਚੰਡੀਗੜ੍ਹ ਤੋਂ ਬਹੁਤ ਅੱਗੇ ਹਨ। ਹਾਲਾਂ ਕਿ, ਆਬਾਦੀ ਇੱਕ ਵੱਖਰੀ ਕਹਾਣੀ ਦੱਸਦੀ ਹੈ। ਅੰਦਾਜ਼ਨ 142 ਕਰੋੜ ਭਾਰਤੀਆਂ ਵਿੱਚ ਵੰਡੀ ਗਈ 40.17 ਕਰੋੜ ਕੇਸਾਂ ਦੀ ਕੌਮੀ ਖਪਤ ਪ੍ਰਤੀ ਵਿਅਕਤੀ ਪ੍ਰਤੀ ਸਾਲ ਲਗਭਗ 0.28 ਆਈ ਐੱਮ ਐੱਫ ਐੱਲ ਕੇਸ ਬਣਦੀ ਹੈ, ਜੋ ਕਿ ਰਾਸ਼ਟਰੀ ਔਸਤ ਹੈ। ਚੰਡੀਗੜ੍ਹ ਦੇ 17.39 ਲੱਖ ਆਈ ਐੱਮ ਐੱਫ ਐੱਲ ਕੇਸ (2024-25) ਇਸ ਦੀ ਅੰਦਾਜ਼ਨ 12.5 ਲੱਖ ਦੀ ਆਬਾਦੀ ਨਾਲ ਵੰਡੇ ਜਾਣ 'ਤੇ ਪ੍ਰਤੀ ਵਿਅਕਤੀ ਲਗਭਗ 1.39 ਆਈ ਐੱਮ ਐੱਫ ਐੱਲ ਕੇਸ ਬਣਦੇ ਹਨ, ਜੋ ਕਿ ਕੌਮੀ ਔਸਤ ਤੋਂ ਲਗਭਗ ਪੰਜ ਗੁਣਾ ਹੈ। ਜਦੋਂ 23.02 ਲੱਖ ਕੇਸਾਂ ਦੀ ਕੁੱਲ ਸ਼ਰਾਬ ਦੀ ਖਪਤ ਦੀ ਗੱਲ ਆਉਂਦੀ ਹੈ ਤਾਂ ਚੰਡੀਗੜ੍ਹ ਦੀ ਪ੍ਰਤੀ ਵਿਅਕਤੀ ਖਪਤ 1.84 ਸ਼ਰਾਬ ਦੇ ਕੇਸਾਂ ਤੱਕ ਪਹੁੰਚ ਜਾਂਦੀ ਹੈ, ਜੋ ਰਾਸ਼ਟਰੀ ਔਸਤ ਨਾਲੋਂ 6.5 ਗੁਣਾਂ ਤੋਂ ਵੱਧ ਹੈ।

### ਖਾਨ ਸਾਹਿਬ ਦੀ ਇਮਾਨਦਾਰੀ......

ਜਦੋਂ ਪਰਵਾਰ ਨੇ ਕਬਾੜੀਏ ਤੱਕ ਪਹੁੰਚ ਕੀਤੀ ਤਾਂ ਉਨ੍ਹਾਂ ਨੂੰ ਤੁਰੰਤ ਗਹਿਣੇ ਨਹੀਂ ਮਿਲੇ ਅਤੇ ਉਹ ਨਿਰਾਸ਼ ਹੋ ਕੇ ਘਰ ਪਰਤ ਆਏ। ਕਰੀਬ ਚਾਰ ਮਹੀਨਿਆਂ ਬਾਅਦ ਕਬਾੜੀਏ ਹਾਜੀ ਅਖਤਰ ਖਾਨ, ਜਿਨ੍ਹਾ ਨੂੰ 'ਖਾਨ ਸਾਹਿਬ' ਵਜੋਂ ਜਾਣਿਆ ਜਾਂਦਾ ਹੈ, ਨੇ ਕਬਾੜ ਦੀ ਛਾਂਟੀ ਕਰਦੇ ਸਮੇਂ ਕਾਗਜ਼ ਵਿੱਚ ਲਪੇਟਿਆ ਸੋਨਾ ਲੱਭਿਆ। ਬਿਨਾਂ ਕਿਸੇ ਦੇਰੀ ਦੇ ਉਨ੍ਹਾ ਪੁਲਸ ਤੱਕ ਪਹੁੰਚ ਕੀਤੀ ਅਤੇ ਗਹਿਣਿਆਂ ਨੂੰ ਏ ਸੀ ਪੀ ਮਲਹੋਤਰਾ ਦੇ ਦਫ਼ਤਰ ਲਿਆਂਦਾ, ਜਿੱਥੇ ਇਹ ਅਸ਼ੋਕ ਸ਼ਰਮਾ ਨੂੰ ਵਾਪਸ ਕਰ ਦਿੱਤੇ ਗਏ। ਫਰੀਦਾਬਾਦ ਦੇ ਇੱਕ ਕਬਾੜੀਏ ਨੇ ਇਮਾਨਦਾਰੀ ਦੀ ਮਿਸਾਲ ਪੇਸ਼ ਕਰਦੇ ਹੋਏ ਲਗਭਗ 15 ਲੱਖ ਰੁਪਏ ਦੀ ਕੀਮਤ ਦੇ 100 ਗ੍ਰਾਮ ਸੋਨੇ ਦੇ ਗਹਿਣੇ ਉਸ ਦੇ ਅਸਲ ਮਾਲਕ ਨੂੰ ਵਾਪਸ ਕਰ ਦਿੱਤੇ। ਵੀਰਵਾਰ ਨੂੰ ਏ ਸੀ ਪੀ ਬਲਬਗੜ੍ਹ ਜਿਤੇਸ਼ ਮਲਹੋਤਰਾ ਦੇ ਦਫ਼ਤਰ ਵਿੱਚ ਸੋਨਾ ਰਸਮੀ ਤੌਰ 'ਤੇ ਵਾਪਸ ਸੌਂਪਿਆ ਗਿਆ। ਖਾਨ ਨੇ ਕਿਹਾ, 'ਸੋਨਾ ਮਿਲਣ ਤੋਂ ਬਾਅਦ ਮੈਂ ਇਸ ਨੂੰ ਸੁਨਿਆਰੇ ਤੋਂ ਚੈੱਕ ਕਰਵਾਇਆ। ਕਿਉਂਕਿ ਅਸ਼ੋਕ ਸ਼ਰਮਾ ਨੇ ਗਹਿਣਿਆਂ ਬਾਰੇ ਪੁੱਛਣ ਲਈ ਪਹਿਲਾਂ ਮੇਰੇ ਕੋਲ ਪਹੁੰਚ ਕੀਤੀ ਸੀ, ਇਸ ਲਈ ਮੈਂ ਮਹਿਸੂਸ ਕੀਤਾ ਕਿ ਇਹ ਸ਼ਰਮਾ ਨੂੰ ਵਾਪਸ ਕਰਨਾ ਮੇਰੀ ਜ਼ਿੰਮੇਵਾਰੀ ਹੈ। ਮੇਰੇ ਪੂਰੇ ਪਰਵਾਰ ਨੇ ਇਸ ਫੈਸਲੇ ਦਾ ਸਮਰਥਨ ਕੀਤਾ ਅਤੇ ਮੈਂ ਪੁਲਸ ਨੂੰ ਸੂਚਿਤ ਕੀਤਾ।'

### 'ਮੁੱਖ ਮੰਤਰੀ ਆਲੂ ਉਤਪਾਦਕਾਂ...

ਨੇ 1000 ਰੁਪਏ ਪ੍ਰਤੀ ਕੁਇੰਟਲ ਖਰੀਦ ਕਰਨ ਲਈ ਸੌਦੇ ਕੀਤੇ ਸਨ ਪਰੰਤੂ ਹੁਣ ਇਹ ਕੰਪਨੀਆਂ ਆਪਣੇ ਇਕਰਾਰ ਤੋਂ ਮੁਕਰ ਰਹੀਆਂ ਹਨ। ਇਨ੍ਹਾਂ ਕੰਪਨੀਆਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇ। ਸਰਕਾਰ ਕਿਸਾਨਾਂ ਦੇ ਨੁਕਸਾਨ ਦੀ ਭਰਪਾਈ ਲਈ ਮਾਰਕਫੈਡ ਰਾਹੀਂ ਘੱਟੋ ਘੱਟ 1200 ਰੁਪਏ ਪ੍ਰਤੀ ਕੁਇੰਟਲ 'ਤੇ ਖਰੀਦ ਨੂੰ ਯਕੀਨੀ ਬਣਾਵੇ। ਕੋਲਡ ਸਟੋਰ ਮਾਲਕਾਂ ਵੱਲੋਂ ਕਿਰਾਏ ਵਿੱਚ ਪ੍ਰਤੀ ਪੈਕਟ 25 ਰੁਪਏ ਵਾਧਾ ਕਰ ਦਿੱਤਾ ਗਿਆ ਹੈ ਤੇ ਇਸ ਦੇ ਨਾਲ ਹੀ ਅੱਧਾ ਕਿਰਾਇਆ ਐਡਵਾਂਸ ਜਮ੍ਹਾਂ ਕਰਵਾਉਣ ਦੀ ਸ਼ਰਤ ਰੱਖ ਦਿੱਤੀ ਗਈ ਹੈ ਜੋ ਕਿਸਾਨਾਂ ਨਾਲ ਸਰਾਸਰ ਧੱਕਾ ਹੈ। ਕੋਲਡ ਸਟੋਰਾਂ ਵੱਲੋਂ ਇਕ ਦਮ ਵਧਾਏ ਕਿਰਾਏ ਤੇ ਐਡਵਾਂਸ ਦੀ ਸ਼ਰਤ ਹਟਾਈ ਜਾਵੇ। ਇਸ ਤੋਂ ਇਲਾਵਾ ਮੋਰਚਾ ਨੇ ਕਿਹਾ ਹੈ ਕਿ ਦੁਆਬਾ ਖੇਤਰ ਵਿੱਚ ਆਲੂ ਤੇ ਸਬਜ਼ੀਆਂ ਦੀ ਕਾਸ਼ਤ ਨੂੰ ਮੁਖ ਰੱਖਦਿਆਂ ਸਰਕਾਰੀ ਖੇਤਰ ਵਿੱਚ ਪ੍ਰਾਸੈਸਿੰਗ ਪਲਾਂਟ ਲਾਉਣ ਲਈ ਕੇਂਦਰ ਨਾਲ ਰਾਬਤਾ ਬਣਾਇਆ ਜਾਵੇ ਤੇ ਵਾਹਗਾ ਅਤੇ ਅਟਾਰੀ ਰਾਹੀਂ ਵਪਾਰ ਲਾਂਘਾ ਖੁਲ੍ਹਵਾਇਆ ਜਾਵੇ।

### ਸੱਜਣ ਜਿੰਦਲ ਵੱਲੋਂ 1,500...

ਮੈਨੂਫੈਕਚਰਿੰਗ, ਇਲੈਕਟ੍ਰਿਕ ਮੋਬਿਲਿਟੀ, ਅਡਵਾਂਸਡ ਮੈਟੀਰੀਅਲ, ਨਵੀਨੀਕਰਨਯੋਗ ਊਰਜਾ ਅਤੇ ਹਾਈ-ਐਂਡ ਇੰਜੀਨੀਅਰਿੰਗ ਵਰਗੇ ਉਭਰਦੇ ਖੇਤਰਾਂ ਲਈ ਮਜ਼ਬੂਤ ਨੀਤੀ ਸਮਰਥਨ ਪ੍ਰਦਾਨ ਕਰੇਗੀ। ਮੁੱਲ-ਵੱਧਤ ਉਤਪਾਦਨ, ਨਿਰਯਾਤ ਵਾਧੇ ਅਤੇ ਪੰਜਾਬ ਦੇ ਯੁਵਕਾਂ ਲਈ ਵੱਡੇ ਪੱਧਰ 'ਤੇ ਰੋਜ਼ਗਾਰ ਸਿਰਜਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।ਜਿੰਦਲ ਨੇ ਪੰਜਾਬ ਸਰਕਾਰ ਦੀ ਸਰਗਰਮ ਅਤੇ ਉਦਯੋਗ-ਮਿੱਤਰ ਨੀਤੀਆਂ ਦੀ ਪ੍ਰਸ਼ੰਸਾ ਕਰਦੇ ਹੋਏ ਮੰਤਰੀ ਸੰਜੀਵ ਅਰੋੜਾ ਦੇ ਰਾਜ ਵਿੱਚ ਨਵੇਂ ਨਿਵੇਸ਼ ਆਕਰਸ਼ਿਤ ਕਰਨ ਲਈ ਕੀਤੇ ਜਾ ਰਹੇ ਅਣਥਕ ਯਤਨਾਂ ਦੀ ਭਰਪੂਰ ਸਰਾਹਨਾ ਕੀਤੀ। ਉਨ੍ਹਾ ਡਿਫੈਂਸ ਮੈਨੂਫੈਕਚਰਿੰਗ, ਆਟੋਮੋਬਾਈਲ ਖੇਤਰ ਅਤੇ ਨਵੀਨੀਕਰਨਯੋਗ ਊਰਜਾ ਪ੍ਰੋਜੈਕਟਾਂ ਵਿੱਚ ਰੁਚੀ ਜਤਾਈ।ਸੰਜੀਵ ਅਰੋੜਾ ਨੇ ਸਰਕਾਰ ਦੀ ਉਦਯੋਗਾਂ ਪ੍ਰਤੀ ਵਚਨਬੱਧਤਾ ਦੁਹਰਾਉਂਦੇ ਹੋਏ ਪ੍ਰਸਤਾਵਿਤ ਜੇ ਐੱਸ ਡਬਲਯੂ ਪ੍ਰੋਜੈਕਟਾਂ ਲਈ ਪੂਰਾ ਸਹਿਯੋਗ, ਮਾਰਗ-ਦਰਸ਼ਨ ਅਤੇ ਤੁਰੰਤ ਮਨਜ਼ੂਰੀਆਂ ਦਾ ਭਰੋਸਾ ਦਿੱਤਾ। ਉਨ੍ਹਾ ਕਿਹਾ ਕਿ ਪੰਜਾਬ ਉਦਯੋਗਾਂ ਦੀ ਸਥਾਪਨਾ ਅਤੇ ਵਿਸਥਾਰ ਲਈ ਭਰੋਸੇਯੋਗ ਬਿਜਲੀ ਸਪਲਾਈ, ਸੁਧਰੇ ਹੋਏ ਲਾਜਿਸਟਿਕ ਢਾਂਚੇ ਅਤੇ ਸੰਵੇਦਨਸ਼ੀਲ ਪ੍ਰਸ਼ਾਸਨਿਕ ਪ੍ਰਣਾਲੀ ਪ੍ਰਦਾਨ ਕਰਨ ਲਈ ਪ੍ਰਤੀਬੱਧ ਹੈ।

ਇਹ ਮੀਟਿੰਗ ਪ੍ਰੋਗਰੈਸਿਵ ਪੰਜਾਬ ਇਨਵੈਸਟਰਜ਼ ਸਮਿਟ 2026 ਤੋਂ ਪਹਿਲਾਂ ਸਮਾਵੇਸ਼ੀ ਵਿਕਾਸ, ਉਦਯੋਗਿਕ ਵਿਭਿੰਨਤਾ ਅਤੇ ਰੁਜ਼ਗਾਰ ਸਿਰਜਣ ਦੇ ਵਿਜ਼ਨ ਅਨੁਸਾਰ ਪੰਜਾਬ ਨੂੰ ਭਾਰਤ ਦੇ ਸਭ ਤੋਂ ਪਸੰਦੀਦਾ ਅਤੇ ਪ੍ਰਤੀਯੋਗੀ ਨਿਵੇਸ਼ ਗੰਤੀਵਿਆਂ ਵਿੱਚ ਸ਼ਾਮਲ ਕਰਨ ਦੇ ਯਤਨਾਂ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਲੁੱਟੀ ਗੱਡੀ ਬਿਆਸ ਪੁਲਸ ਨੇ ਕੀਤੀ ਬਰਾਮਦ, ਦੋ ਗ੍ਰਿਫ਼ਤਾਰ



ਬਿਆਸ (ਪਰਮਜੀਤ ਸਿੰਘ ਰੱਖੜਾ)

ਦੇਰ ਰਾਤ ਕਰੀਬ 8 ਤੋਂ 9 ਵਜੇ ਦਰਮਿਆਨ ਫਿਲੌਰ ਗੁਰਾਇਆ ਹਾਈਵੇ ਤੋਂ ਅਗਿਆਤ ਵਿਅਕਤੀਆਂ ਦੁਆਰਾ ਲੁੱਟੀ ਗਈ ਇੱਕ ਪੇਂਟ ਦੀ ਭਰੀ ਗੱਡੀ ਨੂੰ ਬਿਆਸ ਪੁਲਿਸ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਦੋਸ਼ੀਆਂ ਸਮੇਤ ਬਰਾਮਦ ਕਰ ਲਿਆ ਹੈ।। ਥਾਨਾ ਮੁੱਖੀ ਬਿਆਸ ਨੇ ਦੱਸਿਆ ਕਿ ਦੋਸ਼ੀਆਂ ਗੁਰਮੇਜ ਸਿੰਘ ਪੁੱਤਰ ਲਖਵਿੰਦਰ ਸਿੰਘ ਨਿਵਾਸੀ ਪਿੰਡ ਲਿੱਧੜ ਅਤੇ ਅੰਤਰਪ੍ਰੀਤ ਸਿੰਘ ਪੁੱਤਰ ਤਰਸੇਮ ਸਿੰਘ ਨਿਵਾਸੀ ਪਿੰਡ ਬੱਲ ਸਰਾਏਂ ਕੋਲੋਂ ਲੁਟੀ ਗਈ ਗੱਡੀ, 70 ਡੱਬੇ ਪੇਂਟ ਅਤੇ 25 ,25 (50) ਗ੍ਰਾਮ ਹੈਰੋਇਨ ਵੀ ਬਰਾਮਦ ਕੀਤੀ ਗਈ ਹੈ। ਪੁਲਿਸ ਥਾਨਾ ਬਿਆਸ ਦੇ ਐਸ ਐਚ ਓ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਇਹਨਾਂ ਦੋਸ਼ੀਆਂ ਨਾਲ ਇੱਕ ਹੋਰ ਮਾਲਵਾ ਖੇਤਰ ਦਾ ਵਿਅਕਤੀ ਵੀ ਹੈ ਜਿਸ ਦੀ ਭਾਲ ਕੀਤੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਅੰਤਰਪ੍ਰੀਤ ਸਿੰਘ 'ਤੇ ਪਹਿਲਾਂ ਵੀ ਲੱਟ ਖੋਹ ਦਾ ਪਰਚਾ ਦਰਜ ਹੈ। ਫੜੇ ਗਏ ਦੋਨੋਂ ਕਥਿਤ ਦੋਸ਼ੀਆਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ 3 ਦਿਨ ਦਾ ਰਿਮਾਂਡ ਲਿਆ ਗਿਆ ਹੈ।

# ਕਿਸਾਨਾਂ, ਮਜ਼ਦੂਰਾਂ 'ਤੇ ਅਣਮਨੁੱਖੀ ਤਸ਼ੱਦਦ ਦੀ ਨਿੰਦਾ

ਮਜੀਠਾ (ਸੋਇਮ ਆਨੰਦ)- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਬਲਾਕ ਪੱਧਰ ਤੇ ਜੇਤੂ ਰੈਲੀਆਂ ਕੀਤੀਆਂ ਗਈਆਂ। ਇਸ ਦੌਰਾਨ ਕੀਤੇ ਗਏ ਭਾਰੀ ਇਕੱਠਾਂ ਵਿੱਚ ਕਿਸਾਨ, ਔਰਤਾਂ, ਨੌਜਵਾਨ, ਮਜ਼ਦੂਰ ਵੱਡੀ ਗਿਣਤੀ ਵਿੱਚ ਪਹੁੰਚੇ। ਇਸ ਮੌਕੇ ਪਿੰਡ ਪੰਡੋਰੀ ਵੜੈਚ ਦੇ ਗੁਰਦੁਆਰਾ ਸਾਹਿਬ ਵਿਖੇ ਕੀਤੇ ਗਏ ਭਾਰੀ ਇਕੱਠ ਦੌਰਾਨ ਜ਼ਿਲ੍ਹਾ ਆਗੂ ਪ੍ਰਧਾਨ ਡਾ. ਪਰਮਿੰਦਰ ਸਿੰਘ ਪੰਡੋਰੀ ਨੇ ਕਿਹਾ ਕਿ ਪੰਜਾਬ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਬੀਤੇ ਦਿਨੀਂ ਲੋਕਤੰਤਰ ਦਾ ਘਾਣ ਕੀਤਾ ਹੈ। ਉਹਨਾਂ ਕਿਹਾ ਕਿ ਪਿੰਡ ਜਿਉਂਦ, ਚਾਉਕੇ ਦੇ ਕਿਸਾਨਾਂ ਨੂੰ ਬਿਨਾਂ ਕਿਸੇ ਜੁਰਮ ਦੇ ਪਿਛਲੇ 10 ਮਹੀਨਿਆਂ ਤੋਂ ਜੇਲ੍ਹ ਵਿੱਚ ਬੰਦ ਕੀਤਾ ਹੋਇਆ ਹੈ ਅਤੇ ਉਨਾਂ ਦੀ ਜ਼ਮਾਨਤ ਤੱਕ ਵੀ ਨਹੀਂ ਹੋਣ ਦਿੱਤੀ ਜਾ ਰਹੀ। ਇਸ ਬਾਬਤ ਲਗਾਤਾਰ ਜਥੇਬੰਦੀ ਦੇ ਆਗੂਆਂ ਵੱਲੋਂ ਉਕਤ ਸਾਥੀਆਂ ਦੀ ਰਿਹਾਈ ਲਈ ਮੰਗ ਪੱਤਰ ਦਿੱਤੇ ਗਏ ਪਰ ਸਰਕਾਰ ਨੇ ਉਨ੍ਹਾਂ ਦੀ ਰਿਹਾਈ ਲਈ ਕੋਈ ਕਾਰਵਾਈ ਨਹੀਂ ਕੀਤੀ। ਇਸ ਦੌਰਾਨ ਜਥੇਬੰਦੀ ਨੇ ਪੰਜਾਬ ਪੱਧਰ 'ਤੇ ਤਿੱਖਾ ਸੰਘਰਸ਼ ਕਰਨ ਦਾ ਫੈਸਲਾ ਕੀਤਾ ਹੈ। ਇਸੇ ਤਹਿਤ ਪਿਛਲੇ ਦਿਨੀਂ ਬਠਿੰਡਾ ਮਿਨੀ ਸਕੱਤਰੇਤ ਦਾ ਘਿਰਾਓ ਕਰਨ ਲਈ ਜਦੋਂ ਕਿਸਾਨ ਰਵਾਨਾ ਹੋਏ ਤਾਂ ਪੁਲਸ ਵੱਲੋਂ ਭਾਰੀ ਬੈਰੀਅਰ ਲਾ ਕੇ ਰੋਕਿਆ ਤੇ ਬਲ ਪ੍ਰਯੋਗ ਕਰਕੇ ਲਾਠੀਚਾਰਜ ਵੀ ਕੀਤਾ ਗਿਆ।ਬੁੱਧਵਾਰ ਨੂੰ ਫੇਰ ਜਦੋਂ ਕਿਸਾਨਾਂ ਨੇ ਬਠਿੰਡਾ ਡੀ ਸੀ ਦਫ਼ਤਰ ਅੱਗੇ ਧਰਨਾ ਦੇਣ ਦਾ ਐਲਾਨ ਕੀਤਾ ਸੀ ਤਾਂ ਕਿਸਾਨ ਪਿੰਡਾਂ 'ਚ ਇਕੱਠੇ ਹੋ ਰਹੇ ਸਨ ਤਾਂ ਪੁਲਸ ਨੇ ਪਿੰਡ ਵਿੱਚ ਵੜ ਕੇ ਅੰਨ੍ਹੇਵਾਹ ਅੱਥਰੂ ਗੈਸ ਦੇ ਗੋਲੇ ਛੱਡੇ ਅਤੇ ਲੋਕਾਂ ਨੂੰ ਘਰਾਂ ਵਿੱਚ ਡੱਕ ਕੇ ਕੁੱਟਿਆ ਵੀ। ਬਹੁਤ ਸਾਰੇ ਕਿਸਾਨਾਂ ਨੂੰ ਥਾਣੇ ਵਿੱਚ ਡਿਟੇਨ ਕਰ ਲਿਆ। ਉਨ੍ਹਾਂ ਕਿਹਾ ਕਿ ਪਿੰਡ ਜਿਉਂਦ ਬਠਿੰਡਾ ਵਿੱਚ ਤਾਂ ਪੂਰੀ ਤਰ੍ਹਾਂ ਕਹਿਰ ਢਾਹਿਆ ਗਿਆ। ਖੁਦ ਐਸ.ਐਸ.ਪੀ ਜੋਤੀ ਯਾਦਵ ਨੇ ਅਗਵਾਈ ਕਰਦੇ ਹੋਏ ਔਰਤਾਂ, ਕਿਸਾਨਾਂ ਨਾਲ ਕੁੱਟਮਾਰ ਕੀਤੀ ਜਿਸ ਵਿੱਚ ਦੋ ਕਿਸਾਨ ਜ਼ਖ਼ਮੀ ਹੋਏ, ਇੱਕ ਦੀਆਂ ਲੱਤਾਂ ਤੋੜ ਦਿੱਤੀਆਂ ਗਈਆਂ ਜਦਕਿ ਦੂਜੇ ਦਾ ਹੱਥ ਗੋਲੇ ਨਾਲ ਬੁਰੀ ਤਰਾਂ ਪਾੜ ਗਿਆ, ਜਿਹੜੇ ਕਿ ਇਸ ਵੇਲੇ ਜ਼ੇਰੇ ਇਲਾਜ ਡੀ.ਐਮ.ਸੀ ਲੁਧਿਆਣਾ ਹਨ। ਆਗੂਆਂ ਦੱਸਿਆ ਕਿ ਅੰਨ੍ਹੇ ਤਸ਼ੱਦਦ ਤੋਂ ਬਾਅਦ ਵੀ ਸਰਕਾਰ ਲੋਕਾਂ ਨੂੰ ਝੁਕਾਉਣ ਵਿੱਚ ਪੂਰੀ ਤਰ੍ਹਾਂ ਨਾਕਾਮ ਸਾਬਤ ਹੋਈ ਤੇ 10 ਮਹੀਨਿਆਂ ਤੋਂ ਬੰਦ ਸਗਨਦੀਪ ਸਿੰਘ ਜਿਉਂਦ ਅਤੇ ਬਲਦੇਵ ਸਿੰਘ ਚਾਉਕੇ ਨੂੰ ਛੱਡਣਾ ਪਿਆ। ਇਸ ਮੌਕੇ ਕਿਸਾਨਾਂ ਜੇਤੂ ਰੈਲੀ ਕਰਕੇ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ। ਇਸ ਮੌਕੇ ਕੁਲਬੀਰ ਸਿੰਘ ਜੇਠੂਵਾਲ, ਸਤਿੰਦਰ ਸਿੰਘ ਅਤੇ ਰਾਣਾ ਦੋਵੇਂ ਫਤਹਿਗੜ੍ਹ ਸ਼ੁੱਕਰਚੱਕ, ਨਿਰਵੈਰ ਸਿੰਘ ਪਠਾਨ ਨੰਗਲ, ਸਤਨਾਮ ਸਿੰਘ ਭਕਨਾ, ਕਾਬਿਲ ਸਿੰਘ ਬੱਲ, ਗੁਰਪ੍ਰੀਤ ਮੁਧਲ, ਗਿਆਨ ਸਿੰਘ ਕੰਦੋਵਾਲੀ, ਬਲਵੰਤ ਸਿੰਘ ਤਾਜ਼ੇਚੱਕ, ਗੁਰਭੇਜ ਸਿੰਘ ਕਠਾਣੀਆ, ਸੁਖਵਿੰਦਰ ਸਿੰਘ ਸਾਘਣਾ, ਸ਼ੇਰਾ ਨੰਬਰਦਾਰ ਸੋਹੀ, ਹਰਦੀਪ ਸਿੰਘ, ਸੁਭੇਗ ਸਿੰਘ ਮੀਰਾਕੋਟ , ਅਜੀਤ ਸਿੰਘ ਮੱਝੂਪੁਰਾ ਆਦਿ ਹਾਜ਼ਰ ਸਨ।



# ਮੁੱਖ ਡਾਕ ਘਰ ਗੁਰਦਾਸਪੁਰ ਤੋਂ ਸਕੂਟਰੀ ਚੋਰੀ

ਗੁਰਦਾਸਪੁਰ (ਜਨਕ ਮਹਾਜਨ) - ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਅੰਦਰ ਪੈਂਦੇ ਪਿੰਡ ਗੁਰੀਆਂ ਦੇ ਭਾਈ ਕੁਲਵਿੰਦਰ ਸਿੰਘ ਪੁੱਤਰ ਕਰਨੈਲ ਸਿੰਘ ਜੋ ਗੁਰਦੁਆਰਾ ਸਿੰਘ ਸਭਾ ਗੁਰਦਾਸਪੁਰ ਵਿਖੇ ਬਤੌਰ ਰਾਗੀ ਸੇਵਾ ਨਿਭਾਅ ਰਿਹਾ ਹੈ ਅਤੇ ਉਹ ਮੁੱਖ ਡਾਕ ਘਰ ਗੁਰਦਾਸਪੁਰ ਵਿਖੇ ਆਪਣੇ ਨਿਜੀ ਕੰਮ ਵਾਸਤੇ ਗਿਆ ਸੀ। ਬਾਹਰ ਆ ਕੇ ਉਸ ਨੇ ਦੇਖਿਆ ਕਿ ਉਸ ਦੀ ਐਕਟਿਵਾ ਉਥੋਂ ਗਾਇਬ ਸੀ। ਉਨ੍ਹਾਂ ਦੱਸਿਆ ਕਿ ਉਹ ਦੁਪਹਿਰ 1 ਵਜੇ ਦੇ ਕਰੀਬ ਆਪਣੀ ਸਕੂਟਰੀ ਐਕਟਿਵਾ ਨੰਬਰ ਪੀ.ਬੀ. 06 ਏ.ਐਲ. 6691 ਲਗਾ ਕੇ ਅੰਦਰ ਗਏ ਤਾਂ ਜਦੋਂ ਬਾਹਰ ਆਏ ਤਾਂ ਸਕੂਟਰੀ ਉਥੇ ਨਹੀਂ ਸੀ। ਉਨ੍ਹਾਂ ਦੱਸਿਆ ਕਿ ਮੁਖ ਡਾਕਘਰ ਗੁਰਦਾਸਪੁਰ ਦੇ ਬਾਹਰਲੇ ਪਾਸੇ ਕੋਈ ਵੀ ਸੀ.ਸੀ.ਟੀ.ਵੀ. ਕੈਮਰਾ ਨਹੀਂ ਲਗਿਆ ਹੋਇਆ ਜਿਸ ਕਰਕੇ ਐਕਟਿਵਾ ਚੋਰੀ ਕਰਨ ਵਾਲੇ ਚੋਰ ਦਾ ਕੋਈ ਵੀ ਥਹੁ ਪਤਾ ਨਹੀਂ ਲਗ ਸਕਿਆ। ਉਨ੍ਹਾਂ ਜ਼ਿਲ੍ਹਾ ਪੁਲਿਸ ਮੁਖੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਹੈ ਕਿ ਮੇਰੀ ਸਕੂਟਰੀ ਲਭਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣ।



ਪੀੜਤ ਕੁਲਵਿੰਦਰ ਸਿੰਘ ਗੁਰੀਆ ਜਾਣਕਾਰੀ ਦਿੰਦਾ ਹੋਇਆ

# ਧਾਰੀਵਾਲ ਬਾਈਪਾਸ ਨਹਿਰ ਦੇ ਪੁਲ ਉਪਰ ਲਾਵਾਰਿਸ ਕਾਰ ਮਿਲੀ; ਕਾਰ ਚਾਲਕ ਲਾਪਤਾ

ਧਾਰੀਵਾਲ (ਮਨਦੀਪ ਵਿੱਕੀ)-ਧਾਰੀਵਾਲ ਬਾਈਪਾਸ ਨਹਿਰ ਦੇ ਪੁਲ ਉਪਰ ਲਾਵਾਰਿਸ ਖੜ੍ਹੀ ਇੱਕ ਸਵਿਫਟ ਕਾਰ ਨੰਬਰ ਪੀ.ਬੀ. 02 ਸੀ.ਟੀ. 1599 ਮਿਲੀ ਹੈ। ਜਿਸ ਦੀ ਸੂਚਨਾ ਮਿਲਣ ਮਗਰੋਂ ਮੌਕੇ 'ਤੇ ਪਹੁੰਚੇ ਕਾਰ ਦੇ ਮਾਲਕ ਮੁਨੀਸ਼ ਸ਼ਰਮਾ ਪੁੱਤਰ ਲੇਟ ਮਸਤ ਵਾਸੀ ਮਕਾਨ ਨੰਬਰ 62, ਸ੍ਰੀ ਰਾਮ ਐਵੀਨਿਊ ਮਜੀਠਾ ਰੋਡ ਅੰਮ੍ਰਿਤਸਰ ਨੇ ਦੱਸਿਆ ਕਿ ਉਸ ਦਾ ਭਰਾ ਰੋਹਿਤ ਆਪਣੀ ਕਾਰ 'ਤੇ ਸਵਾਰ ਹੋ ਕੇ 17 ਫਰਵਰੀ ਸ਼ਾਮ ਨੂੰ ਘਰੋਂ ਗਿਆ ਸੀ, ਪਰ ਦੇਰ ਰਾਤ ਤੱਕ ਜਦੋਂ ਘਰ ਵਾਪਸ ਨਾ ਮੁੜਿਆ ਤਾਂ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਅਤੇ ਜਦੋਂ ਉਸ ਦੀ ਕਿਧਰੇ ਵੀ ਦੱਸ ਉਗ ਨਾ ਪਈ ਤਾਂ ਉਹਨਾਂ ਨੇ ਅੰਮ੍ਰਿਤਸਰ ਸਬੰਧਿਤ ਥਾਣਾ ਵਿੱਚ ਗੁੰਮਸ਼ੁਦਗੀ ਦੀ ਰਿਪੋਰਟ ਦਰਜ ਕਰਵਾ ਦਿੱਤੀ ਸੀ। 19 ਫਰਵਰੀ ਨੂੰ ਕਿਸੇ ਨੇ ਉਹਨਾਂ ਨੂੰ ਦੱਸਿਆ ਕਿ ਉਕਤ ਕਾਰ ਲਾਵਾਰਿਸ ਧਾਰੀਵਾਲ ਬਾਈਪਾਸ ਨਹਿਰ ਦੇ ਪੁਲ 'ਤੇ ਖੜ੍ਹੀ ਹੈ। ਜਦੋਂ ਉਹ ਉਥੇ ਪਹੁੰਚੇ ਤਾਂ ਰੋਹਿਤ ਬਾਰੇ ਕੋਈ ਪਤਾ ਨਹੀਂ ਚੱਲ ਸਕਿਆ। ਉਹਨਾਂ ਦੱਸਿਆ ਕਿ ਸ਼ੱਕ ਦੇ ਅਧਾਰ 'ਤੇ ਧਾਰੀਵਾਲ ਅੱਪਰਬਾਰੀ ਦੁਆਬ ਨਹਿਰ ਵਿੱਚ ਗੋਤਾਖੋਰਾਂ ਵੱਲੋਂ ਭਾਲ ਕੀਤੀ ਜਾ ਰਹੀ ਹੈ।



# ਹਲਕਾ ਇੰਚਾਰਜ ਬਲਬੀਰ ਪੰਨੂ ਵੱਲੋਂ ਕੋਟਲਾ ਬਾਮਾ ਵਿਖੇ ਗਲੀਆਂ-ਨਾਲੀਆਂ ਦਾ ਉਦਘਾਟਨ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਹਲਕਾ ਫ਼ਤਿਹਗੜ੍ਹ ਚੂੜੀਆਂ ਦੇ ਪਿੰਡ ਕੋਟਲਾ ਬਾਮਾ ਵਿਖੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਗਲੀਆਂ ਨਾਲੀਆਂ ਦਾ ਉਦਘਾਟਨ ਕੀਤਾ ਗਿਆ। ਨਾਲੀਆਂ ਦੀ ਬਲਾਕੇਜ ਦੀ ਸਮੱਸਿਆ ਨੂੰ ਹੱਲ ਕਰਕੇ ਤਕਰੀਬਨ 1 ਕਿਲੋਮੀਟਰ ਤੋਂ ਜ਼ਿਆਦਾ ਏਰੀਆ ਨੂੰ ਕਵਰ ਕਰਦੇ ਹੋਏ ਸਾਈਡ ਡਰੇਨ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ। ਜਿਸ ਦਾ 4 ਲੱਖ 40 ਹਜ਼ਾਰ ਦੀ ਲਾਗਤ ਨਾਲ ਕੰਮ ਸ਼ੁਰੂ ਕਰ ਦਿੱਤਾ ਗਿਆ। ਇਸ ਦੇ ਨਾਲ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਪਿੰਡ ਕੋਟਲੇ ਵੱਲੋਂ ਹੋਰ ਵੀ ਰੱਖੀਆਂ ਡਿਮਾਂਡਾਂ ਨੂੰ ਪੂਰਾ ਕਰਨ ਦਾ ਵਾਅਦਾ ਕੀਤਾ। ਇਸ ਮੌਕੇ ਹਲਕਾ ਸੰਗਠਨ ਇੰਚਾਰਜ ਗਗਨਦੀਪ ਸਿੰਘ ਪੰਨੂ, ਬਲਾਕ ਪ੍ਰਧਾਨ ਰਘਬੀਰ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਡਾਕਟਰ ਗੁਰਦਿੱਤ, ਨਰਿੰਦਰ ਸਿੰਘ ਡੱਬੀ, ਬਲਜੀਤ ਸਿੰਘ ਡੱਬੀ, ਹੀਰਾ ਪੰਨੂ, ਸੁਖਦੇਵ ਸਿੰਘ ਮੈਂਬਰ ਪੰਚਾਇਤ, ਬਲਬੀਰ ਸਿੰਘ, ਰਣਜੀਤ ਸਿੰਘ, ਕੁਲਵੰਤ ਸਿੰਘ ਠੇਕੇਦਾਰ, ਗੁਰਮੀਤ ਸਿੰਘ, ਬਲਦੇਵ ਸਿੰਘ, ਹਰਜਿੰਦਰ ਸਿੰਘ, ਗੁਰਪਿੰਦਰ ਕੌਰ, ਨਿਰਮਲ ਕੌਰ, ਬਲਜੀਤ ਕੌਰ, ਰਾਣੀ, ਪਿਆਰ ਕੌਰ, ਕੁਲਵੰਤ ਕੌਰ ਆਦਿ ਹਾਜ਼ਰ ਸਨ।



# ਸ਼ਾਹ ਮੁਹੰਮਦ ਦੀ ਯਾਦ 'ਚ ਕਬੱਡੀ ਕੱਪ ਅੱਜ

ਮਜੀਠਾ ( ਸੋਇਮ ਆਨੰਦ) - ਪਿੰਡ ਵਡਾਲਾ ਵੀਰਮ ਭੋਮਾ ਦੇ ਕਵੀ ਸ਼ਾਹ ਮੁਹੰਮਦ ਖੇਡ ਸਟੇਡੀਅਮ ਵਿੱਚ ਪੰਜਾਬੀ ਸਾਹਿਤ ਦੇ ਪ੍ਰਸਿੱਧ ਰਾਸ਼ਟਰੀ ਕਵੀ ਸ਼ਾਹ ਮੁਹੰਮਦ ਦੀ ਯਾਦ ਵਿੱਚ ਵਿਸ਼ਾਲ ਕਬੱਡੀ ਕੱਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਯਾਦਗਾਰੀ ਕਬੱਡੀ ਕੱਪ ਪਿੰਡ ਵਡਾਲਾ ਵੀਰਮ ਭੋਮਾ ਦੀ ਸਮੁੱਚੀ ਪੰਚਾਇਤ ਅਤੇ ਨੌਜਵਾਨਾਂ ਵੱਲੋਂ ਐਨ ਆਰ ਆਈ ਭਰਾਵਾਂ ਦੇ ਸਹਿਯੋਗ ਨਾਲ 21 ਫਰਵਰੀ ਨੂੰ ਕਰਵਾਇਆ ਜਾਵੇਗਾ। ਕਵੀ ਸ਼ਾਹ ਮੁਹੰਮਦ (1780-1862), ਜੋ ਵਡਾਲਾ ਵੀਰਮ ਦੇ ਵਾਸੀ ਸਨ ਤੇ ਆਪਣੀ ਮਸ਼ਹੂਰ ਰਚਨਾ 'ਜੰਗਨਾਮਾ ਸਿੰਘਾਂ ਤੇ ਫਿਰੰਗੀਆਂ' ਲਈ ਜਾਣੇ ਜਾਂਦੇ ਹਨ। ਕਬੱਡੀ ਕੱਪ ਵਿੱਚ 4 ਮਜ਼ਬੂਤ ਅੰਤਰਰਾਸ਼ਟਰੀ ਕਬੱਡੀ ਕਲੱਬ ਹਿੱਸਾ ਲੈਣਗੀਆਂ। ਇਹ ਜਾਣਕਾਰੀ ਦਿੰਦਿਆਂ ਪਿੰਡ ਦੇ ਸਰਪੰਚ ਚਰਨਜੀਤ ਸਿੰਘ ਵਡਾਲਾ ਨੇ ਦੱਸਿਆ ਕਿ ਇਸ ਕਬੱਡੀ ਕੱਪ ਵਿੱਚ ਮੋਹ ਬਾਬਾ ਹਜ਼ਾਰਾ ਸਿੰਘ ਕਬੱਡੀ ਕਲੱਬ ਪੰਜਾਬ ਲਾਇਨਜ਼, ਬਾਬਾ ਬੁੱਢਾ ਸਾਹਿਬ ਕਬੱਡੀ ਕਲੱਬ ਰਮਦਾਸ, ਸ਼ਹੀਦ ਬਾਬਾ ਦੀਪ ਸਿੰਘ ਕਬੱਡੀ ਕਲੱਬ ਤੇਜਾ ਸਿੰਘ ਵਾਲਾ ਅਤੇ ਨਾਨਕਸਰ ਕਬੱਡੀ ਕਲੱਬ ਗੁਰਦਾਸਪੁਰ ਟੀਮਾ ਭਾਗ ਲੈਣਗੀਆਂ। ਇਨਾਮ ਰਾਸ਼ੀ ਵੀ ਬਹੁਤ ਆਕਰਸ਼ਕ ਰੱਖੀ ਗਈ ਹੈ, ਜਿਸ ਵਿੱਚ ਪਹਿਲੇ ਨੰਬਰ 'ਤੇ ਆਉਣ ਵਾਲੀ ਵਿਜੇਤਾ ਟੀਮ ਨੂੰ 1 ਲੱਖ 31 ਹਜ਼ਾਰ ਰੁਪਏ, ਦੂਜੇ ਨੰਬਰ ਵਾਲੀ ਨੂੰ 1 ਲੱਖ 21 ਹਜ਼ਾਰ ਰੁਪਏ ਅਤੇ ਤੀਜੇ ਤੇ ਚੌਥੇ ਨੰਬਰ ਵਾਲੀਆਂ ਟੀਮਾਂ ਨੂੰ ਇੱਕ-ਇੱਕ ਲੱਖ ਰੁਪਏ ਦਿੱਤੇ ਜਾਣਗੇ। ਇਸ ਤੋਂ ਇਲਾਵਾ, ਚਾਰਾਂ ਟੀਮਾਂ ਵਿੱਚੋਂ ਬੈਸਟ ਜਾਫੀ ਅਤੇ ਬੈਸਟ ਰੇਡਰ ਨੂੰ ਕਵੀ ਸ਼ਾਹ ਮੁਹੰਮਦ ਕਲੱਬ ਵੱਲੋਂ 21-21 ਹਜ਼ਾਰ ਰੁਪਏ ਦੇ ਇਨਾਮ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸ ਕੱਪ ਦੌਰਾਨ ਅੰਤਰਰਾਸ਼ਟਰੀ ਪੱਧਰ ਦੇ ਮਸ਼ਹੂਰ ਕਬੱਡੀ ਖਿਡਾਰੀ ਢੱਲਾ ਅੰਮ੍ਰਿਤਸਰੀਆ (ਧਰਮਿੰਦਰ ਢੱਲਾ) ਨੂੰ ਸਕਾਰਪੀਓ ਗੱਡੀ ਨਾਲ ਅਤੇ ਉਘੇ ਖਿਡਾਰੀ ਅਵੀ ਵਡਾਲਾ ਨੂੰ ਮੋਟਰਸਾਈਕਲ ਨਾਲ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।

# ਹੁਣ ਮਸਲਿਆਂ ਦਾ ਹੱਲ ਸਿੱਧੇ ਬੂਥ ਲੈਵਲ ਅਫ਼ਸਰ ਪਾਸੋਂ ਸੰਭਵ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ ) - ਸ੍ਰੀ ਗੁਰਸਿਮਰਨ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ- ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ, ਗੁਰਦਾਸਪੁਰ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਇੱਕ ਨਵਾਂ ਮਡਿਊਲ " ਬੁੱਕ ਏ ਕਾਲ ਵਿਦ ਬੀ ਐਲ ਓ" ਸ਼ੁਰੂ ਕੀਤਾ ਗਿਆ ਹੈ। ਇਸ ਸਹੂਲਤ ਰਾਹੀਂ ਆਮ ਨਾਗਰਿਕ ਵੋਟਰ ਸੂਚੀ ਨਾਲ ਸਬੰਧਤ ਆਪਣੇ ਮਸਲਿਆਂ ਦਾ ਹੱਲ ਸਿੱਧੇ ਆਪਣੇ ਬੂਥ ਲੈਵਲ ਅਫ਼ਸਰ (ਬੀ ਐਲ ਓ) ਪਾਸੋਂ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਜਦੋਂ ਕੋਈ ਵੋਟਰ " ਮੋਬਾਇਲ ਐਪ ਜਾਂ ਵੋਟਰ ਪੋਰਟ 'ਤੇ ਲਾਗਿਨ ਕਰਕੇ ਵਿਕਲਪ ਰਾਹੀਂ ਕਾਲ ਬੁੱਕ ਕਰੇਗਾ, ਤਾਂ ਸਬੰਧਤ ਬੀ.ਐਲ.ਓ ਅਤੇ ਬਿਨੈਕਾਰ ਦੋਵਾਂ ਨੂੰ ਇੱਕ ਟੈਕਸਟ ਮੈਸੇਜ਼ ਪ੍ਰਾਪਤ ਹੋਵੇਗਾ। ਇਸ ਤੋਂ ਬਾਅਦ ਬੀ.ਐਲ.ਓ ਬਿਨੈਕਾਰ ਨੂੰ ਫ਼ੋਨ ਕਰਕੇ ਉਸ ਦੀਆਂ ਸਮੱਸਿਆਵਾਂ ਦਾ ਹੱਲ ਕਰੇਗਾ ਅਤੇ ਇਸ ਸਬੰਧੀ ਪੁਸ਼ਟੀ ਦਾ ਮੈਸੇਜ਼ ਸਬੰਧਤ ਬਿਨੈਕਾਰ ਨੂੰ ਪ੍ਰਾਪਤ ਹੋ ਜਾਵੇਗਾ। ਢਿੱਲੋਂ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਭਾਰਤ ਚੋਣ ਕਮਿਸ਼ਨ ਵੱਲੋਂ ਸ਼ੁਰੂ ਕੀਤੇ ਗਏ ਇਸ ਨਵੇਂ ਮਡਿਊਲ ਦਾ ਵੱਧ ਤੋਂ ਵੱਧ ਉਪਯੋਗ ਕਰਨ।

# ਭਾਈ ਪ੍ਰਦੀਪ ਸਿੰਘ ਖ਼ਾਲਸਾ ਗਾਜੀਕੋਟ ਦੀ ਬਰਸੀ ਭਲਕੇ

ਗੁਰਦਾਸਪੁਰ (ਜਨਕ ਮਹਾਜਨ)- ਸ਼ਹੀਦ ਭਾਈ ਪ੍ਰਦੀਪ ਸਿੰਘ ਖ਼ਾਲਸਾ ਪੁੱਤਰ ਗੁਰਬਚਨ ਸਿੰਘ ਵਾਸੀ ਗਾਜ਼ੀਕੋਟ ਜ਼ਿਲ੍ਹਾ ਗੁਰਦਾਸਪੁਰ ਦੀ ਸਲਾਨਾ ਬਰਸੀ 22 ਫਰਵਰੀ ਨੂੰ ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ। ਕੈਪਟਨ ਗੁਰਬਖ਼ਸ਼ ਸਿੰਘ ਨੇ ਗੱਲਬਾਤ ਦੌਰਾਨ ਦੱਸਿਆ ਕਿ ਉਨ੍ਹਾਂ ਦੇ ਸਪੁੱਤਰ ਸ਼ਹੀਦ ਭਾਈ ਪ੍ਰਦੀਪ ਸਿੰਘ ਅਨੰਦਪੁਰ ਸਾਹਿਬ ਹੋਲੇ ਮਹੱਲੇ ਮੌਕੇ ਹੁੱਲੜਬਾਜ਼ਾਂ ਨਾਲ ਲੋਹਾ ਲੈਂਦਿਆਂ ਸ਼ਹਾਦਤ ਦਾ ਜਾਮ ਪੀ ਗਏ ਸਨ। ਸ਼ਹੀਦ ਭਾਈ ਪ੍ਰਦੀਪ ਸਿੰਘ ਖ਼ਾਲਸਾ ਦੀ ਕੁਰਬਾਨੀ ਨੂੰ ਮੁੱਖ ਰੱਖਦੇ ਹੋਏ ਜਥੇਦਾਰ ਅਕਾਲ ਤਖ਼ਤ ਸਾਹਿਬ ਵੱਲੋਂ ਉਨ੍ਹਾਂ ਨੂੰ ਸ਼ਹੀਦ ਦਾ ਦਰਜਾ ਦਿੱਤਾ ਗਿਆ ਸੀ। ਹਰ ਸਾਲ ਉਨ੍ਹਾਂ ਦੀ ਯਾਦ ਨੂੰ ਤਾਜ਼ਾ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਭਾਈ ਪ੍ਰਦੀਪ ਸਿੰਘ ਹੁੱਲੜਬਾਜ਼ਾਂ ਨੂੰ ਨੱਥ ਪਾਉਂਦੇ ਸ਼ਹੀਦੀ ਦਾ ਜਾਮ ਪੀ ਗਿਆ ਸੀ ਪਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪਰਿਵਾਰ ਨੂੰ ਕੋਈ ਮਦਦ ਨਹੀਂ ਦਿੱਤੀ। ਉਨ੍ਹਾਂ ਕਿਹਾ ਕਿ ਪ੍ਰਦੀਪ ਸਿੰਘ ਨੂੰ ਸ਼ਹੀਦ ਤਾਂ ਐਲਾਨਿਆ ਗਿਆ ਪਰ ਉਨ੍ਹਾਂ ਦੀ ਤਸਵੀਰ ਅਜੈਬ ਘਰ ਵਿਚ ਨਹੀਂ ਲਗਾਈ ਗਈ।



# ਡਾ. ਅਸ਼ੋਕ ਕੁਮਾਰ ਮਿੱਤਲ ਨੇ ਅਮਰੀਕਾ ਨਾਲ ਹੋਏ ਇਕਤਰਫਾ ਵਪਾਰ ਸਮਝੌਤੇ ਬਾਰੇ ਸਰਕਾਰ ਤੋਂ ਪੁੱਛੇ ਸਵਾਲ

ਜਲੰਧਰ : ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਫਾਊਂਡਰ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ ਕਿ ਸਿਰਫ ਆਰਥਿਕ ਦਾਅਵੇ ਕਰਨ ਨਾਲ ਜ਼ਮੀਨੀ ਹਕੀਕਤ ਨਹੀਂ ਬਦਲਦੀ। ਅਮਰੀਕਾ ਨਾਲ ਹੋਏ ਤਾਜ਼ਾ ਵਪਾਰ ਸਮਝੌਤੇ ਬਾਰੇ ਉਨ੍ਹਾਂ ਨੇ ਕਿਹਾ ਕਿ ਭਾਰਤ ਨੂੰ ਧਿਆਨ ਨਾਲ ਦੇਖਣਾ ਚਾਹੀਦਾ ਹੈ ਕਿ ਕੀ ਵਪਾਰ ਵਿੱਚ ਦਿੱਤੀ ਛੋਟ ਨਾਲ ਦੇਸ਼ੀ ਉਦਯੋਗ ਨੂੰ ਸੰਭਾਵਿਤ ਫਾਇਦਾ ਹੋਵੇਗਾ ਜਾਂ ਨਹੀਂ।ਉਨ੍ਹਾਂ ਨੇ ਦੱਸਿਆ ਕਿ ਦੇਸ਼ ਨੇ 720.24 ਅਰਬ ਅਮਰੀਕੀ ਡਾਲਰ ਦਾ ਸਮਾਨ ਆਯਾਤ ਕੀਤਾ ਹੈ ਅਤੇ 94.3 ਅਰਬ ਅਮਰੀਕੀ ਡਾਲਰ ਦਾ ਵਪਾਰ ਘਾਟਾ ਹੈ। ਇਸ ਲਈ ਉਨ੍ਹਾਂ ਨੇ ਸਾਫ ਰਣਨੀਤੀ ਦੀ ਮੰਗ ਕੀਤੀ। ਰੂਸ ਤੋਂ ਤੇਲ ਖਰੀਦਣ ਬਾਰੇ ਭਾਰਤ ਦੀ ਲੰਬੇ ਸਮੇਂ ਦੀ ਯੋਜਨਾ ਕੀ ਹੈ, ਇਸ ਬਾਰੇ ਵੀ ਉਨ੍ਹਾਂ ਨੇ ਜਾਣਕਾਰੀ ਮੰਗੀ। ਉਨ੍ਹਾਂ ਜ਼ੋਰ ਦਿੱਤਾ ਕਿ ਆਰਥਿਕ ਕੂਟਨੀਤੀ ਰਾਸ਼ਟਰੀ ਹਿੱਤਾਂ ਦੇ ਅਨੁਸਾਰ ਹੋਣੀ ਚਾਹੀਦੀ ਹੈ।ਡਾ. ਮਿੱਤਲ ਨੇ ਕਿਹਾ ਕਿ ਬਜਟ ਦੇ ਅੰਕੜੇ ਦੇਸ਼ ਦੀ ਆਰਥਿਕ ਹਾਲਤ 'ਤੇ ਪੈ ਰਹੇ ਭਾਰੀ ਦਬਾਅ ਨੂੰ ਦਰਸਾਉਂਦੇ ਹਨ। 53 ਲੱਖ ਕਰੋੜ ਰੁਪਏ ਦੇ ਕੁੱਲ ਬਜਟ ਵਿੱਚੋਂ 14 ਲੱਖ ਕਰੋੜ ਰੁਪਏ ਸਿਰਫ ਵਿਆਜ ਦੇਣ ਵਿੱਚ ਖਰਚ ਹੋ ਰਹੇ ਹਨ। ਇਸ ਦਾ ਮਤਲਬ ਹੈ ਕਿ ਸਰਕਾਰ ਦੀ ਲਗਭਗ 40 ਫੀਸਦੀ ਕਮਾਈ ਪੁਰਾਣੇ ਕਰਜ਼ੇ ਉਤਾਰਨ ਵਿੱਚ ਹੀ ਚਲੀ ਜਾਂਦੀ ਹੈ।

# ਪ੍ਰਤੀਯੋਗਤਾ ਪ੍ਰੀਖਿਆ 'ਚ ਮੱਲਾਂ ਮਾਰਨ ਵਾਲੇ ਵਿਦਿਆਰਥੀ ਸਨਮਾਨਤ



ਝਬਾਲ (ਹਰਜਿੰਦਰ ਸਿੰਘ ਸੋਨੀ)-ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵੱਲੋਂ ਸੈਸ਼ਨ 2025 -2026 ਸਾਇੰਸ ਓਲੰਪੀਆਡ ਫਾਊਂਡੇਸ਼ਨ ਨਵੀਂ ਦਿੱਲੀ ਵੱਲੋਂ ਕਰਵਾਈਆਂ ਗਈਆਂ ਇੰਗਲਿਸ਼, ਸਾਇੰਸ ਅਤੇ ਜੀ.ਕੇ ਵਿਸ਼ਿਆਂ ਦੀਆਂ ਪ੍ਰੀਖਿਆਵਾਂ ਵਿੱਚੋਂ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਇੰਗਲਿਸ਼ ਵਿਸ਼ੇ ਵਿੱਚੋਂ 64, ਸਾਇੰਸ ਵਿਸ਼ੇ ਵਿੱਚੋਂ 23 ਅਤੇ ਜੀ.ਕੇ ਵਿਸ਼ੇ ਵਿੱਚੋਂ 55 ਵਿਦਿਆਰਥੀਆਂ ਨੇ ਗੋਲਡ ਮੈਡਲ ਆਫ਼ ਐਕਸੀਲੈਂਸ ਪ੍ਰਾਪਤ ਕੀਤੇ।ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਇਹਨਾਂ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਇਹਨਾਂ ਦੀ ਹੌਸਲਾ ਅਫ਼ਜ਼ਾਈ ਕੀਤੀ।

# ਸ਼ਹਿਰ ਦੇ ਚੌਕਾਂ ਤੇ ਬਾਜ਼ਾਰਾਂ 'ਚ 140 ਦੇ ਕਰੀਬ ਕੈਮਰੇ ਰੱਖਣਗੇ ਤਿੱਖੀ ਨਜ਼ਰ : ਰਾਜੀਵ ਸ਼ਰਮਾ

ਗੁਰਦਾਸਪੁਰ (ਜਨਕ ਮਹਾਜਨ)

ਗੁਰਦਾਸਪੁਰ ਸ਼ਹਿਰ ਦੀ ਸੁਰੱਖਿਆ ਨੂੰ ਮੁੱਖ ਰਖਦੇ ਹੋਏ ਅਤੇ ਮਾੜੇ ਅਨਸਰਾਂ ਤੇ ਨਸ਼ਾ ਤਸਕਰਾਂ ਆਦਿ 'ਤੇ ਤਿੱਖੀ ਨਜ਼ਰ ਰਖਣ ਵਾਸਤੇ ਸ਼ਹਿਰ ਦੇ ਮੇਨ ਚੌਕਾਂ ਅਤੇ ਬਾਜ਼ਾਰਾਂ ਵਿਚ 140 ਦੇ ਕਰੀਬ ਕੈਮਰੇ ਲਗਾਏ ਜਾ ਰਹੇ ਹਨ ਜਿਸ 'ਤੇ ਕਰੀਬ 50 ਲੱਖ ਰੁਪਏ ਲਾਗਤ ਆਵੇਗੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਰਾਜੀਵ ਸ਼ਰਮਾ ਚੇਅਰਮੈਨ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਨੇ ਦੱਸਿਆ ਕਿ ਬ੍ਰਿਸਟੋ ਸੁਰੱਖਿਆ ਪ੍ਰਣਾਲੀ ਅਧੀਨ ਗੁਰਦਾਸਪੁਰ ਦੇ ਲਗਭਗ 40 ਚੌਕਾਂ ਅਤੇ ਧਾਰਮਿਕ ਸਥਾਨਾਂ ਦੇ ਬਾਹਰ ਇਹ ਕੈਮਰੇ ਲਗਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਹ ਕੈਮਰੇ ਗੋਲਡਨ ਪਾਮ ਚੌਕ, ਮਿਲਕ ਪਲਾਂਟ, ਮਾਨਕੌਰ ਸਿੰਘ ਬਾਈਪਾਸ, ਬਾਬਾ ਬੰਦਾ ਸਿੰਘ ਬਹਾਦਰ ਚੌਕ ਨਬੀਪੁਰ, ਡਾਕਖ਼ਾਨਾ ਚੌਕ, ਜਹਾਜ਼ ਚੌਕ, ਪੁਰਾਣੀ ਦਾਨਾ ਮੰਡੀ, ਪੰਚਾਇਤ ਭਵਨ, ਲਿਟਲ ਫਲਾਵਰ ਸਕੂਲ ਬਾਹਰ, ਰੇਲਵੇ ਸਟੇਸ਼ਨ ਚੌਕ, ਫਿਸ਼ ਪਾਰਕ, ਸ੍ਰੀ ਪਰਸੂਰਾਮ ਚੌਕ, ਕਾਲਜ ਰੋਡ, ਬਾਟਾ ਚੌਕ, ਗੁਰੂ ਰਵਿਦਾਸ ਚੌਕ ਸਕੀਮ ਨੰਬਰ 5, ਮੋਨ ਪਲਾਜ਼ਾ ਸਕੀਮ ਨੰਬਰ 1, ਸਕੀਮ ਨੰਬਰ 7 ਦੇ ਐਂਟਰਸ ਗੇਟਾਂ 'ਤੇ, ਭਾਈ ਲਾਲੋ ਚੌਕ, ਐਸ.ਡੀ. ਕਾਲਜ ਚੌਕ, ਕਾਹਨੂੰਵਾਨ ਚੌਕ, ਬਿੱਟਾ ਸਵੀਟਸ਼ਾਪ ਚੌਕ, ਪੁਰਾਣੀ ਸਬਜ਼ੀ ਮੰਡੀ ਚੌਕ, ਬਹਿਰਾਮਪੁਰ ਰੋਡ ਟੀ. ਪੁਆਇੰਟ, ਹਨੂੰਮਾਨ ਚੌਕ, ਬੱਸ ਅੱਡੇ ਦੀ ਬੈਕ ਸਾਈਡ, ਗੁਰੂ ਨਾਨਕ ਪਾਰਕ ਜੇਲ੍ਹ ਰੋਡ, ਇਸਲਾਮਾਬਾਦ ਮੁਹੱਲਾ, ਜੁਡੀਸ਼ੀਅਲ ਡੀ.ਸੀ. ਦਫ਼ਤਰ ਬਾਹਰ, ਐਸ.ਐਸ.ਪੀ. ਦਫ਼ਤਰ ਬਾਹਰ, ਕੋਰਟ ਕੰਪਲੈਕਸ ਦੇ ਬਾਹਰ, ਧਾਰਮਿਕ ਅਸਥਾਨਾਂ ਦੇ ਬਾਹਰ ਤੇ ਹੋਰ ਵੀ ਮਹੱਤਵਪੂਰਨ ਥਾਵਾਂ 'ਤੇ ਕੈਮਰੇ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਨਿਗਰਾਨੀ ਕੈਮਰੇ ਲਗਾਉਣ ਦੀ ਤਜਵੀਜ਼ ਸਰਕਾਰ ਕੋਲ ਆਪਣੇ ਮਤੇ ਰਾਹੀਂ ਪ੍ਰਵਾਨਗੀ ਲਈ ਭੇਜੀ ਗਈ ਹੈ। ਉਨ੍ਹਾਂ ਕਿਹਾ ਸ਼ਹਿਰ ਗੁਰਦਾਸਪੁਰ ਨੂੰ ਹੋਰ ਬਿਹਤਰ ਸੇਵਾਵਾਂ ਦੇਣ ਲਈ ਟਰੱਸਟ ਵਲੋਂ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਨਿਗਰਾਨੀ ਕੈਮਰੇ ਲਗਵਾਉਣ ਦੀ ਤਜਵੀਜ ਸਰਕਾਰ ਕੋਲ ਆਪਣੇ ਮਤੇ ਰਾਹੀਂ ਪ੍ਰਵਾਨਗੀ ਲਈ ਭੇਜੀ ਗਈ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸ਼ਹਿਰ ਗੁਰਦਾਸਪੁਰ ਨੂੰ ਹੋਰ ਬਿਹਤਰ ਸੇਵਾਵਾਂ ਦੇਣ ਲਈ ਟਰੱਸਟ ਵਲੋਂ ਉਪਰਾਲੇ ਕੀਤੇ ਜਾਣਗੇ ਅਤੇ ਜਲਦੀ ਹੀ ਗੁਰਦਾਸਪੁਰ ਵਿਖੇ ਕੈਮਰੇ ਲਗਵਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਚੇਅਰਮੈਨ ਰਾਜੀਵ ਸ਼ਰਮਾ ਨੇ ਦੱਸਿਆ ਕਿ ਇਨ੍ਹਾਂ ਕੈਮਰਿਆਂ ਦੇ ਲੱਗਣ ਨਾਲ ਪੁਲਸ ਵਿਭਾਗ ਨੂੰ ਵੀ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੀ ਚੈਕਿੰਗ ਕਰਨ ਵੇਲੇ ਮਦਦ ਮਿਲੇਗੀ। ਇਸ ਮੌਕੇ ਉਨ੍ਹਾਂ ਨਾਲ ਮਨੋਜ ਕੁਮਾਰ ਸ਼ਰਮਾ ਕਾਰਜਸਾਧਕ ਅਫ਼ਸਰ, ਰਮਿੰਦਰ ਸਿੰਘ ਐਕਸੀਅਨ, ਅਨੁਰਾਗ ਸ਼ਰਮਾ ਜੇ.ਈ., ਸੁਰਿੰਦਰ ਸਿੰਘ ਹੈਡ ਡਰਾਫਟਮੈਨ, ਰਾਜ ਕੁਮਾਰ ਸੀਨੀਅਰ ਕਲਰਕ ਤੋਂ ਹੋਰ ਟਰੱਸਟ ਦਫਤਰ ਦਾ ਸਟਾਫ ਹਾਜ਼ਰ ਸੀ।

# 17ਵਾਂ ਕੀਰਤਨ ਦਰਬਾਰ 23 ਤੋਂ

ਬਿਆਸ (ਪਰਮਜੀਤ ਸਿੰਘ ਰੱਖੜਾ)- ਪਿੰਡ ਵਜ਼ੀਰ ਭੁੱਲਰ ਦੇ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ 17 ਵਾਂ ਸਲਾਨਾ ਧਾਰਮਿਕ ਸਮਾਗਮ ਸ੍ਰੀ ਗੁਰੂ ਤੇਗ ਬਹਾਦਰ ਧਰਮ ਪ੍ਰਚਾਰ ਕਮੇਟੀ, ਐਨ ਆਰ ਆਈ ਵੀਰ ਸਮੂਹ, ਸਾਧ ਸੰਗਤ ਵਜ਼ੀਰ ਭੁੱਲਰ ਅਤੇ ਇਲਾਕਾ ਨਿਵਾਸੀਆਂ ਵੱਲੋਂ ਕਰਾਇਆ ਜਾ ਰਿਹਾ ਹੈ।

ਸਮੂਹ ਸੇਵਾਦਾਰਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ 23 ਫਰਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਅਤੇ ਭੋਗ ਉਪਰੰਤ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ ਜਾਣਗੇ।

24 ਅਤੇ 25 ਫਰਵਰੀ ਨੂੰ ਸ਼ਾਮ 6 ਵਜੇ ਤੋਂ ਰਾਤ 10.30 ਵਜੇ ਤੱਕ ਧਾਰਮਿਕ ਕੀਰਤਨ ਸਮਾਗਮ ਕਰਵਾਇਆ ਜਾਵੇਗਾ। ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਢਾਡੀ ਅਤੇ ਕਥਾ ਵਾਚਕ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ

# ਪੰਜਾਬ ਨੂੰ ਡਾਇਲਾਗ ਦੀ ਨਹੀਂ, ਡਲਿਵਰੀ ਦੀ ਲੋੜ :

ਮਜੀਠਾ (ਸੋਇਮ ਆਨੰਦ)- ਅੱਜ ਪੰਜਾਬ ਨੂੰ ਡਾਇਲਾਗ ਦੀ ਨਹੀਂ ਡਲਿਵਰੀ ਦੀ ਲੋੜ ਹੈ। ਪੰਜਾਬ ਦੇ ਹਾਲਾਤ ਆਈ.ਸੀ.ਯੂ ਵਰਗੇ ਬਣੇ ਹੋਏ ਹਨ। ਪੰਜਾਬ ਦੇ ਸਿਰ ਮੌਜੂਦਾ ਸਮੇਂ ਵਿਚ ਸਾਢੇ ਲੱਖ ਕਰੋੜ ਰੁਪਏ ਦਾ ਕਰਜ਼ਾ ਚੜ੍ਹ ਚੁੱਕਾ ਹੈ ਪਰ ਪੰਜਾਬ ਸਰਕਾਰ ਪੰਜਾਬ ਦੇ ਲੋਕਾਂ ਦੇ ਟੈਕਸਾਂ ਦਾ ਸਾਰਾ ਪੈਸਾ ਆਪਣੇ ਦਿੱਲੀ ਬੈਠੇ ਨੇਤਾਵਾਂ ਨੂੰ ਖੁੱਲ੍ਹੇ ਹੱਥੀਂ ਲੁਟਾ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਸੀਨੀਅਰ ਅਕਾਲੀ ਆਗੂ ਅਵਤਾਰ ਸਿੰਘ ਗਿੱਲ ਦੀ ਅਗਵਾਈ ਵਿਚ ਮਜੀਠਾ ਸ਼ਹਿਰ ਦੀ ਵਾਰਡ ਨੰਬਰ 1 ਅਤੇ ਮਜੀਠਾ ਦਿਹਾਤੀ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਉਨ੍ਹਾਂ ਸਨਮਾਨਤ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਮਜੀਠੀਆ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋ ਯੁੱਧ ਨਸ਼ਿਆਂ ਵਿਰੁੱਧ ਪੜਾਅ ਦੂਸਰੇ ਦੀ ਸ਼ੁਰੂਆਤ ਕੀਤੀ ਗਈ ਹੈ ਜਦ ਕਿ ਪੰਜਾਬ ਵਿਚ 2500 ਨਵੇਂ ਸ਼ਰਾਬ ਦੇ ਠੇਕੇ ਖੋਲ੍ਹ ਦਿੱਤੇ ਗਏ ਹਨ। ਪੰਜਾਬ ਵਿਚ ਕਿਸਾਨਾਂ ਦੀਆਂ ਖੁਦਕੁਸ਼ੀਆਂ ਦਾ ਸਿਲਸਿਲਾ ਰੁਕ ਨਹੀ ਰਿਹਾ। ਸਰਕਾਰ ਵੱਲੋ ਗਲਤ ਦਾਅਵੇ ਕੀਤੇ ਜਾ ਰਹੇ ਹਨ ਕਿ 64000 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਹਨ ਪਰ ਹਾਲੇ ਵੀ ਪੰਜਾਬ ਦੀਆਂ ਸੜਕਾਂ ਦੇ ਹਜ਼ਾਰਾਂ ਬੇਰੁਜ਼ਗਾਰ ਨੌਜਵਾਨ ਧਰਨੇ ਦੇਣ ਲਈ ਮਜਬੂਰ ਹਨ। ਸਰਕਾਰ ਵੱਲੋ ਸਨਅਤਕਾਰਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਦੀ ਗੱਲ ਕੀਤੀ ਜਾ ਰਹੀ ਹੈ। ਪਰ ਹਕੀਕਤ ਵਿਚ ਪੰਜਾਬ ਦੇ ਸਨਅਤਕਾਰ ਸਰਕਾਰ ਦੀਆਂ ਮਾਰੂ ਨੀਤੀਆਂ ਤੋਂ ਪ੍ਰੇਸ਼ਾਨ ਹਨ ਮਜਬੂਰ ਹੋ ਕੇ ਦੂਸਰੇ ਸੂਬਿਆਂ ਵਿਚ ਸ਼ਿਫ਼ਟ ਹੋ ਰਹੇ ਹਨ। ਮਜੀਠੀਆ ਨੇ ਕਿਹਾ ਕਿ 2027 ਵਿਚ ਹੋਣ ਵਾਲੀਆਂ ਆਮ ਚੋਣਾਂ ਵਿਚ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਪਾਸੋਂ ਹਿਸਾਬ ਮੰਗਣਗੇ ਅਤੇ ਸਰਕਾਰ ਨੂੰ ਚਲਦਾ ਕਰਨਗੇ। ਮਜੀਠੀਆ ਨੇ ਸ਼ਹਿਰ ਮਜੀਠਾ ਅਤੇ ਮਜੀਠਾ ਦਿਹਾਤੀ ਤੋਂ ਆਏ ਅਕਾਲੀ ਵਰਕਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸੀਨੀਅਰ ਅਕਾਲੀ ਆਗੂ ਅਵਤਾਰ ਸਿੰਘ ਗਿੱਲ ਦੇ ਨਾਲ ਸਾਬਕਾ ਕੌਂਸਲਰ ਸੋਹਨ ਲਾਲ, ਬਾਬਾ ਮਹਿੰਦਰ ਸਿੰਘ, ਕੰਵਲਜੀਤ ਸਿੰਘ ਸੋਨਾ ਫੋਰਡ ਸੁਪਾਰੀਵਿੰਡ, ਬਚਿੱਤਰ ਸਿੰਘ ਆੜ੍ਹਤੀਆ, ਜੇਮਸ ਮਸੀਹ, ਕੁੱਕਾ ਮਸੀਹ, ਭੁਪਿੰਦਰ ਸਿੰਘ ਮਜੀਠਾ ਦਿਹਾਤੀ, ਸੁਖਜੀਤ ਸਿੰਘ ਸਾਬਕਾ ਸਰਪੰਚ, ਸਵਿੰਦਰ ਸਿੰਘ ਸਾਬਕਾ ਸਰਪੰਚ, ਹਰਜਿੰਦਰ ਸਿੰਘ ਸਾਬਕਾ ਸਰਪੰਚ, ਅਮਰਦੀਪ ਸਿੰਘ ਸਰਪੰਚ ਮਜੀਠਾ ਦਿਹਾਤੀ, ਪਰਮਜੀਤ ਸਿੰਘ ਗੱਲ,ਅਵਤਾਰ ਸੰਘ ਆਰੇਵਾਲਾ, ਤੇਜਿੰਦਰ ਸਿੰਘ ਮਾਨ, ਬਲਵਿੰਦਰ ਸਿੰਘ ਸੀ.ਏ, ਮਨਦੀਪ ਸੰਘ ਪੰਚ, ਵਿਨੋਦ ਕਪਾਹੀ, ਅਮਨ ਆਦਿ ਅਕਾਲੀ ਵਰਕਰ ਹਾਜ਼ਰ ਸਨ।



# ਮਹਾਸ਼ਿਵਰਾਤਰੀ 'ਤੇ ਧਾਰੀਵਾਲ ਵਿਖੇ ਲੰਗਰ ਲਗਾਇਆ

ਧਾਰੀਵਾਲ (ਮਨਦੀਪ ਵਿੱਕੀ)-ਮਹਾਸ਼ਿਵਰਾਤਰੀ ਦੇ ਪਵਿੱਤਰ ਅਵਸਰ ਨੂੰ ਸਮਰਪਤ ਸਾਬਕਾ ਫੌਜੀ ਰਮੇਸ਼ ਪਾਲ ਦੇ ਪਰਵਾਰ ਵੱਲੋਂ ਪੁਰਾਣਾ ਧਾਰੀਵਾਲ ਵਿੱਚ ਵਿਸ਼ਾਲ ਲੰਗਰ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸੇਵਾ ਦੌਰਾਨ ਇਲਾਕੇ ਦੀਆਂ ਸੰਗਤਾਂ ਅਤੇ ਸ਼ਰਧਾਲੂਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਇਹ ਲੰਗਰ ਸਿਰਫ਼ ਧਾਰਮਿਕ ਭਾਵਨਾ ਨਾਲ ਹੀ ਨਹੀਂ, ਸਗੋਂ ਸਮਾਜ ਵਿੱਚ ਭਾਈਚਾਰੇ ਅਤੇ ਏਕਤਾ ਦਾ ਸੰਦੇਸ਼ ਦੇਣ ਲਈ ਵੀ ਲਗਾਇਆ ਗਿਆ ਹੈ। ਇਸ ਮੌਕੇ ਉਨ੍ਹਾਂ ਸਮੂਹ ਇਲਾਕਾ ਵਾਸੀਆਂ ਨੂੰ ਮਹਾਸ਼ਿਵਰਾਤਰੀ ਦੀਆਂ ਵਧਾਈਆਂ ਦਿੱਤੀਆਂ ਅਤੇ ਸਭ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਇਸ ਮੌਕੇ ਬਲਰਾਜ ਕੁਮਾਰ, ਸਾਜਨ ਕੁਮਾਰ, ਮੁਨੀਸ਼ ਤੋਂ ਇਲਾਵਾ ਹੋਰ ਨੌਜਵਾਨਾਂ ਨੇ ਲੰਗਰ ਵਰਤਾਉਣ ਦੀ ਸੇਵਾ ਕੀਤੀ।



# ਭਰਤੀ ਦੀ ਆਨਲਾਈਨ ਰਜਿਸਟਰੇਸ਼ਨ ਸ਼ੁਰੂ

ਤਰਨ ਤਾਰਨ (ਮੱਖਣ ਮਨੋਜ)-ਭਾਰਤੀ ਸੈਨਾ ਵਿੱਚ ਭਰਤੀ ਹੋਣ ਦੇ ਚਾਹਵਾਨ ਲੜਕੇ ਅਤੇ ਲੜਕੀਆਂ ਲਈ ਸੁਨਹਿਰਾ ਮੌਕਾ ਹੈ। ਇਹ ਪ੍ਰਗਟਾਵਾ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਮੁੱਖ ਕਾਰਜਕਾਰੀ ਅਫਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸੁਰਿੰਦਰ ਸਿੰਘ ਵੱਲੋਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਅਗਨੀਵੀਰ ਆਰਮੀ ਦੀ ਭਰਤੀ ਦੀ ਆਨਲਾਈਨ ਰਜਿਸਟਰੇਸ਼ਨ ਮਿਤੀ 13 ਫਰਵਰੀ ਤੋਂ ਸ਼ੁਰੂ ਹੋ ਗਈ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦੇਂ ਹੋਏ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਤਰਨ ਤਾਰਨ ਦੇ ਜ਼ਿਲ੍ਹਾ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਵਿਕਰਮ ਜੀਤ ਨੇ ਦੱਸਿਆ ਕਿ ਉਮਰ ਸੀਮਾ 18 ਤੋਂ 22 ਸਾਲ ਅਤੇ 12ਵੀਂ ਪਾਸ ਪ੍ਰਾਰਥੀ ਇਸ ਵਿੱਚ ਅਪਲਾਈ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਪ੍ਰਾਰਥੀ ਆਰਮੀ ਦੇ ਨਿਯਮਾਂ ਅਨੁਸਾਰ ਫਿਜ਼ੀਕਲ ਫਿੱਟ ਹੋਣੇ ਚਾਹੀਦੇ ਹਨ। ਪਹਿਲਾਂ ਦੀ ਉਮਰ ਸੀਮਾ 21 ਸਾਲ ਤੋਂ ਵਧਾ ਕੇ 22 ਸਾਲ ਤੱਕ ਕਰ ਦਿੱਤੀ ਗਈ ਹੈ। ਚਾਹਵਾਨ ਪ੍ਰਾਰਥੀ ਇਕੋ ਵਾਰ ਵਿੱਚ ਦੋ ਵੱਖ-ਵੱਖ ਪੋਸਟਾਂ ਵਿੱਚ ਵੀ ਅਪਲਾਈ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਆਰਮੀ ਵਿੱਚ ਭਰਤੀ ਹੋਣ ਦੇ ਚਾਹਵਾਨ ਪ੍ਰਾਰਥੀ ਆਪਣੀ ਰਜਿਸਟਰੇਸ਼ਨ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਸਬੰਧੀ ਵਧੇਰੇ ਜਾਣਕਾਰੀ ਆਰਮੀ ਦੀ ਵੈੱਬਸਾਈਟ ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ, ਜਾਂ ਪ੍ਰਾਰਥੀ ਕਿਸੇ ਵੀ ਕੰਮ ਵਾਲੇ ਦਿਨ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਤਰਨ ਤਾਰਨ ਵਿੱਚ ਖ਼ੁਦ ਆ ਕੇ ਮਿਲ ਸਕਦੇ ਹਨ ਜਾਂ ਦਫ਼ਤਰ ਦੇ ਹੈਲਪਲਾਈਨ ਨੰਬਰ 7717397013 'ਤੇ ਸੰਪਰਕ ਕਰ ਸਕਦੇ ਹਨ।

# ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾ.ਫ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)- ਜ਼ਿਲ੍ਹਾ ਗੁਰਦਾਸਪੁਰ ਪੁਲਿਸ ਨੇ ਵੱਖ-ਵੱਖ ਥਾਣਿਆਂ ਵਿਚ ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਥਾਣਾ ਦੀਨਾਨਗਰ ਦੇ ਐਸ.ਆਈ. ਹੇਮ ਰਾਜ ਨੇ ਸਮੇਤ ਪੁਲਿਸ ਪਾਰਟੀ ਲੱਡਾ ਰੇਲਵੇ ਫਾਟਕ ਪਨਿਆੜ ਤੋਂ ਪ੍ਰਵੀਨ ਉਰਫ ਰੋਹਿਤ ਪੁੱਤਰ ਹਰਬੰਸ ਲਾਲ ਉਰਫ ਲਾਡੀ ਵਾਸੀ ਪਨਿਆੜ ਨੂੰ ਕਾਬੂ ਕਰਕੇ ਉਸ ਪਾਸੋਂ 6 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ। ਥਾਣਾ ਸਦਰ ਗੁਰਦਾਸਪੁਰ ਪੁਲਿਸ ਦੇ ਏ.ਐਸ.ਆਈ. ਸਤਿੰਦਰਪਾਲ ਸਿੰਘ ਨੇ ਸਮੇਤ ਪੁਲਿਸ ਪਾਰਟੀ ਵਿਸ਼ੇਸ਼ ਨਾਕਾਬੰਦੀ ਦੌਰਾਨ ਸੁਮੀਤ ਮਹਾਜਨ ਪੁੱਤਰ ਰਾਜਨ ਮਹਾਜਨ ਵਾਸੀ ਉਕਾਰ ਨਗਰ, ਰਾਹੁਲ ਸੈਣੀ ਪੁੱਤਰ ਮਦਨ ਸੈਣੀ ਵਾਸੀ ਗੁਰਦਾਸਪੁਰ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ 3 ਗ੍ਰਾਮ ਹੈਰੋਇਨ , ਇੱਕ ਸਿਲਵਰ ਪੰਨੀ, ਲਾਈਟਰ ਅਤੇ 10 ਰੁਪਏ ਦਾ ਨੋਟ ਬਰਾਮਦ ਕੀਤਾ ਹੈ। ਥਾਣਾ ਤਿੱਬੜ ਦੇ ਏ.ਐਸ.ਆਈ. ਰਕੇਸ਼ ਕੁਮਾਰ ਨੇ ਪਿੰਡ ਹੁੰਦਲ ਤੋਂ ਜਸਟਿਨ ਮਸੀਹ ਪੁੱਤਰ ਜਸਬੀਰ ਮਸੀਹ ਵਾਸੀ ਬਾਹੀਆਂ ਨੂੰ ਕਾਬੂ ਕਰਕੇ ਉਸ ਪਾਸੋਂ 6 ਗ੍ਰਾਮ ਹੈਰੋਇੰਨ ਬਰਾਮਦ ਕੀਤੀ ਹੈ। ਥਾਣਾ ਭੈਣੀ ਮੀਆਂ ਖਾਂ ਦੇ ਏ.ਐਸ.ਆਈ. ਅਵਤਾਰ ਸਿੰਘ ਨੇ ਰਣਜੀਤ ਸਿੰਘ ਉਰਫ ਭੋਲੂ ਪੁੱਤਰ ਸੁੱਚਾ ਸਿੰਘ, ਪੰਕਜ ਪੁੱਤਰ ਮੱਖਣ ਮਸੀਹ ਵਾਸੀਆਂਨ ਬਜਾੜ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਨ੍ਹਾਂ ਪਾਸੋਂ ਜਮੀਨ 'ਤੇ ਸੁੱਟੇ ਮੋਮੀ ਲਿਫਾਫੇ ਵਿੱਚੋਂ 10 ਗ੍ਰਾਮ ਹੈਰੋਇਨ ਬ੍ਰਾਮਦ ਹੋਈ ਹੈ। ਪੁਲਿਸ ਨੇ ਉਕਤ ਨਸ਼ਾ ਤਸਕਰਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ।

# ਨੈਸ਼ਨਲ ਲੋਕ ਅਦਾਲਤ ਬਾਰੇ ਸੀ ਜੇ ਐੱਮ ਵੱਲੋਂ ਵੱਖ-ਵੱਖ ਅਧਿਕਾਰੀਆਂ ਨਾਲ ਮੀਟਿੰਗ

ਪਠਾਨਕੋਟ ( ਦਵਿੰਦਰ ਸਿੰਘ)

ਨੈਸ਼ਨਲ ਲੋਕ ਅਦਾਲਤ ਨੂੰ ਲੈ ਕੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਦੇ ਸਕੱਤਰ ਕਮ ਸੀ ਜੇ ਐਮ ਰੁਪਿੰਦਰ ਸਿੰਘ ਦੀ ਅਗਵਾਈ ਵਿੱਚ ਕੋਰਟ ਕੰਪਲੈਕਸ ਪਠਾਨਕੋਟ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਸ਼ਾਮਲ ਹੋਏ। ਇਸ ਮੌਕੇ ਸੀ ਜੇ ਐਮ ਰੁਪਿੰਦਰ ਸਿੰਘ ਨੇ ਦੱਸਿਆ ਕਿ 14 ਮਾਰਚ ਨੂੰ ਕੋਰਟ ਕੰਪਲੈਕਸ ਪਠਾਨਕੋਟ ਵਿਖੇ ਅਥਾਰਟੀ ਦੇ ਚੇਅਰਮੈਨ ਜ਼ਿਲ੍ਹਾ ਤੇ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਦੀ ਅਗਵਾਈ ਵਿੱਚ ਨੈਸ਼ਨਲ ਲੋਕ ਅਦਾਲਤ ਲਗਾਈ ਜਾ ਰਹੀ ਹੈ। ਉਹਨਾਂ ਦੱਸਿਆ ਕਿ ਇਸ ਲੋਕ ਅਦਾਲਤ ਵਿੱਚ ਵੱਖ ਵੱਖ ਜੱਜ ਸਾਹਿਬਾਨ ਦੇ ਬੈਂਚ ਲਗਾ ਕੇ ਆਪਸੀ ਸਹਿਮਤੀ ਨਾਲ ਲੋਕਾਂ ਦੇ ਕੇਸਾਂ ਦਾ ਨਿਪਟਾਰਾ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਪਰਵਾਰਕ ਝਗੜੇ, ਬਿਜਲੀ, ਪਾਣੀ ਨਾਲ ਸੰਬੰਧਤ ਕੇਸ, ਛੋਟੇ ਫੌਜਦਾਰੀ ਮਾਮਲੇ, ਦੁਰਘਟਨਾ ਮੁਆਵਜ਼ਾ ਅਵਾਰਡ ਪਾਸ ਕੀਤੇ ਜਾਣਗੇ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਨੈਸ਼ਨਲ ਲੋਕ ਅਦਾਲਤ ਵਿੱਚ ਕੇਸ ਲਗਾ ਕੇ ਆਪਣੇ ਝਗੜੇ ਖਤਮ ਕਰੋ ਅਤੇ ਸਸਤਾ ਤੇ ਸਰਲ ਨਿਆਂ ਪ੍ਰਾਪਤ ਕਰੋ। ਉਹਨਾਂ ਦੱਸਿਆ ਕਿ ਲੋਕ ਅਦਾਲਤ ਵਿੱਚ ਕਿਸੇ ਵੀ ਪਾਰਟੀ ਦੀ ਹਾਰ ਨਹੀਂ ਹੁੰਦੀ । ਦੋਨੋਂ ਹੀ ਪਾਰਟੀਆਂ ਕੇਸ ਜਿੱਤ ਕੇ ਘਰ ਜਾਂਦੀਆਂ ਹਨ। ਇਸ ਨੈਸ਼ਨਲ ਲੋਕ ਅਦਾਲਤ ਦੇ ਫੈਸਲੇ ਦੇ ਖਿਲਾਫ ਫਿਰ ਕਿਸੇ ਵੀ ਅਦਾਲਤ ਵਿੱਚ ਕੋਈ ਅਪੀਲ ਨਹੀਂ ਕੀਤੀ ਜਾ ਸਕਦੀ, ਇਸ ਦਾ ਫੈਸਲਾ ਅੰਤਿਮ ਫੈਸਲਾ ਹੁੰਦਾ ਹੈ। ਉਹਨਾਂ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਦੇ ਫੈਸਲੇ ਦੇ ਬਾਅਦ ਸੰਬੰਧਤ ਪਾਰਟੀਆਂ ਦੀ ਕੋਰਟ ਫੀਸ ਵੀ ਵਾਪਸ ਕਰ ਦਿੱਤੀ ਜਾਂਦੀ ਹੈ।ਉਹਨਾਂ ਦੱਸਿਆ ਕਿ ਆਪਣਾ ਕੇਸ ਲਗਵਾਉਣ ਲਈ ਸੰਬੰਧਤ ਕੋਰਟ ਜਾਂ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਫਤਰ ਵਿੱਚ ਅਰਜ਼ੀਆਂ ਦਿੱਤੀਆਂ ਜਾ ਸਕਦੀਆਂ ਹਨ। ਇਸ ਮੌਕੇ ਤਹਿਸੀਲਦਾਰ ਦਿਵਿਆ ਸਿੰਗਲਾ, ਪੰਜਾਬ ਨੈਸ਼ਨਲ ਬੈਂਕ ਤੋਂ ਵਿਨੇ ਮਰਵਾਹਾ, ਹਰਜੋਤ ਸਿੰਘ, ਪੀ ਐਸ ਪੀ ਐਲ ਤੋਂ ਨਰੇਸ਼ ਕੁਮਾਰ, ਬੀ ਐਸ ਐਨ ਐਲ ਤੋਂ ਅਜੇ ਕੁਮਾਰ, ਲੇਬਰ ਵਿਭਾਗ ਤੋਂ ਮਨੋਜ ਸ਼ਰਮਾ, ਇੰਸ਼ੋਰੰਸ ਕੰਪਨੀ ਤੋਂ ਸੁਖਵਿੰਦਰ ਸਿੰਘ, ਸਾਹਿਲ, ਏ ਐਸ ਆਈ ਰਾਮਪਾਲ ਆਦਿ ਹਾਜ਼ਰ ਸਨ।



# ਦਿਵਿਆ ਜੋਤੀ ਜਾਗਰਤੀ ਸੰਸਥਾਨ ਵੱਲੋਂ ਸ੍ਰੀ ਕ੍ਰਿਸ਼ਨ ਕਥਾ

ਬਟਾਲਾ : ( ਡਾਕਟਰ ਮਲਵਿੰਦਰ ਸਿੰਘ)- ਬੀਤੇ ਦਿਨ ਦਿਵਿਆ ਜੋਤੀ ਜਾਗਰਤੀ ਸੰਸਥਾਨ ਵੱਲੋਂ ਪੰਜ ਰੋਜਾ ਸ੍ਰੀ ਕ੍ਰਿਸ਼ਨ ਕਥਾ ਦੀ ਸ਼ੁਰੂਆਤ ਕੀਤੀ ਗਈ। ਜਿਸ ਵਿੱਚ ਸ੍ਰੀ ਆਸ਼ੂਤੋਸ਼ ਮਹਾਰਾਜ ਦੀ ਸਿਸਿਆ ਸਾਧਵੀ ਸੁਸ੍ਰੀ ਸੋਮਿਆ ਭਾਰਤੀ ਨੇ ਕਿਹਾ ਕਿ ਭਾਗਵਤ ਮਹਾ ਪ੍ਰਾਨ ਇਕ ਵਿਲੱਖਣ ਤੇ ਬ੍ਰਹਮ ਗ੍ਰੰਥ ਹੈ । ਇਸ ਵਿੱਚ ਸ਼ਾਮਿਲ ਭਗਵਾਨ ਸ੍ਰੀ ਕ੍ਰਿਸ਼ਨ ਦੀ ਕਥਾ ਮਨੁੱਖਤਾ ਨੂੰ ਖੁਸ਼ੀ , ਖੁਸ਼ਹਾਲੀ ਅਤੇ ਆਨੰਦ ਦਿੰਦੀ ਹੈ ਕਿਉਂਕਿ ਭਗਵਾਨ ਖੁਦ ਕਲਿਆਨ ਅਤੇ ਖੁਸ਼ੀ ਦਾ ਮੂਲ ਸਰੋਤ ਹਨ। ਉਹ ਸਾਰੇ ਜੀਵਾਂ ਨੂੰ ਸਵੈ ਗਿਆਨ ਦੇ ਕੇ ਪਰਮਾਤਮਾ ਨਾਲ ਜੁੜਨ ਦੀ ਕਲਾ ਸਿਖਾਉਂਦੇ ਹਨ। ਸਾਨੂੰ ਸਾਰਿਆਂ ਨੂੰ ਇਹਨਾਂ ਦੇ ਪੂਰਨਿਆਂ ਨੂੰ ਮੁੱਖ ਰੱਖ ਕੇ ਆਪਣਾ ਜੀਵਨ ਸਫਲ ਕਰਨਾ ਚਾਹੀਦਾ ਹੈ। ਇਸ ਦਿਵਿਆ ਜੋਤੀ ਜਾਗਰਤੀ ਸੰਸਥਾਨ ਵੱਲੋਂ ਕਰਵਾਈ ਸ੍ਰੀ ਕ੍ਰਿਸ਼ਨ ਕਥਾ ਮੌਕੇ ਰਜੇਸ਼ ਮਰਵਾਹਾ , ਪਵਨ ਭੱਲਾ ਅਤੇ ਹੋਰ ਉੱਗੀਆਂ ਸ਼ਖਸੀਅਤਾਂ ਹਾਜ਼ਰ ਸਨ। ਇਹਨਾਂ ਤੋਂ ਇਲਾਵਾ ਸਾਧਵੀ ਭੈਣਾਂ ਨੇ ਹਾਰਮੋਨੀਅਮ ਨਾਲ ਸਰੀਲੇ ਭਜਨ ਗਾਇਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਆਈਆਂ ਸੰਗਤਾਂ ਨੂੰ ਲੰਗਰ ਪਰੋਸਿਆ ਗਿਆ।



# ਨਸ਼ੀਲੇ ਕੈਪਸੂਲਾਂ ਸਮੇਤ ਇੱਕ ਗ੍ਰਿ.ਫਤਾਰ, ਇਕ ਨਾਮਜ਼ਦ

ਹਰਚੋਵਾਲ (ਯਾਦਵਿੰਦਰ ਸਿੰਘ ਮਲਹੋਤਰਾ)—ਪੰਜਾਬ ਪੁਲਸ ਨੇ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਇੱਕ ਵਿਅਕਤੀ ਨੂੰ ਨਸ਼ੀਲੇ ਕੈਪਸੂਲਾਂ ਸਮੇਤ ਕਾਬੂ ਕੀਤਾ ਹੈ, ਜਦਕਿ ਇੱਕ ਹੋਰ ਨੂੰ ਨਾਮਜ਼ਦ ਕੀਤਾ ਗਿਆ ਹੈ।ਪੁਲਸ ਚੌਂਕੀ ਹਰਚੋਵਾਲ ਦੇ ਇੰਚਾਰਜ ਏ ਐਸ ਆਈ ਸਰਵਨ ਸਿੰਘ ਦੇ ਮੁਤਾਬਿਕ ਗਸ਼ਤ ਦੌਰਾਨ ਇਕ ਵਿਅਕਤੀ ਨੂੰ 50 ਕੈਪਸੂਲਾਂ ਸਮੇਤ ਕਾਬੂ ਕੀਤਾ ਗਿਆ । ਇਸ ਮੌਕੇ ਏ ਐਸ ਆਈ ਸਰਵਨ ਸਿੰਘ ਨੇ ਦੱਸਿਆ ਕਿ ਭਾਮੜੀ ਸੂਏ ਦੀ ਪਟੜੀ ਤੋਂ ਨੰਗਲ ਹੋਰ ਨੂੰ ਜਾ ਰਹੇ ਪ੍ਰਦੀਪ ਸਿੰਘ ਉਰਫ਼ ਦੀਪੂ ਪੁੱਤਰ ਅਜੈਬ ਸਿੰਘ ਵਾਸੀ ਕੀੜੀ ਅਫ਼ਗਾਨਾ ਨੂੰ ਕੈਪਸੂਲਾਂ ਸਮੇਤ ਕਾਬੂ ਕੀਤਾ ਹੈ ਅਤੇ ਪ੍ਰਦੀਪ ਸਿੰਘ ਦੇ ਦੱਸਣ ਮੁਤਾਬਕ ਉਹ ਇਹ ਕੈਪਸੂਲ ਕਰਨਬੀਰ ਸਿੰਘ ਉਰਫ਼ ਭੋਲੂ ਪੁੱਤਰ ਮਨਜੀਤ ਸਿੰਘ ਵਾਸੀ ਕੀੜੀ ਅਫ਼ਗਾਨਾ ਤੋਂ ਲੈ ਕੇ ਵੇਚਣ ਲਈ ਜਾ ਰਿਹਾ ਸੀ।ਇਸ ਮੌਕੇ ਪੁਲਸ ਵੱਲੋਂ ਦੋਨਾਂ ਖ਼ਿਲਾਫ਼ ਮਾਮਲਾ ਦਰਜ਼ ਕਰਕੇ ਪ੍ਰਦੀਪ ਸਿੰਘ ਉਰਫ਼ ਭੋਲੂ ਨੂੰ ਕੋਟ 'ਚ ਪੇਸ਼ ਕਰਕੇ ਜੇਲ੍ਹ ਭੇਜ ਦਿੱਤਾ ਗਿਆ ਹੈ।

# ਹਲਕਾ ਇੰਚਾਰਜ ਪੰਨੂ ਵੱਲੋਂ ਪੰਚਾਇਤ ਡਿਮਾਂਡ ਫੰਡ ਮੁੱਦੇ 'ਤੇ ਸਰਪੰਚਾਂ, ਅਹੁਦੇਦਾਰਾਂ ਤੇ ਮੋਹਤਬਰਾਂ ਨਾਲ ਮੀਟਿੰਗ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)

ਹਲਕਾ ਫਤਿਹਗੜ੍ਹ ਚੂੜੀਆਂ ਵਿੱਚ ਅੱਜ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਆਮ ਆਦਮੀ ਪਾਰਟੀ ਦੇ ਮੁੱਖ ਦਫ਼ਤਰ ਬੁੱਲੋਵਾਲ ਵਿਖੇ ਪੰਚਾਇਤ ਡਿਮਾਂਡ ਫੰਡ ਮੁੱਦੇ 'ਤੇ ਮੰਡੀ ਬੋਰਡ ਅਤੇ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਸਾਰੇ ਪਿੰਡ ਦੇ ਸਰਪੰਚਾਂ, ਅਹੁਦੇਦਾਰਾਂ ਅਤੇ ਮੋਹਤਬਰਾਂ ਨਾਲ ਮੀਟਿੰਗ ਕੀਤੀ ਗਈ। ਗਲੀਆਂ, ਨਾਲੀਆਂ, ਖੇਡ ਦੇ ਮੈਦਾਨ, ਡੇਰੇ ਦੇ ਰਸਤੇ ਆਦਿ ਵਿਕਾਸ ਕਾਰਜਾਂ ਦਾ ਵਿਸਥਾਰ ਕੀਤਾ। ਇਸ ਮੌਕੇ ਹਲਕਾ ਯੂਥ ਪ੍ਰਧਾਨ ਗੁਰਬਿੰਦਰ ਕਾਦੀਆਂ, ਹਲਕਾ ਸੰਗਠਨ ਇੰਚਾਰਜ ਗਗਨਦੀਪ ਸਿੰਘ, ਬਲਾਕ ਪ੍ਰਧਾਨ ਰਘਬੀਰ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਮਲਜਿੰਦਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਬਲਦੇਵ ਸਿੰਘ ਬਾਜਪੁਰ ਕਲੋਨੀ, ਨਿਰੰਜਨ ਸਿੰਘ ਭਾਰਥਵਾਲ, ਰਾਜਬੀਰ ਸਿੰਘ ਬੱਦੋਵਾਲ ਖੁਰਦ, ਰਣਜੀਤ ਸਿੰਘ ਬੱਦੋਵਾਲ ਕਲਾਂ, ਹਰਪਾਲ ਸਿੰਘ ਬੱਲੋਵਾਲ, ਅਵਤਾਰ ਸਿੰਘ ਚੰਦੂਸੂਜਾ, ਹਰਜੀਤ ਚੱਠਾ, ਪ੍ਰਗਟ ਛਿਛਰੇਵਾਲ, ਪਰਮਜੀਤ ਡੁਲਟ, ਗੁਰਪ੍ਰੀਤ ਡਾਲੇਚੱਕ, ਮਨਜੀਤ ਦੁਬੁਰਜੀ, ਫੱਤੇਵਾਲੀ ਆਸ਼ੂ ਫੱਤੇਵਾਲੀ ਨਿਸ਼ਾਨ ਹਰਵੰਤ ਘਾਟਕੀਆਂ ਝੰਜੀਆਂ ਕਲਾਂ ਅਮਨਦੀਪ ਝੰਜੀਆਂ ਖੁਰਦ ਸੁਖਦੇਵ ਜੀਵਨ ਨੰਗਲ ਗੁਰਵਿੰਦਰ ਕੋਠੇ, ਹਰਦੀਪ ਕੋਟ ਖਜ਼ਾਨਾ, ਜਗਜੀਤ ਕਾਲੂਵਾਲ, ਸੁਖਜੀਤ ਕੌਰ ਕੋਟਲੀ ਢਾਡੀਆਂ ਕੋਟਲੀ ਥਾਬਲਾਂ, ਰਾਣਾ ਜਵੰਦਾ ਲੰਗਰਵਾਲ, ਦਵਿੰਦਰ ਬਖਸ਼ਿਸ਼ ਮਾਨਸੰਦਵਾਲ ਆਦਿ ਹਾਜ਼ਰ ਸਨ।

# ਕਾਦੀਆਂ 'ਚ ਬੇਜ਼ੁਬਾਨਾਂ ਨਾਲ ਹੋ ਰਿਹਾ ਧੱਕਾ, ਵੀਡੀਓ ਵਾਇਰਲ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਦਿਨੋ ਦਿਨ ਲੋਕਾਂ ਦੇ ਵਿੱਚ ਇਨਸਾਨੀਅਤ ਖਤਮ ਹੁੰਦੀ ਜਾ ਰਹੀ ਹੈ। ਕਾਦੀਆਂ ਵਿੱਚ ਇੱਕ ਅਜਿਹਾ ਮਾਮਲਾ ਸਾਹਮਣੇ ਆਇਆ ਜਿੱਥੇ ਕਿ ਸੋਸ਼ਲ ਮੀਡੀਆ ਉੱਪਰ ਵਾਇਰਲ ਹੋਈ ਇੱਕ ਵੀਡੀਓ ਦੌਰਾਨ ਇੱਕ ਟਰੈਕਟਰ ਚਾਲਕ ਵੱਲੋਂ ਦੋ ਬੇਜ਼ੁਬਾਨਾਂ ਨੂੰ ਟਰੈਕਟਰ ਟਰਾਲੀ ਦੇ ਪਿੱਛੇ ਬੰਨ੍ਹ ਕੇ ਬੜੀ ਹੀ ਬੇਦਰਦੀ ਦੇ ਨਾਲ ਲਿਜਾਇਆ ਜਾ ਰਿਹਾ ਸੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਸੋਸ਼ਲ ਮੀਡੀਆ ਦੇ ਉੱਪਰ ਵੀਡੀਓ ਵਾਇਰਲ ਕਰਨ ਵਾਲੇ ਸਮਾਜ ਸੇਵਾ ਸੰਸਥਾ ਠੀਕਰੀਵਾਲ ਦੇ ਸੇਵਾਦਾਰ ਪ੍ਰਧਾਨ ਹਰਪਿੰਦਰ ਸਿੰਘ ਠੀਕਰੀਵਾਲ ਨੇ ਦੱਸਿਆ ਕਿ ਉਹ ਆਪਣੇ ਮੋਪਡ ਉੱਪਰ ਜਾ ਰਹੇ ਸੀ ਤਾਂ ਉਹਨਾਂ ਦੇ ਅਗਲੇ ਪਾਸੇ ਸਥਾਨਕ ਪ੍ਰਭਾਕਰ ਚੌਂਕ ਤੋਂ ਬੱਸ ਸਟੈਂਡ ਵਾਲੀ ਸਾਈਡ ਉੱਪਰ ਇੱਕ ਵਿਅਕਤੀ ਆਪਣੇ ਟਰੈਕਟਰ ਟਰਾਲੀ ਦੇ ਪਿੱਛੇ ਦੋ ਬੇਜ਼ੁਬਾਨਾਂ ਨੂੰ ਬੰਨ੍ਹ ਕੇ ਬੜੀ ਹੀ ਬੇਦਰਦੀ ਨਾਲ ਲਿਜਾ ਰਿਹਾ ਸੀ। ਬੇਜ਼ੁਬਾਨ ਜੋ ਕਿ ਵਿਲਕਦੇ ਨਜ਼ਰ ਆ ਰਹੇ ਸਨ। ਕਹਿੰਦੇ ਹਨ ਕਿ ਜੇਕਰ ਆਦਮੀ ਨਾਲ ਕੋਈ ਮਾੜਾ ਸਲੂਕ ਹੁੰਦਾ ਹੋਵੇ ਤਾਂ ਉਹ ਬੋਲ ਕੇ ਦੱਸ ਸਕਦਾ ਹੈ ਪਰ ਇਹ ਬੇਜ਼ੁਬਾਨ ਬੋਲ ਕੇ ਨਹੀਂ ਦੱਸ ਸਕਦੇ। ਹਰਪਿੰਦਰ ਸਿੰਘ ਨੇ ਜਦੋਂ ਟਰੈਕਟਰ ਟਰਾਲੀ ਚਾਲਕ ਨੂੰ ਕਿਹਾ ਕਿ ਤੁਸੀਂ ਥੋੜ੍ਹਾ ਆਰਾਮ ਨਾਲ ਟਰੈਕਟਰ ਟਰਾਲੀ ਲੈ ਜਾਓ, ਇਹ ਬੇਜ਼ੁਬਾਨ ਬੇਹੱਦ ਤੰਗ ਹੋ ਰਹੇ ਹਨ ਪਰ ਟਰੈਕਟਰ ਟਰਾਲੀ ਚਾਲਕ ਨੇ ਅੱਗੋਂ ਕਿਹਾ ਕਿ ਤੁਸੀਂ ਬਣਾ ਲਓ ਫੋਟੋਆਂ, ਬਣਾ ਲਓ ਵੀਡੀਓ, ਮੈਨੂੰ ਕੋਈ ਫਰਕ ਨਹੀਂ । ਤਾਂ ਇਸ ਦੌਰਾਨ ਹਰਪਿੰਦਰ ਸਿੰਘ ਨੇ ਦੱਸਿਆ ਕਿ ਉਸ ਨੇ ਬਣਾਈ ਗਈ ਇਸ ਵੀਡੀਓ ਨੂੰ ਆਪਣੇ ਸੋਸ਼ਲ ਮੀਡੀਆ ਉੱਪਰ ਵਾਇਰਲ ਕੀਤਾ ਅਤੇ ਕਾਰਵਾਈ ਦੀ ਮੰਗ ਕੀਤੀ । ਹਰਪਿੰਦਰ ਸਿੰਘ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਕੋਲੋਂ ਮੰਗ ਕੀਤੀ ਹੈ ਕਿ ਜਿਹੜੇ ਲੋਕ ਬੇਜ਼ੁਬਾਨਾਂ ਨਾਲ ਧੱਕਾ ਕਰ ਰਹੇ ਹਨ ਉਹਨਾਂ ਉੱਪਰ ਸਖਤ ਕਾਰਵਾਈ ਕੀਤੀ ਜਾਵੇ।

# ਟਰਾਂਸਜੈਂਡਰ ਪ੍ਰੋਟੈਕਸ਼ਨ ਸੈੱਲ ਦੀ ਮੀਟਿੰਗ 'ਚ ਮੁਸ਼ਕਲਾਂ ਬਾਰੇ ਵਿਚਾਰਾਂ



ਗੁਰਦਾਸਪੁਰ (ਜਨਕ ਮਹਾਜਨ) - ਸ੍ਰੀ ਆਦਿਤਿਆ ਗੁਪਤਾ ਸਹਾਇਕ ਕਮਿਸ਼ਨਰ (ਜਨਰਲ) ਗੁਰਦਾਸਪੁਰ ਦੀ ਪ੍ਰਧਾਨਗੀ ਹੇਠ ਟਰਾਂਸਜੈਂਡਰ ਪ੍ਰੋਟੈਕਸ਼ਨ ਸੈੱਲ ਨਾਲ ਸੰਬੰਧਿਤ ਮੁੱਦਿਆਂ ਅਤੇ ਮੁਸ਼ਕਿਲਾਂ ਸਬੰਧੀ ਜ਼ਿਲ੍ਹਾ ਪੱਧਰੀ ਮੀਟਿੰਗ ਕੀਤੀ ਗਈ। ਸਹਾਇਕ ਕਮਿਸ਼ਨਰ (ਜਨਰਲ) ਗੁਰਦਾਸਪੁਰ ਆਦਿਤਿਆ ਗੁਪਤਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਅਦਿੱਤਿਆ ਉੱਪਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਗੁਰਦਾਸਪੁਰ ਦੇ ਟਰਾਂਸਜੈਂਡਰ ਪ੍ਰੋਟੈਕਸ਼ਨ ਸੈੱਲ ਦੇ ਪ੍ਰਤੀਨਿਧੀਆਂ ਬਾਬਾ ਪ੍ਰਵੀਨ ਅਤੇ ਬਾਬਾ ਮਮਤਾ ਨਾਲ ਵਿਸਥਾਰਪੂਰਵਕ ਮੀਟਿੰਗ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ। ਉਨ੍ਹਾਂ ਦੱਸਿਆ ਕਿ ਜਿਹੜੀਆਂ ਸਮੱਸਿਆਵਾਂ ਦਾ ਹੱਲ ਜ਼ਿਲ੍ਹਾ ਪੱਧਰ 'ਤੇ ਸੰਭਵ ਹੈ, ਉਨ੍ਹਾਂ ਦਾ ਨਿਪਟਾਰਾ ਜਲਦ ਕਰਵਾਇਆ ਜਾਵੇਗਾ ਅਤੇ ਜਿਹੜੇ ਮਾਮਲੇ ਉੱਚ ਪੱਧਰ 'ਤੇ ਹੱਲ ਹੋਣ ਵਾਲੇ ਹਨ, ਉਹ ਸੰਬੰਧਿਤ ਵਿਭਾਗਾਂ ਦੇ ਧਿਆਨ ਵਿੱਚ ਲਿਆਂਦੇ ਜਾਣਗੇ ਤਾਂ ਜੋ ਉਨ੍ਹਾਂ ਦਾ ਜਲਦੀ ਨਿਪਟਾਰਾ ਯਕੀਨੀ ਬਣਾਇਆ ਜਾ ਸਕੇ। ਮੀਟਿੰਗ ਦਾ ਸੰਚਾਲਨ ਡੀ.ਐਸ.ਐਸ.ਓ ਡਾ. ਕਿਰਤਪ੍ਰੀਤ ਕੌਰ ਵਲੋਂ ਕੀਤਾ ਗਿਆ। ਮੀਟਿੰਗ ਵਿੱਚ ਚੋਣ ਤਹਿਸੀਲਦਾਰ ਮਨਜਿੰਦਰ ਸਿੰਘ ਬਾਜਵਾ, ਡੀ.ਐਸ.ਪੀ ਪਲਵਿੰਦਰਜੀਤ ਕੌਰ, ਸੀ.ਡੀ.ਪੀ.ਓ. ਕਲਾਨੌਰ ਹਰਜੀਤ ਕੌਰ ਸਮੇਤ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਅਕਾਲ ਅਕੈਡਮੀ ਰਸੂਲਪੁਰ ਬੇਟ ਦੇ ਵਿਦਿਆਰਥੀਆਂ ਦੀ ਨਾਸੋ ਤੇ ਐਸ ਓ ਐਫ ਪ੍ਰੀਖਿਆਵਾਂ 'ਚ ਸ਼ਾਨਦਾਰ ਕਾਮਯਾਬੀ

ਧਾਰੀਵਾਲ (ਮਨਦੀਪ ਵਿੱਕੀ)- ਕਲਗੀਧਰ ਟਰੱਸਟ ਬੜੂ ਸਾਹਿਬ ਦੁਆਰਾ ਸੰਚਾਲਿਤ ਅਕਾਲ ਅਕੈਡਮੀ ਰਸੂਲਪੁਰ ਬੇਟ ਦੇ ਵਿਦਿਆਰਥੀਆਂ ਨੇ ਨਾਸੋ ਅਤੇ ਐੱਸ.ਓ.ਐਫ. ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਇਹ ਪ੍ਰਤਿਸ਼ਠਿਤ ਮੁਕਾਬਲੇਵਾਰ ਪ੍ਰੀਖਿਆਵਾਂ ਵਿਦਿਆਰਥੀਆਂ ਨੂੰ ਰਾਜ ਅਤੇ ਰਾਸ਼ਟਰੀ ਪੱਧਰ 'ਤੇ ਆਪਣੇ ਗਿਆਨ ਅਤੇ ਹੁਨਰ ਦੀ ਪਰਖ ਕਰਨ ਦਾ ਮੌਕਾ ਪ੍ਰਦਾਨ ਕਰਦੀਆਂ ਹਨ। ਇਸ ਪ੍ਰਤੀਯੋਗਤਾ ਵਿੱਚ ਵੱਖ-ਵੱਖ ਕਲਾਸਾਂ ਦੇ ਬਹੁਤ ਸਾਰੇ ਵਿਦਿਆਰਥੀਆਂ ਨੇ ਹਿੱਸਾ ਲਿਆ ਅਤੇ ਸ਼ਲਾਘਾਯੋਗ ਪ੍ਰਦਰਸ਼ਨ ਕੀਤਾ। ਇੰਟਰਨੈਸ਼ਨਲ ਇੰਗਲਿਸ਼ ਓਲੰਪੈਡ ਵਿੱਚ ਹਰਜੋਤ ਸਿੰਘ ਕਲਾਸ ਛੇਵੀਂ ਅਤੇ ਕਿਰਨਦੀਪ ਕੌਰ ਕਲਾਸ ਛੇਵੀਂ ਨੇ ਮੈਡਲ ਹਾਸਲ ਕਰਕੇ ਅਕੈਡਮੀ ਦਾ ਨਾਂਅ ਰੋਸ਼ਨ ਕੀਤਾ।



ਇਸ ਤੋਂ ਇਲਾਵਾ ਇਸ ਪ੍ਰੀਖਿਆ ਵਿੱਚ ਗੋਲਡ ਮੈਡਲ (ਮੈਰਿਟ ਸਰਟੀਫਿਕੇਟ - ਲੈਵਲ 2 ਲਈ ਯੋਗਤਾ ਪ੍ਰਾਪਤ) ਤਾਨਿਆ ਕਲਾਸ ਦੂਸਰੀ, ਅਵਨੀਤ ਕੌਰ ਕਲਾਸ ਦੂਸਰੀ ਅਤੇ ਸਮਰਪ੍ਰੀਤ ਸਿੰਘ ਕਲਾਸ ਪੰਜਵੀਂ ਨੇ ਹਾਸਲ ਕੀਤਾ। ਪ੍ਰਿੰਸੀਪਲ ਅਮਨਦੀਪ ਕੌਰ ਅਤੇ ਸਟਾਫ ਨੇ ਸਾਰੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਹੋਰ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਇਸ ਤਰ੍ਹਾਂ ਦੀਆਂ ਮੁਕਾਬਲੇਵਾਰ ਪ੍ਰੀਖਿਆਵਾਂ ਵਿੱਚ ਸਰਗਰਮ ਭਾਗ ਲੈਣ ਲਈ ਪ੍ਰੇਰਿਤ ਕੀਤਾ।

21-Feb-PAGE-12.qxd 2/20/2026 10:41 PM Page 1



## ਜਨਮ ਦਿਨ ਮੁਬਾਰਕ



ਇਲੋਰਾ
ਬਰੈਂਪਟਨ, ਕੈਨੇਡਾ

## ਸ਼ਹਿਨਾਈਆਂ



ਗੁਰਜਿੰਦਰ ਸਿੰਘ ਤੇ ਮਮਤਾ ਕੌਰ ਲਖਮੀਰਵਾਲਾ ਵਿਆਹ ਬੰਧਨ 'ਚ ਬੱਝੇ



ਜਸ਼ਨਦੀਪ ਸਿੰਘ ਸਰਾਂ ਵਾਸੀ ਲੁਧਿਆਣਾ ਅਤੇ ਮਨਿੰਦਰਜੀਤ ਕੌਰ ਚਾਹਲ ਵਾਸੀ ਸ਼ੇਰੋ ਬਾਘਾ ਦਾ ਸ਼ੁੱਭ ਆਨੰਦ ਕਾਰਜ ਹੋਇਆ।

## ਵਰ੍ਹੇਗੰਢ ਮਨਾਈ



ਸਤੀਸ਼ ਸ਼ਰਮਾ ਅਤੇ ਮਧੂ ਸ਼ਰਮਾ ਵਾਸੀ ਗੁਰੂ ਹਰਸਹਾਏ ਰੇਲਵੇ ਬਸਤੀ ਨੇ ਆਪਣੇ ਵਿਆਹ ਦੀ 35ਵੀਂ ਵਰ੍ਹੇਗੰਢ ਮਨਾਈ।



ਪੰਕਜ ਸਰਦਾਨਾ ਅਤੇ ਮੰਜੂ ਸਰਦਾਨਾ ਨੇ ਆਪਣੇ ਵਿਆਹ ਦੀ 30ਵੀਂ ਵਰ੍ਹੇਗੰਢ ਮਨਾਈ।

# ਐੱਲ ਪੀ ਯੂ ਵਿਖੇ ਭਾਰਤ ਰੰਗ ਮਹੋਤਸਵ 2026 ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)**
ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਥੀਏਟਰ ਜਸ਼ਨਾਂ ਨਾਲ ਭਰੀ ਹੋਈ ਸੀ ਕਿਉਂਕਿ ਇੱਥੇ ਨੈਸ਼ਨਲ ਸਕੂਲ ਆਫ਼ ਡਰਾਮਾ (ਐਨਐਸਡੀ) ਦੇ ਦੁਨੀਆ ਦੇ ਸਭ ਤੋਂ ਵੱਡੇ ਅੰਤਰਰਾਸ਼ਟਰੀ ਥੀਏਟਰ ਫੈਸਟੀਵਲ, 25ਵੇਂ ਭਾਰਤ ਰੰਗ ਮਹੋਤਸਵ (ਬੀ ਆਰ ਐੱਮ) 2026 ਦੇ ਜਲੰਧਰ ਚੈਪਟਰ ਦੀ ਮੇਜ਼ਬਾਨੀ ਕੀਤੀ। ਤਿੰਨ ਯਾਦਗਾਰੀ ਦਿਨਾਂ ਵਿੱਚ, ਕੈਂਪਸ ਲਾਈਵ ਕਹਾਣੀ ਸੁਣਾਉਣ, ਲੋਕ ਪਰੰਪਰਾਵਾਂ ਅਤੇ ਨਾਟਕ ਦੀ ਸ਼ਾਨਦਾਰ ਕਲਾ ਦਾ ਕੇਂਦਰ ਬਣ ਗਿਆ। ਇਸ ਪ੍ਰੋਗਰਾਮ ਨੇ ਵਿਦਿਆਰਥੀਆਂ ਅਤੇ ਦਰਸ਼ਕਾਂ ਨੂੰ ਭਾਰਤ ਦੀਆਂ ਵਿਭਿੰਨ ਸਟੇਜ ਪਰੰਪਰਾਵਾਂ ਦਾ ਇੱਕ ਸ਼ਾਨਦਾਰ ਅਨੁਭਵ ਦਿੱਤਾ।ਇਸ ਮੌਕੇ ਦੀ ਮਹੱਤਤਾ ਨੂੰ ਵਧਾਉਂਦੇ ਹੋਏ, ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ ਤੇ ਸੰਸਦ ਮੈਂਬਰ ਡਾ. ਅਸ਼ੋਕ ਕੁਮਾਰ ਮਿੱਤਲ, ਐੱਲ ਪੀ ਯੂ ਦੇ ਪ੍ਰੋ-ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ, ਵਾਈਸ-ਚਾਂਸਲਰ ਡਾ. ਜਸਪਾਲ ਸਿੰਘ ਸੰਧੂ,ਕਾਰਜਕਾਰੀ ਡੀਨ ਡਾ. ਸੌਰਭ ਲਖਨਪਾਲ, ਤੇ ਐਨਐਸਡੀ ਤਕਨੀਕੀ ਕੋਆਰਡੀਨੇਟਰ ਰਾਜਿੰਦਰ ਸਿੰਘ ਵੀ ਮੌਜੂਦ ਸਨ। ਇਹ ਥੀਏਟਰ ਫੈਸਟ ਐੱਨ ਐੱਸ ਡੀ ਦੇ ਡਾਇਰੈਕਟਰ ਚਿਤਰੰਜਨ ਤ੍ਰਿਪਾਠੀ ਦੀ ਅਗਵਾਈ ਹੇਠ ਨੈਸ਼ਨਲ ਸਕੂਲ ਆਫ਼ ਡਰਾਮਾ ਦੇ ਕਲਾਤਮਕ ਦ੍ਰਿਸ਼ਟੀਕੋਣ ਦੇ ਅਨੁਸਾਰ ਆਯੋਜਿਤ ਕੀਤਾ ਗਿਆ ਸੀ।ਇਸ ਫੈਸਟ ਦੀ ਸ਼ੁਰੂਆਤ ਪ੍ਰਸਿੱਧ ਹਿੰਦੀ-ਉਰਦੂ ਲੇਖਕਕਿਸ਼ਨ ਚੰਦਰ ਦੀਆਂ ਮਸ਼ਹੂਰ



ਰਚਨਾਵਾਂ ਤੋਂ ਪ੍ਰੇਰਿਤ ਅਤੇ ਪ੍ਰਸਿੱਧ ਥੀਏਟਰ ਕਲਾਕਾਰ ਮੁਸ਼ਤਾਕ ਕਾਕ ਦੁਆਰਾ ਨਿਰਦੇਸ਼ਤ ਨਾਟਕ 'ਲਮਹੋਂ ਕੀ ਮੁਲਾਕਾਤ' ਨਾਲ ਹੋਈ। ਇਸ ਭਾਵਨਾਤਮਕ ਪ੍ਰਦਰਸ਼ਨ ਨੇ ਆਉਣ ਵਾਲੇ ਦਿਨਾਂ ਲਈ ਇੱਕ ਸ਼ਕਤੀਸ਼ਾਲੀ ਸੁਰ ਸਥਾਪਤ ਕੀਤਾ, ਅਤੇ ਦਰਸ਼ਕਾਂ ਨੂੰ ਡੂੰਘਾਈ, ਸੰਵੇਦਨਸ਼ੀਲਤਾ ਅਤੇ ਕਲਾਤਮਕ ਪ੍ਰਤਿਭਾ ਨਾਲ ਭਰੇ ਇੱਕ ਥੀਏਟਰ ਅਨੁਭਵ ਵਿੱਚ ਖਿੱਚਿਆ। ਦੂਜੇ ਦਿਨ ਆਰਥਰ ਮਿਲਰ ਦਾ ਪ੍ਰਸ਼ੰਸਾਯੋਗ ਨਾਟਕ, ਦ ਪ੍ਰਾਈਸ, ਸ਼ੁੱਧੋ ਬੈਨਰਜੀ ਦੁਆਰਾ ਨਿਰਦੇਸ਼ਤ ਅਤੇ ਸਾਂਝ ਬਾਤੀ ਫਾਊਂਡੇਸ਼ਨ, ਦਿੱਲੀ ਦੁਆਰਾ ਪੇਸ਼ ਕੀਤਾ ਗਿਆ ਸੀ। ਡੂੰਘੇ ਸੰਵਾਦ ਅਤੇ ਭਾਵਨਾਤਮਕ ਡੂੰਘਾਈ ਦੁਆਰਾ, ਨਾਟਕ ਨੇ ਨੈਤਿਕਤਾ, ਸਬੰਧਾਂ, ਮਹੱਤਵਾਕਾਂਖਾ ਤੇ ਪੂੰਜੀਵਾਦ ਦੇ ਅਧੀਨ ਕਦਰਾਂ-ਕੀਮਤਾਂ ਦੇ ਖੋਰੇ ਦੇ ਵਿਸ਼ਿਆਂ ਦੀ ਪੜਚੋਲ ਕੀਤੀ, ਜਿਸ ਨਾਲ ਦਰਸ਼ਕਾਂ ਨੂੰ ਸੋਚ-ਸਮਝ ਕੇ ਅਤੇ ਡੂੰਘਾਈ ਨਾਲ ਪ੍ਰਭਾਵਿਤ ਕੀਤਾ ਗਿਆ।ਡਾ. ਅਸ਼ੋਕ ਕੁਮਾਰ ਮਿੱਤਲ ਨੇ ਸਮਾਜ ਦੇ ਸ਼ੀਸ਼ੇ ਅਤੇ ਡੂੰਘੇ ਮਨੁੱਖੀ ਸਬੰਧਾਂ ਦੇ ਮਾਧਿਅਮ ਵਜੋਂ ਥੀਏਟਰ ਦੀ ਸਥਾਈ ਸ਼ਕਤੀ 'ਤੇ ਗੱਲ ਕੀਤੀ। ਡਾ. ਮਿੱਤਲ ਨੇ ਕਿਹਾ ਕਿ ਅਜਿਹੇ ਪ੍ਰਦਰਸ਼ਨ ਮਨੋਰੰਜਨ, ਸੋਚ-ਉਕਸਾਉਣ ਵਾਲੀਆਂ ਗੱਲਬਾਤਾਂ ਅਤੇ ਸਮਾਜਿਕ ਹਕੀਕਤਾਂ ਨੂੰ ਸੰਵੇਦਨਸ਼ੀਲ ਬਣਾਉਣ ਤੋਂ ਵੱਧ ਕੁਝ ਦਿੰਦੇ ਹਨ। ਬਹੁਤ ਸਾਰੇ ਲੋਕਾਂ ਨੇ ਪਹਿਲੀ ਵਾਰ ਇੰਨੇ ਵੱਡੇ ਪੱਧਰ ਦੇ ਪੇਸ਼ੇਵਰ ਥੀਏਟਰ ਨੂੰ ਦੇਖਿਆ, ਅਤੇ ਐਲਪੀਯੂ ਦੀ ਥੀਏਟਰ ਸੋਸਾਇਟੀ ਦੇ ਮੈਂਬਰਾਂ ਨੂੰ ਆਪਣੇ ਕੈਂਪਸ ਵਿੱਚ ਦੇਸ਼ ਦੇ ਕੁਝ ਉੱਤਮ ਕਲਾਕਾਰਾਂ ਤੋਂ ਨੇੜਿਓਂ ਸਿੱਖਣ ਦਾ ਇੱਕ ਦੁਰਲੱਭ ਮੌਕਾ ਮਿਲਿਆ। ਐੱਨ ਐੱਸ ਡੀ ਦੇ ਪ੍ਰਸਿੱਧ ਪ੍ਰੋਡਕਸ਼ਨ ਦੀ ਮੌਜੂਦਗੀ ਨੇ ਸਲਾਹ, ਕਲਾਤਮਕ ਆਦਾਨ-ਪ੍ਰਦਾਨ ਅਤੇ ਸੱਭਿਆਚਾਰਕ ਜਾਗਰੂਕਤਾ ਦਾ ਇੱਕ ਪ੍ਰੇਰਨਾਦਾਇਕ ਵਾਤਾਵਰਣ ਬਣਾਇਆ।

# ਸ੍ਰੀ ਗੁਰੂ ਰਵਿਦਾਸ ਦਾਸ ਬਾਣੀ ਅਧਿਐਨ ਕੇਂਦਰ ਲਈ ਪੰਜਾਬ ਸਰਕਾਰ ਨੇ 10.50 ਏਕੜ ਜ਼ਮੀਨ ਦਾ ਕਬਜ਼ਾ ਲਿਆ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**
ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਇੱਥੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਕਰਤਾਰਪੁਰ ਰੋਡ 'ਤੇ ਸਥਿਤ ਪਿੰਡ ਨੌਗੱਜਾ ਤੇ ਫਰੀਦਪੁਰ ਵਿਖੇ 10.50 ਏਕੜ ਜ਼ਮੀਨ ਦਾ ਕਬਜ਼ਾ ਲੈ ਕੇ 'ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ' ਦੀ ਸਥਾਪਨਾ ਵੱਲ ਇੱਕ ਨਿਰਨਾਇਕ ਕਦਮ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਇਹ ਕਦਮ ਗੁਰੂ ਰਵਿਦਾਸ ਜੀ ਦੀ ਵਿਰਾਸਤ ਦੇ ਸਤਿਕਾਰ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਕਬਜ਼ਾ ਲੈਣ ਦੀ ਇਹ ਸਾਰੀ ਪ੍ਰਕਿਰਿਆ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਵਿਧਾਇਕ ਬਲਕਾਰ ਸਿੰਘ, ਪੰਜਾਬ ਖੇਤੀਬਾੜੀ ਵਿਕਾਸ ਬੈਂਕ ਦੇ ਚੇਅਰਮੈਨ ਪਵਨ ਟੀਨੂੰ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਡੇਰਾ ਸੱਚਖੰਡ ਬੱਲਾਂ ਦੇ ਨੁਮਾਇੰਦਿਆਂ ਦੀ ਮੌਜੂਦਗੀ ਵਿੱਚ ਮੁਕੰਮਲ ਕੀਤੀ ਗਈ। ਇਸ ਮੌਕੇ ਬੋਲਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਬੜੀ ਖੁਸ਼ੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਅਤਿ-ਆਧੁਨਿਕ ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ ਦੀ ਉਸਾਰੀ ਲਈ 10.50 ਏਕੜ ਜ਼ਮੀਨ ਦਾ ਕਬਜ਼ਾ





ਹਾਸਲ ਕਰ ਲਿਆ ਹੈ। ਇਸ ਜ਼ਮੀਨ ਦੀ ਵਰਤੋਂ ਹੁਣ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨੂੰ ਸਮਰਪਿਤ ਇੱਕ ਵਿਸ਼ਵ ਪੱਧਰੀ ਸੰਸਥਾ ਬਣਾਉਣ ਲਈ ਕੀਤੀ ਜਾਵੇਗੀ।ਉਨ੍ਹਾਂ ਅੱਗੇ ਐਲਾਨ ਕੀਤਾ ਪੰਜਾਬ ਸਰਕਾਰ ਇਸ ਜਗ੍ਹਾ ਤੋਂ ਹਾਈ-ਟੈਂਸ਼ਨ ਬਿਜਲੀ ਦੀਆਂ ਤਾਰਾਂ ਨੂੰ ਸ਼ਿਫਟ ਕਰਨ ਲਈ 55 ਲੱਖ ਰੁਪਏ ਦਾ ਖਰਚਾ ਸਹਿਣ ਕਰੇਗੀ ਤਾਂ ਜੋ ਉਸਾਰੀ ਦਾ ਕੰਮ ਬਿਨਾਂ ਕਿਸੇ ਦੇਰੀ ਦੇ ਸੁਚਾਰੂ ਢੰਗ ਨਾਲ ਚੱਲ ਸਕੇ। ਵਿੱਤ ਮੰਤਰੀ ਨੇ ਦੱਸਿਆ ਕਿ ਜ਼ਮੀਨ ਦੀ ਰਜਿਸਟਰੀ ਪਹਿਲਾਂ ਹੀ ਹੋ ਚੁੱਕੀ ਸੀ ਅਤੇ ਹੁਣ ਕਬਜ਼ਾ ਮਿਲਣ ਨਾਲ ਇਹ ਪ੍ਰੋਜੈਕਟ ਲਾਗੂ ਹੋਣ ਦੇ ਅਹਿਮ ਪੜਾਅ ਵਿੱਚ ਦਾਖਲ ਹੋ ਗਿਆ ਹੈ। ਇਸ ਕੇਂਦਰ ਦਾ ਡਿਜ਼ਾਈਨ ਅਤੇ ਲੇਆਉਟ ਪਲਾਨ ਡੇਰਾ ਸੱਚਖੰਡ ਬੱਲਾਂ ਦੇ ਨੁਮਾਇੰਦਿਆਂ ਦੀ ਸਲਾਹ ਨਾਲ ਮਾਹਿਰਾਂ ਵੱਲੋਂ ਤਿਆਰ ਕੀਤਾ ਜਾ ਰਿਹਾ ਹੈ। ਜਲਦੀ ਹੀ ਟੈਂਡਰ ਕੱਢੇ ਜਾਣਗੇ ਤਾਂ ਜੋ ਉਸਾਰੀ ਦਾ ਕੰਮ ਤੁਰੰਤ ਸ਼ੁਰੂ ਹੋ ਸਕੇ।ਡੇਰਾ ਸੱਚਖੰਡ ਬੱਲਾਂ ਦੇ ਨੁਮਾਇੰਦਿਆਂ ਨੇ ਇਸ ਪ੍ਰੋਜੈਕਟ ਨੂੰ ਸਮਾਂਬੱਧ ਤਰੀਕੇ ਨਾਲ ਨੇਪਰੇ ਚਾੜ੍ਹਨ ਅਤੇ ਸੰਗਤਾਂ ਦੀ ਚਿਰੋਕਣੀ ਮੰਗ ਨੂੰ ਇਮਾਨਦਾਰੀ ਤੇ ਤੇਜ਼ੀ ਨਾਲ ਪੂਰਾ ਕਰਨ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਬਾਅਦ ਵਿੱਚ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਿਧਾਇਕ ਬਲਕਾਰ ਸਿੰਘ, ਚੇਅਰਮੈਨ ਪਵਨ ਟੀਨੂੰ, ਸੀਨੀਅਰ 'ਆਪ' ਆਗੂ ਨਿਤਿਨ ਕੋਹਲੀ ਅਤੇ ਰਾਜਵਿੰਦਰ ਕੌਰ ਥਿਆੜਾ ਸਮੇਤ ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋ ਕੇ ਡੇਰਾ ਮੁਖੀ ਸੰਤ ਨਿਰੰਜਨ ਦਾਸ ਦਾ ਆਸ਼ੀਰਵਾਦ ਲਿਆ।

# ਵਿੱਤ ਮੰਤਰੀ ਵੱਲੋਂ ਨਾਬਾਰਡ ਦਾ ਸਟੇਟ ਫੋਕਸ ਪੇਪਰ ਜਾਰੀ



**ਮੋਹਾਲੀ (ਗੁਰਜੀਤ ਬਿੱਲਾ)**
ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੋਹਾਲੀ ਵਿੱਚ ਆਯੋਜਿਤ ਸਟੇਟ ਕਰੈਡਿਟ ਸੈਮੀਨਾਰ ਦੌਰਾਨ ਨੈਸ਼ਨਲ ਬੈਂਕ ਫਾਰ ਐਗਰੀਕਲਚਰ ਅਤੇ ਰੂਰਲ ਡਿਵੈਲਪਮੈਂਟ (ਨਾਬਾਰਡ) ਵੱਲੋਂ ਤਿਆਰ ਕੀਤਾ ਗਿਆ ਸਟੇਟ ਫੋਕਸ ਪੇਪਰ 2026-27 ਜਾਰੀ ਕੀਤਾ।ਸਮਾਗਮ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਨੇ ਪੰਜਾਬ ਦੀ ਅਰਥਵਿਵਸਥਾ ਨੂੰ ਮਜ਼ਬੂਤ ਕਰਨ ਅਤੇ ਵੱਖ-ਵੱਖ ਖੇਤਰਾਂ ਵਿੱਚ ਵਿਕਾਸ ਨੂੰ ਗਤੀ ਦੇਣ ਵਿੱਚ ਨਾਬਾਰਡ ਦੇ ਮਹੱਤਵਪੂਰਨ ਯੋਗਦਾਨ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਨਾਬਾਰਡ ਵੱਲੋਂ ਖੇਤੀਬਾੜੀ, ਸਿੱਖਿਆ ਅਤੇ ਸਮਾਜਿਕ ਖੇਤਰਾਂ ਵਿੱਚ ਵਿਕਾਸ ਲਈ ਕਈ ਕਰਜ਼ਾ ਅਤੇ ਰਿਣ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਅੱਜ ਜਾਰੀ ਕੀਤੇ ਸਟੇਟ ਫੋਕਸ ਪੇਪਰ ਵਿੱਚ ਪੰਜਾਬ ਲਈ ਪ੍ਰਾਥਮਿਕਤਾ ਖੇਤਰ ਹੇਠ ਕੁੱਲ 3,08,66,614 ਲੱਖ ਰੁਪਏ ਦੀ ਕਰਜ਼ਾ ਸੰਭਾਵਨਾ ਦਾ ਅਨੁਮਾਨ ਲਗਾਇਆ ਗਿਆ ਹੈ। ਇਸ ਵਿੱਚ ਫਾਰਮ ਕਰੈਡਿਟ, ਖੇਤੀਬਾੜੀ ਢਾਂਚਾਗਤ ਵਿਕਾਸ, ਸਹਾਇਕ ਗਤੀਵਿਧੀਆਂ, ਮਾਇਕ੍ਰੋ, ਸਮਾਲ ਅਤੇ ਮੀਡੀਅਮ ਉਦਯੋਗ, ਐਕਸਪੋਰਟ ਕਰੈਡਿਟ, ਸਿੱਖਿਆ, ਰਿਹਾਇਸ਼, ਸਮਾਜਿਕ ਢਾਂਚਾ, ਨਵੀਨੀਕਰਨਯੋਗ ਊਰਜਾ ਆਦਿ ਖੇਤਰ ਸ਼ਾਮਲ ਹਨ।

# ਭਾਰਤ-ਅਮਰੀਕਾ ਵਪਾਰ ਸਮਝੌਤੇ ਨਾਲ ਕਿਸਾਨਾਂ ਦੀ ਆਰਥਿਕਤਾ 'ਤੇ ਸੱਟ ਵੱਜੇਗੀ : ਅਜੇ ਮੰਗੂਪੁਰ



**ਬਲਾਚੌਰ (ਜਸਵਿੰਦਰ ਬੈਂਸ)**
ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ ਨਿਰਦੇਸ਼ ਅਨੁਸਾਰ ਜ਼ਿਲ੍ਹਾ ਕਾਂਗਰਸ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਅਜੇ ਮੰਗੂਪੁਰ ਦੀ ਅਗਵਾਈ ਹੇਠ ਕੇਂਦਰ ਦੀ ਭਾਜਪਾ ਸਰਕਾਰ ਵਲੋਂ ਅਮਰੀਕਾ ਨਾਲ ਕੀਤੇ ਕਿਸਾਨ ਮਾਰੂ ਸਮਝੌਤੇ ਦੇ ਵਿਰੋਧ 'ਚ ਜ਼ਿਲ੍ਹਾ ਕਾਂਗਰਸ ਕਮੇਟੀ ਸ ਭ ਸ ਨਗਰ ਤੇ ਕਿਸਾਨ ਨੇਤਾਵਾਂ ਦੇ ਭਾਰੀ ਇਕੱਠ ਨਾਲ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਨੂੰ ਮੰਗ-ਪੱਤਰ ਦਿੱਤਾ ਗਿਆ। ਪ੍ਰਧਾਨ ਅਜੇ ਮੰਗੂਪੁਰ ਨੇ ਇਸ ਮੌਕੇ ਕਿਹਾ ਕਿ ਇਹ ਸਮਝੌਤਾ ਨਾ ਸਿਰਫ਼ ਦੇਸ਼ ਦੇ ਕਿਸਾਨਾਂ ਦੇ ਹਿੱਤਾਂ ਲਈ ਨੁਕਸਾਨਦੇਹ ਸਾਬਤ ਹੋਵੇਗਾ, ਸਗੋਂ ਪੂਰੇ ਦੇਸ਼ ਦੀ ਖੇਤੀਬਾੜੀ ਆਰਥਿਕਤਾ ਨੂੰ ਤਬਾਹ ਕਰਨ ਦੀ ਸਮਰੱਥਾ ਵੀ ਰੱਖਦਾ ਹੈ। ਉਨ੍ਹਾਂ ਕਿਹਾ ਪੰਜਾਬ ਜੋ ਕਿ ਮੁੱਖ ਤੌਰ 'ਤੇ ਇਕ ਖੇਤੀ ਪ੍ਰਧਾਨ ਸੂਬਾ ਹੈ, ਇਸ ਨਾਲ ਪੂਰੀ ਤਰ੍ਹਾਂ ਬਰਬਾਦ ਹੋ ਜਾਵੇਗਾ। ਇਹ ਆਰਥਿਕ ਪੱਖ ਤੋਂ ਗੰਭੀਰ ਚਿੰਤਾ ਦਾ ਵਿਸ਼ਾ ਹੈ। ਅਜੇ ਮੰਗੂਪੁਰ ਨੇ ਕਿਹਾ ਕੀ ਭਾਜਪਾ ਸਰਕਾਰ ਪਹਿਲਾਂ ਹੀ ਅਲੱਗ-ਅਲੱਗ ਤਰੀਕੇ ਨਾਲ ਕਿਸਾਨ ਤੋਂ ਸਬਸਿਡੀ ਖੋ ਰਹੀ ਹੈ ਅਤੇ ਇਸ ਮਹਿੰਗਾਈ ਦੇ ਦੌਰ 'ਚ ਖੇਤੀ ਦੇ ਔਜ਼ਾਰ, ਖਾਦ, ਦਵਾਈਆਂ ਅਤੇ ਲੇਬਰ ਦਾ ਰੇਟ ਆਸਮਾਨ ਛੂਹ ਰਿਹਾ ਹੈ। ਕਿਸਾਨ ਦੀ ਲਾਗਤ ਵੀ ਪੂਰੀ ਨਹੀਂ ਹੁੰਦੀ । ਇਸ ਨਾਲ ਉਨ੍ਹਾਂ ਦੀ ਆਰਥਿਕਤਾ ਤੇ ਬਹੁੱਤ ਵੱਡੀ ਸੱਟ ਵੱਜੇਗੀ।ਇਸ ਮੌਕੇ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ, ਮੀਨਾ ਚੌਧਰੀ ਪਤਨੀ ਸਵਰਗੀ ਤਰਲੋਚਨ ਸੂੰਢ ਸਾਬਕਾ ਵਿਧਾਇਕ ਬੰਗਾ, ਕਮਲਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਕਿਸਾਨ ਸੈੱਲ, ਰਾਜ ਕੁਮਾਰ ਜ਼ਿਲ੍ਹਾ ਪ੍ਰਧਾਨ ਐਸ ਸੀ ਸੈੱਲ ਬਲਵਿੰਦਰ ਭੂੰਬਲਾ ਮੀਤ ਪ੍ਰਧਾਨ, ਧਰਮਪਾਲ ਚੇਅਰਮੈਨ, ਮੋਹਨ ਲਾਲ ਸੰਧੂ ਬਲਾਕ ਪ੍ਰਧਾਨ ਬਲਾਚੌਰ, ਤਿਲਕ ਰਾਜ ਸੂਦ ਬਲਾਕ ਪ੍ਰਧਾਨ ਸੜੋਆ, ਸਰਬਜੀਤ ਸਿੰਘ ਬਲਾਕ ਪ੍ਰਧਾਨ ਨਵਾਂਸ਼ਹਿਰ ਪੇਂਡੂ, ਰਾਮਦਾਸ ਸਿੰਘ ਬਲਾਕ ਪ੍ਰਧਾਨ ਔੜ, ਕੁਲਦੀਪ ਚੌਧਰੀ ਪ੍ਰਧਾਨ ਕਿਸਾਨ ਸੈੱਲ ਬਲਾਚੌਰ, ਜਿੰਦਰ ਕੁਮਾਰ ਪ੍ਰਧਾਨ ਐਸ ਸੀ ਸੈੱਲ ਬਲਾਚੌਰ, ਲਾਲ ਬਹਾਦੁਰ ਗਾਂਧੀ, ਸੋਮਨਾਥ ਤੱਕਲਾ, ਰਾਜਿੰਦਰ ਸਿੰਘ ਸ਼ਿੰਦੀ ਦਫ਼ਤਰ ਸਕੱਤਰ, ਸੁਰਿੰਦਰ ਸ਼ਿੰਦਾ ਬੁਲਾਰਾ, ਗੁਰਵਿੰਦਰ ਸਿੰਘ ਪ੍ਰਧਾਨ ਯੂਥ, ਮਲਕੀਤ ਸਿੰਘ ਧੌਲ, ਦਿਨੇਸ਼ ਕੁਮਾਰ, ਜ਼ਿਲ੍ਹਾ ਕਾਂਗਰਸ ਕਮੇਟੀ ਦੇ ਸਮੂਹ ਮੈਂਬਰ ਸਾਹਿਬਾਨ ਹਾਜਰ ਸਨ।

# ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਕਾਨਫਰੰਸ ਦੀਆਂ ਤਿਆਰੀਆਂ ਮੁਕੰਮਲ



**ਬੰਗਾ (ਅਵਤਾਰ ਕਲੇਰ)**-ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਪੰਜਾਬ ਦੀ ਸੂਬਾਈ ਕਾਨਫਰੰਸ ਦੀਆਂ ਤਿਆਰੀਆਂ ਸਬੰਧੀ ਮੀਟਿੰਗ ਸਾਥੀ ਰਾਮ ਸਿੰਘ ਨੂਰਪੁਰੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਵਿਸ਼ੇਸ਼ ਕੌਮੀ ਮੀਤ ਪ੍ਰਧਾਨ ਭੂਪ ਚੰਦ ਚੰਨੋ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਮੀਟਿੰਗ ਦੇ ਫੈਸਲੇ ਪ੍ਰੈੱਸ ਨੂੰ ਜਾਰੀ ਕਰਦਿਆਂ ਜਥੇਬੰਦੀ ਦੇ ਜਨਰਲ ਸਕੱਤਰ ਗੁਰਮੇਸ਼ ਸਿੰਘ ਨੇ ਦੱਸਿਆ ਕਿ ਸੂਬਾਈ ਕਾਨਫਰੰਸ ਜੋ 27-28 ਫ਼ਰਵਰੀ ਨੂੰ ਨੂਰਮਹਿਲ ਵਿੱਚ ਹੋ ਰਹੀ ਹੈ, ਦੇ ਸਬੰਧ ਸੂਬਾਈ ਕਮੇਟੀ ਦੀ ਮੀਟਿੰਗ ਵਿੱਚ ਸਰਬਸੰਮਤੀ ਨਾਲ ਰਿਪੋਰਟ ਪਾਸ ਕੀਤੀ ਗਈ। ਮੀਟਿੰਗ ਵਿੱਚ ਪਿਛਲੇ ਕੰਮ ਦਾ ਰੀਵਿਊ ਕੀਤਾ ਗਿਆ। ਜਥੇਬੰਦੀ ਦੀ ਮੈਂਬਰਸ਼ਿਪ ਅਤੇ ਕੇਂਦਰੀ ਬਿਲਡਿੰਗ ਫੰਡ ਦਾ ਕੋਟਾ ਅਜਲਾਸ ਤੱਕ ਪੂਰਾ ਕਰਨ ਲਈ ਵਿਸ਼ੇਸ਼ ਤੌਰ 'ਤੇ ਮੁਹਿੰਮ ਚਲਾਉਣ ਦਾ ਸੱਦਾ ਦਿੱਤਾ। ਅਜਲਾਸ ਵਿੱਚ ਲੱਗੇ ਹੋਏ ਕੋਟੇ ਮੁਤਾਬਿਕ ਡੈਲੀਗੇਟ ਲੈਣ ਕੇ ਆਉਣ ਦਾ ਸੱਦਾ ਦਿੱਤਾ। ਮੀਟਿੰਗ ਵਿੱਚ ਜਸਬੀਰ ਸਿੰਘ ਝਬਾਲ ਡਾ ਵਿਜੇ ਘਨੌਰ, ਸਤਪਾਲ ਸਿੰਘ, ਚਾਨਣ ਸਿੰਘ, ਸੁਖਦੇਵ ਸਿੰਘ ਗੋਹਲਵੜ, ਪ੍ਰੀਤਮ ਸਿੰਘ ਪੱਟੀ, ਹੰਸਾਂ ਸਿੰਘ, ਧੀਰ ਸਿੰਘ, ਮਹਿੰਦਰ ਸਿੰਘ, ਰਾਜ ਰਾਣੀ ,ਹਰਪਾਲ ਸਿੰਘ, ਕਿਸ਼ਨ ਕੁਮਾਰ ਬਰਿੰਦਰ ਪੰਡਤ, ਜੋਗਿੰਦਰ ਸਿੰਘ ਬੱਧਣ ਅਤੇ ਹੋਰ ਵਰਕਰ ਹਾਜ਼ਰ ਸਨ।

# ਏ ਬੀ ਸ਼ੂਗਰ ਮਿੱਲ ਵਲੋਂ ਗੰਨਾ ਕਾਸ਼ਤਕਾਰਾਂ ਨੂੰ ਉਤਸ਼ਾਹਿਤ ਕਰਨ ਲਈ ਦੌਰਾ

**ਅੱਡਾ ਸਰਾਂ (ਜਸਵੀਰ ਕਾਜਲ)**
ਏ ਬੀ ਸ਼ੂਗਰ ਮਿੱਲ ਰੰਧਾਵਾ (ਦਸੂਹਾ) ਵਲੋਂ ਗੰਨਾ ਕਾਸ਼ਤਕਾਰਾਂ ਨੂੰ ਗੰਨੇ ਪ੍ਰਤੀ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਮਿੱਲ ਮਾਲਕਾਂ ਤੇ ਰਮਨਦੀਪ ਸਿੰਘ ਸਿੱਧੂ ਪ੍ਰਧਾਨ ਏ.ਬੀ ਸ਼ੂਗਰ ਮਿੱਲ ਦੇ ਦਿਸ਼ਾ



ਨਿਰਦੇਸ਼ਾਂ ਅਨੁਸਾਰ ਵੱਖ ਵੱਖ ਪਿੰਡਾਂ ਅੰਦਰ ਜੀ.ਐਮ. ਪੰਕਜ ਕੁਮਾਰ ਦੀ ਅਗਵਾਈ 'ਚ ਗੰਨਾ ਮਾਹਿਰ ਡਾ. ਐੱਸ ਐੱਸ ਗੁਰਾਇਆ ਦੇ ਨਾਲ ਗੰਨਾ ਕਾਸ਼ਤਕਾਰਾਂ ਨਾਲ ਮੁਲਾਕਾਤ ਕੀਤੀ। ਇਸ ਮੌਕੇ ਪਿੰਡ ਕੋਠੇ ਜੱਟਾਂ ਪਹੁੰਚੇ ਡਾ. ਐੱਸ ਐੱਸ ਗੁਰਾਇਆ ਨੇ ਕਿਹਾ ਕਿ ਕਿਸਾਨ ਲਈ ਗੰਨੇ ਦੇ ਕਾਸ਼ਤ ਬਹੁਤ ਹੀ ਲਾਭਦਾਇਕ ਹੈ, ਜਿਸ 'ਚ ਘੱਟ ਲਾਗਤ ਨਾਲ ਵੱਧ ਆਮਦਨ ਪ੍ਰਾਪਤ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਕਿਸਾਨ ਗੰਨਾ ਮਾਹਿਰਾਂ ਤੋਂ ਸਮੇਂ ਸਮੇਂ ਜਾਣਕਾਰੀ ਪ੍ਰਾਪਤ ਕਰਨ ਤਾਂ ਜੋ ਉਨ੍ਹਾਂ ਨੂੰ ਨਵੀਆਂ ਤਕਨੀਕਾਂ ਤੇ ਸਮੱਸਿਆਵਾਂ ਬਾਰੇ ਜਾਣਕਾਰੀ ਮਿਲਦੀ ਰਹੇ। ਇਸ ਮੌਕੇ ਜੀ.ਐਮ ਪੰਕਜ ਕੁਮਾਰ ਨੇ ਗੰਨਾ ਕਾਸ਼ਤਕਾਰਾਂ ਨੂੰ ਅਪੀਲ ਕੀਤੀ ਹੈ ਕਿ ਗੰਨੇ ਦੀ ਬਿਜਾਈ ਚੰਗੀਆਂ ਕਿਸਮਾਂ ਨਾਲ ਹੀ ਕੀਤੀ ਜਾਏ, ਜਿਸ ਨਾਲ ਕਿਸਾਨਾਂ ਤੇ ਮਿੱਲ ਦੋਨਾਂ ਨੂੰ ਲਾਭ ਮਿਲੇਗਾ। ਇਸ ਮੌਕੇ ਕੁਲਦੀਪ ਸਿੰਘ, ਅਜ਼ਾਦ ਸਿੰਘ, ਪਰਮਜੀਤ ਸਿੰਘ, ਹਰਜਿੰਦਰ ਸਿੰਘ ਮੱਲ੍ਹੀ, ਕੁਲਦੀਪ ਸਿੰਘ ਬਾਬਕ, ਬਲਵੰਤ ਸਿੰਘ, ਜਸਪਾਲ ਸਿੰਘ ਗੋਰਾਇਆ, ਰਵਜੀਤ ਸਿੰਘ, ਹਰਮੇਸ਼ ਲਾਲ, ਰਣਜੀਤ ਸਿੰਘ, ਹਰਪਾਲ ਸਿੰਘ, ਹਰਮੀਤ ਸਿੰਘ, ਚਰਨਜੀਤ ਸਿੰਘ ਤੇ ਹੋਰ ਹਾਜ਼ਰ ਸਨ।

# ਸੰਤ ਸਤਨਾਮ ਦਾਸ ਵਿਛੋਹੀ ਵਾਲਿਆਂ ਨੂੰ ਵੱਖ-ਵੱਖ ਆਗੂਆਂ ਵੱਲੋਂ ਅੰਤਿਮ ਵਿਦਾਇਗੀ



**ਹੁਸ਼ਿਆਰਪੁਰ (ਓ ਪੀ ਰਾਣਾ)**
ਡੇਰਾ ਸੱਚਖੰਡ ਚਰਨਪੁਰੀ ਵਿਛੋਹੀ ਦੇ ਮੌਜੂਦਾ ਗੱਦੀ ਨਸ਼ੀਨ ਸ੍ਰੀਮਾਨ 108 ਸੰਤ ਸਤਨਾਮ ਦਾਸ ਜੋ ਕਿ ਪਿਛਲੇ ਦਿਨੀਂ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਵਿਰਾਜੇ ਸਨ , ਉਨਾਂ ਦੀ ਅੰਤਿਮ ਯਾਤਰਾ ਮੌਕੇ ਦੇਸ਼ ਵਿਦੇਸ਼ ਦੀਆਂ ਹਜਾਰਾਂ ਸੰਗਤਾਂ ਪਿੰਡ ਵਿਛੋਹੀ ਪਹੁੰਚੀਆਂ ਤੇ ਭਾਵਭਿੰਨੀ ਅੰਤਿਮ ਵਿਦਾਇਗੀ ਦਿੱਤੀ।ਡੇਰਾ ਚਰਨਪੁਰੀ ਵਿਛੋਹੀ ਦੇ ਗੱਦੀ ਨਸ਼ੀਨ ਸੰਤ ਸਤਨਾਮ ਦਾਸ ਦੇ ਅੰਤਿਮ ਸੰਸਕਾਰ ਮੌਕੇ ਪਿੰਡ ਵਿਛੋਹੀ ਵਿਖੇ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸਖਸ਼ੀਅਤਾਂ ਵਲੋਂ ਭਾਵਭਿੰਨੀ ਅੰਤਿਮ ਵਿਦਾਇਗੀ ਦਿੱਤੀ ਗਈ। ਇਸ ਮੌਕੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੇ ਜਨਰਲ ਸਕੱਤਰ ਸੰਤ ਇੰਦਰ ਦਾਸ ਸ਼ੇਖੈ, ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਸੰਤ ਧਰਮਪਾਲ ਸ਼ੇਰਗੜ, ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਬਾਬਾ ਬਲਕਾਰ ਸਿੰਘ ਵਡਾਲਾ, ਸੰਤ ਪਵਨ ਕੁਮਾਰ ਤਾਜੇਵਾਲ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਬੀਬੀ ਪੂਨਮ ਹੀਰਾ, ਸੰਤ ਮਹਾਂਵੀਰ ਸਿੰਘ ਤਾਜੇਵਾਲ, ਸਰਪੰਚ ਹਰਮਿੰਦਰ ਸਿੰਘ ਸੰਧੂ ਚੱਬੇਵਾਲ ਅਕਾਲੀ ਆਗੂ, ਸਾਬਕਾ ਸਰਪੰਚ ਜਸਵੰਤ ਸਿੰਘ,ਸੰਤ ਸੰਤ ਮਹਿੰਦਰ ਪਾਲ ਭੇਡੂਆ, ਸੰਤ ਸਤਨਾਮ ਦਾਸ ਕੇਹੜੋਂਵਾਲ, ਸਾਬਕਾ ਸਰਪੰਚ ਰਸ਼ਪਾਲ ਕੌਰ , ਸਰਪੰਚ ਮੋਹਣ ਲਾਲ, ਪੰਚ ਮਨਜੀਤ ਕੌਰ , ਕੁਲਦੀਪ ਮਾਨਕ, ਚਮਨ ਲਾਲ, ਜਸਵੀਰ ਸਿੰਘ, ਕਮਲਜੀਤ ਸਿੰਘ, ਹਰਜਿੰਦਰ ਸਿੰਘ ਅਤੇ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਭਾਰੀ ਗਿਣਤੀ ਸੰਗਤਾਂ ਹਾਜ਼ਰ ਸਨ। ਇਸ ਮੌਕੇ ਡੇਰਾ ਚਰਨਪੁਰੀ ਦੇ ਮੁੱਖ ਸੇਵਾਦਾਰ ਸੰਤ ਮਨਜੀਤ ਦਾਸ ਮੈਂਬਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਨੇ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਤ ਸਤਨਾਮ ਦਾਸ ਜੀ ਦੇ ਨਮਿਤ ਸ਼ਰਧਾਂਜਲੀ ਸਮਾਗਮ 7 ਮਾਰਚ ਦਿਨ ਸ਼ਨੀਵਾਰ ਨੂੰ ਡੇਰਾ ਚਰਨਪੁਰੀ ਵਿਛੋਹੀ ਵਿਖੇ ਹੋਣਗੇ।

# ਭਾਰਤ-ਅਮਰੀਕਾ ਵਪਾਰ ਸਮਝੌਤੇ ਖ਼ਿਲਾਫ਼ ਡੀ ਸੀ ਨੂੰ ਦਿੱਤਾ ਮੈਮੋਰੰਡਮ



**ਮੋਹਾਲੀ (ਗੁਰਜੀਤ ਬਿੱਲਾ)**-ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਪ੍ਰਸਤਾਵਿਤ ਭਾਰਤ-ਅਮਰੀਕਾ ਵਪਾਰ ਸਮਝੌਤਾ ਪੰਜਾਬ ਦੀ ਖੇਤੀ-ਆਧਾਰਿਤ ਅਰਥਵਿਵਸਥਾ ਤੇ ਕਿਸਾਨਾਂ ਦੀ ਰੋਜ਼ੀ-ਰੋਟੀ ਲਈ ਗੰਭੀਰ ਖ਼ਤਰਾ ਹੈ। ਇਨ੍ਹਾਂ ਚਿੰਤਾਵਾਂ ਨੂੰ ਉਜਾਗਰ ਕਰਦਾ ਇੱਕ ਮੈਮੋਰੈਂਡਮ ਜ਼ਿਲ੍ਹਾ ਕਾਂਗਰਸ ਪ੍ਰਧਾਨ ਕਮਲ ਕਿਸ਼ੋਰ ਸ਼ਰਮਾ, ਬਲਬੀਰ ਸਿੰਘ ਸਿੱਧੂ ਅਤੇ ਮੋਹਾਲੀ ਦੇ ਹੋਰ ਭਾਰਤੀ ਰਾਸ਼ਟਰੀ ਕਾਂਗਰਸ ਵਰਕਰਾਂ ਵੱਲੋਂ ਡਿਪਟੀ ਕਮਿਸ਼ਨਰ ਮੋਹਾਲੀ ਨੂੰ ਸੌਂਪਿਆ ਗਿਆ।ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਇੱਕ ਸਰਹੱਦੀ ਰਾਜ ਹੈ ਅਤੇ ਇਸ ਦੀ ਅਰਥਵਿਵਸਥਾ ਮੁੱਖ ਤੌਰ 'ਤੇ ਖੇਤੀ 'ਤੇ ਨਿਰਭਰ ਹੈ, ਇਸ ਲਈ ਜੇਕਰ ਸਸਤੇ ਵਿਦੇਸ਼ੀ ਖੇਤੀਬਾੜੀ ਉਤਪਾਦ ਭਾਰਤੀ ਮਾਰਕੀਟ ਵਿੱਚ ਆਉਣ ਦੀ ਆਗਿਆ ਦਿੱਤੀ ਤਾਂ ਪੰਜਾਬ ਸਭ ਤੋਂ ਵੱਧ ਪ੍ਰਭਾਵਿਤ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਛੋਟੇ ਕਿਸਾਨ, ਜੋ ਘੱਟ ਜ਼ਮੀਨ 'ਤੇ ਨਿਰਭਰ ਹਨ, ਉਹ ਭਾਰੀ ਸਰਕਾਰੀ ਸਬਸਿਡੀ ਅਤੇ ਆਧੁਨਿਕ ਮਸ਼ੀਨੀਕ੍ਰਿਤ ਅਮਰੀਕੀ ਫਾਰਮਾਂ ਨਾਲ ਮੁਕਾਬਲਾ ਨਹੀਂ ਕਰ ਸਕਦੇ।

## ਪਾਸਪੋਰਟ ਅਦਾਲਤ 25 ਨੂੰ

**ਜਲੰਧਰ (ਇਕਬਾਲ ਸਿੰਘ ਉਭੀ)**- ਸਥਾਨਕ ਰੀਜ਼ਨਲ ਪਾਸਪੋਰਟ ਅਫ਼ਸਰ ਯਸ਼ਪਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 25 ਫਰਵਰੀ ਨੂੰ ਰੀਜ਼ਨਲ ਪਾਸਪੋਰਟ ਦਫ਼ਤਰ ਐੱਸ ਸੀ ਓ ਨੰਬਰ 42-51, ਪਾਕੈਟ-1, ਨੇੜੇ ਬੱਸ ਸਟੈਂਡ ਵਿਖੇ ਪਾਸਪੋਰਟ ਅਦਾਲਤ ਲਗਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਪਾਸਪੋਰਟ ਅਦਾਲਤ ਲਗਾਉਣ ਦਾ ਮੰਤਵ 31 ਜਨਵਰੀ 2026 ਤੱਕ ਜਮ੍ਹਾਂ ਹੋਏ ਸਾਰੀਆਂ ਸ਼੍ਰੇਣੀਆਂ ਦੇ ਬਿਨੈਕਾਰਾਂ ਨੂੰ ਰਾਹਤ ਪਹੁੰਚਾਉਣ ਦਾ ਹੈ ਜਿਨ੍ਹਾਂ ਦੇ ਬਿਨੈਪੱਤਰ ਕਿਸੇ ਕਾਰਨ ਕਰਕੇ ਬਕਾਇਆ ਰਹਿ ਗਏ ਹਨ।ਉਨ੍ਹਾਂ ਕਿਹਾ ਕਿ ਯੋਗ ਬਿਨੈਕਾਰਜ ਲੋੜੀਂਦੇ ਦਸਤਾਵੇਜ਼ ਨਾਲ ਲੈ ਕੇ ਸਵੇਰੇ 9:30 ਵਜੇ ਤੋਂ ਦੁਪਹਿਰ 12:30 ਵਜੇ ਤੱਕ ਆ ਸਕਦੇ ਹਨ ਤਾਂ ਜੋ ਬਕਾਇਆ ਬਿਨੈਪੱਤਰਾਂ ਦੇ ਨਿਪਟਾਰੇ ਦੀ ਪ੍ਰਕਿਰਿਆ ਨੂੰ ਤੇਜ਼ ਕੀਤਾ ਜਾ ਸਕੇ।

## ਸੰਤ ਹਰਕ੍ਰਿਸ਼ਨ ਸਿੰਘ ਸੋਢੀ ਦਾ ਅੰਤਿਮ ਸੰਸਕਾਰ ਭਲਕੇ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸੰਤ ਬਾਬਾ ਦੂਲਾ ਸਿੰਘ ਦੇ ਤਪ-ਅਸਥਾਨ



ਪਿੰਡ ਠੱਕਰਵਾਲ ਦੇ ਮੁੱਖ ਸੇਵਾਦਾਰ ਤੇ ਵਾਇਸ ਚੇਅਰਮੈਨ ਨਿਰਮਲਾ ਸੰਤ ਮੰਡਲ ਸੰਤ ਹਰਕ੍ਰਿਸ਼ਨ ਸਿੰਘ ਸੋਢੀ, ਜੋ ਬੀਤੇ ਦਿਨੀਂ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ 'ਚ ਜਾ ਬਿਰਾਜੇ ਹਨ। ਉਨ੍ਹਾਂ ਦੀ ਮ੍ਰਿਤਕ ਦੇਹ ਦਾ ਅੰਤਿਮ ਸਸਕਾਰ 22 ਫਰਵਰੀ ਦਿਨ ਐਤਵਾਰ ਨੂੰ ਬਾਅਦ ਦੁਪਹਿਰ 2 ਵਜੇ ਕੀਤਾ ਜਾਵੇਗੀ, ਜਦਕਿ ਉਨ੍ਹਾਂ ਦੀ ਆਤਮਿਕ ਸ਼ਾਂਤੀ ਨਮਿੱਤ ਰੱਖੇ ਪਾਠ ਦੇ ਭੋਗ 24 ਫਰਵਰੀ ਦਿਨ ਮੰਗਲਵਾਰ ਨੂੰ ਤਪ ਅਸਥਾਨ ਪਿੰਡ ਠੱਕਰਵਾਲ ਵਿਖੇ ਪਾਏ ਜਾਣਗੇ। ਇਸ ਮੌਕੇ ਵੱਖ-ਵੱਖ ਧਾਰਮਿਕ, ਸਮਾਜਿਕ, ਰਾਜਸੀ ਸ਼ਖ਼ਸੀਅਤਾਂ ਸਮੇਤ ਇਲਾਕੇ ਦੀਆਂ ਸਮੂਹ ਸੰਗਤਾਂ ਵਲੋਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਣਗੇ।

# ਡਿਪਟੀ ਕਮਿਸ਼ਨਰ ਨੇ ਹੋਲਾ ਮਹੱਲਾ ਦੇ ਅਗਾਊਂ ਪ੍ਰਬੰਧਾਂ ਦਾ ਲਿਆ ਜਾਇਜ਼ਾ



**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**
ਹੋਲਾ ਮਹੱਲਾ ਤਿਉਹਾਰ ਤੋਂ ਪਹਿਲਾ ਸਾਰੇ ਵਿਭਾਗ ਆਪਣੇ ਕੰਮ ਮੁਕੰਮਲ ਕਰ ਲੈਣ, ਸ਼ਰਧਾਲੂਆਂ ਦੀ ਸਹੂਲਤ ਲਈ ਕਿਸੇ ਤਰ੍ਹਾਂ ਦੀ ਕੋਈ ਕਮੀ ਨਾ ਰੱਖੀ ਜਾਵੇ। ਉੱਚੀ ਆਵਾਜ ਵਿੱਚ ਲਾਊਡ ਸਪੀਕਰ ਵਜਾਉਣ, ਸਲੈਸਰ ਖੋਲ ਕੇ ਵਾਹਲ ਚਲਾਉਣ ਤੇ ਸਖਤ ਕਾਰਵਾਈ ਕੀਤੀ ਜਾਵੇਗੀ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਅਦਿੱਤਿਆ ਡੇਚਲਵਾਲ ਨੇ ਮੇਲੇ ਦੇ ਅਗਾਓ ਪ੍ਰਬੰਧਾਂ ਦੀ ਮੀਟਿੰਗ ਮੌਕੇ ਚੱਲ ਰਹੇ ਕੰਮਾਂ ਦੀ ਸਮੀਖਿਆ ਕਰਨ ਉਪਰੰਤ ਦਿੱਤੀ। ਉਨ੍ਹਾਂ ਨੇ ਕਿਹਾ ਕਿ ਇਸ ਵਾਰ ਹੋਲਾ ਮਹੱਲਾ ਦੌਰਾਨ ਸੁਚਾਰੂ ਆਵਾਜਾਈ ਦੀ ਸਹੂਲਤ ਵੱਧ ਵਾਹਨਾਂ ਦੀ ਪਾਰਕਿੰਗ, ਸ਼ਟਲ ਬੱਸ ਸਰਵਿਸ, ਪੀਣ ਵਾਲਾ ਕਲੋਰੀਨੇਟਿਡ ਪਾਣੀ, ਨਿਰਵਿਘਨ ਬਿਜਲੀ ਸਪਲਾਈ, ਟ੍ਰੈਫਿਕ ਮੈਨੇਜਮੈਂਟ ਨੂੰ ਵਿਸ਼ੇਸ਼ ਤਰਜੀਹ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਮੇਲਾ ਖੇਤਰ ਨੂੰ ਕੀਰਤਪੁਰ ਸਾਹਿਬ ਵਿਚ ਦੋ ਸੈਕਟਰਾਂ ਵਿਚ ਵੰਡਿਆ ਗਿਆ ਹੈ ਜਦੋਂ ਕਿ ਸ੍ਰੀ ਅਨੰਦਪੁਰ ਸਾਹਿਬ ਵਿੱਚ 11 ਸੈਕਟਰਾਂ ਬਣਾਏ ਗਏ ਹਨ, ਜਿੱਥੇ ਗਜ਼ਟਿਡ ਅਫਸਰ 24/7 ਤੈਨਾਂਤ ਰਹਿਣਗੇ। ਮੇਨ ਕੰਟੋਰਲ ਰੂਮ ਥਾਨਾ ਸ੍ਰੀ ਅਨੰਦਪੁਰ ਸਾਹਿਬ ਵਿੱਚ ਹੋਵੇਗਾ, ਸਿਹਤ ਸਹੂਲਤਾਂ ਲਈ ਆਰਜੀ ਡਿਸਪੈਂਸਰੀ ਅਤੇ ਪਸ਼ੂਆਂ ਲਈ ਡਿਸਪੈਂਸਰੀਆਂ ਬਣਾਈਆਂ ਜਾ ਰਹੀਆਂ ਹਨ, ਜਿੱਥੇ ਡਾਕਟਰ ਅਤੇ ਮੈਡੀਕਲ ਸਟਾਫ ਤੈਨਾਤ ਹੋਵੇਗਾ। ਅਦਿੱਤਿਆ ਡੇਚਲਵਾਲ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੇ ਦਾਖਲੇ ਤੇ ਬਣੇ ਸਵਾਗਤੀ ਗੇਟਾਂ ਨੂੰ ਸਿੰਗਾਰਿਆਂ ਜਾਵੇਗਾ ਅਤੇ ਸ਼ਹਿਰ ਵਿਚ ਡੈਕੋਰੇਟਿਵ ਲਾਈਟਾਂ ਲਗਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਮੇਲਾ ਖੇਤਰ ਵਿੱਚ ਐਲ.ਈ.ਡੀ ਸਕਰੀਨਾ ਲਗਾ ਕੇ ਤਿਉਹਾਰ ਬਾਰੇ ਜਾਣਕਾਰੀ ਤੇ ਸੂਚਨਾ ਉਪਲੱਬਧ ਕਰਵਾਈ ਜਾਵੇਗੀ, ਹੈਲਪ ਡੈਸਕ ਵੀ ਸਥਾਪਿਤ ਹੋਣਗੇ। ਇਸ ਪ੍ਰਕਿਰਿਆ ਨੂੰ ਹੋਲਾ ਮਹੱਲਾ ਤੋ ਪਹਿਲਾ ਮੁਕੰਮਲ ਕੀਤਾ ਜਾਵੇਗਾ। ਰੂਟ ਡਾਈਵਰਜਨ ਕਰਕੇ ਸੁਚਾਰੂ ਟਰੈਫਿਕ ਵਿਵਸਥਾ ਕੀਤੀ ਜਾਵੇਗੀ।

# ਕੈਬਨਿਟ ਮੰਤਰੀ ਰਵਜੋਤ ਸਿੰਘ ਨੇ ਡੇਰਾ ਸੱਚਖੰਡ ਬੱਲਾਂ ਵਿਖੇ ਮੱਥਾ ਟੇਕਿਆ



**ਜਲੰਧਰ (ਸੁਰਿੰਦਰ ਕੁਮਾਰ)**-ਕੈਬਨਿਟ ਮੰਤਰੀ ਰਵਜੋਤ ਸਿੰਘ ਨੇ ਜਲੰਧਰ ਪਠਾਨਕੋਟ ਜੀ ਟੀ ਰੋਡ ਤੇ ਸਥਿਤ ਡੇਰਾਂ ਸੱਚਖੰਡ ਬੱਲਾਂ ਵਿਖੇ ਪਹੁੰਚੇ। ਉਨ੍ਹਾਂ ਨੇ ਡੇਰਾਂ ਸੱਚਖੰਡ ਬੱਲਾ ਵਿਖੇ ਮੌਜੂਦ ਸੰਤ ਨਿਰੰਜਣ ਦਾਸ ਜੀ ਤੋ ਮੱਥਾ ਟੇਕ ਕੇ ਅਸ਼ੀਰਵਾਦ ਲਿਆ। ਇਸ ਮੌਕੇ ਤੇ ਡੇਰਾਂ ਸੱਚਖੰਡ ਬੱਲਾਂ ਵਿਖੇ ਵੱਡੀ ਗਿਣਤੀ ਵਿੱਚ ਸੰਗਤ ਵੀ ਮੱਥਾਂ ਟੇਕਣ ਵਾਸਤੇ ਪੁਹੰਚੀ ਹੋਈ ਸੀ। ਮੰਤਰੀ ਰਵਜੋਤ ਸਿੰਘ ਨੇ ਸੰਤ ਨਿਰੰਜਣ ਦਾਸ ਜੀ ਨੂੰ ਮੱਥਾ ਟੇਕਿਆ ਤੇ ਮੰਦਰ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਰਵੀਦਾਸ ਜੀ ਦੇ ਸਰੂਪ ਅੱਗੇ ਵੀ ਨਤਮਸਤਕ ਹੋਏ। ਕੈਬਨਿਟ ਮੰਤਰੀ ਰਵਜੋਤ ਸਿੰਘ ਨੇ ਡੇਰਾਂ ਬੱਲਾਂ ਦੇ ਸੰਤ ਨਿਰੰਜਣ ਦਾਸ ਜੀ ਵੱਲੋ ਰਵੀਦਾਸੀਆ ਵਰਗ ਲਈ ਕੀਤੇ ਜਾਣ ਵਾਲੇ ਭਲਾਈ ਕੰਮਾਂ ਦੀ ਸ਼ਲਾਘਾ ਕੀਤੀ।

# ਕੈਬਨਿਟ ਮੰਤਰੀ ਵੱਲੋਂ ਸਟ੍ਰੀਟ ਲਾਈਟ ਪ੍ਰਾਜੈਕਟ ਦਾ ਉਦਘਾਟਨ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**
ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਹੁਲਾਰਾ ਦਿੰਦਿਆਂ ਵਿਧਾਨ ਸਭਾ ਹਲਕਾ ਜਲੰਧਰ ਪੱਛਮੀ ਵਿਖੇ ਨਾਖਾ ਵਾਲੇ ਬਾਗ ਤੋਂ ਨਕੋਦਰ ਰੋਡ ਤੱਕ ਅਤੇ ਘਾਹ ਮੰਡੀ ਤੋਂ ਕੋਟ ਸਦੀਕ ਨਹਿਰ ਤੱਕ ਨਵੀਆਂ ਸਟ੍ਰੀਟ ਲਾਈਟਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਕੈਬਨਿਟ ਮੰਤਰੀ ਨੇ ਦੱਸਿਆ ਕਿ 4.66



ਕਰੋੜ ਦੇ ਇਸ ਪ੍ਰਾਜੈਕਟ ਤਹਿਤ 6 ਹਜ਼ਾਰ ਸਟਰੀਟ ਲਾਈਟ ਲਗਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਪ੍ਰਾਜੈਕਟ ਤਹਿਤ ਨਕੋਦਰ ਰੋਡ ਤੋਂ ਨਾਖਾ ਵਾਲਾ ਬਾਗ ਤੱਕ, ਤਿਲਕ ਨਗਰ, ਦਸਮੇਸ਼ ਨਗਰ ਤੱਕ ਅਤੇ ਤੂਰ ਇਨਕਲੇਵ ਵਾਲੇ ਪਾਸੇ ਨੂੰ ਕਵਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਟ੍ਰੀਟ ਲਾਈਟਾਂ ਲੱਗਣ ਨਾਲ ਇਨ੍ਹਾਂ ਇਲਾਕਿਆਂ ਦੇ ਲੋਕਾਂ ਦੀ ਪ੍ਰਮੁੱਖ ਮੰਗ ਪੂਰੀ ਹੋਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਟ੍ਰੀਟ ਦੇ ਲੱਗਣ ਨਾਲ ਜਿਥੇ ਇਲਾਕੇ ਦੇ ਲੋਕਾਂ ਨੂੰ ਰਾਤ ਨੂੰ ਹਨੇਰੇ ਵਿੱਚ ਆਉਣ-ਜਾਣ ਵਿੱਚ ਸੌਖ ਹੋਵੇਗੀ ਉਥੇ ਸੁਰੱਖਿਅਤ ਮਾਹੌਲ ਮਿਲੇਗਾ। ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵਿਕਾਸ ਕਾਰਜ ਕਰਵਾਏ ਜਾਣਗੇ।ਇਸ ਮੌਕੇ ਕੌਂਸਲਰ ਅਜੈ ਬੱਬਰ, ਸੰਜੀਵ ਭਗਤ ਆਦਿ ਵੀ ਮੌਜੂਦ ਸਨ।

# ਮੇਹਰ ਚੰਦ ਪੋਲੀਟੈਕਨਿਕ ਵਿਖੇ ਅਲੂਮਨੀ ਦੁਆਰਾ ਰੁੱਖ ਲਗਾਉਣ ਦੀ ਮੁਹਿੰਮ



**ਜਲੰਧਰ (ਸ਼ੈਲੀ ਐਲਬਰਟ)**
ਮੇਹਰ ਚੰਦ ਪੋਲੀਟੈਕਨਿਕ ਵਿਖੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੇ ਸੱਦੇ ਤੇ ਕਾਲਜ ਦੇ ਅਲਮਨੀ ਮੈਂਬਰਾਂ ਅਤੇ ਕਾਲਜ ਦੇ ਸਟਾਫ ਵਲੋਂ ਗਰੀਨ ਕੈਂਪਸ ਬਨਾਉਣ ਲਈ ਰੁੱਖ ਲਗਾਉਣ ਦੀ ਮੁਹਿੰਮ ਦਾ ਜ਼ੋਰਦਾਰ ਅਗਾਜ਼ ਕੀਤਾ। ਕਾਲਜ ਦੇ 40 ਤੋਂ ਵੱਧ ਪੁਰਾਣੇ ਵਿਦਿਆਰਥੀਆਂ ਅਤੇ ਸਟਾਫ ਮੈਂਬਰਾ ਵਲੋਂ 'ਸਿਲਵਰ ਪਾਈਨ' ਤੇ ਕੁਦਰਤੀ ਟਪੋਰੀ ਵਰਗੇ ਸ਼ਿੰਗਾਰੀ ਬੂਟੇ ਲਗਾ ਕੇ ਕਾਲਜ ਨੂੰ ਹਰਿਆਂ ਭਰਿਆ ਕਰਨ ਦਾ ਆਗਾਜ਼ ਕੀਤਾ ਹੈ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਪੁਰਾਣੇ ਵਿਦਿਆਰਥੀਆਂ ਅਤੇ ਸਟਾਫ ਵਲੋਂ ਨਾ ਸਿਰਫ ਬੂਟੇ ਦਾਨ ਕੀਤੇ ਗਏ ਸਗੋਂ ਇਨ੍ਹਾਂ ਦੀ ਦਿੱਖ ਵਧੀਆ ਕਰਨ ਲਈ ਅਤੇ ਸਾਂਭ-ਸੰਭਾਲ ਲਈ 50 ਬੂਟੇ ਰੱਖਿਅਕ ਲਈ ਲੋਹੇ ਦੇ ਜੰਗਲੇ ਵੀ ਪ੍ਰਦਾਨ ਕੀਤੇ ਹਨ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਸਮੂਹ ਅਲਮਨੀ ਅਤੇ ਸਟਾਫ ਮੈਂਬਰਾ ਦਾ ਧੰਨਵਾਦ ਕੀਤਾ।ਜਿਸ ਵਿੱਚ ਕੁਲਭੂਸ਼ਣ ਚੋਪੜਾ (ਅਮਰੀਕਾ), ਏ. ਕੇ. ਗਰਗ,ਐਸ. ਕੇ. ਭੱਲਾ / ਕੇ. ਬੀ. ਭੱਲਾ, ਐਨ. ਐਲ. ਅਰੋੜਾ, ਪਰਮ ਜੋਤੀ ਅਰੋੜਾ, ਵਾਸੂ ਦੇਵ ਸ਼ਰਮਾ, ਅਨੀਲ ਸਹਿਗਲ, ਪੀ ਐੱਲ ਸ਼ਰਮਾ, ਐੱਨ ਕੇ ਸ਼ਰਮਾ, ਪ੍ਰੇਮ ਸ਼ਰਮਾ, ਸੁਦਰਸ਼ਨ ਸ਼ਰਮਾ, ਵੀ ਕੇ ਕਪੂਰ, ਸਰਬਜੀਤ ਸਿੰਘ, ਨਰਿੰਦਰ ਕੋਹਲੀ, ਚਰਨਦੀਪ ਚੀਮਾ, ਦਿਲਦਾਰ ਸਿੰਘ ਰਾਣਾ, ਅਤੁਲ ਤਨੇਜਾ, ਸੀ. ਐਮ. ਸਿਆਲ, ਏ ਕੇ ਸ਼ਰਮਾ, ਅਮਰਿੰਦਰ ਧੀਮਾਨ, ਤਰਲੋਕ ਸਿੰਘ, ਅਜੇ ਦੱਤਾ, ਪ੍ਰਸ਼ਾਸਕੀ ਵਿਭਾਗ, ਇਲੈਕਟੀਕਲ ਵਿਭਾਗ, ਆਟੋਮੋਬਾਈਲ ਵਿਭਾਗ, ਈ ਸੀ ਈ ਵਿਭਾਗ, ਕੰਪਿਊਟਰ ਵਿਭਾਗ, ਅਪਲਾਇਡ ਸਾਇੰਸ ਵਿਭਾਗ ਤੇ ਵਰਕਸ਼ਾਪ ਵਿਭਾਗ ਸ਼ਾਮਲ ਸਨ। ਜਲੰਧਰ ਅਤੇ ਆਸਪਾਸ ਰਹਿੰਦੇ ਅਲੂਮਨੀ ਮੈਬਰਾਂ ਨੇ ਖੁਦ ਆ ਕੇ ਬੂਟੇ ਲਗਾਏ ਅਤੇ ਦੂਰ ਦਰਾਡ ਵੱਸਦੇ ਅਲੂਮਨੀ ਮੈਬਰਾਂ ਨੇ ਆਪਣੀ ਸ਼ੁਭਇਛਾਵਾਂ ਭੇਜਦੇ ਹੋਏ ਇਸ ਮੁਹਿੰਮ ਆਪਣਾ ਵਿੱਚ ਯੋਗਦਾਨ ਦਿੱਤਾ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਇਹ ਵੀ ਦੱਸਿਆ ਕਿ ਹੋਰ ਬਹੁਤ ਅਲੂਮਨੀ ਮੈਂਬਰਾ ਦੇ ਸੁਨੇਹੇ ਪਹੁੰਚ ਰਹੇ ਹਨ, ਪਰ ਉਹਨਾਂ ਕਿਹਾ ਕਿ ਇਸ ਗਰੀਨ ਕੈਂਪਸ ਮੁਹਿੰਮ ਦਾ ਪਹਿਲਾ ਚਰਣ ਸਮਾਪਤ ਹੋ ਚੁੱਕਾ ਹੈ ਤੇ ਬਹੁਤ ਜਲਦ ਹੀ ਦੂਜੇ ਚਰਣ ਦੀ ਸ਼ੁਰੂਆਤ ਕੀਤੀ ਜਾਵੇਗੀ।

# ਵਿਧਾਇਕ ਦੀ ਕੋਠੀ ਅੱਗੇ ਧਰਨਾ ਭਲਕੇ

**ਬੰਗਾ (ਅਵਤਾਰ ਕਲੇਰ)**-22 ਫਰਵਰੀ ਨੂੰ ਵਿਧਾਇਕ ਸੁਖਵਿੰਦਰ ਕੁਮਾਰ ਸੁੱਖੀ ਦੇ ਨਵਾਂਸ਼ਹਿਰ ਰਿਹਾਇਸ਼ ਅੱਗੇ ਦਿੱਤੇ ਜਾਣ ਵਾਲੇ ਧਰਨੇ ਦੀ ਤਿਆਰੀ ਲਈ ਸੰਯੁਕਤ ਕਿਸਾਨ ਮੋਰਚਾ, ਟਰੇਡ ਯੂਨੀਅਨ ਤੇ ਪੈਨਸ਼ਨਰਜ਼ ਯੂਨੀਅਨ ਦੇ ਆਗੂਆਂ ਦੀ ਮੀਟਿੰਗ ਸਥਾਨਕ ਬਾਰਾਦਰੀ ਬਾਗ਼ ਵਿਚ ਹੋਈ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੰਯੁਕਤ ਕਿਸਾਨ ਮੋਰਚਾ ਦੇ ਆਗੂ ਤੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ,ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਭੰਗਲ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਪੈਨਸ਼ਨਰਜ਼ ਯੂਨੀਅਨ ਦੇ ਆਗੂ ਕੁਲਵਿੰਦਰ ਸਿੰਘ ਅਟਵਾਲ ਨੇ ਕਿਹਾ ਕਿ ਬਿਜਲੀ ਸੋਧ ਬਿੱਲ 2025, ਸੀਡ ਸੋਧ ਬਿੱਲ 2025,ਅਮਰੀਕਾ ਨਾਲ ਕੀਤੇ ਅਸਾਵੇਂ ਮੁਕਤ ਵਪਾਰ ਸਮਝੌਤੇ ਅਤੇ ਹੋਰ ਮੰਗਾਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰੋਗਰਾਮ ਅਨੁਸਾਰ 22 ਫਰਵਰੀ ਨੂੰ ਵਿਧਾਇਕ ਸੁੱਖਵਿੰਦਰ ਸੁੱਖੀ ਦੇ ਨਵਾਂਸ਼ਹਿਰ ਘਰ ਅੱਗੇ 11 ਵਜੇ ਤੋਂ 3 ਵਜੇ ਤੱਕ ਦਿੱਤੇ ਜਾ ਰਹੇ ਧਰਨੇ ਦੀ ਤਿਆਰੀ ਪੂਰੇ ਜੋਰਾਂ ਸ਼ੋਰਾਂ ਨਾਲ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਭਾਰਤ ਦੀ ਮੋਦੀ ਸਰਕਾਰ ਨੇ ਅਮਰੀਕਾ ਨਾਲ ਮੁਕਤ ਵਪਾਰ ਸਮਝੌਤਾ ਕਰਕੇ ਭਾਰਤ ਦੇ ਲੋਕਾਂ ਨਾਲ ਵੱਡਾ ਧੋਖਾ ਕੀਤਾ ਹੈ ਜਿਹੜਾ ਖੇਤੀ ਨੂੰ ਬਰਬਾਦ ਕਰ ਦੇਵੇਗਾ। ਅਸਲ ਵਿੱਚ ਮੋਦੀ ਨੇ ਭਾਰਤ ਨੂੰ ਕਾਰਪੋਰੇਟਾਂ ਦੇ ਹੱਥ ਵੇਚ ਦਿੱਤਾ ਹੈ। ਮੀਟਿੰਗ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਤਰਸੇਮ ਸਿੰਘ ਬੈਂਸ, ਬੀ ਕੇ ਯੂ ਕਾਦੀਆਂ ਦੇ ਆਗੂ ਸੁਖਦੇਵ ਸਿੰਘ ਸਜਾਵਲਪੁਰ, ਪੈਨਸ਼ਨਰਜ਼ ਯੂਨੀਅਨ ਦੇ ਆਗੂ ਵਿਜੇ ਕੁਮਾਰ,ਨਰਿੰਦਰ ਮਹਿਤਾ, ਇਫਟੂ ਦੇ ਜ਼ਿਲਾ ਪ੍ਰਧਾਨ ਗੁਰਦਿਆਲ ਰੱਕੜ ਵੀ ਮੌਜੂਦ ਸਨ।

# ਕਲਾ ਉਤਸਵ ਤੇ ਪੁਸਤਕ ਮੇਲੇ ਦਾ ਸਮਾਂ-ਸਾਰਨੀ ਦਸਤਾਵੇਜ਼ ਰਿਲੀਜ਼

**ਮਾਹਿਲਪੁਰ (ਸ਼ਫ਼ਰੀ)**
ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਬੰਧਾਂ ਅਧੀਨ ਚੱਲ ਰਹੇ ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਪੋਸਟ ਗਰੈਜੂਏਟ ਪੰਜਾਬੀ ਵਿਭਾਗ ਵੱਲੋਂ ਬੱਬਰ ਅਕਾਲੀ ਲਹਿਰ ਦੇ ਸੌ ਸਾਲਾਂ ਸ਼ਾਨਾਮੱਤੀ ਇਤਿਹਾਸ ਨੂੰ ਸਮਰਪਿਤ ਤਿੰਨ ਰੋਜ਼ਾ ਕਲਾ ਉਤਸਵ ਅਤੇ ਪੁਸਤਕ ਮੇਲੇ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਖਜ਼ਾਨਚੀ ਵੀਰਇੰਦਰ ਸ਼ਰਮਾ, ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ, ਸਮਾਰੋਹ ਦੇ ਕਨਵੀਨਰ ਡਾ ਜੇ ਬੀ ਸੇਖੋਂ, ਸਟਾਫ਼ ਸਕੱਤਰ ਡਾ ਆਰਤੀ ਸ਼ਰਮਾ, ਡਾ ਦੇਵ ਕੁਮਾਰ ਸਮੇਤ ਸਮੂਹ ਸਟਾਫ਼ ਮੈਂਬਰਾਨ ਨੇ ਇਸ ਤਿੰਨ ਰੋਜ਼ਾ ਪੁਸਤਕ ਮੇਲੇ ਅਤੇ ਕਲਾ ਉਤਸਵ ਨਾਲ ਸੰਬੰਧਿਤ ਸਮਾਂ-ਸਾਰਨੀ ਦਸਤਾਵੇਜ਼ ਰਿਲੀਜ਼ ਕੀਤੇ। ਇਸ ਮੌਕੇ ਗੱਲ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਦੱਸਿਆ ਕਿ ਇਸ ਤਿੰਨ ਰੋਜ਼ਾ ਸਮਾਰੋਹ ਵਿੱਚ ਵੱਖ ਵੱਖ ਭਾਸ਼ਾਵਾਂ ਦੀਆਂ ਪੁਸਤਕਾਂ ਦੀਆਂ ਵਿਕਰੀ ਪ੍ਰਦਰਸ਼ਨੀਆਂ, ਕਲਾਤਮਕ ਤੇ ਵਿਰਾਸਤੀ ਵਸਤੂਆਂ ਦੀ ਪ੍ਰਦਰਸ਼ਨੀ, ਖਾਣ ਪੀਣ ਦੇ ਸਟਾਲ, ਨਾਟਕ ਦੀ ਪੇਸ਼ਕਾਰੀ ਅਤੇ ਸੱਭਿਆਚਾਰਿਕ ਵੰਨਗੀਆਂ ਹਰ ਉਮਰ ਵਰਗ ਦੇ ਸਰੋਤਿਆਂ ਦਾ ਵਿਸ਼ੇਸ਼ ਆਕਰਸ਼ਣ ਹੋਣਗੀਆਂ। ਉਨ੍ਹਾਂ ਦੱਸਿਆ ਕਿ ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ, ਪੰਜਾਬੀ ਸਾਹਿਤ



ਅਕੈਡਮੀ ਲੁਧਿਆਣਾ ਤੇ ਭਾਸ਼ਾ ਵਿਭਾਗ, ਪਟਿਆਲਾ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਇਸ ਸਮਾਰੋਹ ਦੇ ਵੱਖ-ਵੱਖ ਸੈਸ਼ਨਾਂ ਵਿੱਚ ਵਿਦਵਾਨ ਲੇਖਕਾਂ ਵੱਲੋਂ ਪੈਨਲ ਚਰਚਾ, ਪੁਸਤਕ ਸੰਵਾਦ ਸਮਾਰੋਹ, ਪੁਸਤਕਾਂ ਲੋਕ ਅਰਪਨ,ਕਵੀ ਦਰਬਾਰ ਸਮੇਤ ਹੋਰ ਸਾਹਿਤਕ ਗਤੀਵਿਧੀਆਂ ਸਾਹਿਤ ਪ੍ਰੇਮੀਆਂ ਦੀ ਧਿਆਨ ਦਾ ਕੇਂਦਰ ਹੋਣਗੀਆਂ। ਉਨ੍ਹਾਂ ਦੱਸਿਆ ਕਿ ਇਸ ਸਮਾਰੋਹ ਦੇ ਪਹਿਲੇ ਸੈਸ਼ਨ ਵਿੱਚ ਮੁੱਖ ਵਕਤਾ ਵਜੋਂ ਪ੍ਰਸਿੱਧ ਕਹਾਣੀ ਲੇਖਕ ਵਰਿਆਮ ਸੰਧੂ ਸ਼ਿਰਕਤ ਕਰਨਗੇ ਜਦਕਿ ਇਸ ਸੈਸ਼ਨ ਦੇ ਮੁੱਖ ਮਹਿਮਾਨ ਮਲਵਿੰਦਰ ਸਿੰਘ ਕੰਗ ਮੈਂਬਰ ਲੋਕ ਸਭਾ ਹੋਣਗੇ। ਉਨ੍ਹਾਂ ਕਿਹਾ ਕਿ ਇਸ ਤਿੰਨ ਦਿਨਾਂ ਕਲਾ ਉਤਸਵ ਵਿੱਚ ਵੱਖ ਵੱਖ ਸਿਆਸੀ ਆਗੂ ,ਸਮਾਜਿਕ ਸੱਭਿਆਚਾਰਿਕ ਅਤੇ ਸਿੱਖਿਆ ਖੇਤਰ ਦੀਆਂ ਸ਼ਖ਼ਸੀਅਤਾਂ ਅਤੇ ਸਾਹਿਤ ਖੇਤਰ ਦੀਆਂ ਪ੍ਰਸਿੱਧ ਹਸਤੀਆਂ ਸ਼ਿਰਕਤ ਕਰ ਰਹੀਆਂ ਹਨ। ਕਨਵੀਨਰ ਡਾ ਜੇ ਬੀ ਸੇਖੋਂ ਨੇ ਕਿਹਾ ਕਿ ਮੇਲੇ ਦੇ ਪਹਿਲੇ ਦਿਨ ਸ਼ਾਮ ਦੇ ਸੈਸ਼ਨ ਵਿਚ ਰਾਜਵਿੰਦਰ ਸਮਰਾਲਾ ਵੱਲੋਂ 'ਰਾਹਾਂ ਵਿਚ ਅੰਗਿਆਰ ਬੜੇ ਸੀ' ਨਾਟਕ ਖੇਡਿਆ ਜਾਵੇਗਾ ਤੇ ਆਖ਼ਰੀ ਦਿਨ ਕਾਲਜ ਦੇ ਪੁਰਾਣੇ ਵਿਦਿਆਰਥੀ ਗਾਇਕ ਗੁਰਮੰਤਰ ਸਮੇਤ ਗਾਇਕ ਚਰਨ ਵੱਲੋਂ ਸੰਜੀਦਾ ਗਾਇਕੀ ਪੇਸ਼ ਕੀਤੀ ਜਾਵੇਗੀ। ਇਸ ਮੌਕੇ ਡਾ ਬਿਮਲਾ ਜਸਵਾਲ, ਪ੍ਰੋ ਤਜਿੰਦਰ ਸਿੰਘ, ਡਾ ਕੋਮਲ, ਡਾ ਬਲਵੀਰ ਕੌਰ, ਤਾਰਾ ਦੇਵੀ, ਡਾ. ਰਾਕੇਸ਼ ਕੁਮਾਰ, ਡਾ. ਪ੍ਰਭਜੋਤ ਕੌਰ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਮੀਨਾਕਸ਼ੀ, ਪ੍ਰੋ. ਜਸਦੀਪ ਕੌਰ, ਪ੍ਰੋ. ਅਸ਼ੋਕ ਕੁਮਾਰ, ਪ੍ਰੋ. ਵੀਨਾ, ਪ੍ਰੋ. ਮਨਦੀਪ ਕੁਮਾਰ ਆਦਿ ਹਾਜ਼ਰ ਸਨ।